28-NOV-PAGE-1.qxd 11/27/2023 10:40 PM Page 1

ਮੰਗਲਵਾਰ, 28 ਨਵੰਬਰ, 2023
13 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 178

# ਨਵਾਂ ਜ਼ਮਾਨਾ

DAILY NAWAN ZAMANA • TUESDAY, 28 NOVEMBER, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਰਾਜਪਾਲ ਨੇ ਅੱਜ ਮਿਲਣ ਲਈ ਸੱਦਿਆ

**ਮੁਹਾਲੀ** : ਫਸਲਾਂ ਦੇ ਘੱਟੋ-ਘੱਟ ਭਾਅ ਦੀ ਕਾਨੂੰਨੀ ਗਰੰਟੀ ਤੇ ਹੋਰ ਮੰਗਾਂ ਲਈ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਰਾਜਪਾਲ ਨੂੰ ਚੰਡੀਗੜ੍ਹ ਜਾ ਕੇ ਮੰਗ-ਪੱਤਰ ਦੇਣ ਵਾਸਤੇ ਪੰਜਾਬ ਭਰ ਵਿੱਚੋਂ ਪੁੱਜੇ ਹਜ਼ਾਰਾਂ ਕਿਸਾਨ ਸੋਮਵਾਰ ਦੂਜੇ ਦਿਨ ਵੀ ਚੰਡੀਗੜ੍ਹ ਦੀ ਹੱਦ 'ਤੇ ਡਟੇ ਰਹੇ। ਉਨ੍ਹਾ ਜਗਤਪੁਰਾ ਟੀ-ਪੁਆਇੰਟ (ਮੁਹਾਲੀ-ਚੰਡੀਗੜ੍ਹ ਦੀ ਸਾਂਝੀ ਹੱਦ) ਉੱਤੇ ਜ਼ਬਰਦਸਤ ਨਾਅਰੇਬਾਜ਼ੀ ਕੀਤੀ।

ਇਸੇ ਦੌਰਾਨ ਕਿਸਾਨ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਨੇ ਮੀਟਿੰਗ ਕੀਤੀ। ਬਾਅਦ ਵਿਚ ਦੱਸਿਆ ਗਿਆ ਕਿ ਰਾਜਪਾਲ ਨੇ ਮੰਗਲਵਾਰ 11 ਵਜੇ ਮਿਲਣ ਲਈ ਸੱਦਿਆ ਹੈ। ਆਗੂਆਂ ਕਿਹਾ ਕਿ ਮੰਗਲਵਾਰ ਫਿਰ ਮੀਟਿੰਗ ਕਰਕੇ ਅਗਲਾ ਪ੍ਰੋਗਰਾਮ ਬਣਾਇਆ ਜਾਵੇਗਾ। ਪੰਜਾਬ ਪੁਲਸ ਅਤੇ ਚੰਡੀਗੜ੍ਹ ਪੁਲਸ ਵੱਲੋਂ ਸਖ਼ਤ ਸੁਰੱਖਿਆ ਇੰਤਜ਼ਾਮ ਕੀਤੇ ਗਏ ਹਨ ਅਤੇ ਖ਼ੁਫ਼ੀਆ ਵਿੰਗ ਵੱਲੋਂ ਕਿਸਾਨ ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਸੀ।



## 900 ਗਰਭਪਾਤ ਕਰਨ ਵਾਲਾ ਡਾਕਟਰ ਗ੍ਰਿਫਤਾਰ

**ਬੇਂਗਲੁਰੂ** : ਕਰਨਾਟਕ 'ਚ ਤਿੰਨ ਸਾਲਾਂ ਦੌਰਾਨ ਕਰੀਬ 900 ਗੈਰ-ਕਾਨੂੰਨੀ ਗਰਭਪਾਤ ਕਰਨ ਦੇ ਦੋਸ਼ 'ਚ ਬੇਂਗਲੁਰੂ ਪੁਲਸ ਨੇ ਡਾਕਟਰ ਅਤੇ ਉਸ ਦੇ ਸਹਾਇਕ ਟੈਕਨੀਸ਼ੀਅਨ ਨੂੰ ਗ੍ਰਿਫਤਾਰ ਕੀਤਾ ਹੈ। ਡਾਕਟਰ ਚੰਦਨ ਬਲਾਲ ਅਤੇ ਉਸ ਦੇ ਲੈਬ ਟੈਕਨੀਸ਼ੀਅਨ ਨਿਸਾਰ ਨੇ ਮੈਸੂਰ ਜ਼ਿਲ੍ਹਾ ਹੈੱਡਕੁਆਰਟਰ ਦੇ ਹਸਪਤਾਲ 'ਚ ਕੀਤੇ ਹਰੇਕ ਗਰਭਪਾਤ ਲਈ ਕਥਿਤ ਤੌਰ 'ਤੇ 30,000 ਰੁਪਏ ਵਸੂਲੇ। ਹਸਪਤਾਲ ਦੀ ਮੈਨੇਜਰ ਮੀਨਾ ਅਤੇ ਰਿਸੈਪਸ਼ਨਿਸਟ ਰਿਜਮਾ ਖਾਨ ਨੂੰ ਇਸ ਮਹੀਨੇ ਦੇ ਸ਼ੁਰੂ 'ਚ ਗ੍ਰਿਫਤਾਰ ਕੀਤਾ ਗਿਆ ਸੀ। ਪਿਛਲੇ ਮਹੀਨੇ ਪੁਲਸ ਨੇ ਮੈਸੂਰ ਦੇ ਨੇੜੇ ਮਾਂਡਿਆ ਦੇ ਜ਼ਿਲ੍ਹਾ ਹੈੱਡਕੁਆਰਟਰ 'ਚ ਲਿੰਗ ਨਿਰਧਾਰਨ ਅਤੇ ਕੰਨਿਆ ਭਰੂਣ ਹੱਤਿਆ ਰੈਕੇਟ ਦਾ ਪਰਦਾ ਫਾਸ਼ ਕੀਤਾ ਸੀ ਤੇ ਦੋ ਮੁਲਜ਼ਮਾਂ ਸ਼ਿਵਲਿੰਗ ਗੌੜਾ ਅਤੇ ਨਯਨ ਕੁਮਾਰ ਨੂੰ ਗ੍ਰਿਫਤਾਰ ਕੀਤਾ ਸੀ। ਉਦੋਂ ਇਹ ਗਰਭਵਤੀ ਔਰਤ ਨੂੰ ਗਰਭਪਾਤ ਲਈ ਕਾਰ 'ਚ ਲੈ ਕੇ ਜਾ ਰਹੇ ਸਨ। ਪੁੱਛ-ਪੜਤਾਲ ਦੌਰਾਨ ਦੋਵਾਂ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਮਾਂਡਿਆ ਸਥਿਤ ਗੁੜ ਬਣਾਉਣ ਵਾਲੀ ਇਕਾਈ ਅਲਟਰਾਸਾਊਂਡ ਸੈਂਟਰ ਵਜੋਂ ਵਰਤੀ ਜਾਂਦੀ ਸੀ, ਜਿੱਥੋਂ ਬਾਅਦ 'ਚ ਪੁਲਸ ਟੀਮ ਨੇ ਸਕੈਨ ਮਸ਼ੀਨ ਜ਼ਬਤ ਕੀਤੀ।

# ਮਾਨ ਨੇ ਤੀਰਥ ਯਾਤਰਾ ਦਾ ਸੁਫਨਾ ਪੂਰਾ ਕੀਤਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਹਾਜ਼ਰੀ ਵਿੱਚ ਦੇਸ਼ ਭਰ ਦੇ ਪਵਿੱਤਰ ਸਥਾਨਾਂ ਉਤੇ ਲੋਕਾਂ ਨੂੰ ਲੈ ਕੇ ਜਾਣ ਲਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਸ਼ੁਰੂਆਤ ਕੀਤੀ। ਇੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਸ਼ੁਰੂਆਤ ਮਗਰੋਂ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਫਲਸਫ਼ੇ ਮੁਤਾਬਕ ਹੈ, ਜਿਨ੍ਹਾਂ ਲੋਕਾਈ ਨੂੰ ਭਾਈਚਾਰੇ ਤੇ ਅਮਨ ਦਾ ਸੰਦੇਸ਼ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਅੰਮ੍ਰਿਤਸਰ ਤੋਂ 300 ਸ਼ਰਧਾਲੂ, ਜਲੰਧਰ ਤੋਂ 220 ਅਤੇ ਧੂਰੀ ਤੋਂ 500 ਤੋਂ ਵੱਧ ਸ਼ਰਧਾਲੂ ਇਸ ਰੇਲ ਗੱਡੀ ਰਾਹੀਂ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉਨ੍ਹਾ ਕਿਹਾ ਕਿ ਅਗਾਮੀ ਤਿੰਨ ਮਹੀਨਿਆਂ ਵਿੱਚ 50 ਹਜ਼ਾਰ ਤੋਂ ਵੱਧ ਸ਼ਰਧਾਲੂ ਇਹ ਸਹੂਲਤ ਹਾਸਲ ਕਰਨਗੇ। ਇਨ੍ਹਾਂ ਵਿੱਚੋਂ 13 ਹਜ਼ਾਰ ਸ਼ਰਧਾਲੂ ਰੇਲ ਗੱਡੀਆਂ ਰਾਹੀਂ ਜਾਣਗੇ ਅਤੇ ਹਰੇਕ ਅੱਠ ਦਿਨਾਂ ਬਾਅਦ ਚੱਲਣ ਵਾਲੀਆਂ ਇਨ੍ਹਾਂ 13 ਰੇਲ ਗੱਡੀਆਂ ਵਿੱਚੋਂ ਹਰੇਕ ਗੱਡੀ ਵਿੱਚ ਇਕ ਹਜ਼ਾਰ ਯਾਤਰੀ ਜਾਣਗੇ। ਉਹਨਾ ਕਿਹਾ ਕਿ ਬਾਕੀ ਸ਼ਰਧਾਲੂ ਬੱਸਾਂ ਰਾਹੀਂ ਸਫ਼ਰ ਕਰਨਗੇ ਅਤੇ ਰੋਜ਼ਾਨਾ ਦਸ ਬੱਸਾਂ ਚੱਲਣਗੀਆਂ, ਜਿਨ੍ਹਾਂ ਵਿੱਚੋਂ ਹਰੇਕ ਬੱਸ ਵਿੱਚ 43 ਯਾਤਰੀ ਸਵਾਰ ਹੋਣਗੇ। ਕਿਸੇ ਐਮਰਜੈਂਸੀ ਨਾਲ ਨਜਿੱਠਣ ਲਈ ਇਨ੍ਹਾਂ ਯਾਤਰੀਆਂ ਨਾਲ ਡਾਕਟਰਾਂ, ਵਲੰਟੀਅਰਾਂ ਤੇ ਅਧਿਕਾਰੀਆਂ ਦੀ ਇਕ ਟੀਮ ਵੀ ਸਫ਼ਰ ਕਰੇਗੀ। ਮਾਨ ਨੇ ਕਿਹਾ ਕਿ ਇਨ੍ਹਾਂ ਰੇਲ ਗੱਡੀਆਂ ਰਾਹੀਂ ਸ਼ਰਧਾਲੂ ਹਜ਼ੂਰ ਸਾਹਿਬ, ਪਟਨਾ ਸਾਹਿਬ, ਵਾਰਾਨਸੀ, ਮਥੁਰਾ, ਅਜਮੇਰ ਸ਼ਰੀਫ਼ ਤੇ ਹੋਰ ਸਥਾਨਾਂ ਦੇ ਦਰਸ਼ਨ ਕਰਨਗੇ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੱਸਾਂ ਰਾਹੀਂ ਸ਼ਰਧਾਲੂ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਤੇ ਸ੍ਰੀ ਦਮਦਮਾ ਸਾਹਿਬ, ਸ੍ਰੀ ਵੈਸ਼ਨੋ ਦੇਵੀ, ਮਾਤਾ ਚਿੰਤਪੁਰਨੀ, ਮਾਤਾ ਨੈਣਾ ਦੇਵੀ, ਮਾਤਾ ਜਵਾਲਾ, ਸਾਲਾਸਰ ਧਾਮ, ਖਾਟੂ ਸ਼ਿਆਮ ਅਤੇ ਹੋਰ ਸਥਾਨਾਂ ਦੇ ਦਰਸ਼ਨ ਕਰਨਗੇ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਦਿੱਲੀ ਵਿੱਚ ਇਸ ਯੋਜਨਾ ਨਾਲ ਜੁੜੇ 80 ਫੀਸਦੀ ਸ਼ਰਧਾਲੂ ਔਰਤਾਂ ਅਤੇ ਬਜ਼ੁਰਗ ਨਾਗਰਿਕ ਹਨ। ਉਨ੍ਹਾ ਉਮੀਦ ਜਤਾਈ ਕਿ ਇਹ ਸਕੀਮ ਪੰਜਾਬ ਦੇ ਬਜ਼ੁਰਗ ਨਾਗਰਿਕਾਂ ਤੇ ਔਰਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਪ੍ਰਦਾਨ ਕਰਨ ਵਿੱਚ ਅਹਿਮ ਸਾਬਤ ਹੋਵੇਗੀ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਮਾਜਰਾ, ਰਾਜ ਸਭਾ ਮੈਂਬਰ ਰਾਘਵ ਚੱਢਾ, ਸੰਦੀਪ ਪਾਠਕ, ਸਿਹਤ ਮੰਤਰੀ ਬਲਬੀਰ ਸਿੰਘ ਤੋਂ ਇਲਾਵਾ ਵੱਖ-ਵੱਖ ਵਜ਼ੀਰ, ਵਿਧਾਇਕ, ਚੇਅਰਮੈਨ ਅਤੇ ਪਾਰਟੀ ਵਰਕਰਾਂ ਤੋਂ ਇਲਾਵਾ ਧੂਰੀ ਆਪ ਆਗੂਆਂ ਵਿੱਚ ਓ ਐੱਸ ਡੀ ਉਂਕਾਰ ਸਿੰਘ ਸਿੱਧੂ, ਅੰਮ੍ਰਿਤ ਬਰਾੜ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਸਤਿੰਦਰ ਸਿੰਘ ਚੱਠਾ, ਡਾ. ਅਨਵਰ ਭਸੌੜ, ਜੱਸੀ ਸੇਖੋਂ, ਅਮਰਦੀਪ ਸਿੰਘ ਧਾਂਦਰਾ, ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ ਆਦਿ ਵੀ ਹਾਜ਼ਰ ਸਨ।

## ਸ਼ੁਭਮਨ ਕਪਤਾਨ ਬਣਿਆ

**ਨਵੀਂ ਦਿੱਲੀ** : ਆਈ ਪੀ ਐੱਲ 2022 ਦੇ ਜੇਤੂ ਗੁਜਰਾਤ ਟਾਈਟਨਸ ਨੇ ਆਈ ਪੀ ਐੱਲ 2024 ਸੀਜ਼ਨ ਤੋਂ ਪਹਿਲਾਂ ਸ਼ੁਭਮਨ ਗਿੱਲ ਨੂੰ ਟੀਮ ਦਾ ਕਪਤਾਨ ਬਣਾਇਆ ਹੈ। ਗਿੱਲ ਨੇ ਹਾਰਦਿਕ ਪਾਂਡਿਆ ਦੀ ਥਾਂ ਲਈ ਹੈ, ਜੋ ਹੁਣ ਮੁੰਬਈ ਇੰਡੀਅਨਜ਼ 'ਚ ਚਲਾ ਗਿਆ ਹੈ।

## 2 ਨੂੰ ਸਰਬ ਪਾਰਟੀ ਮੀਟਿੰਗ

**ਨਵੀਂ ਦਿੱਲੀ** : ਸਰਕਾਰ ਨੇ 4 ਦਸੰਬਰ ਤੋਂ ਸ਼ੁਰੂ ਹੋਣ ਵਾਲੇ ਸੰਸਦ ਦੇ ਸਰਦ ਰੁੱਤ ਸੈਸ਼ਨ ਤੋਂ ਪਹਿਲਾਂ 2 ਦਸੰਬਰ ਨੂੰ ਸਰਬ ਪਾਰਟੀ ਮੀਟਿੰਗ ਬੁਲਾਈ ਹੈ। ਸੈਸ਼ਨ 22 ਦਸੰਬਰ ਤੱਕ ਚੱਲੇਗਾ। ਸਰਬ ਪਾਰਟੀ ਮੀਟਿੰਗ ਆਮ ਤੌਰ 'ਤੇ ਸੈਸ਼ਨ ਸ਼ੁਰੂ ਹੋਣ ਤੋਂ ਇਕ ਦਿਨ ਪਹਿਲਾਂ ਬੁਲਾਈ ਜਾਂਦੀ ਹੈ, ਪਰ ਪੰਜ ਰਾਜਾਂ ਲਈ 3 ਦਸੰਬਰ ਨੂੰ ਵੋਟਾਂ ਦੀ ਗਿਣਤੀ ਹੋਣੀ ਹੈ।

## ਮਲੇਸ਼ੀਆ ਦੀ ਬਿਨਾਂ ਵੀਜ਼ੇ ਦੇ ਸੈਰ

**ਕੁਆਲਾਲੰਪੁਰ** : ਮਲੇਸ਼ੀਆ 1 ਦਸੰਬਰ ਤੋਂ ਭਾਰਤੀ ਅਤੇ ਚੀਨੀ ਨਾਗਰਿਕਾਂ ਲਈ 30 ਦਿਨਾਂ ਦਾ ਵੀਜ਼ਾ-ਮੁਕਤ ਦਾਖਲਾ ਪ੍ਰਦਾਨ ਕਰੇਗਾ, ਤਾਂ ਜੋ ਸੈਰ ਸਪਾਟਾ ਸਨਅਤ ਨੂੰ ਉਤਸ਼ਾਹਤ ਕੀਤਾ ਜਾ ਸਕੇ। ਸਾਲ 2022 'ਚ ਮਲੇਸੀਆ ਨੇ 324548 ਭਾਰਤੀ ਸੈਲਾਨੀਆਂ ਦਾ ਸੁਆਗਤ ਕੀਤਾ, ਜਦੋਂ ਕਿ 2023 ਦੀ ਪਹਿਲੀ ਤਿਮਾਹੀ 'ਚ ਮਲੇਸ਼ੀਆ 'ਚ 164566 ਭਾਰਤੀ ਸੈਲਾਨੀ ਪੁੱਜੇ।

## ਪਾਂਡਿਅਨ ਬੀ ਜੇ ਡੀ 'ਚ ਸ਼ਾਮਲ

**ਭੁਵਨੇਸ਼ਵਰ** : ਸਾਬਕਾ ਆਈ ਏ ਐੱਸ ਅਧਿਕਾਰੀ ਵੀ ਕਾਰਤੀਕੇਅਨ ਪਾਂਡਿਅਨ, ਜੋ ਓਡੀਸ਼ਾ ਦੇ ਮੁੱਖ ਮੰਤਰੀ ਨਵੀਨ ਪਟਨਾਇਕ ਦੇ ਕਰੀਬੀ ਹਨ, ਸੋਮਵਾਰ ਰਸਮੀ ਤੌਰ 'ਤੇ ਸੱਤਾਧਾਰੀ ਬੀਜੂ ਜਨਤਾ ਦਲ (ਬੀ ਜੇ ਡੀ) 'ਚ ਸ਼ਾਮਲ ਹੋ ਗਏ। ਪਾਂਡਿਅਨ ਨੂੰ ਇਕ ਤਰ੍ਹਾਂ ਨਾਲ ਸੂਬੇ ਵਿਚ ਮੁੱਖ ਮੰਤਰੀ ਤੋਂ ਬਾਅਦ ਨੰਬਰ ਦੋ ਮੰਨਿਆ ਜਾਂਦਾ ਹੈ। ਉਨ੍ਹਾ ਦਾ ਨਾਂਅ ਕਈ ਵਿਵਾਦਾਂ ਨਾਲ ਜੁੜਿਆ ਰਿਹਾ ਹੈ ਅਤੇ ਉਨ੍ਹਾ 'ਤੇ ਸੇਵਾ ਨਿਯਮਾਂ ਦੀ ਉਲੰਘਣਾ ਕਰਨ ਦੇ ਦੋਸ਼ ਲੱਗੇ ਸਨ।

## ਸੰਵਿਧਾਨ ਬਾਰੇ ਟਿੱਪਣੀ ਕਰਨ 'ਤੇ ਨੌਜਵਾਨ ਗ੍ਰਿਫਤਾਰ

**ਨੋਇਡਾ** : ਸੋਸ਼ਲ ਮੀਡੀਆ 'ਤੇ ਸੰਵਿਧਾਨ ਵਿਰੁੱਧ ਇਤਰਾਜ਼ਯੋਗ ਟਿੱਪਣੀ ਕਰਨ ਦੇ ਦੋਸ਼ ਹੇਠ 21 ਸਾਲਾ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸ ਨੇ ਐਤਵਾਰ ਸੰਵਿਧਾਨ ਦਿਵਸ 'ਤੇ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਇਹ ਕਥਿਤ ਟਿੱਪਣੀ ਕੀਤੀ ਸੀ। ਪੁਲਸ ਨੇ ਦੱਸਿਆ ਕਿ ਰਵੀ ਕੁਮਾਰ ਨੇ ਐਤਵਾਰ ਰਾਤ ਸਥਾਨਕ ਜਾਰਚਾ ਥਾਣੇ 'ਚ ਮੁਲਜ਼ਮ ਖਿਲਾਫ ਲਿਖਤੀ ਸ਼ਿਕਾਇਤ ਦਰਜ ਕਰਵਾਈ ਸੀ, ਜਿਸ ਦੇ ਆਧਾਰ 'ਤੇ ਐੱਫ ਆਈ ਆਰ ਦਰਜ ਕੀਤੀ ਕਰਕੇ ਭਾਨੂ ਉਰਫ ਜਯਸ ਵਾਸੀ ਬਿਸਹੜਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

## ਗੁਜਰਾਤ 'ਚ ਬਿਜਲੀ ਡਿੱਗਣ ਨਾਲ 20 ਮੌਤਾਂ

**ਅਹਿਮਦਾਬਾਦ** : ਗੁਜਰਾਤ 'ਚ ਬੇਮੌਸਮੀ ਬਾਰਸ਼ ਦੌਰਾਨ ਬਿਜਲੀ ਡਿੱਗਣ ਕਾਰਨ 20 ਵਿਅਕਤੀਆਂ ਦੀ ਮੌਤ ਹੋ ਗਈ। ਮੀਂਹ ਕਾਰਨ ਜਨਜੀਵਨ ਪ੍ਰਭਾਵਤ ਹੋਇਆ ਅਤੇ ਫਸਲਾਂ ਨੂੰ ਨੁਕਸਾਨ ਪਹੁੰਚਿਆ ਹੈ। ਰਾਜਕੋਟ ਦੇ ਕੁਝ ਹਿੱਸਿਆਂ 'ਚ ਗੜ੍ਹੇ ਵੀ ਪਏ।

## ਵੀ ਪੀ ਸਿੰਘ ਦਾ ਬੁੱਤ ਸਥਾਪਤ

**ਚੇਨਈ** : ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਸੋਮਵਾਰ ਇਥੇ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਵੀ ਪੀ ਸਿੰਘ ਦੇ ਬੁੱਤ ਦਾ ਉਦਘਾਟਨ ਕੀਤਾ। ਆਦਮਕੱਦ ਬੁੱਤ ਪ੍ਰੈਜ਼ੀਡੈਂਸੀ ਕਾਲਜ ਕੈਂਪਸ 'ਚ ਸਥਾਪਤ ਕੀਤਾ ਗਿਆ ਹੈ। ਸਟਾਲਿਨ ਨੇ ਸਮਾਜਵਾਦੀ ਪਾਰਟੀ ਦੇ ਨੇਤਾ ਅਤੇ ਯੂ ਪੀ ਦੇ ਸਾਬਕਾ ਮੁੱਖ ਮੰਤਰੀ ਅਖਿਲੇਸ਼ ਯਾਦਵ ਦੇ ਨਾਲ ਬੁੱਤ ਤੋਂ ਪਰਦਾ ਚੁੱਕਿਆ। ਇਸ ਮੌਕੇ ਸਾਬਕਾ ਪ੍ਰਧਾਨ ਮੰਤਰੀ ਦੇ ਪਰਵਾਰਕ ਮੈਂਬਰ ਹਾਜ਼ਰ ਸਨ।

# ਸੁਰੰਗ 'ਚ ਫਸੇ ਮਜ਼ਦੂਰ ਕੱਢਣ ਦੇ ਯਤਨ ਜਾਰੀ

**ਉੱਤਰਕਾਸ਼ੀ** : ਉਤਰਾਖੰਡ ਦੀ ਸਿਲਕਿਆਰਾ ਸੁਰੰਗ ਵਿਚ ਦੋ ਹਫਤਿਆਂ ਤੋਂ ਫਸੇ 41 ਮਜ਼ਦੂਰਾਂ ਨੂੰ ਕੱਢਣ ਲਈ ਕੀਤੀ ਜਾ ਰਹੀ ਡਰਿਲਿੰਗ ਦੌਰਾਨ ਮਲਬੇ ਵਿਚ ਫਸੀ ਅਮਰੀਕੀ ਔਗਰ ਮਸ਼ੀਨ ਦੇ 13.9 ਮੀਟਰ ਲੰਮੇ ਹਿੱਸੇ ਬਾਹਰ ਕੱਢ ਲਏ ਗਏ ਹਨ ਤੇ 1.9 ਮੀਟਰ ਦਾ ਹੈੱਡ ਅਜੇ ਕੱਢਣਾ ਬਾਕੀ ਹੈ।

ਫੌਜ ਦੇ ਕੋਰ ਆਫ ਇੰਜੀਨੀਅਰਜ਼ ਅਤੇ ਮਦਰਾਸ ਸੈਪਰਜ਼ ਦੀ ਯੂਨਿਟ ਹੈੱਡ ਨੂੰ ਕੱਢਣ ਵਿਚ ਲੱਗੀ ਹੋਈ ਸੀ। ਉਸ ਤੋਂ ਬਾਅਦ ਹੀ ਹੇਠੋਂ ਡ੍ਰਿਲਿੰਗ ਮੁੜ ਸ਼ੁਰੂ ਹੋ ਸਕਦੀ ਹੈ।

ਇਸੇ ਦੌਰਾਨ ਪਹਾੜ ਦੇ ਉਪਰੋਂ 86 ਮੀਟਰ ਦੀ ਡ੍ਰਿਲਿੰਗ ਜਾਰੀ ਹੈ। 31 ਮੀਟਰ ਤੱਕ ਡ੍ਰਿਲਿੰਗ ਹੋ ਚੁੱਕੀ ਸੀ।



## ਪਾਕਿ 'ਚ ਫੌਜੀ ਕਾਫਲੇ 'ਤੇ ਹਮਲਾ, 2 ਮਰੇ

**ਪੇਸ਼ਾਵਰ** : ਪਾਕਿਸਤਾਨ ਦੇ ਅਸ਼ਾਂਤ ਖੈਬਰ ਪਖਤੂਨਖਵਾ ਸੂਬੇ 'ਚ ਪਾਕਿਸਤਾਨੀ ਤਾਲਿਬਾਨ ਅੱਤਵਾਦੀ ਸਮੂਹ ਵਲੋਂ ਸੁਰੱਖਿਆ ਬਲਾਂ ਦੇ ਕਾਫਲੇ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਆਤਮਘਾਤੀ ਬੰਬ ਧਮਾਕੇ 'ਚ ਘੱਟੋ-ਘੱਟ ਦੋ ਨਾਗਰਿਕਾਂ ਦੀ ਮੌਤ ਹੋ ਗਈ ਅਤੇ 10 ਜ਼ਖਮੀ ਹੋ ਗਏ। ਫੌਜ ਦੇ ਮੀਡੀਆ ਵਿੰਗ ਨੇ ਸੋਮਵਾਰ ਦੱਸਿਆ ਕਿ ਐਤਵਾਰ ਨੂੰ ਬੰਨੂ ਛਾਉਣੀ 'ਚ ਆਜ਼ਾਦ ਮੰਡੀ ਨੇੜੇ ਉੱਤਰੀ ਵਜ਼ੀਰਿਸਤਾਨ ਜ਼ਿਲ੍ਹੇ ਤੋਂ ਬੰਨੂ ਜਾ ਰਹੇ ਸੁਰੱਖਿਆ ਬਲਾਂ ਦੇ ਕਾਫਲੇ ਨੂੰ ਵਿਸਫੋਟਕ ਨਾਲ ਭਰੇ ਦੁਪਹੀਆ ਵਾਹਨ ਨੇ ਟੱਕਰ ਮਾਰ ਦਿੱਤੀ। ਇਸ ਕਾਰਨ ਦੋ ਨਾਗਰਿਕਾਂ ਦੀ ਮੌਤ ਹੋ ਗਈ ਅਤੇ ਤਿੰਨ ਸੁਰੱਖਿਆ ਜਵਾਨ ਅਤੇ 7 ਨਾਗਰਿਕ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਕੰਬਾਈਨ ਮਿਲਟਰੀ ਹਸਪਤਾਲ ਬੰਨੂ ਵਿਖੇ ਭੇਜਿਆ ਗਿਆ ਹੈ ਅਤੇ ਤਿੰਨ ਸੁਰੱਖਿਆ ਜਵਾਨਾਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਸੀ। ਪਾਬੰਦੀਸ਼ੁਦਾ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਦੇ ਹਾਫਿਜ਼ ਗੁਲ ਬਹਾਦੁਰ ਨੇ ਆਤਮਘਾਤੀ ਬੰਬ ਧਮਾਕੇ ਦੀ ਜ਼ਿੰਮੇਵਾਰੀ ਲਈ ਹੈ। ਆਤਮਘਾਤੀ ਹਮਲਾਵਰ ਦੀ ਪਛਾਣ ਅਫਗਾਨ ਨਾਗਰਿਕ ਵਜੋਂ ਹੋਈ ਹੈ।

## ਅਮਰੀਕਾ 'ਚ ਭਾਰਤੀ ਰਾਜਦੂਤ ਦੀ ਖਿੱਚ-ਧੂਹ



**ਨਿਊ ਯਾਰਕ** : ਖਾਲਿਸਤਾਨੀਆਂ ਨੇ ਅਮਰੀਕਾ 'ਚ ਭਾਰਤੀ ਰਾਜਦੂਤ ਤਰਨਜੀਤ ਸਿੰਘ ਸੰਧੂ ਦੀ ਉਦੋਂ ਖਿੱਚ-ਧੂਹ ਕੀਤੀ, ਜਦੋਂ ਉਹ ਨਿਊ ਯਾਰਕ ਦੇ ਲੌਂਗ ਆਈਲੈਂਡ ਸਥਿਤ ਹਿਕਸਵਿਲੈ ਗੁਰਦੁਆਰੇ ਦੇ ਦਰਸ਼ਨ ਕਰਨ ਗਏ। ਕੈਨੇਡਾ 'ਚ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਨੂੰ ਲੈ ਕੇ ਖਾਲਿਸਤਾਨ ਸਮਰਥਕਾਂ ਦੇ ਸਮੂਹ ਨੇ ਉਨ੍ਹਾ ਨੂੰ ਘੇਰ ਲਿਆ ਅਤੇ ਖਿੱਚ-ਧੂਹ ਕੀਤੀ।

ਸੰਧੂ ਗੁਰਪੁਰਬ ਮੌਕੇ ਅਰਦਾਸ ਕਰਨ ਲਈ ਗੁਰਦੁਆਰੇ ਗਏ ਸਨ। ਹਾਲਾਂਕਿ ਉਹ ਘਟਨਾ ਤੋਂ ਤੁਰੰਤ ਬਾਅਦ ਗੁਰਦੁਆਰੇ 'ਚੋਂ ਚਲੇ ਗਏ।

ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ ਅਨੁਸਾਰ ਖਾਲਿਸਤਾਨ ਸਮਰਥਕ ਤਰਨਜੀਤ ਸਿੰਘ ਸੰਧੂ ਨੂੰ ਧੱਕਾ ਮਾਰਦੇ ਦੇਖੇ ਜਾ ਸਕਦੇ ਹਨ। ਇਸ ਦੌਰਾਨ ਇਹ ਖਾਲਿਸਤਾਨ ਸਮਰਥਕ ਭਾਰਤ ਵੱਲੋਂ ਅੱਤਵਾਦੀ ਐਲਾਨੇ ਹਰਦੀਪ ਸਿੰਘ ਨਿੱਝਰ ਅਤੇ ਗੁਰਪਤਵੰਤ ਸਿੰਘ ਪੰਨੂ ਦੇ ਹੱਕ ਵਿਚ ਬੋਲ ਰਹੇ ਸਨ।

## ਰਿਸ਼ਵਤ ਦੀ ਦੂਜੀ ਕਿਸ਼ਤ ਲੈਂਦਾ ਏ ਐੱਸ ਆਈ ਦਬੋਚਿਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਜੀਲੈਂਸ ਬਿਊਰੋ ਨੇ ਸੋਮਵਾਰ ਥਾਣਾ ਸਦਰ ਫਾਜ਼ਿਲਕਾ ਅਧੀਨ ਪੈਂਦੀ ਪੁਲਸ ਚੌਕੀ ਲਾਧੂਕਾ ਮੰਡੀ ਵਿਖੇ ਤਾਇਨਾਤ ਇੱਕ ਏ ਐੱਸ ਆਈ ਬਲਦੇਵ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ। ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਏ ਐੱਸ ਆਈ ਨੂੰ ਪਰਵੀਨ ਕੁਮਾਰ ਵਾਸੀ ਮੰਡੀ ਲਾਧੂਕਾ, ਜ਼ਿਲ੍ਹਾ ਫਾਜ਼ਿਲਕਾ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਕਤ ਪੁਲਸ ਮੁਲਾਜ਼ਮ ਝਗੜੇ ਨਾਲ ਸੰਬੰਧਤ ਪੁਲਸ ਸ਼ਿਕਾਇਤ ਵਿੱਚ ਉਸ ਦਾ ਨਾਂਅ ਸ਼ਾਮਲ ਨਾ ਕਰਨ ਬਦਲੇ ਹੋਰ 10,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਕਿ ਉਕਤ ਛੋਟਾ ਥਾਣੇਦਾਰ ਪਹਿਲਾਂ ਹੀ ਇਸ ਸੰਬੰਧ ਵਿਚ 20,000 ਰੁਪਏ ਲੈ ਚੁੱਕਾ ਹੈ, ਹੁਣ ਉਸ ਨੇ 10,000 ਰੁਪਏ ਦੀ ਵਾਧੂ ਰਿਸ਼ਵਤ ਦੇਣ ਲਈ ਕਿਹਾ ਹੈ। ਸ਼ਿਕਾਇਤਕਰਤਾ ਨੇ ਇਸ ਮਾਮਲੇ ਵਿੱਚ ਪੁਲਸ ਅਧਿਕਾਰੀ ਵੱਲੋਂ ਰਿਸ਼ਵਤ ਦੀ ਮੰਗ ਕਰਦੇ ਸਮੇਂ ਕੀਤੀ ਗਈ ਗੱਲਬਾਤ ਨੂੰ ਰਿਕਾਰਡ ਕਰ ਲਿਆ ਸੀ ਅਤੇ ਇਸ ਮਾਮਲੇ ਵਿੱਚ ਸਬੂਤ ਵਜੋਂ ਵਿਜੀਲੈਂਸ ਨੂੰ ਸੌਂਪ ਦਿੱਤਾ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ ਫਿਰੋਜ਼ਪੁਰ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਏ ਐੱਸ ਆਈ ਬਲਦੇਵ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾ ਦੱਸਿਆ ਕਿ ਏ ਐੱਸ ਆਈ ਖਿਲਾਫ ਵਿਜੀਲੈਂਸ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



## ਬੁਕਰ ਪੁਰਸਕਾਰ ਪੌਲ ਲਿੰਚ ਨੇ ਜਿੱਤਿਆ

**ਲੰਡਨ** : ਆਇਰਲੈਂਡ ਦੇ ਲੇਖਕ ਪੌਲ ਲਿੰਚ ਨੂੰ ਇੱਥੇ ਉਨ੍ਹਾ ਦੇ ਨਾਵਲ 'ਪ੍ਰਾਫੇਟ ਸੌਂਗ' ਲਈ ਬੁਕਰ ਪੁਰਸਕਾਰ 2023 ਨਾਲ ਸਨਮਾਨਤ ਕੀਤਾ ਗਿਆ। ਲਿੰਚ ਨੇ ਲੰਡਨ ਸਥਿਤ ਭਾਰਤੀ ਮੂਲ ਦੀ ਲੇਖਕਾ ਚੇਤਨਾ ਮਾਰੂ ਦੇ ਪਹਿਲੇ ਨਾਵਲ 'ਵੈਸਟਰਨ ਲੇਨ' ਨੂੰ ਹਰਾ ਕੇ ਇਹ ਪੁਰਸਕਾਰ ਜਿੱਤਿਆ। ਲਿੰਚ (46) ਨੇ 'ਪੈਗੰਬਰ ਗੀਤ' ਵਿੱਚ ਤਾਨਾਸ਼ਾਹੀ ਦੀ ਪਕੜ 'ਚ ਆਇਰਲੈਂਡ ਦੀ ਤਸਵੀਰ ਪੇਸ਼ ਕੀਤੀ ਹੈ। ਇਹ ਨਾਵਲ ਪਰਵਾਰ ਦੀ ਕਹਾਣੀ ਦੱਸਦਾ ਹੈ, ਜੋ ਭਿਆਨਕ ਨਵੀਂ ਦੁਨੀਆ ਨਾਲ ਜੂਝ ਰਿਹਾ ਹੈ, ਜਿਸ 'ਚ ਲੋਕਤੰਤਰੀ ਮਾਪਦੰਡ ਅਲੋਪ ਹੋਣੇ ਸ਼ੁਰੂ ਹੋ ਜਾਂਦੇ ਹਨ। ਲਿੰਚ ਨੇ 50 ਹਜ਼ਾਰ ਪੌਂਡ ਦਾ ਵਕਾਰੀ ਇਨਾਮ ਜਿੱਤਣ ਤੋਂ ਬਾਅਦ ਕਿਹਾ—ਮੈਂ ਆਧੁਨਿਕ ਬਦਅਮਨੀ ਨੂੰ ਵੇਖਣ ਦੀ ਕੋਸ਼ਿਸ਼ ਕਰ ਰਿਹਾ ਸੀ। ਮੈਂ ਪੱਛਮੀ ਲੋਕਤੰਤਰਾਂ 'ਚ ਅਸ਼ਾਂਤੀ ਨੂੰ ਵੇਖਣ ਦੀ ਕੋਸ਼ਿਸ਼ ਕੀਤੀ। ਸੀਰੀਆ ਦੀ ਸਮੱਸਿਆ, ਸ਼ਰਨਾਰਥੀ ਸੰਕਟ ਦਾ ਪੈਮਾਨਾ ਅਤੇ ਪੱਛਮ ਦੀ ਉਦਾਸੀਨਤਾ। ਲਿੰਚ ਇਹ ਪੁਰਸਕਾਰ ਜਿੱਤਣ ਵਾਲੇ ਪੰਜਵੇਂ ਆਇਰਿਸ਼ ਲੇਖਕ ਬਣ ਗਏ ਹਨ।



## ਲਕਸਨ ਨੇ ਨਿਊ ਜ਼ੀਲੈਂਡ ਦੀ ਕਮਾਨ ਸੰਭਾਲੀ

**ਵੈਲਿੰਗਟਨ** : ਕ੍ਰਿਸਟੋਫਰ ਲਕਸਨ ਨੇ ਨਿਊ ਜ਼ੀਲੈਂਡ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਤੋਂ ਬਾਅਦ ਕਿਹਾ ਕਿ ਉਨ੍ਹਾ ਦੀ ਸਭ ਤੋਂ ਵੱਡੀ ਤਰਜੀਹ ਆਰਥਿਕਤਾ ਨੂੰ ਸੁਧਾਰਨਾ ਹੈ। 53 ਸਾਲਾ ਲਕਸਨ ਰੂੜ੍ਹੀਵਾਦੀ ਗੱਠਜੋੜ ਦੀ ਅਗਵਾਈ ਕਰ ਰਹੇ ਹਨ। ਉਨ੍ਹਾ ਦੀ ਨੈਸ਼ਨਲ ਪਾਰਟੀ ਨੇ ਸ਼ੁੱਕਰਵਾਰ ਦੋ ਛੋਟੀਆਂ ਪਾਰਟੀਆਂ ਨਾਲ ਸਮਝੌਤਾ ਕੀਤਾ।



## ਡੱਲਾ ਦੇ ਦੋ ਸ਼ਾਰਪ ਸ਼ੂਟਰ ਦਿੱਲੀ 'ਚ ਮੁਕਾਬਲੇ 'ਚ ਫੜੇ

**ਨਵੀਂ ਦਿੱਲੀ** : ਮੁਕਾਬਲੇ ਤੋਂ ਬਾਅਦ ਦਿੱਲੀ ਪੁਲਸ ਦੇ ਸਪੈਸ਼ਲ ਸੈੱਲ ਨੇ ਇੱਥੇ ਗੈਂਗਸਟਰ ਤੋਂ ਕੌਮਾਂਤਰੀ ਦਹਿਸ਼ਤਗਰਦ ਬਣੇ ਅਤੇ ਕੈਨੇਡਾ ਰਹਿੰਦੇ ਅਰਸ਼ਦੀਪ ਸਿੰਘ ਉਰਫ ਡੱਲਾ ਦੇ ਦੋ ਸ਼ਾਰਪ ਸ਼ੂਟਰਾਂ ਨੂੰ ਗ੍ਰਿਫਤਾਰ ਕਰ ਲਿਆ। ਮੁਲਜ਼ਮਾਂ ਦੀ ਪਛਾਣ ਰਾਜਪ੍ਰੀਤ ਸਿੰਘ ਉਰਫ ਰਾਜਾ ਉਰਫ ਬੰਬ ਅਤੇ ਵਰਿੰਦਰ ਸਿੰਘ ਉਰਫ ਵਿੰਮੀ ਦੋਵੇਂ ਵਾਸੀ ਪੰਜਾਬ ਵਜੋਂ ਹੋਈ ਹੈ। ਸੋਮਵਾਰ ਤੜਕੇ ਦੋਨਾਂ ਨੂੰ ਮਯੂਰ ਵਿਹਾਰ 'ਚ ਸਮਾਚਾਰ ਅਪਾਰਟਮੈਂਟ ਦੇ ਸਾਹਮਣੇ ਅਕਸ਼ਰਧਾਮ ਮੰਦਰ ਵੱਲ ਮੁੱਖ ਮਾਰਗ ਤੋਂ ਛੋਟੇ ਜਿਹੇ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ। ਫੜੇ ਜਾਣ ਤੋਂ ਪਹਿਲਾਂ ਮੁਲਜ਼ਮਾਂ ਨੇ ਗੋਲੀਆਂ ਚਲਾਈਆਂ। ਜਵਾਬ 'ਚ ਪੁਲਸ ਵੱਲੋਂ ਚਲਾਈਆਂ ਗੋਲੀਆਂ ਵਿੱਚੋਂ ਇਕ ਵਰਿੰਦਰ ਦੀ ਸੱਜੀ ਲੱਤ 'ਤੇ ਲੱਗੀ। ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਰਿਵਾਲਵਰ .45 ਐੱਮ ਐੱਮ, 6 ਕਾਰਤੂਸ, .30 ਐੱਮ ਐੱਮ ਪਿਸਤੌਲ, 7 ਕਾਰਤੂਸ, ਹੈਂਡ ਗਰਨੇਡ ਅਤੇ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ।

ਉਨ੍ਹਾਂ ਦੇ ਖੁਲਾਸੇ ਦੇ ਆਧਾਰ 'ਤੇ ਯੂ ਪੀ ਦੇ ਗੌਤਮ ਬੁੱਧ ਨਗਰ 'ਚ ਛਾਪੇਮਾਰੀ ਕੀਤੀ ਗਈ ਅਤੇ ਉਨ੍ਹਾਂ ਦੇ ਇਕ ਹੋਰ ਸਾਥੀ ਸਚਿਨ ਭਾਟੀ ਨੂੰ ਗ੍ਰਿਫਤਾਰ ਕੀਤਾ ਗਿਆ। ਦਿੱਲੀ ਪੁਲਸ ਦੇ ਸਪੈਸ਼ਲ ਸੈੱਲ ਦੇ ਕਮਿਸ਼ਨਰ ਐੱਚ ਜੀ ਐੱਸ ਧਾਲੀਵਾਲ ਮੁਤਾਬਕ ਇਨ੍ਹਾਂ ਸ਼ੂਟਰਾਂ ਦੇ ਨਿਸ਼ਾਨੇ ਉੱਤੇ ਪੰਜਾਬੀ ਗਾਇਕ ਐਲੀ ਮਾਂਗਟ ਸੀ। ਅਕਤੂਬਰ 'ਚ ਬਠਿੰਡਾ 'ਚ ਮਾਂਗਟ ਉੱਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਉਹ ਘਰ ਨਹੀਂ ਸੀ, ਇਸ ਕਰਕੇ ਨਿਸ਼ਾਨਾ ਨਹੀਂ ਬਣਾਇਆ ਜਾ ਸਕਿਆ।

## ਅੱਜ-ਨਾਮਾ

ਮੇਕ ਇਨ ਇੰਡੀਆ ਦੀ ਚੱਲੀ ਬਾਤ ਚੋਖੀ,
ਮਿਲਦਾ ਮੇਕ ਤੋਂ ਵੱਧ ਪਿਆ ਫੇਕ ਮੀਆਂ।
ਵੱਡੀ ਵਿਸ਼ਵ ਦੀ ਬਣਨਾ ਹੈ ਆਰਥਿਕਤਾ,
ਵਿਦੇਸ਼ੀ ਨਿਵੇਸ਼ ਦੀ ਰੱਖ ਕੇ ਟੇਕ ਮੀਆਂ।
ਟਾਕੀ ਲਾਉਣ ਆਕਾਸ਼ ਨੂੰ ਦੇਸ਼ ਤੁਰਿਆ,
ਹੁੰਦਾ ਹਾਲੇ ਨਹੀਂ ਸੁਰੰਗ ਦਾ ਛੇਕ ਮੀਆਂ।
ਦਾਅਵੇ ਕੀਤਿਆਂ ਕਦੇ ਨਹੀਂ ਪੇਟ ਭਰਦਾ,
ਕੌਣ ਸੁਫਨਿਆਂ ਦੇ ਖਾਂਦਾ ਏ ਕੇਕ ਮੀਆਂ।
ਮਿਲੇਗਾ ਘੱਟ ਤੇ ਉਹ ਵੀ ਮਨਜ਼ੂਰ ਖਾਣਾ,
ਚਾਹੀਦਾ ਭੋਜਨ ਹੈ ਪੇਟ ਨੂੰ ਅਸਲ ਮੀਆਂ।
ਪੌਣੀ ਸਦੀ ਤੋਂ ਉੱਪਰ ਉਡੀਕ ਕਰ ਲਈ,
ਪੱਕੀ ਕਦੀ ਨਾ ਸਿਆਸਤੀ ਫਸਲ ਮੀਆਂ।

-ਤੀਸ ਮਾਰ ਖਾਂ

# ਆਜ਼ਾਦੀ ਘੁਲਾਟੀਏ ਕਾਮਰੇਡ ਜਗਜੀਤ ਸਿੰਘ 'ਬਾਗੀ' ਦਾ ਬੁੱਤ ਸਥਾਪਤ

**ਸਮਰਾਲਾ/ਮਾਛੀਵਾੜਾ (ਸੁਰਜੀਤ ਸਿੰਘ/ਜਗਦੀਸ਼ ਰਾਏ ਬੌਬੀ)**

ਭ੍ਰਿਸ਼ਟਾਚਾਰ ਵਿਰੋਧੀ ਫਰੰਟ (ਰਜਿ:) ਸਮਰਾਲਾ ਦੀ ਨਵੀਂ ਬਣੀ ਇਮਾਰਤ ਦੇ ਅਹਾਤੇ ਵਿੱਚ ਪਿੰਡ ਕੋਟਲਾ ਸਮਸ਼ਪੁਰ ਦੇ ਜੰਮਪਲ ਸਮਰਾਲਾ ਇਲਾਕੇ ਦੇ ਆਜ਼ਾਦੀ ਘੁਲਾਟੀਏ, ਕਿਸਾਨਾਂ, ਮਜ਼ਦੂਰਾਂ ਦੇ ਨੇਤਾ ਕਾਮਰੇਡ ਜਗਜੀਤ ਸਿੰਘ 'ਬਾਗੀ' ਦਾ ਬੁੱਤ ਸਥਾਪਤ ਕੀਤਾ ਗਿਆ। ਕਮਾਂਡੈਂਟ ਰਸ਼ਪਾਲ ਸਿੰਘ ਅਤੇ ਦਵਿੰਦਰ ਸਿੰਘ ਜਟਾਣਾ ਦੀ ਅਗਵਾਈ ਹੇਠ ਕਰਵਾਏ ਸਮਾਗਮ ਵਿੱਚ ਬੰਤ ਸਿੰਘ ਬਰਾੜ ਸਕੱਤਰ ਸੀ ਪੀ ਆਈ ਪੰਜਾਬ ਨੇ ਬਤੌਰ ਮੁੱਖ ਮਹਿਮਾਨ ਨੇ ਬੁੱਤ ਤੋਂ ਪਰਦਾ ਹਟਾਉਣ ਦੀ ਰਸਮ ਅਦਾ ਕੀਤੀ। ਸਮਾਗਮ ਦੀ ਸ਼ੁਰੂਆਤ ਸਟੇਜ ਸਕੱਤਰ ਪ੍ਰਿੰਸੀਪਲ ਪਰਮਿੰਦਰ ਸਿੰਘ ਬੈਨੀਪਾਲ ਨੇ ਕਾਮਰੇਡ ਜਗਜੀਤ ਸਿੰਘ ਬਾਗੀ ਦੀ ਜ਼ਿੰਦਗੀ ਅਤੇ ਉਨ੍ਹਾ ਦੁਆਰਾ ਕੀਤੀ ਘਾਲਣਾ ਸੰਬੰਧੀ ਦੱਸਿਆ। ਇਸ ਉਪਰੰਤ ਕੇਵਲ ਸਿੰਘ ਮੰਜਾਲੀਆਂ ਤਹਿਸੀਲ ਆਗੂ ਸੀ ਪੀ ਆਈ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਸਥਾਪਨਾ, ਕੀਤੇ ਕਾਰਜਾਂ ਤੇ ਜਗਜੀਤ ਸਿੰਘ ਬਾਗੀ ਨਾਲ ਕੀਤੇ ਕੰਮਾਂ ਦਾ ਜ਼ਿਕਰ ਕੀਤਾ।

■ **ਸਮਰਾਲਾ ਇਲਾਕੇ ਲਈ ਬਹੁਤ ਹੀ ਮਾਣ ਵਾਲੀ ਗੱਲ : ਬੰਤ ਬਰਾੜ**



ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਨਵੇਂ ਬਣੇ ਦਫਤਰ ਵਿੱਚ ਸਥਾਪਤ ਕੀਤੇ ਕਾਮਰੇਡ ਜਗਜੀਤ ਸਿੰਘ ਬਾਗੀ ਦੇ ਬੁੱਤ ਤੋਂ ਪਰਦਾ ਹਟਾਉਣ ਦੀ ਰਸਮ ਪਿੱਛੋਂ ਮੁੱਖ ਮਹਿਮਾਨ ਅਤੇ ਹੋਰ।

ਜਗਜੀਤ ਸਿੰਘ ਬਾਗੀ ਦੇ ਜਵਾਈ ਦਵਿੰਦਰ ਸਿੰਘ ਜਟਾਣਾ ਅਤੇ ਧੀ ਸੁਖਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਾਮਰੇਡ ਬਾਗੀ ਦੀ ਜ਼ਿੰਦਗੀ ਦੇ ਪੰਨੇ ਫਰੋਲਦਿਆਂ ਫਰੰਟ ਵੱਲੋਂ ਕੀਤੇ ਕਾਰਜਾਂ ਦੀ ਸਰਾਹਨਾ ਕੀਤੀ। ਬਿਹਾਰੀ ਲਾਲ ਸੱਦੀ (ਰਿਟਾ: ਲੈਕਚਰਾਰ) ਨੇ ਜਗਜੀਤ ਸਿੰਘ ਬਾਗੀ, ਮਰਹੂਮ ਮਹਿਮਾ ਸਿੰਘ ਕੰਗ, ਸਰਪੰਚ ਮਰਹੂਮ ਅਮਰੀਕ ਸਿੰਘ ਨਾਲ ਸਮਾਜ ਅਤੇ ਲੋਕ ਹਿੱਤਾਂ ਲਈ ਕੀਤੇ ਸੰਘਰਸ਼ਾਂ ਸੰਬੰਧੀ ਚਾਨਣਾ ਪਾਇਆ। ਇਸ ਮੌਕੇ ਭੁਪਿੰਦਰ ਸਾਂਬਰ ਕੁੱਲ ਹਿੰਦ ਕਿਸਾਨ ਸਭਾ ਆਗੂ, ਪ੍ਰੋ. ਰਜਿੰਦਰਪਾਲ ਸਿੰਘ ਔਲਖ, ਰਮੇਸ਼ ਰਤਨ ਏਟਕ ਆਗੂ, ਐਡਵੋਕੇਟ ਪਰਮਜੀਤ ਸਿੰਘ ਖੰਨਾ, ਭਜਨ ਸਿੰਘ ਆਗੂ ਸੀ. ਪੀ ਆਈ (ਐੱਮ) ਨੇ ਵੀ ਕਾਮਰੇਡ ਬਾਗੀ ਦੇ ਜੀਵਨ ਸੰਬੰਧੀ, ਦੇਸ਼ ਦੀ ਆਜ਼ਾਦੀ ਲਈ ਕੀਤੇ ਸੰਘਰਸ਼, ਕੱਟੀਆਂ ਜੇਲ੍ਹਾਂ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਕਮਾਂਡੈਂਟ ਰਸ਼ਪਾਲ ਸਿੰਘ ਨੇ ਕਿਹਾ ਕਿ ਅੱਜ ਫਰੰਟ ਨੂੰ ਆਮ ਲੋਕਾਂ ਦੀ ਸਹੂਲਤ ਲਈ ਪਹਿਲੀ ਵਾਰ ਖੁਦ ਦੀ ਇਮਾਰਤ ਬਣਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ, ਜਿਸ ਲਈ ਉਹ ਸਮੁੱਚੇ ਬਾਗੀ ਪਰਵਾਰ ਦੇ ਸ਼ੁਕਰਗੁਜ਼ਾਰ ਹਨ, ਜਿਨ੍ਹਾਂ ਆਪਣੀ ਜਗ੍ਹਾ ਵਿੱਚ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦਾ ਦਫਤਰ ਉਸਾਰਨ ਲਈ ਜਗ੍ਹਾ ਦਿੱਤੀ।

ਮੁੱਖ ਮਹਿਮਾਨ ਬੰਤ ਸਿੰਘ ਬਰਾੜ ਨੇ ਸਮਰਾਲਾ ਇਲਾਕੇ ਨੂੰ ਭਾਗਾਂ ਵਾਲਾ ਕਿਹਾ, ਜਿੱਥੇ ਆਮ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਯੋਧੇ ਕਾਮਰੇਡ ਜਗਜੀਤ ਸਿੰਘ ਬਾਗੀ ਨੇ ਜਨਮ ਲਿਆ, ਜਿਨ੍ਹਾ ਦਾ ਬੁੱਤ ਸਥਾਪਤ ਹੋਣ ਨਾਲ ਸਮਰਾਲਾ ਦਾ ਨਾਂਅ ਸੰਸਾਰ ਭਰ ਵਿੱਚ ਚੇਤਿਆਂ ਵਿੱਚ ਰੱਖਿਆ ਜਾਵੇਗਾ। ਸਮਾਗਮ ਦੇ ਅਖੀਰ 'ਚ ਫਰੰਟ ਦੇ ਪ੍ਰਧਾਨ ਅਮਰਜੀਤ ਸਿੰਘ ਬਾਲਿਓਂ ਨੇ ਸਮੁੱਚੇ ਬਾਗੀ ਪਰਵਾਰ, ਆਏ ਮਹਿਮਾਨਾਂ ਅਤੇ ਆਏ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਉਨ੍ਹਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦਾ ਧੰਨਵਾਦ ਕੀਤਾ, ਜਿਨ੍ਹਾ ਦੇ ਅਣਥੱਕ ਯਤਨਾਂ ਸਦਕਾ ਫਰੰਟ ਦੇ ਦਫਤਰ ਦਾ ਕੰਮ ਨੇਪਰੇ ਚੜ੍ਹਿਆ। ਸਮਾਗਮ ਵਿੱਚ ਉਪਰੋਕਤ ਤੋਂ ਇਲਾਵਾ ਲੈਕਚਰਾਰ ਵਿਜੇ ਕੁਮਾਰ ਪ੍ਰਧਾਨ ਅਧਿਆਪਕ ਚੇਤਨਾ ਮੰਚ, ਇੰਦਰਜੀਤ ਸਿੰਘ ਕੰਗ, ਸੁਰਜੀਤ ਵਿਸ਼ਦ, ਮਾਸਟਰ ਪ੍ਰੇਮ ਨਾਥ, ਸ਼ਵਿੰਦਰ ਸਿੰਘ (ਜਨਰਲ ਸਕੱਤਰ), ਰਵਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ, ਸੁਰਿੰਦਰ ਕੁਮਾਰ, ਦੇਸ ਰਾਜ, ਨਿਰਮਲ ਸਿੰਘ ਹਰਬੰਸਪੁਰਾ, ਮੰਗਤ ਰਾਏ ਪ੍ਰਭਾਕਰ, ਅਵਤਾਰ ਸਿੰਘ ਉਟਾਲਾਂ, ਪ੍ਰਿਥੀਪਾਲ ਸਿੰਘ ਭਗਵਾਨਪੁਰਾ, ਭਜਨ ਸਿੰਘ, ਡਾ. ਮਨਜੀਤ ਸਿੰਘ ਧਾਲੀਵਾਲ, ਪ੍ਰੇਮਵੀਰ ਸੱਦੀ ਸਰਪੰਚ ਉਟਾਲਾਂ, ਮੈਨੇਜਰ ਕਰਮ ਚੰਦ, ਤੇਜਿੰਦਰ ਸਿੰਘ, ਚਰਨਜੀਤ ਸਿੰਘ, ਗੁਰਪ੍ਰੀਤ ਸਿੰਘ, ਕੈਪਟਨ ਮਹਿੰਦਰ ਸਿੰਘ, ਬੰਤ ਸਿੰਘ, ਪ੍ਰਿਥੀ ਸਿੰਘ, ਜਗਦੀਸ ਰਾਏ ਬੌਬੀ ਸੀ ਪੀ ਆਈ ਬਲਾਕ ਸਕੱਤਰ ਮਾਛੀਵਾੜਾ ਤੇ ਸਮਰਾਲਾ, ਪੰਜਾਬ ਇਸਤਰੀ ਸਭਾ ਬਲਾਕ ਮਾਛੀਵਾੜਾ ਦੀ ਚੇਅਰਮੈਨ ਸਰਬਜੀਤ ਕੌਰ ਗਿੱਲ, ਸਰਬ ਭਾਰਤ ਨੌਜਵਾਨ ਸਭਾ ਦੇ ਪ੍ਰਧਾਨ ਅਰਵਿੰਦ ਕੁਮਾਰ ਸੋਨੂੰ, ਭਵਿਸਮਾਤੋ, ਕਰਨ ਗੌੜ, ਨਿਰਮਲ ਸਿੰਘ ਸ਼ੇਰਪੁਰ ਆਦਿ ਤੋਂ ਇਲਾਵਾ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਸਮੁੱਚੇ ਮੈਂਬਰ ਹਾਜ਼ਰ ਸਨ। ਅਖੀਰ ਵਿੱਚ ਪਰਮਿੰਦਰ ਸਿੰਘ ਬੈਨੀਪਾਲ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

## ਨੇਤਰ ਬੈਂਕ ਸੰਮਤੀ ਵੱਲੋਂ ਲਗਾਏ ਅੱਖਾਂ ਦੇ ਕੈਂਪ ਦਾ 293 ਮਰੀਜ਼ਾਂ ਨੇ ਲਿਆ ਲਾਹਾ



**ਧੂਰੀ (ਸੁਖਦੇਵ ਧੂਰੀ)**-ਸਥਾਨਕ ਮੰਗਲਾ ਆਸ਼ਰਮ (ਗਊਸ਼ਾਲਾ) ਵਿਖੇ ਮਹਾਸ਼ਾ ਪ੍ਰਤਿਗਿਆ ਪਾਲ ਜੀ ਦੀ ਪ੍ਰੇਰਨਾ ਤੇ ਅਸ਼ੀਰਵਾਦ ਸਦਕਾ ਧੂਰੀ ਨੇਤਰ ਬੈਂਕ ਸੰਮਤੀ (ਰਜਿ) ਤੇ ਨਿਸ਼ਕਾਮ ਸੇਵਾ ਸਭਾ ਵੱਲੋਂ ਲਾਏ ਗਏ 36ਵੇਂ ਵਿਸ਼ਾਲ ਮੁਫਤ ਅੱਖਾਂ ਦੇ ਕੈਂਪ ਵਿੱਚ 293 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ, ਜਿਨ੍ਹਾਂ ਵਿੱਚੋਂ 148 ਮਰੀਜ਼ਾਂ ਦੇ ਫੇਕੋ ਵਿਧੀ ਰਾਹੀਂ ਸਥਾਨਕ ਸ਼ਰਮਾ ਅੱਖਾਂ ਦੇ ਹਸਪਤਾਲ ਵਿਖੇ ਲੈਂਜ਼ ਪਾਏ ਗਏ। ਕੈਂਪ ਵਿੱਚ ਅੱਖਾਂ ਦੇ ਮਾਹਰ ਡਾਕਟਰ ਮਨਪ੍ਰੀਤ ਸਿੰਘ, ਡਾਕਟਰ ਰਮੇਸ਼ ਸ਼ਰਮਾ, ਡਾਕਟਰ ਕਮਲਪ੍ਰੀਤ ਕੌਰ, ਰਾਹੁਲ ਸ਼ਰਮਾ ਤੇ ਡਾਕਟਰ ਸਾਈ ਦੀਪ ਢੱਡ ਵੱਲੋਂ ਆਪਣੀ ਟੀਮ ਸਮੇਤ ਪਹੁੰਚ ਕੇ ਚੈੱਕਅਪ ਕੀਤਾ ਗਿਆ ਤੇ ਸਾਰਿਆਂ ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਵੀ ਮੁਫਤ ਦਿੱਤੀਆਂ ਗਈਆਂ। ਕੈਂਪ ਦਾ ਆਰੰਭ ਅੰਤਰਰਾਸ਼ਟਰੀ ਇਨਾਮ ਜੇਤੂ ਰਾਇਸਿੰਗ ਗਰੁੱਪ ਦੇ ਚੇਅਰਮੈਨ-ਕਮ-ਐੱਮ ਡੀ ਡਾਕਟਰ ਏ ਆਰ ਸ਼ਰਮਾ ਤੇ ਮਾਂ ਰੋਸ਼ਨ ਕਰਕੇ ਕੀਤਾ ਗਿਆ। ਕੈਂਪ ਦੀ ਸਫਲਤਾ ਲਈ ਨੇਤਰ ਬੈਂਕ ਸੰਮਤੀ ਦੇ ਅਹੁਦੇਦਾਰਾਂ ਤੇ ਮੈਂਬਰਾਂ, ਜਿਨ੍ਹਾਂ 'ਚ ਹੇਮ ਰਾਜ ਗਰਗ (ਜਨਰਲ ਸਕੱਤਰ), ਚੌਧਰੀ ਪਵਨ ਕੁਮਾਰ ਵਰਮਾ (ਮੀਤ ਪ੍ਰਧਾਨ), ਡਾਕਟਰ ਨਰੇਸ਼ ਬਾਂਸਲ ਮੈਡੀਕਲ ਇੰਚਾਰਜ, ਰਾਜਿੰਦਰ ਕੁਮਾਰ, ਸਤੀਸ਼ ਚੰਦਰ ਅਰੋੜਾ, ਭਾਰਤ ਭੂਸ਼ਣ ਪ੍ਰਵੀਨ, ਜੇ ਦੇਵ ਸ਼ਰਮਾ, ਅਸ਼ੋਕ ਕੁਮਾਰ ਟੈਨਾ, ਚਮਨ ਲਾਲ ਜਿੰਦਲ, ਰਾਮ ਪ੍ਰਕਾਸ਼ ਸ਼ਰਮਾ, ਤਰਸੇਮ ਮਿੱਤਲ ਤੇ ਮਨਜੀਤ ਸਿੰਘ ਬਖਸ਼ੀ ਵੱਲੋਂ ਨਿਭਾਈ ਗਈ ਡਿਊਟੀ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ।

## ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ





**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਲੈ ਕੇ ਸਵੇਰ ਤੋਂ ਹੀ ਸ਼ਰਧਾਲੂਆਂ ਦੀ ਆਮਦ ਸ਼ੁਰੂ ਹੋਈ ਸਵੇਰ ਤੋਂ ਸ਼ਾਮ ਤੱਕ ਸੰਗਤਾਂ ਨੇ ਲੰਮੀਆਂ ਲੰਮੀਆਂ ਕਤਾਰਾਂ 'ਚ ਖੜ੍ਹ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਪਵਿੱਤਰ ਸਰੋਵਰ ਤੇ ਵੇਈਂ ਨਦੀ 'ਚ ਇਸ਼ਨਾਨ ਕੀਤਾ। ਇਸ ਮੌਕੇ ਭਾਈ ਮਰਦਾਨਾ ਦੀਵਾਨ ਹਾਲ ਵਿਖੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਸਟੇਜ ਲਗਾਈ ਗਈ, ਜਿਸ 'ਚ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਸੰਤ ਮਹਾਂਪੁਰਸ਼ ਪਹੁੰਚੇ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਰਨੈਲ ਸਿੰਘ ਬੂਲੇ ਨੇ ਸਾਹਿਬ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਮੱਕਾ ਮਦੀਨਾ ਫੇਰੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਮਾਤਮਾ ਇੱਕ ਹੈ ਅਤੇ ਹਰੇਕ ਕਣ 'ਚ ਵੱਸਦਾ ਹੈ। ਮੱਕਾ, ਮਦੀਨਾ ਜਾ ਕੇ ਵੀ ਗੁਰੂ ਨਾਨਕ ਸਾਹਿਬ ਜੀ ਨੇ ਧਰਮ ਦਾ ਪ੍ਰਚਾਰ ਕੀਤਾ। ਕਥਾਵਾਚਕ ਅਤੇ ਰਾਗੀ ਢਾਡੀ ਕਵੀਸ਼ਰ ਜੱਥਿਆਂ ਨੇ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਪੁਰਬ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਗੁਰੂ ਨਾਨਕ ਸਾਹਿਬ ਦਾ ਜਨਮ ਕਲਯੁਗ ਦੇ ਚੌਥੇ ਯੁੱਗ 'ਚ ਹੋਇਆ ਸੀ। ਇਸੇ ਲਈ ਗੁਰੂ ਨਾਨਕ ਸਾਹਿਬ ਜੀ ਨੂੰ ਕਲਯੁੱਗ ਦਾ ਅਵਤਾਰ ਵੀ ਕਿਹਾ ਜਾਂਦਾ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਹੋਰ ਸ਼੍ਰੋਮਣੀ ਕਮੇਟੀ ਮੈਂਬਰ ਨੇ ਸਮੂਹ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਨੇ ਦੱਸਿਆ ਕਿ ਸਵੇਰ ਤੋਂ ਹੀ ਲੱਖਾਂ ਸੰਗਤਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੂੰ 40 ਤਰ੍ਹਾਂ ਦੇ ਫੁੱਲਾਂ ਨਾਲ ਸਜਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਮਹਿੰਦਰ ਸਿੰਘ ਆਹਲੀ, ਮੈਨੇਜਰ ਜਰਨੈਲ ਸਿੰਘ ਬੂਲੇ ਨੇ ਸਮੂਹ ਪਤਵੰਤਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਮੈਨੇਜਰ ਬੂਲੇ ਨੇ ਦੇਸ-ਵਿਦੇਸ਼ ਤੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਜਗਤਾਰ ਸਿੰਘ, ਬਾਬਾ ਗੱਜਣ ਸਿੰਘ ਬਾਬਾ ਬਕਾਲਾ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਆਦਿ ਮਹਾਂਪੁਰਸ਼ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਕੌਰ ਰੂਹੀ, ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਡੋਗਰਾਂਵਾਲ, ਸ਼੍ਰੋਮਣੀ ਕਮੇਟੀ ਮੈਂਬਰ ਬਲਦੇਵ ਸਿੰਘ ਕਲਿਆਣ, ਸ਼੍ਰੋਮਣੀ ਕਮੇਟੀ ਮੈਂਬਰ ਜਗਦੀਸ਼ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਮੈਂਬਰ ਜਗਜੀਤ ਸਿੰਘ ਬਠਿੰਡਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੈਪਟਨ ਹਰਮਿੰਦਰ ਸਿੰਘ, ਹਲਕਾ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ, ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਢਿੱਲੋਂ, ਇੰਜਨੀਅਰ ਸਵਰਨ ਸਿੰਘ ਆਦਿ ਹਾਜਰ ਸਨ।

## ਬਾਬਾ ਫ਼ਰੀਦ ਕਾਲਜ ਵਿਖੇ ਭਾਰਤੀ ਰਾਸ਼ਟਰੀ ਸੰਵਿਧਾਨ ਦਿਵਸ ਮਨਾਇਆ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਾਬਾ ਫ਼ਰੀਦ ਕਾਲਜ ਬਠਿੰਡਾ ਦੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ 'ਭਾਰਤੀ ਰਾਸ਼ਟਰੀ ਸੰਵਿਧਾਨ ਦਿਵਸ' ਮਨਾਇਆ ਗਿਆ। ਇਸ ਦਿਨ 'ਤੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ ਬਠਿੰਡਾ ਵਿਖੇ ਰਾਜਨੀਤੀ ਸ਼ਾਸਤਰ ਦੇ ਸਹਾਇਕ ਪ੍ਰੋਫੈਸਰ ਡਾ. ਸੰਦੀਪ ਸਿੰਘ ਦਾ ਮਾਹਰ ਭਾਸ਼ਣ ਕਰਵਾਇਆ ਗਿਆ। ਡਾ. ਸੰਦੀਪ ਨੇ ਭਾਰਤ ਦੇ ਸੰਵਿਧਾਨ ਦੀ ਮਹੱਤਤਾ ਤੇ ਦੇਸ਼ ਦੇ ਲੋਕਤੰਤਰ ਨੂੰ ਰੂਪ ਦੇਣ ਵਿੱਚ ਇਸ ਦੀ ਭੂਮਿਕਾ ਬਾਰੇ ਗੱਲ ਕੀਤੀ। ਸਮਾਗਮ ਦੀ ਸ਼ੁਰੂਆਤ ਵਿਭਾਗ ਦੇ ਮੁਖੀ ਡਾ. ਸੁਖਦਰਸ਼ਨ ਸਿੰਘ ਵੱਲੋਂ ਸਵਾਗਤੀ ਭਾਸ਼ਣ ਨਾਲ ਕੀਤੀ ਗਈ। ਉਨ੍ਹਾਂ ਆਪਣੇ ਭਾਸ਼ਣ ਵਿੱਚ ਭਾਰਤੀ ਰਾਸ਼ਟਰੀ ਸੰਵਿਧਾਨ ਦਿਵਸ ਦੀ ਮਹੱਤਤਾ ਤੇ ਨੌਜਵਾਨ ਪੀੜ੍ਹੀ ਵਿੱਚ ਸੰਵਿਧਾਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡਾ. ਸੰਦੀਪ ਸਿੰਘ ਦਾ ਭਾਸ਼ਣ ਭਾਰਤੀ ਸੰਵਿਧਾਨ ਦੀਆਂ ਮੁੱਖ ਵਿਸ਼ੇਸ਼ਤਾਵਾਂ ਤੇ ਆਮ ਨਾਗਰਿਕਾਂ ਦੇ ਜੀਵਨ 'ਤੇ ਇਸ ਦੇ ਪ੍ਰਭਾਵ 'ਤੇ ਕੇਂਦਰਤ ਸੀ। ਉਨ੍ਹਾ ਮੌਲਿਕ ਅਧਿਕਾਰਾਂ, ਨਿਆਂ ਪਾਲਿਕਾ ਤੇ ਸ਼ਕਤੀਆਂ ਦੀ ਵੰਡ ਦੀ ਮਹੱਤਤਾ ਨੂੰ ਉਜਾਗਰ ਕੀਤਾ। ਡਾ. ਸਿੰਘ ਨੇ ਭਾਰਤੀ ਸੰਵਿਧਾਨ ਨੂੰ ਦਰਪੇਸ਼ ਚੁਣੌਤੀਆਂ ਤੇ ਇਸ ਦੀਆਂ ਕਦਰਾਂ-ਕੀਮਤਾਂ ਦੀ ਰਾਖੀ ਲਈ ਲਗਾਤਾਰ ਚੌਕਸ ਰਹਿਣ ਦੀ ਲੋੜ ਬਾਰੇ ਵੀ ਚਰਚਾ ਕੀਤੀ। ਭਾਸ਼ਣ ਤੋਂ ਬਾਅਦ ਸਵਾਲ-ਜਵਾਬ ਦਾ ਸੈਸ਼ਨ ਹੋਇਆ, ਜਿਸ ਦੌਰਾਨ ਵਿਦਿਆਰਥੀਆਂ ਨੇ ਸੰਵਿਧਾਨ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਡਾ. ਸਿੰਘ ਨਾਲ ਗੱਲਬਾਤ ਕੀਤੀ। ਸਮਾਗਮ ਦੀ ਸਮਾਪਤੀ ਮੌਕੇ ਸ਼੍ਰੀਮਤੀ ਨਵਨਿੰਦਰ ਢਿੱਲੋਂ ਨੇ ਡਾ. ਸਿੰਘ ਦਾ ਜਾਣਕਾਰੀ ਭਰਪੂਰ ਭਾਸ਼ਣ ਦੇਣ ਲਈ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਬਾਬਾ ਫ਼ਰੀਦ ਕਾਲਜ ਬਠਿੰਡਾ ਵਿਖੇ ਰਾਸ਼ਟਰੀ ਸੰਵਿਧਾਨ ਦਿਵਸ ਦਾ ਜਸ਼ਨ ਵਿਦਿਆਰਥੀਆਂ ਲਈ ਭਾਰਤੀ ਸੰਵਿਧਾਨ ਤੇ ਉਨ੍ਹਾਂ ਦੇ ਜੀਵਨ ਵਿੱਚ ਇਸ ਦੀ ਮਹੱਤਤਾ ਬਾਰੇ ਹੋਰ ਜਾਣਨ ਦਾ ਇੱਕ ਵੱਡਮੁੱਲਾ ਮੌਕਾ ਸੀ। ਇਸ ਸਮਾਗਮ ਵਿੱਚ ਰਾਜਨੀਤੀ ਸ਼ਾਸਤਰ ਵਿਭਾਗ ਦੇ ਸਮੂਹ ਵਿਦਿਆਰਥੀ ਤੇ ਫੈਕਲਟੀ ਮੈਂਬਰ ਹਾਜ਼ਰ ਸਨ। ਅੰਤ ਵਿੱਚ ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਬਾਬਾ ਫ਼ਰੀਦ ਕਾਲਜ ਦੇ ਪ੍ਰਿੰਸੀਪਲ ਡਾ. ਮਨੀਸ਼ ਬਾਂਸਲ ਨੇ ਇਸ ਉੱਦਮ ਦੀ ਵਿਸ਼ੇਸ਼ ਸ਼ਲਾਘਾ ਕਰਦਿਆਂ ਰਾਜਨੀਤੀ ਸ਼ਾਸਤਰ ਵਿਭਾਗ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਹੋਰ ਅਜਿਹੇ ਪ੍ਰੋਗਰਾਮ ਉਲੀਕਣ ਲਈ ਉਤਸ਼ਾਹਤ ਕੀਤਾ।

## ਬਲੌਜ਼ਮਜ਼ ਕਾਨਵੈਂਟ ਸਕੂਲ 'ਚ ਸਿਹਤ ਸੰਬੰਧੀ ਜਾਗਰੂਕਤਾ ਕੈਂਪ



**ਜਗਰਾਓਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਮਾਪੇ-ਅਧਿਆਪਕ ਮੀਟਿੰਗ ਤੋਂ ਬਾਅਦ ਲੁਧਿਆਨਾ ਤੋਂ ਵਾਈਡਰ ਵਿੰਗਸ ਦੀ ਆਈ ਟੀਮ ਵਿੱਚ ਅਵਨੀ ਸ਼ਰਮਾ, ਬ੍ਰਿਜ ਭੂਸ਼ਣ ਸ਼ਰਮਾ ਤੇ ਰਿਤੂ ਜੋਸ਼ੀ ਨੇ ਅਧਿਆਪਕਾਂ ਲਈ ਸਿਹਤ ਸਬੰਧੀ ਜਾਗਰੂਕ ਕੈਂਪ ਲਗਾਇਆ ਗਿਆ, ਜਿਸ ਵਿੱਚ ਸਾਰੇ ਅਧਿਆਪਕਾਂ ਦਾ ਚੈੱਕਅਪ ਕੀਤਾ ਗਿਆ। ਇਸ ਕੈਂਰ ਵਿੱਚ ਉਨ੍ਹਾਂ ਨੇ ਆਪਣੀ ਸਿਹਤ ਦਾ ਖਿਆਲ ਰੱਖਣ ਲਈ ਬਹੁਤ ਸਾਰੇ ਟਿਪਸ ਦਿੱਤੇ। ਆਪਣੇ ਰੋਜ਼ਾਨਾ ਜੀਵਨ ਵਿੱਚ ਖਾਣ-ਪੀਣ ਦੀਆਂ ਆਦਤਾਂ ਨੂੰ ਸਹੀ ਕਰਨ ਦੇ ਤਰੀਕੇ ਦੱਸੇ ਤੇ ਮੈਡੀਸਨ ਫਰੀ ਜ਼ਿੰਦਗੀ ਜਿਉਣ ਦੇ ਢੰਗ ਦੱਸੇ। ਸਰੀਰ ਨੂੰ ਸਹੀ ਪ੍ਰੋਟੀਨ ਕਾਰਬੋਹਾਈਡਰੇਟ ਆਦਿ ਲੈਣ ਦੀ ਮਿਕਦਾਰ ਵੀ ਦੱਸੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ ਨੇ ਕਿਹਾ ਕਿ ਅੱਜ ਦਾ ਮਨੁੱਖ ਆਪਣੇ ਜੀਵਨ ਵਿੱਚ ਖਾਣ-ਪੀਣ ਦੀਆਂ ਗਲਤ ਆਦਤਾਂ ਸਦਕਾ ਕਈ ਭਿਅੰਕਰ ਬਿਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ। ਜੇਕਰ ਅਸੀਂ ਆਪਣੀਆਂ ਨਿੱਤ ਰੋਜ਼ ਦੀਆਂ ਇਨ੍ਹਾਂ ਆਦਤਾਂ ਨੂੰ ਸਹੀ ਕਰ ਲਈਏ ਤਾਂ ਇੱਕ ਲੰਮੀ ਜ਼ਿੰਦਗੀ ਜਿਵਾਂਗੇ, ਪ੍ਰਮਾਤਮਾ ਨੇ ਸਾਡੇ ਸਰੀਰ ਵਿੱਚ ਬਿਮਾਰੀਆਂ ਨਾਲ ਲੜਨ ਦੀ ਪਹਿਲਾਂ ਤੋਂ ਹੀ ਬਹੁਤ ਸ਼ਕਤੀ ਦਿੱਤੀ ਹੋਈ ਹੈ, ਪਰ ਅਸੀਂ ਆਪਣੀਆਂ ਗਲਤ ਆਦਤਾਂ ਸਦਕਾ ਆਪਣੇ ਜੀਵਨ ਨੂੰ ਨਰਕ ਬਣਾ ਰਹੇ ਹਾਂ, ਇਨ੍ਹਾਂ ਤੋਂ ਸਾਨੂੰ ਬਚਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ੍ਰ. ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਸਿਹਤ ਹੈ ਤਾਂ ਜ਼ਿੰਦਗੀ ਹੈ।

## ਸੋਨ ਤਮਗਾ ਜੇਤੂ ਖਿਡਾਰੀਆਂ ਦੀ ਕੌਮੀ ਖੇਡਾਂ ਲਈ ਚੋਣ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-67ਵੀਆਂ ਪੰਜਾਬ ਰਾਜ ਸਕੂਲ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਭੂਤਗੜ੍ਹ ਸਕੂਲ ਦੇ ਵਿਦਿਆਰਥੀਆਂ ਨੇਂ ਸੋਨ ਤਮਗਾ ਜਿੱਤਿਆ ਹੈ। ਰਾਜ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਇਨ੍ਹਾਂ ਵਿਦਿਆਰਥੀਆਂ ਦੀ ਕੌਮੀ ਖੇਡ ਲਈ ਚੋਣ ਕੀਤੇ ਜਾਣ ਨਾਲ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸਕੂਲ ਕਮੇਟੀ ਦੇ ਚੇਅਰਮੈਨ ਜੀਤ ਸਿੰਘ, ਸਰਪੰਚ ਕਰਨੈਲ ਸਿੰਘ ਤੇ ਆਮ ਆਦਮੀ ਪਾਰਟੀ ਦੇ ਕ੍ਰਿਸ਼ਨ ਭੂਤਗੜ੍ਹ ਨੇ ਦੱਸਿਆ ਕਿ ਪਬਲਿਕ ਕਾਲਜ ਸਮਾਣਾ ਵਿਖੇ ਹੋਈਆਂ ਖੇਡਾਂ ਵਿੱਚ ਪਟਿਆਲਾ ਨੇ ਸੰਗਰੂਰ ਤੋਂ ਫਾਈਨਲ ਮੈਚ ਵਿੱਚ 10-07 ਨਾਲ ਜਿੱਤ ਦਰਜ ਕੀਤੀ, ਜਿਸ ਵਿੱਚ ਪਟਿਆਲਾ ਜ਼ਿਲ੍ਹੇ ਲਈ ਖੇਡਦੇ ਹੋਏ ਅਧੀਨ ਉਮਰ ਵਰਗ 14 ਵਰ੍ਹੇ ਵਿੱਚ ਸਰਕਾਰੀ ਹਾਈ ਸਕੂਲ ਭੂਤਗੜ੍ਹ ਦੇ 7 ਵਿਦਿਆਰਥੀਆਂ ਨੇ ਗੋਲਡ ਮੈਡਲ ਪ੍ਰਾਪਤ ਕੀਤੇ, ਜਿੱਥੇ ਨੈਸ਼ਨਲ ਸਕੂਲ ਖੇਡਾਂ ਲਈ 5 ਖਿਡਾਰੀਆਂ ਦੀ ਚੋਣ ਹੋਈ। ਜੇਤੂ ਟੀਮ ਦਾ ਪਿੰਡ ਪਹੁੰਚਣ 'ਤੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ। ਸਕੂਲ ਮੁਖੀ ਜਗਦੀਪ ਸਿੰਘ ਨੇ ਉਮੀਦਜ਼ ਕਰਦਿਆਂ ਕਿਹਾ ਕਿ ਮਿਹਨਤੀ ਵਿਦਿਆਰਥੀ ਨੈਸ਼ਨਲ ਖੇਡਾਂ ਵਿੱਚ ਵੀ ਪੰਜਾਬ ਦਾ ਨਾਮ ਰੋਸ਼ਨ ਕਰਨਗੇ।

## ਸ਼ਹੀਦ ਰਹਿਮਤ ਅਲੀ ਮੈਮੋਰੀਅਲ ਸਕੂਲ ਦੇ ਖਿਡਾਰੀਆਂ ਨੂੰ ਹਾਕੀ ਕਿੱਟਾਂ ਵੰਡੀਆਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਰਹਿਮਤ ਅਲੀ ਮੈਮੋਰੀਅਲ ਸਰਕਾਰੀ ਹਾਈ ਸਮਾਰਟ ਸਕੂਲ ਵਜੀਦਕੇ ਖੁਰਦ ਵਿਖੇ ਵਾਤਾਵਰਨ ਪ੍ਰੇਮੀ ਡਾ. ਜਸਵੀਰ ਸਿੰਘ ਪਦਮ ਵੱਲੋਂ ਆਪਣੇ ਜਨਮ ਦਿਨ ਮੌਕੇ ਹਾਕੀ ਟੀਮ ਦੇ ਹੋਣਹਾਰ ਖਿਡਾਰੀਆਂ ਨੂੰ ਕਰੀਬ ਇੱਕ ਲੱਖ ਰੁਪਏ ਦੀ ਲਾਗਤ ਨਾਲ ਹਾਕੀ ਕਿੱਟਾਂ ਵੰਡੀਆਂ ਗਈਆਂ। ਹੈੱਡਮਾਸਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਡਾ: ਜਸਵੀਰ ਸਿੰਘ ਪਦਮ ਨੇ ਸਕੂਲ ਦੇ ਨਵੇਂ ਬਣੇ ਸਪੋਰਟਸ ਰੂਮ ਦਾ ਉਦਘਾਟਨ ਕਰਨ ਉਪਰੰਤ ਸੰਸਥਾ ਦੇ ਚੌਗਿਰਦੇ ਵਿੱਚ ਫੁੱਲਦਾਰ ਬੂਟੇ ਵੀ ਲਗਾਏ। ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ ਸਿ) ਬਰਜਿੰਦਰਪਾਲ ਸਿੰਘ ਵੱਲੋਂ ਸਮਾਜ ਸੇਵੀ ਡਾ: ਪਦਮ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਅਖੀਰ 'ਚ ਸਕੂਲ ਮੁਖੀ ਜਸਵਿੰਦਰ ਸਿੰਘ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਖੇਡਾਂ, ਵਿੱਦਿਆ ਦੇ ਖੇਤਰ ਵਿੱਚ ਹੋਰ ਮਿਹਨਤ ਕਰਨ ਦੀ ਹੱਲਾਸ਼ੇਰੀ ਦਿੱਤੀ। ਇਸ ਸਮੇਂ ਸਿਮਰਦੀਪ ਸਿੰਘ ਡੀ ਐੱਮ ਸਪੋਰਟਸ, ਮਲਕੀਤ ਸਿੰਘ ਡੀ ਪੀ ਈ, ਕਪਲ ਕੁਮਾਰ, ਸਮਕ ਚੇਅਰਮੈਨ ਕਿਰਨਦੀਪ ਕੌਰ, ਕਮੇਟੀ ਮੈਂਬਰ ਦਾਰਾ ਸਿੰਘ ਫੌਜੀ, ਜਸਵੀਰ ਸਿੰਘ, ਪੂਜਾ ਦੇਵੀ, ਜਸਵੀਰ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

## ਪੁਰਸਕਾਰ ਜੇਤੂ ਵਿਦਿਆਰਥੀ ਸਨਮਾਨਤ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਇਲਾਕੇ ਦੀ ਨਾਮਵਰ ਸੰਸਥਾ ਯੂ ਕੇ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੂੰ ਗੁਰਬਾਣੀ ਕਵਿਤਾ, ਦਸਤਾਰ, ਦੁਮਾਲੇ, ਕਵੀਸ਼ਰੀ ਮੁਕਾਬਲਿਆਂ ਵਿੱਚੋਂ ਪੁਰਸਕਾਰ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਕਾਰ ਸਿੰਘ, ਬਲਿਹਾਰ ਸਿੰਘ, ਕੁਲਵੰਤ ਸਿੰਘ ਚੀਮਾ ਤੇ ਪ੍ਰਿੰਸੀਪਲ ਮੈਡਮ ਕੋਮਲ ਅਗਰਵਾਲ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਬੱਚਿਆਂ ਦਾ ਹੋਰ ਵੀ ਹੌਸਲਾ ਵਧਾਇਆ ਗਿਆ। ਉਨ੍ਹਾਂ ਨੇ ਬਾਕੀ ਬੱਚਿਆਂ ਨੂੰ ਵੀ ਇਨ੍ਹਾਂ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਤੇ ਬੱਚਿਆਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਆ।

## ਨਗਰ ਕੀਰਤਨ ਦਾ ਵਿਧਾਇਕ ਦੀ ਅਗਵਾਈ 'ਚ ਭਰਵਾਂ ਸਵਾਗਤ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ ਗਿਆ, ਜੋ ਸਰਹਿੰਦ ਦੇ ਵੱਖ ਵੱਖ ਬਾਜ਼ਾਰਾਂ ਤੇ ਇਲਾਕਿਆਂ 'ਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਦਾ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ਉੱਤੇ ਸਵਾਗਤ ਕੀਤਾ ਗਿਆ ਤੇ ਸ਼ਰਧਾਲੂਆਂ ਵੱਲੋਂ ਵੱਖ-ਵੱਖ ਥਾਵਾਂ ਉੱਤੇ ਲੰਗਰ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ। ਆਮ ਖਾਸ ਬਾਗ ਤੋਂ ਅੱਗੇ ਆਮ ਆਦਮੀ ਪਾਰਟੀ ਦੇ ਦਫਤਰ ਦੇ ਸਾਹਮਣੇ ਆਪ ਦੇ ਵਲੰਟੀਅਰਾਂ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਦੀ ਅਗਵਾਈ ਵਿੱਚ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਰੁਮਾਲਾ ਸਾਹਿਬ ਭੇਟ ਕੀਤਾ, ਉੱਥੇ ਹੀ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀਆਂ ਨੂੰ ਸਿਰੋਪਾਓ ਭੇਟ ਕੀਤੇ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਕੁੱਲ ਦੁਨੀਆ ਦੇ ਗੁਰੂ ਹੋਏ ਹਨ, ਜਿਨ੍ਹਾਂ ਨੂੰ ਸਿੱਖ ਧਰਮ ਹੀ ਨਹੀਂ ਪੂਰਾ ਜਗਤ ਪੂਜਦਾ ਹੈ। ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਰੋਸਾ ਖੇੜੀ, ਅਮਰੀਕ ਸਿੰਘ ਬਾਲਪੁਰ, ਪਵੇਲ ਹਾਂਡਾ, ਬਲਵੀਰ ਸੋਢੀ, ਜਸਪਾਲ ਸਿੰਘ, ਬਲਜਿੰਦਰ ਸਿੰਘ, ਰੋਹੀ ਰਾਮ, ਗੁਰਮੀਤ ਬਾਜਵਾ, ਗੁਰਸਤਿੰਦਰ ਸਿੰਘ ਜੱਲਾ, ਅਮਰਿੰਦਰ ਮਡੋਫਲ, ਚੂਹੜ ਸਿੰਘ, ਨੰਬਰਦਾਰ ਜਗਰੂਪ ਸਿੰਘ, ਮੋਹਿਤ ਸੂਦ ਆਦਿ ਹਾਜ਼ਰ ਸਨ।

## ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਨੇ ਵਧੀਕ ਨਿਗਰਾਨ ਇੰਜੀ: ਨੂੰ ਕੀਤਾ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪਾਵਰਕੌਮ ਦੀ ਪੈਨਸ਼ਨਰਜ ਐਸੋਸੋਏਸ਼ਨ ਮੰਡਲ ਸਮਰਾਲਾ ਨੇ ਆਪਣੇ ਸਾਲਾਨਾ ਸਮਾਰੋਹ ਦੌਰਾਨ ਡਵੀਜ਼ਨ ਦੇ ਵਧੀਕ ਨਿਗਰਾਨ ਇੰਜੀਨੀਅਰ ਕੰਵਲਪ੍ਰੀਤ ਸਿੰਘ ਸਿੱਧੂ ਦੀ ਪ੍ਰਸ਼ਾਸਕੀ ਕੁਸ਼ਲਤਾ ਤੇ ਉਨ੍ਹਾਂ ਦੀ ਆਮ ਲੋਕਾਂ, ਕਰਮਚਾਰੀਆਂ ਤੇ ਪੈਨਸ਼ਨਰਜ਼ ਪ੍ਰਤੀ ਉਸਾਰੂ ਸੋਚ ਦੀ ਪਰਖ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ। ਪੈਨਸ਼ਨਰਜ਼ ਆਗੂਆਂ ਨੇ ਸਮਾਰੋਹ ਦੇ ਪੰਡਾਲ ਵਿੱਚ ਆਉਂਦਿਆਂ ਉਨ੍ਹਾਂ ਦਾ ਜੋਸ਼ੋ-ਖਰੋਸ਼ ਨਾਲ ਸ਼ਾਨਦਾਰ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਸ਼ਾਲ ਤੇ ਫੁੱਲਾਂ ਦੇ ਹਾਰ ਪਹਿਨਾ ਕੇ ਸਨਮਾਨਤ ਕੀਤਾ। ਇਸ ਮੌਕੇ ਬੁਲਾਰਿਆਂ ਨੇ ਇੰਜੀ: ਕੰਵਲਪ੍ਰੀਤ ਸਿੰਘ ਦੀ ਲੋਕਾਂ, ਕਰਮਚਾਰੀਆਂ ਤੇ ਪੈਸ਼ਨਰਜ਼ ਪ੍ਰਤੀ ਉਸਾਰੂ ਸੋਚ ਦੀ ਦਿਲ ਖੋਲ੍ਹ ਕੇ ਸ਼ਲਾਘਾ ਕੀਤੀ। ਪੈਨਸ਼ਨਰਜ਼ ਦੇ ਮੰਡਲ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਕਿ ਸਾਲ 1978 ਜਦੋਂ ਤੋਂ ਇਹ ਸਮਰਾਲਾ ਡਵੀਜ਼ਨ ਹੋਂਦ ਵਿੱਚ ਆਈ ਹੈ, ਉਦੋਂ ਤੋਂ ਜ਼ਿਆਦਾਤਰ ਅਧਿਕਾਰੀਆਂ ਨਾਲ ਮੁਲਾਜ਼ਮ ਮਸਲਿਆਂ ਨੂੰ ਲੈ ਕੇ ਟੀ. ਐੱਸ. ਯੂ. ਤੇ ਹੋਰ ਜਥੇਬੰਦੀਆਂ ਦਾ ਇੱਟ-ਖੜਕਾ ਹੀ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਇੰਜੀ: ਕੰਵਲਪ੍ਰੀਤ ਸਿੰਘ ਸਿੱਧੂ ਹੀ ਵਾਹਦ ਅਜਿਹਾ ਅਫਸਰ ਰਿਹਾ, ਜਿਸ ਨਾਲ ਉਨ੍ਹਾਂ ਦੇ ਕਾਰਜਕਾਲ ਵਿੱਚ ਜਥੇਬੰਦੀਆਂ ਦੀ ਕੋਈ ਤਲਖ-ਕਲਾਮੀ ਨਹੀਂ ਹੋਈ। ਇਸ ਮੌਕੇ ਸਨਮਾਨਤ ਵਧੀਕ ਨਿਗਰਾਨ ਇੰਜੀ: ਕੰਵਲਪ੍ਰੀਤ ਸਿੰਘ ਸਿੱਧੂ ਨੇ ਪਾਵਰਕੌਮ ਤੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ, ਔਰਤਾਂ ਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਸ ਮਹਿਕਮੇ ਵਿਚ ਉਹ ਸੇਵਾ ਕਰਦੇ ਹਨ ਤੇ ਜਿਨ੍ਹਾਂ ਨੇ ਇਮਾਨਦਾਰੀ ਤੇ ਤਨਦੇਹੀ ਨਾਲ ਮਿੱਥੇ ਸਮੇਂ ਲਈ ਪਾਵਰਕੌਮ ਦੀ ਸੇਵਾ ਨਿਭਾ ਕੇ ਸੇਵਾ ਮੁਕਤ ਹੋ ਚੁੱਕੇ ਹਨ, ਉਨ੍ਹਾਂ ਦੇ ਕੰਮ ਦੀ ਸ਼ਲਾਘਾ ਕਰਨੀ ਹੀ ਬਣਦੀ ਹੈ। ਉਨ੍ਹਾਂ ਕਿਹਾ ਕਿ ਉਹ ਜਿਸ ਮਹਿਕਮੇ ਵਿੱਚ ਮੌਜੂਦਾ ਸੇਵਾ ਕਰ ਰਹੇ ਹਨ, ਉਸ ਪ੍ਰਤੀ ਵਚਨਬਧਤਾ ਲਾਜ਼ਮੀ ਹੈ। ਉਹਨਾਂ ਕਿਹਾ ਕਿ ਲੋਕਾਂ ਦੀ ਇਮਾਨਦਾਰੀ ਨਾਲ ਸੇਵਾ ਕਰਨਾ ਉਨ੍ਹਾਂ ਦਾ ਪਹਿਲਾ ਕਰਮ ਹੈ। ਇਸ ਮੌਕੇ ਪੈਨਸ਼ਨਰਜ਼ ਐਸੋਸੀਏਸ਼ਨ ਨੇ ਉਮਰ ਦਰਾਜ ਪੈਨਸ਼ਨਰਜ਼ ਜਿਹੜੇ 70 ਤੇ 75 ਸਾਲ ਦੀ ਉਮਰ ਪਾਰ ਕਰ ਚੁੱਕੇ, ਉਨ੍ਹਾਂ ਨੂੰ ਵੀ ਸਨਮਾਨਤ ਕੀਤਾ। ਸਨਮਾਨ ਸਮਾਰੋਹ ਵਿੱਚ ਹਾਜ਼ਰ ਪੈਨਸ਼ਨਰਾਂ ਨੂੰ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਧੰਨਵੰਤ ਸਿੰਘ ਭੱਠਲ, ਸਰਕਲ ਪ੍ਰਧਾਨ ਭਰਪੂਰ ਸਿੰਘ ਮਾਂਗਟ, ਰਾਜਿੰਦਰ ਵਡੇਰਾ, ਸੁਖਦਰਸ਼ਨ ਸਿੰਘ ਸਕੱਤਰ, ਇੰਜ: ਪ੍ਰੇਮ ਸਿੰਘ ਮੀਤ ਪ੍ਰਧਾਨ, ਜਗਤਾਰ ਸਿੰਘ ਤੇ ਜੁਗਲ ਕਿਸ਼ੋਰ ਸਾਹਨੀ ਨੇ ਵੀ ਸੰਬੋਧਨ ਕੀਤਾ।

## ਗੁਰਦੁਆਰਾ ਸਿੰਘ ਸਭਾ ਦੀ ਕਮੇਟੀ ਨੇ ਸਜਾਇਆ ਵਿਸ਼ਾਲ ਨਗਰ ਕੀਰਤਨ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸਾਹਿਬ ਸਿੰਘ ਸਭਾ ਅਮਲੋਹ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦਾ ਸ਼ਹਿਰ ਦੇ ਵਾਰਡ ਨੰਬਰ 13 ਵਿਖੇ ਪਹੁੰਚਣ 'ਤੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਅਮਲੋਹ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਪੰਜ ਪਿਆਰਿਆਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ ਅਤੇ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਗੱਤਕਾ ਪਾਰਟੀਆਂ ਵੱਲੋਂ ਜੌਹਰ ਦਿਖਾਏ ਗਏ, ਉਥੇ ਹੀ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਨਗਰ ਕੀਰਤਨ ਦੌਰਾਨ ਕੀਰਤਨ ਕੀਤਾ ਗਿਆ ਤੇ ਗੁਰੂ ਨਾਨਕ ਦੇਵ ਜੀ ਵੱਲੋਂ ਮਿਲੇ ਉਪਦੇਸ਼ 'ਤੇ ਚੱਲਣ ਦੀ ਸੰਗਤਾਂ ਨੂੰ ਅਪੀਲ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਚੀਮਾ ਨੇ ਜਿੱਥੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਹਰਦੇਵ ਸਿੰਘ ਜੱਸੜ, ਐਡਵੋਕੇਟ ਤੇਜਵੰਤ ਸਿੰਘ, ਮਨੋਹਰ ਲਾਲ ਵਰਮਾ, ਅਜਮੇਰ ਸਿੰਘ ਟਿਵਾਣਾ, ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਣਜੀਤ ਸਿੰਘ ਬੱਬੂ, ਸਰਿੰਦਰਪਾਲ ਸਿੰਘ, ਸਵਰਨ ਸਿੰਘ ਕਾਨੂੰਗੋ, ਬਿੱਟੂ ਸਿੰਘ, ਹਰਜੀਤ ਸਿੰਘ ਜੀਤਾ, ਗੁਰਪ੍ਰੀਤ ਸਿੰਘ ਗੁੱਪੀ, ਹੈੱਡ ਗ੍ਰੰਥੀ ਭਾਈ ਗੁਰਪਾਲ ਸਿੰਘ, ਸਨੀ ਮਾਹੀ, ਹਰਚੰਦ ਸਿੰਘ, ਭੁਪਿੰਦਰ ਸਿੰਘ, ਹਰਨੇਕ ਸਿੰਘ ਪਾਲੀਆ, ਮਨਜਿੰਦਰ ਸਿੰਘ, ਬਲਜੀਤ ਸਿੰਘ, ਬਲਦੇਵ ਸਿੰਘ, ਲਛਮਣ ਸਿੰਘ, ਜਸਵਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

## ਆਮ ਆਦਮੀ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨਾ ਸਰਕਾਰ ਦਾ ਮੁੱਖ ਉਦੇਸ਼ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 20 ਦੇ ਮੁਹੱਲਾ ਕੀਰਤੀ ਨਗਰ ਵਿਚ 18.50 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਕਿਹਾ ਕਿ ਇਲਾਕੇ ਵਿਚ ਪਿਛਲੇ 15 ਸਾਲਾਂ ਤੋਂ ਸੀਵਰੇਜ ਦੇ ਕੰਮ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਪੰਜਾਬ ਵਿਚ ਵਿਕਾਸ ਦੀ ਲਹਿਰ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਹਰ ਮੰਗ ਨੂੰ ਗੰਭੀਰਤਾ ਨਾਲ ਵਿਚਾਰ ਕੇ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਆਮ ਆਦਮੀ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਵਿਚ ਸੀਵਰੇਜ ਪਾਈਪ ਲਾਈਨ ਵਿਛਾਉਣ ਤੋਂ ਬਾਅਦ ਸੜਕ ਬਣਾਉਣ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ, ਕੌਂਸਲਰ ਜਸਵੰਤ ਰਾਏ, ਕੌਂਸਲਰ ਮੁਖੀ ਰਾਮ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਐੱਸ ਐੱਸ ਪੀ ਗਿੱਲ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਸ, ਸ੍ਰੀ ਹਰਮਨਬੀਰ ਸਿੰਘ ਗਿੱਲ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋ ਕੇ ਜ਼ਿਲ੍ਹਾ ਬਠਿੰਡਾ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣ ਲਈ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਐੱਸ.ਐੱਸ.ਪੀ. ਹਰਮਨਬੀਰ ਸਿੰਘ ਗਿੱਲ ਨੇ ਪ੍ਰੈੱਸ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਜ਼ਿਲ੍ਹੇ ਵਿੱਚ ਸ਼ਰਾਰਤੀ ਅਨਸਰਾਂ ਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੇ ਕੋਈ ਵੀ ਨਸ਼ਾ ਸਮੱਗਲਰ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਸਬੰਧੀ ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਪਾਸ ਕੋਈ ਸੂਹ ਹੁੰਦੀ ਹੈ ਤਾਂ ਉਹ ਬਿਨਾਂ ਕਿਸੇ ਡਰ-ਝਿਜਕ ਦੇ ਇਤਲਾਹ ਪੁਲਸ ਨੂੰ ਦੇਣ ਤਾਂ ਜੋ ਸ਼ਰਾਰਤੀ/ਮਾੜੇ ਅਨਸਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਸਕੇ ਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਿਆ ਜਾ ਸਕੇ।

## ਈ.ਟੀ.ਟੀ ਟੈੱਟ ਪਾਸ ਬੇਰੁਜ਼ਗਾਰਾਂ 'ਤੇ ਲਾਠੀਚਾਰਜ ਖਿਲਾਫ ਸੰਘਰਸ਼ ਤੇਜ਼ ਕਰਨ ਦੀ ਅਪੀਲ



**ਬਰੇਟਾ (ਗੋਬਿੰਦ ਸ਼ਰਮਾ)**-ਪੰਜਾਬ ਵਿੱਚ ਬਦਲਾਓ ਦੇ ਨਾਅਰੇ 'ਤੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੀਮਾ ਸਤੌਜ (ਸੰਗਰੂਰ) ਵਿਖੇ ਈ.ਟੀ.ਟੀ. ਟੈਟ ਪਾਸ ਬੇਰੁਜ਼ਗਾਰਾਂ 'ਤੇ ਕੀਤੇ ਲਾਠੀਚਾਰਜ ਨੇ ਪਿਛਲੀ ਕਾਂਗਰਸ ਸਰਕਾਰਾਂ ਵੱਲੋਂ ਮਾਨਸਾ, ਪਟਿਆਲਾ ਤੇ ਅਕਾਲੀ-ਭਾਜਪਾ ਵੱਲੋਂ ਗਾਗਾ (ਸੰਗਰੂਰ) ਵਿਖੇ ਕੀਤੇ ਲਾਠੀਚਾਰਜਾਂ ਨੂੰ ਵੀ ਮਾਤ ਪਾ ਦਿੱਤ ਹੈ। ਇਸ ਸੰਬੰਧੀ ਪੰਜਾਬ ਸਰਕਾਰ ਦੀ ਨਿਖੇਧੀ ਕਰਦਿਆਂ ਬੇਰੁਜ਼ਗਾਰ ਅਧਿਆਪਕ ਤੇ ਮਾਪੇ ਐਕਸ਼ਨ ਕਮੇਟੀ ਇਲਾਕਾ ਬਰੇਟਾ (ਮਾਨਸਾ) ਦੇ ਮੈਂਬਰ ਗੁਰਮੀਤ ਸਿੰਘ ਬਹਾਦਰਪੁਰ, ਮੇਜਰ ਸਿੰਘ ਕੈਂਥ ਬਰੇਟਾ ਨੇ ਕਿਹਾ ਕਿ ਪੰਜਾਬ ਸਰਕਾਰ ਚੋਣਾਂ ਵੇਲੇ ਬੇਰੁਜ਼ਗਾਰਾਂ ਨਾਲ ਕੀਤੇ ਵਾਅਦੇ ਤੋਂ ਭੱਜ ਰਹੀ ਹੈ। ਬੇਰੁਜ਼ਗਾਰ ਅਧਿਆਪਕ ਤੇ ਉਨ੍ਹਾਂ ਦੇ ਮਾਪੇ 2024 ਦੀਆਂ ਲੋਕ ਸਭਾ ਦੀਆਂ ਵੋਟਾਂ ਵਿੱਚ ਇਸ ਦਾ ਹਿਸਾਬ ਲੈਣਗੇ, ਕਿਉਂਕਿ ਪੰਜਾਬ ਸਰਕਾਰ ਪ੍ਰਾਇਮਰੀ ਤੇ ਐਲੀਮੈਂਟਰੀ ਸਕੂਲ ਬੰਦ ਕਰਨਾ ਚਾਹੁੰਦੀ ਹੈ। ਇਹ ਸਕੂਲ ਕਾਰਪੋਰੇਟ ਘਰਾਣਿਆਂ ਨੂੰ ਵੇਚਣਾ ਚਾਹੁੰਦੀ ਹੈ ਤੇ ਗਰੀਬ ਪਰਿਵਾਰ ਦੇ ਬੱਚਿਆਂ ਨੂੰ ਵਿੱਦਿਆ ਤੋਂ ਦੂਰ ਕਰਨਾ ਚਾਹੁੰਦੀ ਹੈ। ਉਪਰੋਕਤ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਤੁਰੰਤ ਬੇਰੁਜ਼ਗਾਰਾਂ ਨਾਲ ਦੋ ਧਿਰੀ ਗੱਲਬਾਤ ਕਰਕੇ 6635, 5994 ਤੇ 2364 ਆਸਾਮੀਆਂ ਨੂੰ ਮੁਕੰਮਲ ਕਰਕੇ ਓਵਰਏਜਾਂ ਨਾਲ ਚੋਣਾਂ ਸਮੇਂ ਕੀਤੇ ਵਾਅਦੇ ਨੂੰ ਪੂਰਾ ਕੀਤਾ ਜਾਵੇ।

## ਨਾਹਰਿਆਂ ਦੀ ਗੂੰਜ ਦਰਮਿਆਨ ਸਪੁਰਦੇ ਆਤਿਸ਼ ਕੀਤਾ ਗਿਆ ਟੀ ਆਰ ਗੌਤਮ ਨੂੰ



**ਜਲੰਧਰ** : ਲੰਘੇ ਸ਼ਨੀਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਰੇਲ ਮੁਲਾਜ਼ਮਾਂ ਅਤੇ ਟਰੇਡ ਯੂਨੀਅਨ ਲਹਿਰ ਦੇ ਉੱਘੇ ਆਗੂ ਸਾਥੀ ਟੀ.ਆਰ. ਗੌਤਮ ਦਾ ਅੰਤਮ ਸੰਸਕਾਰ ਐਤਵਾਰ ਨੂੰ ਉਨ੍ਹਾਂ ਦੇ ਯੁੱਧ ਸਾਥੀਆਂ ਦੇ ਜੋਸ਼ੀਲੇ ਇਨਕਲਾਬੀ ਨਾਹਰਿਆਂ ਦੀ ਗੂੰਜ ਦਰਮਿਆਨ ਕੀਤਾ ਗਿਆ। ਮਰਹੂਮ ਸਾਥੀ ਗੌਤਮ ਨੇ ਸੇਵਾ ਮੁਕਤ ਹੋਣ ਪਿਛੋਂ ਆਪਣਾ ਜੀਵਨ ਆਰ ਐਮ ਪੀ ਆਈ ਦੇ ਪਰਚਮ ਹੇਠ ਲੜੇ ਜਾ ਰਹੇ ਲੁੱਟੇ-ਲਿਤਾੜੇ ਲੋਕਾਂ ਦੀ ਬੰਦ ਖਲਾਸੀ ਦੇ ਸੰਗਰਾਮ ਲਈ ਅਰਪਣ ਕਰ ਦਿੱਤਾ ਸੀ। ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਆਲਾਰਸਾ ਦੇ ਸੰਸਥਾਪਕ ਸਾਥੀ ਹਰਚਰਨ ਸਿੰਘ ਕਪੂਰਥਲਾ, ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ, ਦੇਸ਼ ਭਗਤ ਯਾਦਗਾਰ ਜਲੰਧਰ ਦੇ ਸਾਬਕਾ ਜਨਰਲ ਸਕੱਤਰ ਬੀਬੀ ਰਘਬੀਰ ਕੌਰ ਨੇ ਆਪਣੇ ਵਿਛੜੇ ਯੁੱਧ ਸਾਥੀ ਦੀ ਮ੍ਰਿਤਕ ਦੇਹ 'ਤੇ ਪਾਰਟੀ ਦਾ ਸੂਹਾ ਝੰਡਾ ਪਾਕੇ ਉਨ੍ਹਾਂ ਨੂੰ ਇਨਕਲਾਬੀ ਸਨਮਾਨਾਂ ਨਾਲ ਅੰਤਮ ਵਿਦਾਇਗੀ ਦਿੱਤੀ।

ਸਰਵ ਸਾਥੀ ਤਰਸੇਮ ਕਾਦੀਆਂ, ਘਣਸ਼ਾਮ ਸਿੰਘ, ਕੁਲਵਿੰਦਰ ਗ੍ਰੇਵਾਲ, ਰਮੇਸ਼ ਠਾਕੁਰ, ਬਲਦੇਵ ਬੱਧਨ ਵੀ ਸਾਥੀ ਗੌਤਮ ਦੀਆਂ ਘਾਲਣਾਵਾਂ ਨੂੰ ਸੁਰਖ ਸਲਾਮ ਕਹਿਣ ਲਈ ਪੁੱਜੇ ਸਨ। ਉਨ੍ਹਾਂ ਦੇ ਪੁੱਤਰ ਡਾ. ਅਨਿਲ ਗੌਤਮ ਨੇ ਚਿਖਾ ਨੂੰ ਅਗਨੀ ਦਿਖਾਈ। ਉਨ੍ਹਾਂ ਦੀ ਬੇਟੀ ਅਰੁਣਾ ਅਤੇ ਦਾਮਾਦ ਸਮੇਤ ਭਾਰੀ ਗਿਣਤੀ 'ਚ ਕਰੀਬੀ ਰਿਸ਼ਤੇਦਾਰ ਅਤੇ ਸਨੇਹੀ ਵੀ ਹਾਜ਼ਰ ਸਨ। ਸਾਥੀ ਟੀ ਆਰ ਗੌਤਮ ਨਮਿੱਤ ਸ਼ਰਧਾਂਜਲੀ ਸਮਾਗਮ 5 ਦਸੰਬਰ ਮੰਗਲਵਾਰ ਨੂੰ ਬਾਅਦ ਦੁਪਹਿਰ 1ਵਜੇ ਸ਼ਿਵ ਮੰਦਰ ਰੇਲ ਵਿਹਾਰ ਵਿਖੇ ਹੋਵੇਗਾ।

## ਨਗਰ ਕੀਰਤਨ ਮੌਕੇ ਸੰਗਤਾਂ ਲਈ ਲਗਾਇਆ ਫਰੂਟ ਦਾ ਲੰਗਰ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਅਮਲੋਹ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਜਾਏ ਗਏ ਨਗਰ ਕੀਰਤਨ ਦੀ ਸੰਗਤ ਲਈ ਅਮਲੋਹ ਵਿਖੇ ਫਲਾਂ ਦਾ ਲੰਗਰ ਲਗਾਇਆ ਗਿਆ, ਜਿਨ੍ਹਾਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਧੰਨਵਾਦ ਵੀ ਕੀਤਾ ਗਿਆ।

ਇਸ ਮੌਕੇ ਚਮਕੌਰ ਸਿੰਘ ਤੰਦਾ ਬੱਧਾ, ਪ੍ਰਿਥੀਪਾਲ ਸਿੰਘ ਸੇਵਾ ਮੁਕਤ ਜੇਈ, ਸਤਨਾਮ ਸਿੰਘ ਸ਼ੈਲੀ, ਰਣਜੀਤ ਸਿੰਘ ਕੋਟਲੀ, ਗੁਰਮੇਲ ਭੁੱਟੋ ਨੇ ਕਿਹਾ ਕਿ ਪ੍ਰਕਾਸ਼ ਪੁਰਬ ਸਬੰਧੀ ਸੰਗਤਾਂ ਵਿੱਚ ਭਾਰੀ ਸ਼ਰਧਾ ਤੇ ਉਤਸ਼ਾਹ ਪਾਇਆ ਜਾ ਰਿਹਾ ਹੈ, ਜਿਸ ਤਹਿਤ ਅੱਜ ਸਾਂਝੇ ਤੌਰ 'ਤੇ ਫਲਾਂ ਦਾ ਲੰਗਰ ਨਗਰ ਕੀਰਤਨ ਦੀਆਂ ਸੰਗਤਾਂ ਲਈ ਲਗਾਇਆ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਮਿਲੇ ਉਪਦੇਸ਼ 'ਤੇ ਚੱਲਦੇ ਹੋਏ ਮਾਨਵਤਾ ਦੀ ਭਲਾਈ ਲਈ ਕੰਮ ਕਰਨ ਨੂੰ ਪਹਿਲ ਕਰਨੀ ਚਾਹੀਦੀ ਹੈ ਅਤੇ ਸੱਚ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਜਸਵੰਤ ਸਿੰਘ ਘੁਲੂਮਾਜਰਾ, ਰੂਪ ਸਿੰਘ, ਵਿਨੈ ਗਰਗ, ਜਗਦੀਸ਼ ਲੋਟੇ, ਬੌਬੀ ਅਮਲੋਹ, ਪ੍ਰੀਤ ਅਮਲੋਹ, ਗੁਰਜੰਟ ਪੰਧੇਰ ਆਦਿ ਮੌਜੂਦ ਸਨ।

## ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਰਬ ਸਮਾਜ ਦੀ ਭਲਾਈ ਦਾ ਸੰਦੇਸ਼ ਦਿੱਤਾ : ਮਨੋਹਰ ਲਾਲ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਸੂਬਾਵਾਸੀਆਂ ਨੂੰ ਸੌਗਾਤ ਦਿੰਦੇ ਹੋਏ ਸ੍ਰੀ ਨਾਡਾ ਸਾਹਿਬ ਗੁਰੂਦੁਆਰਾ ਪੰਚਕੂਲਾ ਵਿਚ ਬਹੁਮੰਜਿਲਾ ਪਾਰਕਿੰਗ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨੇ ਇਤਿਹਾਸਕ ਸ੍ਰੀ ਨਾਡਾ ਸਾਹਿਬ ਗੁਰੂਦੁਆਰਾ ਵਿਚ ਸੀਸ ਨਿਵਾ ਕੇ ਆਸ਼ੀਰਵਾਦ ਲਿਆ ਅਤੇ ਦੇਸ਼ ਤੇ ਸੂਬਾਵਾਸੀਆਂ ਦੀ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਦੇ ਨਾਲ ਹਰਿਆਣਾ ਵਿਧਾਨ ਸਭਾ ਸਪੀਕਰ ਗਿਆਨਚੰਦ ਗੁਪਤਾ ਤੇ ਹਰਿਆਣਾ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਮਹਾਸਕੱਤਰ ਰਮਨੀਕ ਸਿੰਘ ਮਾਨ ਵੀ ਮੌਜੂਦ ਸਨ। ਮੁੱਖ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪੂਰੇ ਦੇਸ਼ ਵਿਚ ਤੀਰਥ ਅਤੇ ਧਾਰਮਿਕ ਸਥਾਨਾਂ ਦੇ ਸਮੁੱਚੇ ਵਿਕਾਸ ਦੇ ਉਦੇਸ਼ ਨਾਲ ਪ੍ਰਸਾਦ ਯੋਜਨਾ ਚਲਾਈ ਜਾ ਰਹੀ ਹੈ। ਇਸੀ ਯੋਜਨਾ ਤਹਿਤ ਗੁਰੂਦੁਆਰਾ ਨਾਡਾ ਸਾਹਿਬ ਵਿਚ ਬਹੁਮੰਜਿਲਾ ਪਾਰਕਿੰਗ ਦਾ ਨਿਰਮਾਣ ਕੀਤਾ ਗਿਆ, ਜਿਸ ਦਾ ਉਦਘਾਟਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ 'ਤੇ ਕੀਤਾ ਗਿਆ ਹੈ। ਇਸ ਪਾਰਕਿੰਗ ਦਾ ਨੀਂਹ ਪੱਥਰ ਖੁਦ ਉਨ੍ਹਾਂ ਨੇ 27 ਅਕਤੂਬਰ, 2020 ਨੂੰ ਰੱਖਿਆ ਸੀ। ਲਗਭਗ 9500 ਵਰਗ ਮੀਟਰ ਵਿਚ ਬਣੇ ਇਸ ਪਾਰਕਿੰਗ ਦੇ ਨਿਰਮਾਣ 'ਤੇ 13 ਕਰੋੜ 55 ਲੱਖ 26 ਹਜਾਰ ਰੁਪਏ ਦੀ ਲਾਗਤ ਆਈ ਹੈ ਅਤੇ ਇਸ ਵਿਚ 300 ਵਾਹਨ ਪਾਰਕ ਕੀਤੇ ਜਾ ਸਕਣਗੇ। ਉਨ੍ਹਾਂ ਨੇ ਕਿਹਾ ਕਿ ਇਸ ਪਾਰਕਿੰਗ ਦੇ ਨਿਰਮਾਣ ਨਾਲ ਦੂਰ-ਦੂਰ ਤੋਂ ਆਉਣ ਵਾਲੇ ਸੈਨਾਨੀਆਂ ਅਤੇ ਸ਼ਰਧਾਲੂਆਂ ਨੂੰ ਵਾਹਨ ਪਾਰਕਿੰਗ ਦੀ ਬਿਹਤਰ ਸਹੂਲਤ ਉਪਲਬਧ ਹੋਵੇਗੀ। ਇਕ ਸੁਆਲ ਦੇ ਜਵਾਬ ਵਿਚ ਮਨੋਹਰ ਲਾਲ ਨੇ ਕਿਹਾ ਕਿ ਕਪਾਲਮੋਚਨ ਤੀਰਥ ਵਿਚ ਗੁਰੂ ਪਰੰਪਰਾ ਦੇ ਸਾਰੇ ਲੋਕ ਜੁੜੇ ਹਨ ਅਤੇ ਲੱਖਾਂ ਲੋਕ ਉੱਥੇ ਇਸ਼ਨਾਨ ਕਰਨ ਆਉਂਦੇ ਹਨ। ਕੱਲ੍ਹ ਸ਼ਾਮ ਵੀ ਲਗਭਗ 5 ਲੱਖ ਲੋਕਾਂ ਨੇ ਇਸ਼ਨਾਨ ਕੀਤਾ। ਇਸੀ ਤਰ੍ਹਾਂ ਗੁਰੂਦੁਆਰਾ ਨਾਡਾ ਸਾਹਿਬ ਵਿਚ ਵੀ ਬਹੁਤ ਵੱਡੀ ਗਿਣਤੀ ਵਿਚ ਸ਼ਰਧਾਲੂ ਆਉਂਦੇ ਹਨ। ਉਨ੍ਹਾਂ ਨੂੰ ਵੀ ਗੁਰੂਪੂਰਬ ਦੇ ਮੌਕੇ 'ਤੇ ਨਾਡਾ ਸਾਹਿਬ ਗੁਰੂਦੁਆਰੇ ਆਉਣ ਦਾ ਮੌਕਾ ਪ੍ਰਾਪਤ ਹੋਇਆ ਹੈ। ਮਨੋਹਰ ਲਾਲ ਨੇ ਕਿਹਾ ਕਿ ਉਨ੍ਹਾਂ ਨੇ ਗੁਰੂਘਰ ਵਿਚ ਮੱਥਾ ਟੇਕ ਕੇ ਦੇਸ਼ ਤੇ ਸੂਬੇ ਦੀ ਜਨਤਾ ਦੀ ਖੁਸ਼ਹਾਲੀ ਦੀ ਕਾਮਨਾ ਕੀਤੀ ਹੈ ਅਤੇ ਇਸ ਮੌਕੇ 'ਤੇ ਸਾਰਿਆਂ ਨੂੰ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੇ ਸਬੰਧ ਵਿਚ ਪੁੱਛੇ ਗਏ ਇਕ ਸੁਆਲ ਦੇ ਜਵਾਬ ਵਿਚ ਮਨੋਹਰ ਲਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਗੁਰੂ ਭਗਤੀ 'ਤੇ ਵੱਧ ਜੋਰ ਦਿੱਤਾ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਕ ਦੋਹੇ ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੈ ਸਰਬਤ ਦਾ ਭਲਾ ਦਾ ਵਰਨਣ ਕਰਦੇ ਹੋਏ ਮਨੋਹਰ ਲਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕਿਸੇ ਇਕ ਸਮਾਜ ਵਿਸ਼ੇਸ਼ ਲਈ ਨਹੀਂ ਸਗੋ ਸਰਵ ਸਮਾਜ ਦੀ ਭਲਾਈ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਲੋਕਾਂ ਨੂੰ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ ਅਤੇ ਕਿਹਾ ਕਿ ਭਗਵਾਨ ਵਿਚ ਲਗਨ ਲਗਾਉਣ ਨਾਲ ਬੁਰਾਈਆਂ ਆਪਣੇ ਆਪ ਛੁੱਟ ਜਾਂਦੀਆਂ ਹਨ। ਉਨ੍ਹਾਂ ਨੇ ਨਸ਼ੇ ਦੇ ਵਿਰੁੱਧ ਵੀ ਕੰਮ ਕੀਤਾ। ਮਨੋਹਰ ਲਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੀ ਗਈ ਸਿਖਿਆਵਾਂ ਅੱਜ ਵੀ ਢੁਕਵੀਆਂ ਹਨ ਅਤੇ ਹਰਿਆਣਾ ਸਰਕਾਰ ਵੱਲੋਂ ਉਨ੍ਹਾਂ ਦੀ ਸਿਖਿਆਵਾਂ ਨੂੰ ਉਨ੍ਹੀ ਹੀ ਤਰਕਸੰਗਤਪੂਰਨ ਪ੍ਰਚਾਰਿਤ ਪ੍ਰਸਾਰਿਤ ਕਰਨ ਦਾ ਕੰਮ ਕੀਤਾ ਜਾ ਰਿਹਾ ਹੈ। ਗਰੀਬ ਪਰਿਵਾਰਾਂ ਦੀ ਬੇਟੀਆਂ ਲਈ ਕਾਲਜਾਂ ਵਿਚ ਫਰੀ ਸਿਖਿਆ ਦਾ ਐਲਾਨ ਦੇ ਸਬੰਧ ਵਿਚ ਪੁੱਛੇ ਗਏ ਇਕ ਸੁਆਲ ਦੇ ਜਵਾਬ ਵਿਚ ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਸੂਬੇ ਵਿਚ ਆਰਟਸ, ਸਾਇੰਸ ਅਤੇ ਕਾਮਰਸ ਦੀ ਡਿਗਰੀ ਕਾਲਜਾਂ ਵਿਚ 1 ਲੱਖ 80 ਹਜਾਰ ਰੁਪਏ ਸਾਲਾਨਾ ਆਮਦਨ ਵਾਲੀ ਗਰੀਬ ਪਰਵਾਰਾਂ ਦੀਆਂ ਬੇਟੀਆਂ ਨੂੰ ਪ੍ਰਾਈਵੇਟ ਕਾਲਜਾਂ ਵਿਚ ਵੀ ਫਰੀ ਸਿਖਿਆ ਦਿੱਤੀ ਜਾਵੇਗੀ। ਅਜਿਹੀ ਬੇਟੀਆਂ ਦੀ ਫੀਸ ਦੀ ਪ੍ਰਤੀਪੂਰਤੀ ਰਾਜ ਸਰਕਾਰ ਕਰੇਗੀ। ਇਸ ਤੋਂ ਇਲਾਵਾ, 1 ਲੱਖ 80 ਹਜਾਰ ਰੁਪਏ ਤੋਂ 3 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਵਾਰਾਂ ਦੀਆਂ ਬੇਟੀਆਂ ਦੀ 50 ਫੀਸਦੀ ਫੀਸ ਦਾ ਭੁਗਤਾਨ ਸਰਕਾਰ ਵੱਲੋਂ ਕੀਤਾ ਜਾਵੇਗਾ। ਇਸ ਮੌਕੇ 'ਤੇ ਨਗਰ ਨਿਗਮ ਮੇਅਰ ਕੁਲਭੂਸ਼ਨ ਗੋਇਲ, ਡਿਪਟੀ ਕਮਿਸ਼ਨਰ ਸੁਸ਼ੀਲ ਨਾਰਵਾਨ, ਪੁਲਸ ਡਿਪਟੀ ਕਮਿਸ਼ਨਰ ਸੁਮੇਰ ਪ੍ਰਤਾਪ ਸਿੰਘ, ਹਰਿਆਣਾ ਸੈਰ-ਸਪਾਟਾ ਨਿਗਮ ਦੇ ਪ੍ਰਬੰਧ ਨਿਦੇਸ਼ਕ ਡਾ. ਨੀਰਜ ਕੁਮਾਰ , ਵਧੀਕ ਡਿਪਟੀ ਕਮਿਸ਼ਨਰ ਵਰਸ਼ਾ ਖੰਗਵਾਲ, ਸਿਟੀ ਮੈਜਿਸਟ੍ਰੇਟ ਰਾਜੇਸ਼ ਪੂਨਿਆ, ਹਰਿਆਣਾ ਰਾਜ ਬਾਲ ਭਲਾਈ ਪਰਿਸ਼ਦ ਦੀ ਮਾਨਦ ਸਕੱਤਰ ਰੰਜੀਤਾ ਮੇਹਤਾ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

## ਗੋਂਦਪੁਰ ਵਿਖੇ ਕੀਰਤਨ ਦਰਬਾਰ ਸੰਬੰਧੀ ਮੀਟਿੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਬਾਬਾ ਫਤਹਿ ਸਿੰਘ ਸੇਵਾ ਸੋਸਾਇਟੀ ਗੋਂਦਪੁਰ ਵੱਲੋਂ ਪ੍ਰਬੰਧਕ ਕਮੇਟੀ ਗੁਰਦੁਆਰਾ ਟਾਹਲੀ ਸਾਹਿਬ, ਪ੍ਰਵਾਸੀ ਭਾਰਤੀ, ਸਮੂਹ ਨਗਰ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਚਾਰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਗੋਂਦਪੁਰ ਗੁਰਦੁਆਰਾ ਟਾਹਲੀ ਸਾਹਿਬ ਵਿਖੇ 2 ਦਸੰਬਰ ਨੂੰ ਸ਼ਾਮ 6 ਵਜੇ ਤੋਂ ਰਾਤ 11 ਵਜੇ ਤੱਕ ਜਥੇਦਾਰ ਇਕਬਾਲ ਸਿੰਘ ਖੇੜਾ, ਇੰਦਰਜੀਤ ਸਿੰਘ ਗੋਂਦਪੁਰ ਤੇ ਕਮਲਜੀਤ ਸਿੰਘ ਦੀ ਅਗਵਾਈ 'ਚ ਮਹਾਨ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ, ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਜਥੇਦਾਰ ਇਕਬਾਲ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਪਿੰਡ ਗੋਂਦਪੁਰ ਵਿਖੇ ਹੋਈ। ਮੀਟਿੰਗ ਦੌਰਾਨ ਸਮਾਗਮ ਨੂੰ ਸੁਚੱਜੇ ਤੇ ਵਧੀਆ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਜਿੱਥੇ ਸਮੂਹ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਸਮੁੱਚੇ ਸਮਾਗਮ ਦੀ ਰੂਪ-ਰੇਖਾ ਉਲੀਕੀ ਗਈ ਉੱਥੇ ਸਾਰੇ ਮੈਂਬਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ।

ਜਥੇਦਾਰ ਇਕਬਾਲ ਸਿੰਘ ਖੇੜਾ ਤੇ ਇੰਦਰਜੀਤ ਸਿੰਘ ਗੋਂਦਪੁਰ ਨੇ ਦੱਸਿਆ ਕਿ ਇਸ ਮਹਾਨ ਕੀਰਤਨ ਦਰਬਾਰ ਵਿਚ ਕਥਾਵਾਚਕ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲੇ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ, ਮੀਰੀ ਪੀਰੀ ਖ਼ਾਲਸਾ ਜਗਾਧਰੀ ਵਾਲਾ ਜਥਾ, ਭਾਈ ਗੁਰਨੇਕ ਸਿੰਘ ਜੋਤ, ਢਾਡੀ ਗਿਆਨੀ ਬਲਵੀਰ ਸਿੰਘ ਪਾਰਸ ਆਦਿ ਦੇ ਜਥੇ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕਰਨਗੇ।

## ਛਾਜਲੀ ਤੋਂ 'ਆਪ' ਦਾ ਜਥਾ ਧੂਰੀ ਰੈਲੀ 'ਚ ਪੁੱਜਾ



**ਦਿੜ੍ਹਬਾ (ਜਸਵੀਰ ਲਾਡੀ)**-ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਪਿੰਡ ਛਾਜਲੀ ਵਿੱਚੋਂ ਤੀਰਥ ਯਾਤਰਾ ਦੀ ਸ਼ੁਰੂਆਤ ਲਈ ਰੱਖੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਆਮ ਆਦਮੀ ਪਾਰਟੀ ਵਰਕਰਾਂ ਦਾ ਜਥਾ ਰਵਾਨਾ ਹੋਇਆ। ਇਕਾਈ ਪ੍ਰਧਾਨ ਗੁਰਬਿਆਸ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਹਲਕਾ ਵਿਧਾਇਕ ਤੇ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਹਿਨਮਾਈ ਹੇਠ ਅਸੀਂ ਜਾ ਰਹੇ ਹਾਂ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿਖੇ ਰੱਖੇ ਤੀਰਥ ਯਾਤਰਾ ਸਕੀਮ ਸਮਾਗਮ ਵਿੱਚ ਮੁੱਖ ਮੰਤਰੀ ਦੇ ਨਾਲ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਅੱਜ ਹਰੀ ਝੰਡੀ ਦੇਣਗੇ ,ਜਿਸ ਨਾਲ ਪੰਜਾਬ ਦੇ ਹਰ ਧਰਮ ਦੇ ਲੋਕ ਆਪੋ ਆਪਣੇ ਧਾਰਮਿਕ ਸਥਾਨਾਂ ਦੀ ਯਾਤਰਾਂ ਕਰ ਸਕਣਗੇ। ਇਸ ਮੌਕੇ ਉਨ੍ਹਾਂ ਨਾਲ ਹਰਬੰਸ ਸਿੰਘ ਸੂਚ, ਸੋਨੀ ਫੌਜੀ, ਚਮਕੌਰ ਸਿੰਘ, ਸਤਿਗੁਰ ਸਿੰਘ, ਮੱਖਣ ਸਿੰਘ, ਜੱਗੀ ਔਲਖ, ਦੀਪ ਸਿੰਘ ਕੰਬੋਜ, ਹਰਿੰਦਰ ਸਿੰਘ, ਜੱਸੂ ਸਿੰਘ, ਹੈਪੀ ਸ਼ਰਮਾ, ਬਲਵੰਤ ਸਿੰਘ ਸਮਰਾਓ, ਸੁਖਵਿੰਦਰ ਸਿੰਘ ਸੁੱਖੂ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

28-Nov-PAGE-3.qxd 11/27/2023 11:19 PM Page 1



# ਪਾਕਿ ਦੀਆਂ ਭਾਰਤ ਵਿਰੁੱਧ ਨਾਪਾਕ ਹਰਕਤਾਂ ਬਾਦਸਤੂਰ ਜਾਰੀ



ਸੂਚਨਾ ਦਿੱਤੀ ਗਈ ਤਾਂ ਡੀਐੱਸਪੀ ਡੇਰਾ ਬਾਬਾ ਨਾਨਕ ਮਨਿੰਦਰ ਪਾਲ ਸਿੰਘ ਅਤੇ ਐੱਸਐੱਚਓ ਡੇਰਾ ਬਾਬਾ ਨਾਨਕ ਬਿਕਰਮ ਸਿੰਘ ਵੱਲੋਂ ਆਪਣੀ ਪੁਲਸ ਪਾਰਟੀ ਸਮੇਤ ਪਹੁੰਚ ਕੇ ਸਾਂਝਾ ਸਰਚ ਅਪ੍ਰੇਸ਼ਨ ਚਲਾਇਆ ਗਿਆ ਜਿਸ ਦੌਰਾਨ ਉਨ੍ਹਾਂ ਨੂੰ ਕਣਕ ਦੇ ਖੇਤਾਂ ਵਿੱਚੋਂ ਇਕ ਡਰੋਨ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐੱਸਪੀ ਡੇਰਾ ਬਾਬਾ ਨਾਨਕ ਮਨਿੰਦਰ ਪਾਲ ਸਿੰਘ ਨੇ ਦੱਸਿਆ ਕਿ ਬੀਐੱਸਐੱਫ ਵੱਲੋਂ ਸੂਚਨਾ ਦੇ ਆਧਾਰ 'ਤੇ ਬੀਤੀ ਰਾਤ ਸਾਂਝਾ ਸਰਚ ਅਪ੍ਰੇਸ਼ਨ ਚਲਾਇਆ ਗਿਆ ਜਿਸ ਦੌਰਾਨ ਪਿੰਡ ਅਗਵਾਨ ਦੇ ਖੇਤਾਂ ਵਿੱਚੋਂ ਇਕ ਡਿੱਗਾ ਡਰੋਨ ਪਰਾਪਤ ਹੋਇਆ ਹੈ ਜਿਸ ਤੋਂ ਲੱਗਦਾ ਹੈ ਕਿ ਉਸ ਦੀ ਬੈਟਰੀ ਖਤਮ ਹੋਣ ਤੇ ਖੇਤਾਂ ਵਿੱਚ ਡਿੱਗਾ ਹੈ।

ਨਸ਼ਾ ਜਾਂ ਹਥਿਆਰ ਨਹੀਂ ਬਰਾਮਦ ਹੋਇਆ ਪਰ ਸਾਡੇ ਵੱਲੋਂ ਬੀਐੱਸਐੱਫ ਨਾਲ ਮਿਲ ਕੇ ਇਲਾਕੇ ਦੇ ਚੱਪੇ-ਚੱਪੇ ਦੀ ਸਰਚ ਕੀਤੀ ਗਈ।

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਾਕਿਸਤਾਨ ਆਪਣੀਆਂ ਨਾਪਾਕ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ। ਜਿੱਥੇ ਕਿ ਆਏ ਦਿਨ ਸਰਹੱਦੀ ਖੇਤਰ ਅੰਦਰ ਡਰੋਨ ਐਕਟੀਵਿਟੀ ਰਾਹੀਂ ਨਸ਼ਾ ਅਤੇ ਅਸਲੇ ਦੀ ਖੇਪ ਭੇਜ ਰਿਹਾ ਹੈ ਉੱਥੇ ਹੀ ਬੀਐੱਸਐੱਫ ਦੇ ਜਵਾਨਾਂ ਵੱਲੋਂ ਮੂੰਹਤੋੜ ਜਵਾਬ ਦਿੱਤਾ ਜਾਂਦਾ ਹੈ।

ਡੇਰਾ ਬਾਬਾ ਨਾਨਕ ਦੀ ਸਰਹੱਦੀ ਪੋਸਟ ਸਾਧਾਂਵਾਲੀ ਦੇ ਬੀਐੱਸਐੱਫ ਦੇ ਜਵਾਨਾਂ ਨੂੰ ਭਾਰਤੀ ਕੌਮਾਂਤਰੀ ਸਰਹੱਦ ਦੇ ਅੰਦਰ ਪਾਕਿਸਤਾਨੀ ਡਰੋਨ ਦੇ ਪ੍ਰਵੇਸ਼ ਹੋਣ ਦੀ ਹਰਕਤ ਸੁਣਾਈ ਦਿੱਤੀ ਤਾਂ ਬੀਐੱਸਐੱਫ ਵੱਲੋਂ ਉਸ ਉੱਪਰ ਗੋਲੀਬਾਰੀ ਕੀਤੀ ਗਈ। ਬੀਐੱਸਐੱਫ ਦੇ ਉੱਚ ਅਧਿਕਾਰੀਆਂ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਨੂੰ ਅਪ੍ਰੇਸ਼ਨ ਚਲਾਇਆ ਗਿਆ ਜਿਸ ਦੌਰਾਨ ਪਿੰਡ ਅਗਵਾਨ ਦੇ ਖੇਤਾਂ ਵਿੱਚੋਂ ਇਕ ਡਿੱਗਾ ਡਰੋਨ ਪਰਾਪਤ ਹੋਇਆ ਹੈ

# ਸਪੀਕਰ ਸੰਧਵਾਂ ਵੱਲੋਂ ਬਲਵੰਤ ਸਿੰਘ ਖੇੜਾ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬਲਵੰਤ ਸਿੰਘ ਖੇੜਾ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇੱਥੋਂ ਜਾਰੀ ਬਿਆਨ 'ਚ ਵਿਧਾਨ ਸਭਾ ਸਪੀਕਰ ਨੇ ਕਿਹਾ ਕਿ ਬਲਵੰਤ ਸਿੰਘ ਖੇੜਾ ਉੱਘੇ ਸਮਾਜਵਾਦੀ ਆਗੂ, ਸਿੱਖਿਆ ਸ਼ਾਸ਼ਤਰੀ ਤੇ ਅਧਿਆਪਕ ਸੰਘਰਸ਼ਾਂ ਦੇ ਮੋਹਰੀ ਆਗੂ ਸਨ। ਉਨ੍ਹਾਂ ਕਿਹਾ ਕਿ ਖੇੜਾ ਮਾਲਟਾ ਜਹਾਜ ਦੁਰਘਟਨਾ ਜਾਂਚ ਮਿਸਨ ਦੇ ਬਾਨੀ ਸਨ, ਉਨ੍ਹਾਂ ਨੇ ਇਸ ਕਾਂਡ ਦੇ ਤੱਥਾਂ ਅਤੇ ਸਿਲਸਿਲੇ ਦੀ ਥਹੁ ਪਾਉਣ ਲਈ ਅਨੇਕਾਂ ਸਾਰਥਕ ਯਤਨ ਕੀਤੇ ਤੇ ਪੀੜਤਾਂ ਦੀ ਮਦਦ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਖੇੜਾ ਨੇ ਆਪਣਾ ਕੈਰੀਅਰ ਇੱਕ ਅਧਿਆਪਕ ਵਜੋਂ ਸ਼ੁਰੂ ਕੀਤਾ ਅਤੇ ਸਮੇਂ ਤੋਂ ਪਹਿਲਾਂ ਹੀ ਰਿਟਾਇਰਮੈਂਟ ਲੈ ਕੇ ਸਮਾਜ ਸੇਵਾ ਆਰੰਭ ਕਰ ਦਿੱਤੀ। ਉਨ੍ਹਾਂ ਨੇ 100 ਤੋਂ ਵੱਧ ਜਨਹਿੱਤ ਪਟੀਸ਼ਨਾਂ ਦਾਇਰ ਵੀ ਕੀਤੀਆਂ। ਸਪੀਕਰ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਸਦੀਵੀ ਨਿਵਾਸ ਬਖ਼ਸ਼ਣ।

## ਹੈਰੋਇਨ ਸਮੇਤ ਇੱਕ ਕਾਬੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸੁਰਿੰਦਰ ਲਾਂਬਾ ਆਈ ਪੀ ਐਸ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਨੂੰ ਹੁਲਾਰਾ ਦਿੰਦੇ ਹੋਏ ਸਰਬਜੀਤ ਸਿੰਘ ਬਾਹੀਆ ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਅਤੇ ਪਰਮਿੰਦਰ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ ਤਫਤੀਸ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਇੰਸਪੈਕਟਰ ਬਲਵਿੰਦਰ ਪਾਲ ਇੰਚਾਰਜ ਸੀ.ਆਈ.ਏ ਸਟਾਫ ਹੁਸ਼ਿਆਰਪੁਰ ਦੇ ਅਧੀਨ ਵਿਸ਼ੇਸ਼ ਟੀਮ ਵੱਲੋਂ ਜਿਲ੍ਹਾ ਹੁਸ਼ਿਆਰਪੁਰ ਦੇ ਏਰੀਏ 'ਚ ਹੈਰੋਇਨ ਵੇਚਣ ਵਾਲੇ 1 ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 200 ਗ੍ਰਾਮ ਹੈਰੋਇਨ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋਂ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਸੀ ਆਈ ਏ ਸਟਾਫ 'ਚ ਤਾਇਨਾਤ ਏ ਐਸ ਆਈ ਸੁਖਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਦੌਰਾਨ ਰਮਨਦੀਪ ਉਰਫ ਮੋਨੂੰ ਪੁੱਤਰ ਬਰਿਜ ਲਾਲ/ਹੰਸ ਲਾਲ ਵਾਸੀ ਪੰਜਾਬ ਇਨਕਲੇਵ ਪਿੱਪਲਾਂਵਾਲੀ ਥਾਣਾ ਮਾਡਲ ਟਾਊਨ ਨੂੰ ਕਾਬੂ ਕਰਕੇ ਉਸ ਪਾਸੋਂ 200 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਸਦੇ ਖਿਲਾਫ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼; 6 ਕਿੱਲੋ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ



**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਦੌਰਾਨ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਵੱਡਾ ਝਟਕਾ ਦਿੰਦਿਆਂ ਪੰਜਾਬ ਪੁਲਸ ਵੱਲੋਂ ਅਮਰੀਕਾ ਅਧਾਰਿਤ ਤਸਕਰ ਜਸਮੀਤ ਸਿੰਘ ਉਰਫ ਲੱਕੀ ਵੱਲੋਂ ਚਲਾਏ ਜਾ ਰਹੇ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਇੱਕ ਰੈਕੇਟ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ 6 ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਰੈਕੇਟ ਦਾ ਪਰਦਾਫਾਸ਼ ਕੀਤਾ ਗਿਆ ਹੈ। ਪੁਲਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਪਛਾਣ ਮਹਿੰਦਰਪਾਲ ਸਿੰਘ ਵਾਸੀ ਮਾਡਲ ਟਾਊਨ, ਹੁਸ਼ਿਆਰਪੁਰ ਅਤੇ ਸੌਰਵ ਸ਼ਰਮਾ ਵਾਸੀ ਪੰਜ ਪਿੱਪਲੀ ਚੰਦ ਨਗਰ, ਹੁਸ਼ਿਆਰਪੁਰ ਵਜੋਂ ਕੀਤੀ। ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਸ ਟੀਮਾਂ ਨੇ ਉਸਦੀ ਹੁੰਡਈ ਆਈ-20 ਕਾਰ (ਪੀਬੀ 91ਜੇ 5186) ਜਿਸ ਵਿੱਚ ਉਹ ਹੈਰੋਇਨ ਦੀ ਖੇਪ ਸਪਲਾਈ ਕਰਨ ਜਾ ਰਹੇ ਸਨ, ਨੂੰ ਵੀ ਜ਼ਬਤ ਕਰ ਲਿਆ ਹੈ। ਸੀ.ਪੀ. ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਨੂੰ ਭਰੋਸੇਯੋਗ ਸੂਹ ਮਿਲੀ ਸੀ ਕਿ ਜਸਮੀਤ ਲੱਕੀ ਦੇ ਸਾਥੀਆਂ ਨੇ ਸਰਹੱਦ ਪਾਰੋਂ ਪਾਕਿ ਤਸਕਰਾਂ ਵੱਲੋਂ ਭੇਜੀ ਗਈ ਹੈਰੋਇਨ ਦੀ ਖੇਪ ਪ੍ਰਾਪਤ ਕਰ ਲਈ ਹੈ ਅਤੇ ਉਹ ਇਹ ਖੇਪ ਕਿਸੇ ਵਿਅਕਤੀ ਤੱਕ ਪਹੁੰਚਾਉਣ ਜਾ ਰਹੇ ਹਨ, ਇਸ ਸੂਚਨਾ 'ਤੇ ਕਾਰਵਾਈ ਕਰਦਿਆਂ ਏਡੀਸੀਪੀ ਸਿਟੀ-3 ਅਭਿਮਨਿਊ ਰਾਣਾ ਆਈਪੀਐੱਸ ਦੀ ਨਿਗਰਾਨੀ ਹੇਠ ਸੀ.ਆਈ.ਏ. ਸਟਾਫ-3 ਦੀਆਂ ਪੁਲਿਸ ਟੀਮਾਂ ਨੇ ਅਟਾਰੀ ਰੋਡ ਸਥਿਤ ਪਿੰਡ ਬੁਰਜ ਦੇ ਖੇਤਰ ਵਿੱਚ ਵਿਸੇਸ ਪੁਲੀਸ ਚੈਕਿੰਗ ਕੀਤੀ ਅਤੇ ਉਕਤ ਦੋਵਾਂ ਮੁਲਜ਼ਮਾਂ ਨੂੰ ਉਸ ਵੇਲੇ ਕਾਬੂ ਕੀਤਾ ਜਦੋਂ ਉਹ ਖੇਪ ਪ੍ਰਾਪਤ ਕਰਨ ਉਪਰੰਤ ਆਪਣੀ ਆਈ-20 ਕਾਰ ਵਿੱਚ ਉਡੀਕ ਕਰ ਰਹੇ ਸਨ।

ਉਨ੍ਹਾਂ ਦੱਸਿਆ ਕਿ ਮੁੱਢਲੀ ਪੜਤਾਲ ਅਨੁਸਾਰ ਉਕਤ ਮੁਲਜ਼ਮ ਅਮਰੀਕਾ ਅਧਾਰਿਤ ਤਸਕਰ ਜਸਮੀਤ ਲੱਕੀ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਪਾਕਿਸਤਾਨ ਤੋਂ ਹੈਰੋਇਨ ਦੀ ਖੇਪ ਪ੍ਰਾਪਤ ਕਰਕੇ ਸੂਬੇ ਭਰ ਵਿੱਚ ਸਪਲਾਈ ਕਰਦੇ ਸਨ।

ਸੀ. ਪੀ. ਭੁੱਲਰ ਨੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕਰਨ ਅਤੇ ਡਰੱਗ ਸਪਲਾਇਰਾਂ, ਡੀਲਰਾਂ ਅਤੇ ਉਨ੍ਹਾਂ ਦੇ ਖਰੀਦਦਾਰਾਂ ਦੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਵੱਲੋਂ ਹੁਣ ਤੱਕ ਨਸ਼ੀਲੇ ਪਦਾਰਥਾਂ ਦੀ ਖਰੀਦੀ ਗਈ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਯਤਨ ਕੀਤੇ ਜਾ ਰਹੇ ਹਨ। ਇਸ ਸਬੰਧੀ ਐੱਫਆਈਆਰ ਨੰ. 260 ਮਿਤੀ 26.11.2023 ਨੂੰ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਐੱਨਡੀਪੀਐੱਸ ਐਕਟ ਦੀਆਂ ਧਾਰਾਵਾਂ 21, 23, 25 ਅਤੇ 29 ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

## ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ 'ਚ ਮਨਾਇਆ ਪ੍ਰਕਾਸ਼ ਪੁਰਬ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸਿੱਖ ਗੁਰੂਆਂ ਦੀ ਪਹਿਲੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਦੇ ਸ਼ੁਭ ਅਵਸਰ 'ਤੇ ਸੀਆਈਐੱਸਸੀਈ ਬੋਰਡ, ਨਵੀਂ ਦਿੱਲੀ ਨਾਲ ਸਬੰਧਿਤ ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ, ਸੁਹਾਵਾ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਸਟਾਫ ਅਤੇ ਵਿਦਿਆਰਥੀਆਂ ਨੇ ਸਾਂਝੇ ਤੌਰ 'ਤੇ ਬੜੀ ਸਹਿਜਤਾ ਅਤੇ ਪਵਿੱਤਰਤਾ ਨਾਲ ਪਾਠ ਕੀਤਾ। ਅਰਦਾਸ ਉਪਰੰਤ ਸਮੂਹ ਮਨੁੱਖਤਾ ਦੀ ਸ਼ਾਂਤੀ ਅਤੇ ਭਲਾਈ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ। ਉਪਰੰਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਕੀਰਤਨ ਕੀਤਾ। ਸਕੂਲ ਦੇ ਡਾਇਰੈਕਟਰ ਐੱਸ. ਕੇ. ਦੁੱਗਲ ਅਤੇ ਸਕੂਲ ਦੀ ਪ੍ਰਿੰਸੀਪਲ ਡਾ. ਰਿਤੂ ਨੇ ਅਕਾਦਮਿਕ ਖੇਤਰ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡੇ। ਜ਼ਿਕਰਯੋਗ ਹੈ ਕਿ ਸੰਤ ਬਾਬਾ ਸੁੱਖਾ ਸਿੰਘ ਦੀ ਸਰਪ੍ਰਸਤੀ ਹੇਠ ਸਕੂਲ ਹਰ ਖੇਤਰ ਵਿੱਚ ਅਥਾਹ ਤਰੱਕੀ ਕਰ ਰਿਹਾ ਹੈ।

## ਬਾਬਾ ਬਲਬੀਰ ਸਿੰਘ ਵੱਲੋਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵਧਾਈਆਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਮੁੱਚੀਆਂ ਗੁਰੂ ਨਾਨਕ ਨਾਮਲੇਵਾ ਸੰਗਤਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਸਿੱਖ ਧਰਮ ਦੇ ਸੰਸਥਾਪਕ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਗਤ-ਜਲੰਦੇ ਨੂੰ ਤਾਰਨ ਲਈ ਸੰਸਾਰ 'ਤੇ ਪ੍ਰਕਾਸ਼ਮਾਨ ਹੋਣਾ ਸਮੁੱਚੀ ਮਨੁੱਖਤਾ ਲਈ ਧਾਰਮਿਕ, ਰਾਜਨੀਤਿਕ, ਆਰਥਿਕ ਅਤੇ ਸਮਾਜਿਕ ਖੇਤਰ ਵਿਚ ਵਡਮੁੱਲੀ ਅਗਵਾਈ ਦੇਣ ਵਾਲਾ ਹੈ। ਗੁਰੂ ਜੀ ਨੇ ਮਨੁੱਖ ਅੰਦਰੋਂ ਕੂੜ ਦੀ ਕੰਧ ਢਾਹ ਕੇ ਸੱਚ ਦਾ ਸੰਚਾਰ ਕਰਨ ਲਈ ਵਡਮੁੱਲੇ ਸਿਧਾਂਤ ਪੇਸ਼ ਕੀਤੇ। ਸਤਿਗੁਰ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਸੁਖਦ ਤੇ ਅਨੰਦਮਈ ਜੀਵਨ ਜਿਊਣ ਦੀ ਸੇਧ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਸ ਮੁਬਾਰਕ ਮੌਕੇ 'ਤੇ ਮੈਂ ਸਮੁੱਚੀ ਮਨੁੱਖਤਾ ਨੂੰ ਵਧਾਈ ਦਿੰਦਾ ਹੋਇਆ ਅਪੀਲ ਕਰਦਾ ਹਾਂ ਕਿ ਆਓ! ਸੱਚੇ ਸਤਿਗੁਰੂ ਦੇ ਉਪਦੇਸ਼ਾਂ ਅਨੁਸਾਰ ਹੁਕਮੀ ਬਣ ਕੇ ਜੀਵਨ ਬਤੀਤ ਕਰੀਏ। ਹੁੰਮ-ਹੁੰਮਾ ਕੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਗੁਰੂ ਘਰ ਨਤਮਸਤਕ ਹੋਣ ਲਈ ਪੁੱਜੀਏ।

## ਚੇਅਰਮੈਨ ਬਹਿਲ ਨੇ ਬਖਤਪੁਰ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਪਿੰਡ ਬਖਤਪੁਰ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ। ਪਿੰਡ ਬਖਤਪੁਰ ਦੀਆਂ ਗਲੀਆਂ-ਨਾਲੀਆਂ ਦੇ ਨਿਰਮਾਣ ਕਾਰਜਾਂ ਉਪਰ 6.5 ਲੱਖ ਰੁਪਏ ਅਤੇ ਪਿੰਡ ਦੇ ਛੱਪੜ ਨੂੰ ਥਾਪਰ ਮਾਡਲ ਤਹਿਤ ਵਿਕਸਤ ਕਰਨ ਉੱਪਰ 15 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਸੁਹਿਰਦਤਾ ਨਾਲ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਹੀ ਸੂਬੇ ਦਾ ਵਿਕਾਸ ਸ਼ੁਰੂ ਕਰ ਦਿੱਤਾ ਸੀ ਅਤੇ ਹਰ ਖੇਤਰ ਵਿੱਚ ਬਿਨਾਂ ਕਿਸੇ ਭੇਦ-ਭਾਵ ਤੋਂ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਹਲਕੇ ਵਿੱਚ ਵੀ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਮੇਰਾ ਮਕਸਦ ਗੁਰਦਾਸਪੁਰ ਵਿਧਾਨ ਸਭਾ ਨੂੰ ਵਿਕਸਤ ਤੇ ਖੁਸ਼ਹਾਲ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਵੱਲੋਂ ਦਿੱਤੇ ਅਥਾਹ ਸਨੇਹ ਅਤੇ ਸਨਮਾਨ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸ੍ਰੀ ਹਜ਼ੂਰ ਸਾਹਿਬ ਲਈ ਸੰਗਤਾਂ ਦਾ ਜੱਥਾ ਰਵਾਨਾ

**ਫਿਲੌਰ (ਨਿਰਮਲ)** ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੋਮਵਾਰ ਨੂੰ ਵਿਧਾਨ ਸਭਾ ਹਲਕਾ ਫਿਲੌਰ ਤੋਂ ਸ੍ਰੀ ਹਜ਼ੂਰ ਸਾਹਿਬ ਨੂੰ ਜਾਣ ਵਾਲਾ ਇੱਕ ਜੱਥਾ ਵਿਧਾਨ ਸਭਾ ਹਲਕਾ ਫਿਲੌਰ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਐਸਡੀਐਮ ਫਿਲੌਰ ਅਮਨਪਾਲ ਸਿੰਘ ਨੇ ਰਵਾਨਾ ਕੀਤਾ ਅਤੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਬਨਣ ਤੋਂ ਪਹਿਲਾ ਜੋ ਵਾਅਦੇ ਸੂਬਾ ਵਾਸੀਆਂ ਨਾਲ ਕੀਤੇ ਸਨ ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਆਉਂਣ ਵਾਲੇ ਸਮੇਂ ਵਿੱਚ ਆਪ ਦੀ ਸਰਕਾਰ ਵੱਲੋਂ ਹੋਰ ਵੀ ਉਲੀਕੇ ਕਾਰਜ ਜਲਦ ਪੂਰੇ ਕਰ ਦਿੱਤੇ ਜਾਣਗੇ। ਇਸ ਮੌਕੇ ਯਸ਼ਪਾਲ ਗਿੰਢਾ ਕੌਂਸਲਰ,ਹਰਕਮਲ ਸਿੰਘ ਬੇਗਮਪੁਰ, ਸੁਰਿੰਦਰ ਡਾਬਰ,ਵੈਭਵ ਸ਼ਰਮਾ ਕੌਂਸਲਰ, ਸ਼ੰਕਰ ਸੰਧੂ ਕੌਂਸਲਰ, ਸੰਤੋਖ ਸਿੰਘ ਗਿੱਲ,ਦੀਪਾ ਬਕਾਪੁਰ ਪੀਏ,ਪ੍ਰੇਮ ਭੱਟੀ ਨਗਰ,ਕਮਲ ਰਾਣਾ ਅਤੇ ਹੋਰ ਹਾਜਰ ਸਨ।

## 139 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਦੋ ਵਿਅਕਤੀ ਗ੍ਰਿਫਤਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪਰਮਿੰਦਰ ਸਿੰਘ ਉਪ ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਐਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਸ਼ੱਕੀ ਪੁਰਸ਼ਾਂ ਦੀ ਤਲਾਸ਼ ਦੇ ਸਬੰਧ ਵਿੱਚ ਡਵਿਡਾ ਅਹਿਰਾਣਾ ਤੋਂ ਤਨੂੰਲੀ ਸਾਇਡ ਨੂੰ ਜਾ ਰਹੇ ਸੀ । ਜਦੋਂ ਪੁਲਸ ਪਾਰਟੀ ਮੇਨ ਰੋਡ ਨੇੜੇ ਬਾਬੇ ਦਾ ਢਾਬਾ ਮੇਨ ਸੜਕ 'ਤੇ ਜਾ ਰਹੀ ਸੀ ਤਾਂ ਪੁਲਸ ਪਾਰਟੀ ਨੂੰ ਦੇਖ ਕੇ ਸੜਕ ਦੇ ਸੱਜੇ ਪਾਸੇ ਨੜਿਆਂ ਵੱਲ ਨੂੰ ਖਿਸਕਣ ਲੱਗੇ ਦੋ ਵਿਅਕਤੀਆਂ ਨੂੰ ਏ.ਐਸ.ਆਈ ਨੇ ਸ਼ੱਕ ਦੀ ਬਿਨਾਹ 'ਤੇ ਸਾਥੀ ਕਰਮਚਾਰੀਆਂ ਦੇ ਮਦਦ ਨਾਲ ਕਾਬੂ ਕਰਕੇ ਉਨ੍ਹਾਂ ਦਾ ਨਾਂ ਪਤਾ ਪੁੱਛਿਆ। ਜਿਨ੍ਹਾਂ ਨੇ ਆਪਣਾ ਨਾਂ ਕੁਲਦੀਪ ਸਿੰਘ ਉਰਫ ਗਿਆਨੀ ਪੁੱਤਰ ਅਵਤਾਰ ਸਿੰਘ ਵਾਸੀ ਮੁਖਲੀਆਣਾ ਥਾਣਾ ਮੇਹਟੀਆਣਾ ਤੇ ਦੂਸਰੇ ਨੇ ਗਗਨਦੀਪ ਸਿੰਘ ਉਰਫ ਗਗਨ ਪੁੱਤਰ ਜਸਵਿੰਦਰ ਸਿੰਘ ਵਾਸੀ ਅੱਜੋਵਾਲ ਥਾਣਾ ਸਦਰ ਹੁਸ਼ਿਆਰਪੁਰ ਦੱਸਿਆ। ਪੁਲਸ ਮੁਲਾਜ਼ਮਾਂ ਦੱਸਿਆ ਕਿ ਕੁਲਦੀਪ ਸਿੰਘ ਉਰਫ ਗਿਆਨੀ ਪਾਸੋਂ 96 ਗ੍ਰਾਮ ਨਸ਼ੀਲਾ ਪਦਰਾਥ ਤੇ ਗਗਨਦੀਪ ਸਿੰਘ ਉਰਫ ਗਗਨ ਪਾਸੋਂ 43 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕਰਕੇ ਉਕਤ ਵਿਅਕਤੀਆਂ ਉੱਪਰ ਮੁਕੱਦਮਾ ਦਰਜ ਕੀਤਾ ਗਿਆ ।

# ਪੰਜ ਤੱਤਾਂ 'ਚ ਵਿਲੀਨ ਹੋਏ ਉੱਘੇ ਸਮਾਜਵਾਦੀ ਆਗੂ ਬਲਵੰਤ ਸਿੰਘ ਖੇੜਾ

## ਅੰਤਿਮ ਅਰਦਾਸ 4 ਦਸੰਬਰ ਨੂੰ

**ਹੁਸ਼ਿਆਰਪੁਰ, (ਓ ਪੀ ਰਾਣਾ)** ਉੱਘੇ ਸਮਾਜਵਾਦੀ ਆਗੂ, ਸਿੱਖਿਆ ਸ਼ਾਸ਼ਤਰੀ ਤੇ ਅਧਿਆਪਕ ਸੰਘਰਸ਼ ਦੇ ਮੋਹਰੀ ਆਗੂ ਵਜੋਂ ਨਾਮਣਾ ਖੱਟਣ ਵਾਲੀ ਕੌਮੀ ਸਖਸ਼ੀਅਤ ਬਲਵੰਤ ਸਿੰਘ ਖੇੜਾ ਪੰਜ ਤੱਤਾਂ 'ਚ ਵਿਲੀਨ ਹੋ ਗਏ। ਬੀਤੇ ਦਿਨ ਸੰਖੇਪ ਬਿਮਾਰੀ ਉਪਰੰਤ ਅਕਾਲ ਚਲਾਣਾ ਕਰ ਗਏ ਸਰਦਾਰ ਬਲਵੰਤ ਸਿੰਘ ਖੇੜਾ ਦੀ ਅੰਤਿਮ ਯਾਤਰਾ ਉਹਨਾਂ ਦੇ ਗ੍ਰਹਿ ਸੈਂਟਰਲ ਟਾਊਨ ਫਗਵਾੜਾ ਰੋਡ ਹੁਸ਼ਿਆਰਪੁਰ ਤੋਂ ਆਰੰਭ ਹੋਈ। ਇਸ ਅੰਤਿਮ ਯਾਤਰਾ ਵਿੱਚ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਤੋਂ ਇਲਾਵਾ ਰਾਜਨੀਤਿਕ ਸਮਾਜਿਕ ਧਾਰਮਿਕ ਅਤੇ ਸਿੱਖਿਆ ਨਾਲ ਸੰਬੰਧਿਤ ਵੱਖ ਵੱਖ ਸ਼ਖਸੀਅਤਾਂ ਨੇ ਹਾਜ਼ਰ ਹੋ ਕੇ ਬਲਵੰਤ ਸਿੰਘ ਖੇੜਾ ਦੀ ਮ੍ਰਿਤਕ ਦੇਹ ਨੂੰ ਦੁਸਾਲੇ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਸੋਸਲਿਸਟ ਪਾਰਟੀ ਇੰਡੀਆ ਵੱਲੋਂ ਕੌਮੀ ਸਕੱਤਰ ਹਰਿੰਦਰ ਸਿੰਘ ਮਨਸ਼ਾਹੀਆ ਅਤੇ ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਨੇ ਲਾਲ ਝੰਡਾ ਅਤੇ ਦੁਸਾਲਾ ਭੇਟ ਕੀਤਾ।

ਸਥਾਨਕ ਹਰਿਆਣਾ ਰੋਡ ਸਥਿਤ ਸ਼ਿਵਪੁਰੀ ਵਿਖੇ ਬਲਵੰਤ ਸਿੰਘ ਖੇੜਾ ਦੀ ਮ੍ਰਿਤਕ ਦੇਹ ਨੂੰ ਉਹਨਾਂ ਦੇ ਸਪੁੱਤਰ ਜਗਦੀਪ ਸਿੰਘ ਖੇੜਾ ਨੇ ਅਗਨ ਭੇਟ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਿੰਦਰ ਸਿੰਘ ਮਨਸ਼ਾਹੀਆ ਕੌਮੀ ਸਕੱਤਰ ਸੋਸਲਿਸਟ ਪਾਰਟੀ ਇੰਡੀਆ, ਮਾਸਟਰ ਓਮ ਸਿੰਘ ਸਟਿਆਣਾ ਸੂਬਾ ਪ੍ਰਧਾਨ ਸੋਸਲਿਸਟ ਪਾਰਟੀ ਇੰਡੀਆ, ਗੁਰਪ੍ਰੀਤ ਸਿੰਘ ਪ੍ਰਧਾਨ ਸਿਖ ਵੈਲਫ਼ੇਅਰ ਸੁਸਾਇਟੀ ਹੁਸ਼ਿਆਰਪੁਰ, ਵਰਿੰਦਰ ਸਿੰਘ ਬਾਜਵਾ ਸਾਬਕਾ ਮੈਂਬਰ ਰਾਜ ਸਭਾ, ਪ੍ਰੇਮ ਸਿੰਘ ਸਾਬਕਾ ਜ਼ਿਲ੍ਹਾ ਸਪੋਰਟਸ ਅਫਸਰ, ਕੁਲਵਰਨ ਸਿੰਘ ਜ਼ਿਲਾ ਪੈਨਸ਼ਨਰ ਐਸੋਸੀਏਸ਼ਨ, ਡਾਕਟਰ ਸੁਰਿੰਦਰ ਸਿੰਘ ਬੁੱਲੋਵਾਲ, ਮਾਸਟਰ ਗੁਰਚਰਨ ਸਿੰਘ ਬਸਿਆਲਾ ਸਿੱਖ ਮਿਸ਼ਨਰੀ ਕਾਲਜ, ਡਾ. ਜਸਵੰਤ ਸਿੰਘ ਰਾਏ ਜਿਲ੍ਹਾ ਭਾਸ਼ਾ ਅਫਸਰ, ਜਸਵੀਰ ਸਿੰਘ ਧਿਮਾਨ, ਜਗਵਿੰਦਰ ਸਿੰਘ ਮਿੰਟੂ ਰਾਮਗੜ੍ਹ, ਪਰਵਿੰਦਰ ਸਿੰਘ ਕਿਤਨਾ, ਰਸ਼ਪਾਲ ਸਿੰਘ ਸ਼ੁਭ ਕਰਮਨ ਸੁਸਾਇਟੀ, ਮਹਿੰਦਰ ਸਿੰਘ ਮੁਸਾਫਰ ਸਾਬਕਾ ਡੀ ਪੀ ਆਰ ਓ, ਪ੍ਰੋਫੈਸਰ ਸਾਮ ਸਿੰਘ ਕੇਂਦਰੀ ਸਿੰਘ ਸਭਾ ਚੰਡੀਗੜ੍ਹ, ਭੀਮ ਚੰਦ ਦਿੱਲੀ ਸਰਵੈਂਟ ਆਫ਼ ਪੀਪਲ ਸੋਸਾਇਟੀ, ਜਸਪਾਲ ਸਿੰਘ ਮਾਨ ਚੰਡੀਗੜ੍ਹ, ਅਨੂਪ ਸਿੰਘ ਭੱਦਰੂ ਜਨਤਾ ਦਲ, ਹਰਪ੍ਰੀਤ ਸਿੰਘ ਲਾਲੀ, ਗੁਰਦੀਪ ਸਿੰਘ ਖੁਣ ਖੁਣ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ,ਗੁਰਨਾਮ ਸਿੰਘ ਸਿੰਗੜੀਵਾਲਾ ਜਨਰਲ਼ ਸਕੱਤਰ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮਨਜੀਤ ਸਿੰਘ ਨੰਬਰਦਾਰ, ਅਕਬਰ ਸਿੰਘ , ਬਲਵੀਰ ਸਿੰਘ ਅਬਰਾਹਿਮਪੁਰ, ਸੁਰਜੀਤ ਸਿੰਘ ਦੁਬਈ, ਮਹਿੰਦਰ ਸਿੰਘ ਹੀਰ ਆਦਿ ਸ਼ਾਮਿਲ ਹੋਏ . ਸਰਦਾਰ ਬਲਵੰਤ ਸਿੰਘ ਖੇੜਾ ਦੇ ਸਪੁੱਤਰ ਜਗਦੀਪ ਸਿੰਘ ਖੇੜਾ ਨੇ ਦੱਸਿਆ ਕਿ ਸਰਦਾਰ ਬਲਵੰਤ ਸਿੰਘ ਖੇੜਾ ਦੀ ਆਤਮਿਕ ਸਾਂਤੀ ਨਮਿਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਹਨਾਂ ਦੇ ਗ੍ਰਹਿ ਸੈਂਟਰਲ ਟਾਊਨ ਹੁਸ਼ਿਆਰਪੁਰ ਵਿਖੇ 4 ਦਸੰਬਰ ਨੂੰ ਪਾਏ ਜਾਣਗੇ।

# ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ 'ਚ ਬੜੀ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਵਿਖੇ ਡਾ. ਪੂਨਮ ਸੂਰੀ ਪ੍ਰਧਾਨ ਡੀਏਵੀ ਕਾਲਜ ਪ੍ਰਬੰਧਕ ਕਮੇਟੀ, ਪ੍ਰਧਾਨ ਜੇ. ਪੀ. ਸ਼ੂਰ, ਡਾਇਰੈਕਟਰ ਵੀ. ਕੇ. ਚੋਪੜਾ, ਚੇਅਰਮੈਨ ਮਹੇਸ਼ ਚੋਪੜਾ, ਡਾ. ਨੀਲਮ ਕਾਮਰਾ, ਸਕੂਲ ਮੈਨੇਜਰ ਨੀਰਾ ਸ਼ਰਮਾ ਅਤੇ ਸਕੂਲ ਪ੍ਰਿੰ. ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਵਿੱਚ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਪੁਰਬ ਮਨਾਇਆ ਗਿਆ। ਬੱਚਿਆਂ ਦੁਆਰਾ ਮੈਡਮ ਤਪੱਸਿਆ ਦੀ ਅਗਵਾਈ ਵਿੱਚ ਸ਼ਬਦ ਕੀਰਤਨ ਗਾਇਨ ਕੀਤੇ ਗਏ। ਮੁੱਖ ਮਹਿਮਾਨ ਸ਼੍ਰੀ ਨਰਿੰਦਰ ਨੇ ਕਵਿਤਾਵਾਂ/ਜਨਮ ਸਾਖੀਆਂ ਸੁਣਾਉਣ, ਦਸਤਾਰ ਅਤੇ ਦੁਮਾਲੇ ਸੁਜਾਉਣ ਅਤੇ ਲੇਖ ਲਿਖਣ ਦੇ ਮੁਕਾਬਲਿਆਂ 'ਚੋਂ ਪਹਿਲੇ, ਦੂਜੇ ਅਤੇ ਤੀਜੇ ਦਰਜੇ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸ਼ਬਦ ਗਾਇਨ ਕਰਨ ਵਾਲੇ ਬੱਚਿਆਂ ਨੂੰ ਮੈਡਲ ਦਿੱਤੇ ਗਏ। ਇਸ ਮੌਕੇ ਰਮੇਸ਼ ਸੂਦ, ਸੰਜੀਵ ਸੂਦ, ਜਿੰਦਰ ਖੁੱਲਰ, ਗੁਰਮੀਤ ਸਿੰਘ, ਸਰਕਾਰੀ ਪ੍ਰਿੰ. ਮੰਗਤ ਸਿੰਘ, ਪ੍ਰਿੰ. ਕੁਲਵਿੰਦਰ ਸਿੰਘ, ਪ੍ਰਿੰ. ਸੁਖਵਿੰਦਰ ਕੌਰ, ਪ੍ਰਿੰ. ਸੁਖਬੀਰ ਕੌਰ, ਪ੍ਰੇਮ ਚੰਦ, ਰਮੇਸ਼ ਨੰਦਾ, ਸੁਖਜਿੰਦਰ ਸਿੰਘ, ਬਾਬਾ ਕੁਲਜੀਤ ਸਿੰਘ, ਪਰਮਜੀਤ ਸਿੰਘ ਤੇ ਉਨ੍ਹਾਂ ਦੀ ਧਰਮ ਪਤਨੀ ਅਤੇ ਹੋਰ ਪਤਵੰਤੇ ਸ਼ਾਮਲ ਸਨ। ਸਕੂਲ ਪ੍ਰਿੰਸੀਪਲ ਅਸ਼ਵਨੀ ਕੁਮਾਰ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਗੁਰੂ ਨਾਨਕ ਦੇਵ ਜੀ ਮਹਾਨ ਯੁੱਗ ਪੁਰਸ਼ ਸਨ : ਸਾਧਵੀ ਨਯਨਾ ਭਾਰਤੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਤਰਨ ਤਾਰਨ ਆਸ਼ਰਮ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਬੜੀ ਧੂਮਧਾਮ ਦੇ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਰਚਿਤ ਬਾਣੀ ਵਿੱਚੋਂ ਪਵਿੱਤਰ ਸ਼ਬਦਾਂ ਨਾਲ ਕੀਤੀ ਗਈ।



ਸੰਗਤ ਨੂੰ ਸੰਬੋਧਨ ਕਰਦੇ ਹੋਏ ਸਾਧਵੀ ਨਯਨਾ ਭਾਰਤੀ ਜੀ ਨੇ ਆਈ ਹੋਈ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਮਹਾਨ ਯੁੱਗ ਪੁਰਸ਼ ਸਨ ਜਿਨ੍ਹਾਂ ਨੇ ਮਨੁੱਖ ਨੂੰ ਮੋਹ ਮਾਇਆ ਦੀਆਂ ਘੁੰਮਣ-ਘੇਰੀਆਂ ਵਿੱਚੋਂ ਨਿਕਲ ਕੇ ਨਿਰਲੇਪ ਢੰਗ ਨਾਲ ਜੀਵਨ ਜਿਊਣ ਦਾ ਇੱਕ ਅਜਿਹਾ ਨੁਕਤਾ ਦਿੱਤਾ ਜਿਸ ਨੂੰ ਪ੍ਰਾਪਤ ਕਰਕੇ ਅਨੇਕਾਂ ਹੀ ਭਗਤਾਂ ਨੇ ਆਪਣੇ ਜੀਵਨ ਨੂੰ ਸਫਲ ਬਣਾ ਕੇ ਦੋਵਾਂ ਜਹਾਨਾਂ ਦਾ ਜਸ ਖੱਟਿਆ। ਉਨ੍ਹਾਂ ਦੇ ਆਗਮਨ ਦਾ ਮਕਸਦ ਹੀ ਧਰਤੀ 'ਤੇ ਗਿਆਨ ਦਾ ਪ੍ਰਕਾਸ਼ ਕਰਨਾ ਸੀ। ਇਸ ਪ੍ਰਕਾਸ਼ ਨੂੰ ਫੈਲਾਉਣ ਦੇ ਲਈ ਗੁਰੂ ਸਾਹਿਬ ਨੇ ਆਪਣੇ ਜੀਵਨ ਵਿੱਚ ਚਾਰ ਉਦਾਸੀਆਂ ਕੀਤੀਆਂ। ਸੂਰਜ ਤਾਂ ਸਵੇਰ ਤੋਂ ਸ਼ਾਮ ਤੱਕ ਦਾ ਸਫਰ ਕਰਨ ਤੋਂ ਬਾਅਦ ਸ਼ਾਇਦ ਆਰਾਮ ਕਰ ਲੈਂਦਾ ਹੋਵੇ ਪਰ ਸ੍ਰੀ ਗੁਰੂ ਨਾਨਕ ਦੇਵ ਜੀ ਉਦਾਸੀਆਂ ਦੌਰਾਨ ਸਵੇਰ ਤੋਂ ਸ਼ਾਮ ਤੱਕ ਅਤੇ ਸ਼ਾਮ ਤੋਂ ਸਵੇਰ ਤੱਕ ਭਗਤੀ ਦਾ ਗੂੜ੍ਹਾ ਚੋਲਾ ਪਾ ਕੇ ਅਕਾਲ ਪੁਰਖ ਦੀ ਬਾਣੀ ਦਾ ਗਿਆਨ ਵੰਡਦੇ ਰਹੇ। ਕਦੇ ਉਨ੍ਹਾਂ ਨੇ ਸੱਜਣ ਠੱਗ ਨਾਲ ਭੇਂਟ ਕਰਕੇ ਸ਼ੁੱਧ ਆਚਰਨ ਦਾ ਸੰਦੇਸ਼ ਦਿੱਤਾ ਤੇ ਕਦੇ ਭਾਈ ਲਾਲੋ ਅਤੇ ਮਲਿਕ ਭਾਗੋ ਦੁਆਰਾ ਲੁਕਾਈ ਦੇ ਸਨਮੁੱਖ ਧਰਮ ਅਤੇ ਅਧਰਮ ਦਾ ਤੱਤ ਕੱਢਿਆ।

ਸਾਧਵੀ ਨੇ ਕਿਹਾ ਕਿ ਜਿੱਥੇ ਸਾਰਾ ਸੰਸਾਰ ਆਪਣੇ ਸੁਆਰਥ ਹਿਤ ਸਿਰਫ ਰੋਜ਼ੀ-ਰੋਟੀ ਕਮਾਉਣ ਲਈ ਭੱਜ-ਦੌੜ ਤੱਕ ਹੀ ਸੀਮਤ ਹੈ, ਉੱਥੇ ਗੁਰੂ ਨਾਨਕ ਸਾਹਿਬ ਨੇ ਆਪਣੀ ਸੰਤਾਨ ਨੂੰ ਛੱਡ ਕੇ ਸਾਰੇ ਸੰਸਾਰ ਨੂੰ ਮਾਂ ਪਿਓ ਵਰਗਾ ਨਿੱਘਾ ਪਿਆਰ, ਆਸਰਾ ਅਤੇ ਸੁਰੱਖਿਆ ਪ੍ਰਦਾਨ ਕੀਤੀ। ਢਲਦੇ ਦਿਨ ਦੇ ਪਹਿਰ ਨੂੰ ਜਦੋਂ ਹਰ ਪਾਂਧੀ ਆਪਣੇ ਘਰ ਜਾਣ ਲਈ ਉਤਾਵਲਾ ਹੁੰਦਾ ਹੈ, ਉਦੋਂ ਸੱਚੇ ਧਰਮ ਦਾ ਯਾਤਰੀ ਸਰਬੱਤ ਦਾ ਭਲਾ ਮੰਗਦਾ ਅਤੇ ਨਿਰੰਕਾਰ ਦੀ ਉਸਤਤ ਕਰਦਾ ਦੇਸ਼-ਵਿਦੇਸ਼ ਦੀਆਂ ਉਦਾਸੀਆਂ 'ਤੇ ਨਿਕਲ ਪੈਂਦਾ ਹੈ। ਪ੍ਰੋਗਰਾਮ ਦੌਰਾਨ ਸਾਧਵੀ ਪਰਮਜੀਤ ਭਾਰਤੀ ਅਤੇ ਸਾਧਵੀ ਪੁਸ਼ਪਮਾਲਾ ਭਾਰਤੀ ਨੇ ਸੁੰਦਰ ਗੁਰਬਾਣੀ ਸ਼ਬਦਾਂ ਦਾ ਗਾਇਨ ਕੀਤਾ।

# ਡਾ. ਬੁੱਟਰ ਨੇ ਆਮ ਆਦਮੀ ਕਲੀਨਿਕਾਂ ਦੀ ਕੀਤੀ ਅਚਨਚੇਤ ਚੈਕਿੰਗ

**ਚੋਹਲਾ ਸਾਹਿਬ (ਰਮਨ ਚੱਢਾ)**-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲਾ ਟੀਕਾਕਰਨ ਅਫਸਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਨਵਦੀਪ ਕੌਰ ਬੁੱਟਰ ਸੀਐੱਚਸੀ ਸਰਹਾਲੀਦੀ ਵੱਲੋਂ ਵੱਖ-ਵੱਖ ਆਮ ਆਦਮੀਂ ਕਲੀਨਿਕਾਂ ਅਤੇ ਸਬ ਸੈਂਟਰਾਂ ਦੀ ਚੈਕਿੰਗ ਕੀਤੀ ਗਈ। ਇਸ ਸਮੇਂ ਡਾ. ਨਵਦੀਪ ਕੌਰ ਬੁੱਟਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਅੱਜ ਪੀਐੱਚਸੀ ਫਤਿਹਾਬਾਦ, ਆਰ. ਐੱਚ. ਡੇਅਰਾ ਸਾਹਿਬ ਅਤੇ ਪੀ. ਐੱਚ. ਸੀ. ਚੋਹਲਾ ਸਾਹਿਬ ਵਿਖੇ ਚੱਲ ਰਹੇ ਆਮ ਆਦਮੀ ਕਲੀਨਿਕਾਂ ਦੀ ਚੈਕਿੰਗ ਕੀਤੀ ਗਈ ਅਤੇ ਸਟਾਫ ਨੂੰ ਸਖਤ ਹਦਾਇਤ ਕੀਤੀ ਗਈ ਕਿ ਉਹ ਸਮੇਂ ਸਿਰ ਡਿਊਟੀ 'ਤੇ ਹਾਜ਼ਰ ਹੋਣ ਅਤੇ ਮਰੀਜ਼ਾਂ ਦੀ ਸਹੀ ਜਾਂਚ ਕਰਦੇ ਹੋਏ ਲੋੜੀਂਦੇ ਟੈਸਟ ਅਤੇ ਦਵਾਈਆਂ ਮਰੀਜ਼ਾਂ ਨੂੰ ਦਿੱਤੀਆਂ ਜਾਣ। ਉਨ੍ਹਾਂ ਸਟਾਫ ਨੂੰ ਕਿਹਾ ਕਿ ਉਹ ਆਪਣਾ ਰਿਕਾਰਡ ਵੀ ਨਾਲੋ ਨਾਲ ਮੇਨਟੇਨ ਕਰਦੇ ਰਹਿਣ। ਉਨ੍ਹਾਂ ਆਪ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀਂ ਕਲੀਨਿਕਾਂ ਤੋਂ ਆਪਣੀ ਜਾਂਚ ਕਰਵਾ ਕੇ ਮੁਫ਼ਤ ਟੈਸਟ ਕਰਵਾਉਣ ਅਤੇ ਡਾਕਟਰ ਦੇ ਦੱਸੇ ਅਨੁਸਾਰ ਦਵਾਈ ਦੀ ਸਹੀ ਮਾਤਰਾ ਲੈ ਕੇ ਆਪਣੀ ਬਿਮਾਰੀ ਦੂਰ ਕਰਨ। ਇਸ ਸਮੇਂ ਹਰਦੀਪ ਸਿੰਘ ਸੰਧੂ ਬੀਈਈ, ਵਿਸ਼ਾਲ ਕੁਮਾਰ ਵਰਮਾ ਬੀਐੱਸਏ, ਏਐੱਨਐੱਮ ਸਰਬਜੀਤ ਕੌਰ ਦਦੇਹਰ ਸਾਹਿਬ, ਬਲਰਾਜ ਸਿੰਘ ਗਿੱਲ ਹੈਲਥ ਵਰਕਰ ਆਦਿ ਹਾਜ਼ਰ ਸਨ।



# ਮੀਆਂਵਿੰਡ ਦੇ ਨੌਜਵਾਨ ਹਰਭੇਜ ਸਿੰਘ ਦੀ ਕੈਨੇਡਾ 'ਚ ਅਚਨਚੇਤ ਮੌਤ

## ਮ੍ਰਿਤਕ ਦੇਹ ਦਾ ਪਿੰਡ 'ਚ ਪਰਿਵਾਰ ਵੱਲੋਂ ਨਮ ਅੱਖਾਂ ਨਾਲ ਅੰਤਿਮ ਸੰਸਕਾਰ



**ਮੀਆਂਵਿੰਡ (ਰਵੀ ਖਹਿਰਾ)**—ਬੀਤੇ ਮਾਰਚ ਮਹੀਨੇ ਰੋਟੀ-ਰੋਜ਼ੀ ਕਮਾਉਣ ਲਈ ਕੈਨੇਡਾ ਗਏ 30 ਸਾਲਾ ਨੌਜਵਾਨ ਹਰਭੇਜ ਸਿੰਘ ਮੀਆਂਵਿੰਡ ਜਿਸਦੀ 4 ਨਵੰਬਰ ਨੂੰ ਕੈਨੇਡਾ ਵਿਖੇ ਹਾਰਟ ਅਟੈਕ ਆਉਣ ਕਰਕੇ ਮੌਤ ਹੋ ਗਈ ਸੀ, ਦੀ ਮ੍ਰਿਤਕ ਦੇਹ ਭਾਰਤ ਲਿਆਂਦੀ ਗਈ ਜਿਸਦਾ ਪਿੰਡ ਮੀਆਂਵਿੰਡ ਦੇ ਸ਼ਮਸ਼ਾਨਘਾਟ ਵਿਖੇ ਪਰਿਵਾਰ, ਸਾਕ ਸਬੰਧੀਆਂ ਵੱਲੋਂ ਨਮ ਅੱਖਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਮ੍ਰਿਤਕ ਹਰਭੇਜ ਸਿੰਘ ਦੇ ਚਾਚੇ ਦਿਆਲ ਸਿੰਘ ਮੀਆਂਵਿੰਡ ਨੇ ਗੱਲਬਾਤ ਦੌਰਾਨ ਸਰਕਾਰਾਂ ਨੂੰ ਕੋਸਦਿਆਂ ਕਿਹਾ ਕਿ ਜੇਕਰ ਸਾਡੀਆਂ ਸਰਕਾਰਾਂ, ਸਾਡੇ ਲੀਡਰ ਚੰਗੇ ਹੋਣ ਤਾਂ ਸਾਡੇ ਨੌਜਵਾਨਾਂ ਨੂੰ ਬਾਹਰਲੇ ਦੇਸ਼ਾਂ ਵਿੱਚ ਰੋਜ਼ਗਾਰ ਲਈ ਧੱਕੇ ਨਾ ਖਾਣੇ ਪੈਣ। ਆਏ ਦਿਨ ਵਿਦੇਸ਼ਾਂ ਵਿੱਚੋਂ ਨੌਜਵਾਨਾਂ ਦੀਆਂ ਲਾਸ਼ਾਂ ਭਾਰਤ 'ਚ ਆ ਰਹੀਆਂ ਹਨ ਜੋ ਇਕ ਸੋਚਣ ਵਾਲਾ ਵਿਸ਼ਾ ਹੈ। ਅੰਤਿਮ ਸੰਸਕਾਰ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ, ਸੂਬਾ ਆਗੂ ਅਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ, ਸਤਨਾਮ ਸਿੰਘ ਖੋਜਕੀਪੁਰ, ਭਗਵਾਨ ਸਿੰਘ ਸੰਘਰ, ਹਰਜਿੰਦਰ ਸਿੰਘ ਘੱਗੇ, ਮਨਜੀਤ ਸਿੰਘ ਵੈਰੋਵਾਲ, ਪਰਮਜੀਤ ਸਿੰਘ ਬਾਠ, ਸਾਹਿਬ ਸਿੰਘ ਨਰੋਤਮਪੁਰ, ਬਿਕਰਮਜੀਤ ਸਿੰਘ ਮੀਆਂਵਿੰਡ, ਸੁਖਚੈਨ ਸਿੰਘ ਅੱਲੋਵਾਲ, ਤਰਸੇਮ ਸਿੰਘ ਏਕਲਗੱਡਾ, ਸਤਨਾਮ ਸਿੰਘ ਧਾਰੜ, ਕੁਲਦੀਪ ਸਿੰਘ ਸਰਲੀ, ਲਵਜੀਤ ਸਿੰਘ ਖੋਜਕੀਪੁਰ, ਅਮਨਦੀਪ ਸਿੰਘ ਭਲੋਜਲਾ, ਗੁਲਜ਼ਾਰ ਸਿੰਘ ਮੀਆਂਵਿੰਡ, ਗੁਰਪਾਲ ਸਿੰਘ ਜਲਾਲਾਬਾਦ, ਬਲਜੀਤ ਸਿੰਘ ਘੱਗੇ, ਨਵਤੇਜ ਸਿੰਘ ਏਕਲਗੱਡਾ, ਬੀਬੀ ਰਣਜੀਤ ਕੌਰ ਕੱਲਾ ਆਦਿ ਹਾਜ਼ਰ ਸਨ।

# ਗੁਰਦੁਆਰਾ ਬੇਬੇ ਨਾਨਕੀ ਤੋਂ ਪ੍ਰਕਾਸ਼ ਪੁਰਬ ਸਬੰਧੀ ਨਗਰ ਕੀਰਤਨ ਸਜਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਗੁਰਦੁਆਰਾ ਬੇਬੇ ਨਾਨਕੀ ਜੀ ਧਾਰੀਵਾਲ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੌਰਾਨ ਰਾਗੀ ਜਥੇ ਗੁਰਬਾਣੀ ਕੀਰਤਨ ਅਤੇ ਸ਼ਬਦ ਗਾਇਨ ਦੁਆਰਾ ਸੰਗਤਾਂ ਨੂੰ ਨਿਹਾਲ ਕਰ ਰਹੇ ਸਨ। ਨਗਰ ਕੀਰਤਨ ਦੌਰਾਨ ਗੁਰਮਤਿ ਪ੍ਰਚਾਰ ਲਹਿਰ ਗਤਕਾ ਜਥਾ ਧਾਰੀਵਾਲ ਦੇ ਜਥੇਦਾਰ ਪ੍ਰਦੀਪ ਸਿੰਘ ਸੇਵਕ ਸਮੇਤ ਗਤਕਾ ਖਿਡਾਰੀਆਂ ਨੇ ਗਤਕੇ ਦੀਆਂ ਜੰਗਜੂ ਕਿਰਿਆਵਾਂ ਦੇ ਆਕਰਸ਼ਕ ਜੌਹਰ ਵਿਖਾਏ। ਇਹ ਨਗਰ ਕੀਰਤਨ ਗੁਰਦੁਆਰਾ ਬੇਬੇ ਨਾਨਕੀ ਜੀ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਰਣੀਆਂ ਅਤੇ ਨਵੀਂ ਆਬਾਦੀ ਤੋਂ ਮੁੜ ਵਾਪਿਸ ਆਰੰਭਿਕ ਸਥਾਨ ਤੇ ਸਮਾਪਤ ਹੋਇਆ। ਨਗਰ ਕੀਰਤਨ ਦਾ ਸ਼ਰਧਾਲੂਆਂ ਵੱਲੋਂ ਥਾਂ ਥਾਂ 'ਤੇ ਨਿੱਘਾ ਸਵਾਗਤ ਕੀਤਾ ਅਤੇ ਸੰਗਤ ਵਾਸਤੇ ਕਈ ਪ੍ਰਕਾਰ ਲੰਗਰ ਆਦਿ ਲਗਾਏ ਤੇ ਫਲ ਵਰਤਾਏ ਗਏ। ਨਗਰ ਕੀਰਤਨ ਵਿੱਚ ਗੁਰਦੁਆਰਾ ਬੇਬੇ ਨਾਨਕੀ ਜੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਹੈਪੀ, ਡਾ: ਗੁਰਜਿੰਦਰ ਸਿੰਘ ਸੰਧੂ, ਗੁਰਜੀਤ ਸਿੰਘ ਲੇਹਲ, ਪਲਵਿੰਦਰ ਸਿੰਘ ਤੇਜਾ, ਪ੍ਰਿੰਸੀਪਲ ਅਨੂਪ ਸਿੰਘ, ਪ੍ਰਿੰਸੀਪਲ ਗਗਨਜੀਤ ਕੌਰ, ਡਾ: ਸਰਬਰਿੰਦਰ ਸਿੰਘ ਚਾਹਲ, ਬਾਬਾ ਅਮਰੀਕ ਸਿੰਘ ਧਾਰੀਵਾਲ, ਪਟਵਾਰੀ ਹਰਦੀਪ ਸਿੰਘ, ਪਰਮਜੀਤ ਸਿੰਘ ਜੌਹਲ, ਬਲਦੇਵ ਸਿੰਘ ਨਿਮਾਣਾ, ਮਾਸਟਰ ਦਲਜੀਤ ਸਿੰਘ ਖੁੰਡਾ ਆਦਿ ਤੋਂ ਇਲਾਵਾ ਵੀ ਹੋਰ ਸੇਵਾਦਾਰ ਅਤੇ ਇਲਾਕੇ ਦੀਆਂ ਮੁੱਖ ਸ਼ਖਸੀਅਤਾਂ ਸਮੇਤ ਸੰਗਤਾਂ ਵੱਡੀ ਗਿਣਤੀ 'ਚ ਸ਼ਾਮਲ ਸਨ।

# ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰ ਰਿਹਾ ਯੁਵਕ ਸੇਵਾਵਾਂ ਵਿਭਾਗ : ਧਾਲੀਵਾਲ

## ਅੰਤਰ-ਵਰਸਿਟੀ ਦੇ ਯੁਵਕ ਮੇਲੇ ਦਾ ਪਹਿਲਾ ਦਿਨ ਭੰਗੜੇ ਦੇ ਨਾਂਅ ਰਿਹਾ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਕਰਵਾਏ ਜਾ ਰਹੇ 4 ਰੋਜ਼ਾ ਅੰਤਰ-ਵਰਸਿਟੀ ਯੁਵਕ ਮੇਲੇ ਦੇ ਪਹਿਲੇ ਦਿਨ ਦਸਮੇਸ਼ ਆਡੀਟੋਰੀਅਮ ਦੀ ਮੁੱਖ ਸਟੇਜ ਉੱਤੇ ਭੰਗੜਾ, ਰਵਾਇਤੀ ਪਹਿਰਾਵਾ, ਮਾਈਮ, ਸਕਿੱਟ ਦੇ ਮੁਕਾਬਲਿਆਂ ਨੇ ਖੂਬ ਰੰਗ ਬੰਨ੍ਹਿਆ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿਖੇ ਭੰਡ, ਮਾਈਮ, ਸਮੂਹ ਸ਼ਬਦ ਗਾਈਨ, ਕਲਾਸੀਕਲ ਵੋਕਲ ਸੋਲੋ ਅਤੇ ਸਮੂਹ ਗੀਤ ਦੇ ਮੁਕਾਬਲੇ ਕਰਵਾਏ ਗਏ। ਸਟੇਜ 3 ਕਾਨਫਰੰਸ ਹਾਲ ਵਿੱਚ ਵਿਰਾਸਤੀ ਕੁਇਜ਼ ਕਰਵਾਈ ਗਈ ਅਤੇ ਆਰਕੀਟੈਕਚਰ ਵਿਭਾਗ ਵਿਖੇ ਵਿਰਾਸਤੀ ਲੋਕ ਕਲਾਵਾਂ ਦੇ ਮੁਕਾਬਲੇ ਜਿਨ੍ਹਾਂ ਵਿੱਚ ਕਢਾਈ, ਪੱਖੀ ਬੁਣਨਾ, ਨਾਲਾ ਬੁਣਨਾ, ਗੁੱਡੀਆਂ ਪਟੋਲੇ ਬਣਾਉਣਾ, ਛਿੱਕੂ ਬਣਾਉਣਾ, ਪਰਾਂਦਾ ਬਣਾਉਣਾ, ਕਰੋਸ਼ੀਆ, ਪੀੜ੍ਹੀ ਬੁਣਨਾ, ਈਨੂੰ/ਬਿੰਨੂ ਬਣਾਉਣਾ, ਮਿੱਟੀ ਦੇ ਖਿਡੌਣੇ ਬਣਾਉਣਾ, ਰੱਸਾ ਵੱਟਣਾ, ਟੋਕਰੀ ਬਣਾਉਣਾ ਆਦਿ ਕਰਵਾਏ ਗਏ। 16 ਵੱਖ-ਵੱਖ ਯੂਨਵਰਸਿਟੀਆਂ ਤੋਂ ਪਹੁੰਚੇ 2700 ਤੋਂ ਉੱਪਰ ਪ੍ਰਤੀਭਾਗੀਆਂ ਨੇ 4 ਰੋਜ਼ਾ ਯੁਵਕ ਮੇਲੇ ਦੌਰਾਨ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਇਸ ਯੁਵਕ ਮੇਲੇ ਦਾ ਆਗਾਜ਼ ਮੁੱਖ ਮਹਿਨਾਨ ਵੱਜੋਂ ਪਹੁੰਚੇ ਕੈਬਨਿਟ ਮੰਤਰੀ ਐੱਨ. ਆਰ. ਆਈ. ਮਾਮੇਲ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਕੀਤਾ ਗਿਆ।



ਇਸ ਮੌਕੇ ਉਨ੍ਹਾਂ ਨਾਲ ਡਾ. ਜੀਵਨਜੋਤ ਕੌਰ, ਐੱਮ. ਐੱਲ. ਏ., ਡਾ. ਪ੍ਰੀਤ ਮਹਿੰਦਰ ਸਿੰਘ ਬੇਦੀ, ਡੀਨ ਵਿਦਿਆਰਥੀ ਭਲਾਈ, ਡਾ. ਅਮਨਦੀਪ ਸਿੰਘ, ਇੰਚਾਰਜ, ਯੁਵਕ ਭਲਾਈ ਵਿਭਾਗ, ਅਤੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਸਮੂਹ ਸਹਾਇਕ ਡਾਇਰੈਕਟਰ ਹਾਜ਼ਰ ਸਨ। ਰਵਾਇਤ ਅਨੁਸਾਰ ਸ਼ਮ੍ਹਾ ਰੌਸ਼ਨ ਕਰਨ ਉਪਰੰਤ ਆਪਣੇ ਵਿਚਾਰ ਪੇਸ਼ ਕਰਦੇ ਹੋਏ ਮੁੱਖ ਮਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਤ ਸਿੰਘ ਮਾਨ ਦੇ ਰੰਗਲੇ ਪੰਜਾਬ ਦੇ ਸੁਪਨੇ ਨੂੰ ਯੁਵਕ ਸੇਵਾਵਾਂ, ਵਿਭਾਗ ਸਹੀ ਮਾਅਨੇ ਵਿੱਚ ਸਾਕਾਰ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਯੁਵਕ ਮੇਲੇ ਯੁਵਕਾਂ ਨੂੰ ਬਹੁਤ ਵੱਡਾ ਮੰਚ ਪ੍ਰਦਾਨ ਕਰਦੇ ਹਨ। ਅਜਿਹੇ ਮੰਚਾਂ ਤੋਂ ਬਹੁਤ ਵੱਡੇ-ਵੱਡੇ ਕਲਾਕਾਰ ਨਿਕਲ ਕੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਰਵਾਇਤੀ ਕਲਾਵਾਂ ਰਾਹੀਂ ਅਸੀਂ ਆਪਣੇ ਵਿਰਸੇ ਨਾਲ ਜੁੜਦੇ ਹਾਂ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਵੱਲੋਂ ਡਾ. ਪ੍ਰੀਤ ਮਹਿੰਦਰ ਸਿੰਘ ਬੇਦੀ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੂਰੇ ਪੰਜਾਬ ਦੀਆਂ ਯੂਨੀਵਰਸਿਟੀਆਂ ਦੇ ਸਰਵੋਤਮ ਕਲਾਕਾਰ ਵਿਦਿਆਰਥੀ ਇਸ ਮੇਲੇ ਵਿੱਚ ਸ਼ਿਰਕਤ ਕਰਨ ਹਿੱਤ ਗੁਰੂ ਨਾਨਕ ਦੇਵ ਯੂਨੀਵਿਰਸਿਟੀ ਪੁੱਜੇ ਹਨ।

ਵੱਖ-ਵੱਖ ਕਲਾ ਵੰਨਗੀਆਂ ਵਿੱਚ ਇਨ੍ਹਾਂ ਨੌਜਵਾਨਾਂ ਦੇ ਹੁਨਰ ਨੂੰ ਵੇਖ ਕੇ ਜਿੱਥੇ ਖੁਸ਼ੀ ਹੁੰਦੀ ਹੈ ਉੱਥੇ ਕਲਾ ਪੱਖੋਂ ਪੰਜਾਬ ਦੇ ਸੁਨਹਿਰੇ ਭਵਿੱਖ ਦੀ ਆਸ ਵੀ ਬੱਝਦੀ ਹੈ। ਉਨ੍ਹਾਂ ਵੱਲੋਂ ਗੁਰੂ ਨਾਨਕ ਦੇਵ ਯੂਨੀਵਿਰਸਿਟੀ ਦੇ ਯੁਵਕ ਭਲਾਈ ਵਿਭਾਗ ਦੇ ਸ਼ਾਨਾਮੱਤੀ ਇਤਿਹਾਸ ਤੋਂ ਵੀ ਜਾਣੂ ਕਰਵਾਇਆ।

# ਸੰਯੁਕਤ ਕਿਸਾਨ ਮੋਰਚੇ ਦੇ ਹਰ ਸੰਘਰਸ਼ 'ਚ ਇਪਟਾ ਕਾਰਕੁਨ ਕਰਨਗੇ ਵੱਧ ਚੜ੍ਹ ਕੇ ਸ਼ਮੂਲੀਅਤ : ਸੰਜੀਵਨ

**ਮੁਹਾਲੀ (ਗੁਰਜੀਤ ਬਿੱਲਾ)**- ਮੋਦੀ ਸਰਕਾਰ ਵੱਲੋਂ ਤਿੰਨ ਕਾਲੇ ਕਾਨੂੰਨ ਵਾਪਿਸ ਲੈਣ ਸਮੇਂ ਕੀਤੇ ਵਾਅਦੇ ਹੋਰ ਫਸਲਾਂ 'ਤੇ ਐਮ.ਐਸ.ਪੀ. ਦੇਣ, ਲਖਮੀਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦੇਣ, ਸਵਾਮੀਨਾਥਨ ਰਿਪੋਰਟ ਲਾਗੂ ਕਰਨ, ਕਿਸਾਨ ਅੰਦੋਲਨ ਦੇ ਸ਼ਹੀਦਾਂ ਦੇ ਨੂੰ ਪਰਵਾਰਾਂ ਨੂੰ ਮੁਆਵਜ਼ਾ ਦੇਣ, ਕਿਸਾਨਾ ਉਪਰ ਦਰਜ ਕੀਤੇ ਮੁਕੱਦਮੇ ਵਾਪਿਸ ਲੈਣ ਦੇ ਕੀਤੇ ਵਾਅਦੇ ਪੂਰੇ ਨਾ ਕਰਨ ਤੋਂ ਖਫ਼ਾ ਦੇਸ਼ ਦੀਆਂ ਸਮੂਹ ਕਿਸਾਨ ਜੱਥੇਬੰਦੀਆਂ 'ਤੇ ਅਧਾਰਿਤ ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ ਦੇ ਸੂਬਿਆਂ ਦੀਆਂ ਰਾਜਧਾਨੀਆਂ ਉੱਪਰ ਤਿੰਨ ਰੋਜ਼ਾ ਧਰਨਿਆਂ ਦੀ ਲੜੀ ਵਿਚ ਮੁਹਾਲੀ ਵਿਖੇ ਪੰਜਾਬ ਭਰ ਤੋਂ ਹਜ਼ਾਰਾਂ ਦੀ ਗਿਣਤੀ ਆਏ ਬਜ਼ੁਰਗਾਂ, ਔਰਤਾਂ, ਨੌਜਾਵਨਾਂ ਅਤੇ ਬੱਚਿਆਂ ਦੇ ਰੋਹ ਨੇ ਇਸ ਸਿੱਧ ਕਰ ਦਿੱਤਾ ਹੈ ਕਿ ਪੰਜਾਬੀ ਕਿਸੇ ਵੀ ਹਾਕਮ ਦੀ ਧੱਕੇਸ਼ਾਹੀਆਂ ਅਤੇ ਆਪਹੁਦਰੀਆਂ ਹਰਗਿਜ਼ ਵੀ ਬਰਦਾਸ਼ਤ ਨਹੀਂ ਕਰਨਗੇ। ਹਾਕਮ ਚਾਹੇ ਸੂਬੇ ਦਾ ਹੋਵੇ ਚਾਹੇ ਮੁਲਕ ਦਾ। ਇਪਟਾ, ਪੰਜਾਬ ਦੇ ਪ੍ਰਧਾਨ, ਨਾਟਕਕਾਰ ਤੇ ਨਾਟ-ਨਿਦੇਸ਼ਕ ਸੰਜੀਵਨ ਸਿੰਘ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਮੁਹਾਲੀ ਵਿਖੇ ਤਿੰਨ ਰੋਜ਼ਾ ਧਰਨੇ ਦੌਰਾਨ ਸ਼ਮੂਲੀਅਤ ਕਰਦੇ ਕਿਹਾ ਕਿ ਦੇਸ਼ ਦੀਆਂ ਸਮੂਹ ਕਿਸਾਨ ਜੱਥੇਬੰਦੀਆਂ 'ਤੇ ਅਧਾਰਿਤ ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ਼ ਦੇ ਸੂਬਿਆਂ ਦੀਆਂ ਰਾਜਧਾਨੀਆਂ ਉਪਰ ਤਿੰਨ ਰੋਜ਼ਾ ਧਰਨਿਆਂ ਦਾ ਵਧੀਆ ਫੈਸਲਾ ਹੈ। ਕਿਉਂਕਿ ਸਾਰੇ ਦੇਸ਼ ਦੇ ਸੰਘਰਸ਼ੀਆਂ ਦਾ ਇੱਕ ਥਾਂ ਇੱਕਠੇ ਹੋਣਾ ਔਖਾ ਹੈ। ਜਦ ਕਿ ਸੂਬਿਆਂ ਪੱਧਰ 'ਤੇ ਧਰਨਿਆਂ ਵਿਚ ਭਰਵੀਂ ਸ਼ਮੂਲੀਅਤ ਹੋ ਸਕਦੀ ਹੈ ਅਤੇ ਹੋਈ ਵੀ ਹੈ। ਉਨ੍ਹਾਂ ਅੱਗੇ ਕਿਹਾ ਕਾਂਗਰਸ ਪਾਰਟੀ, ਅਕਾਲੀ ਦਲ, ਆਮ ਆਦਮੀ ਪਾਰਟੀ, ਖੱਬੀਆਂ ਪਾਰਟੀਆਂ ਸਮੇਤ ਤਕਰੀਬਨ ਸਾਰੀਆਂ ਹੀ ਪਾਰਟੀਆਂ ਅੰਦੋਲਨਾਂ ਵਿਚੋਂ ਨਿਕਲੀਆਂ ਹਨ, ਕਿਸਾਨ ਅੰਦੋਲਨ ਵਿਚੋਂ ਉਭਰ ਰਹੀ ਕਿਸੇ ਰਾਜਨੀਤਿਕ ਪਾਰਟੀ ਉਪਰ ਇੰਤਰਾਜ਼ ਵਾਜਿਬ ਨਹੀਂ ਹੈ। ਸੰਜੀਵਨ ਨੇ ਕਿਹਾ ਕਿ ਦੇਸ਼ ਭਰ ਦੇ ਇਪਟਾ ਕਾਰਕੁਨ ਸੰਯੁਕਤ ਕਿਸਾਨ ਮੋਰਚੇ ਦੇ ਹਰ ਸੱਦੇ 'ਤੇ ਅਮਲ ਕਰਦੇ ਹੋਏ ਪੂਰੀ ਤਨਦੇਹੀ ਨਾਲ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਹੈ ਤੇ ਭਵਿੱਖ ਵਿਚ ਕਰਨਗੇ।

# ਪ੍ਰੀਪੇਡ ਮੀਟਰ ਕਿਸੇ ਵੀ ਹਾਲਤ 'ਚ ਮਨਜ਼ੂਰ ਨਹੀਂ : ਸਭਰਾਂ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਅਤੇ ਸੂਬਾ ਜਰਨਲ ਸਕੱਤਰ ਰਣਬੀਰ ਸਿੰਘ ਰਾਣਾ ਠੱਠਾ ਨੇ ਲਿਖਤੀ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿਚ ਆਉਣ ਤੋਂ ਪਹਿਲਾਂ ਅਕਾਲੀ ਦਲ ਅਤੇ ਕਾਂਗਰਸ ਸਰਕਾਰ ਵੱਲੋਂ ਪਾਵਰਕਾਮ ਦੇ ਕੀਤੇ ਸਮਝੌਤੇ ਰੱਦ ਕਰਵਾਉਣ ਦਾ ਮੁੱਦਾ ਚੁੱਕਿਆ ਸੀ।

ਆਮ ਆਦਮੀ ਪਾਰਟੀ ਦੀ ਸਰਕਾਰ ਆਉਣ 'ਤੇ ਸਭ ਤੋਂ ਪਹਿਲਾਂ ਪਾਵਰਕਾਮ ਨਾਲ ਕੀਤੇ ਸਮਝੌਤੇ ਰੱਦ ਕਰਨ ਦਾ ਵਿਸ਼ਵਾਸ ਦਿਵਾਇਆ ਸੀ ਅਤੇ ਇਸ ਮੁੱਦੇ 'ਤੇ ਚੋਣ ਪ੍ਰਚਾਰ ਕੀਤਾ ਸੀ ਪਰ ਸੱਤਾ ਵਿਚ ਆਉਣ ਤੋਂ ਬਾਅਦ ਭਗਵੰਤ ਮਾਨ ਦੀ ਸਰਕਾਰ ਪਾਵਰਕਾਮ ਨਾਲ ਕੀਤੇ ਸਮਝੌਤੇ ਰੱਦ ਕਰਨ ਤੋਂ ਪਾਸਾ ਵੱਟਦੀ ਨਜ਼ਰ ਆ ਰਹੀ ਹੈ ਅਤੇ ਅਕਾਲੀ ਦਲ ਤੇ ਕਾਂਗਰਸ ਸਰਕਾਰ ਦੇ ਰਾਹਾਂ 'ਤੇ ਚੱਲ ਰਹੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਕੇਂਦਰ ਦੀ ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਬਿਜਲੀ ਸੋਧ ਬਿੱਲ 2020 ਦੀ ਤਜਵੀਜ਼ ਅਨੁਸਾਰ ਪਾਵਰਕੌਮ ਨੂੰ ਨਿੱਜੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਤਿਆਰੀ ਕਰ ਰਹੀ ਪੰਜਾਬ ਵਿੱਚ 600 ਯੂਨਿਟ ਫ੍ਰੀ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਅਤੇ ਦੂਸਰੇ ਪਾਸੇ ਬਿਜਲੀ ਸੋਧ ਬਿੱਲ 2020 ਦੀ ਤਜਵੀਜ਼ ਅਨੁਸਾਰ ਪਿੰਡਾਂ, ਸ਼ਹਿਰਾਂ, ਮੁਹੱਲਿਆਂ ਵਿੱਚ ਪ੍ਰੀਪੇਡ ਮੀਟਰ ਲਗਾਏ ਜਾ ਰਹੇ ਹਨ। ਪੰਜਾਬ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਪ੍ਰੀਪੇਡ ਮੀਟਰਾਂ ਦਾ ਵਿਰੋਧ ਕਰਕੇ ਮੀਟਰ ਨਹੀਂ ਲੱਗਣ ਦਿੰਦੀਆਂ ਉੱਥੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪਾਵਰਕੌਮ ਵੱਲੋਂ ਖਪਤਕਾਰਾਂ ਨੂੰ ਵੱਡੇ-ਵੱਡੇ ਜੁਰਮਾਨੇ ਕੀਤੇ ਜਾ ਰਹੇ ਹਨ। ਕਿਸਾਨ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਚਿੱਪ ਵਾਲੇ ਮੀਟਰ ਲਗਾਉਣ ਦੀ ਤਜਵੀਜ਼ ਰੱਦ ਕਰਕੇ ਪਹਿਲਾਂ ਵਾਲੇ ਮੀਟਰ ਹੀ ਲਗਾਏ ਜਾਣ, ਪਾਵਰਕਾਮ ਵਿੱਚ ਨਵੀਂ ਭਰਤੀ ਕੀਤੀ ਜਾਵੇ, ਖਪਤਕਾਰਾਂ ਨੂੰ ਕੀਤੇ ਜੁਰਮਾਨੇ ਖਤਮ ਕੀਤੇ ਜਾਣ, ਪੰਜਾਬ ਸਰਕਾਰ ਆਪਣੇ ਚੋਣ ਵਾਅਦੇ ਅਨੁਸਾਰ ਪਾਵਰਕੌਮ ਦੇ ਕੀਤੇ ਸਮਝੌਤੇ ਰੱਦ ਕਰੇ, ਬਿਜਲੀ ਘਰਾਂ ਵਿੱਚ ਸਾਮਾਨ ਮੁਹੱਈਆ ਕਰਵਾਇਆ ਜਾਵੇ, ਬਿਨਾਂ ਸ਼ਰਤ ਤੋਂ ਨਵੇਂ ਕੁਨੈਕਸ਼ਨ ਦਿੱਤੇ ਜਾਣ। ਕਿਸਾਨ ਆਗੂਆਂ ਨੇ ਕਿਹਾ ਕਿ ਪ੍ਰੀਪੇਡ ਮੀਟਰ ਕਿਸੇ ਹਾਲਤ ਵਿੱਚ ਮਨਜ਼ੂਰ ਨਹੀਂ, ਜੇਕਰ ਪੰਜਾਬ ਸਰਕਾਰ ਨੇ ਪ੍ਰੀਪੇਡ ਮੀਟਰ ਲਗਾਉਣ ਦੀ ਤਜਵੀਜ਼ ਰੱਦ ਨਾ ਕੀਤੀ ਅਤੇ ਪਾਵਰਕੌਮ ਨਾਲ ਕੀਤੇ ਸਮਝੌਤੇ ਰੱਦ ਨਾ ਕੀਤੇ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਤੇ ਪੰਜਾਬ ਭਰ ਦੀਆਂ ਸਾਰੀਆਂ ਜਥੇਬੰਦੀਆਂ ਨੂੰ ਨਾਲ ਲੈ ਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰ ਕੇਂਦਰ ਅਤੇ ਪੰਜਾਬ ਸਰਕਾਰ ਹੋਵੇਗੀ।

ਨਵਾਂ ਜ਼ਮਾਨਾ
ਮੰਗਲਵਾਰ, 28 ਨਵੰਬਰ 2023

# ਮਨੀਪੁਰ ਦੇ ਲੋਕਾਂ ਦਾ ਦੁਖਾਂਤ

*ਮਨੀਪੁਰ ਦੇ ਮੁੱਖ ਮੰਤਰੀ ਐੱਨ ਬੀਰੇਨ ਸਿੰਘ ਨੇ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹੋਰਨਾਂ ਕੇਂਦਰੀ ਆਗੂਆਂ ਦੀ ਦੂਰਦ੍ਰਿਸ਼ਟੀ ਤੇ ਮਨੀਪੁਰ ਦੇ ਲੋਕਾਂ ਦਾ ਖਾਸ ਖਿਆਲ ਰੱਖਣ ਲਈ ਪ੍ਰਸੰਸਾ ਕੀਤੀ। ਤਿੰਨ ਮਈ ਤੋਂ ਮਨੀਪੁਰ ਵਿਚ ਭੜਕੀ ਨਸਲੀ ਹਿੰਸਾ, ਜਿਹੜੀ ਅਜੇ ਵੀ ਜਾਰੀ ਹੈ, ਵਿਚ ਘੱਟੋ-ਘੱਟ 184 ਲੋਕ ਮਾਰੇ ਜਾ ਚੁੱਕੇ ਹਨ ਅਤੇ 67 ਹਜ਼ਾਰ ਤੋਂ ਵੱਧ ਲੋਕ ਉੱਜੜ ਚੁੱਕੇ ਹਨ। ਮੈਤੇਈ ਅਤੇ ਕੁੱਕੀ-ਜ਼ੋਮੀ ਭਾਈਚਾਰਿਆਂ ਵਿਚਾਲੇ ਮੁਕੰਮਲ ਵਖਰੇਵਾਂ ਨਜ਼ਰ ਆਉਂਦਾ ਹੈ। ਮੈਤੇਈ ਜੰਗਲਾਂ ਵਿੱਚੋਂ ਨਿਕਲ ਕੇ ਮੈਦਾਨਾਂ 'ਚ ਆ ਗਏ ਹਨ ਤੇ ਕੁੱਕੀ-ਜ਼ੋਮੀ ਘਰ, ਨੌਕਰੀਆਂ ਤੇ ਪੜ੍ਹਾਈ ਛੱਡ ਕੇ ਭੱਜ ਕੇ ਵਾਦੀ ਵਿਚ ਚਲੇ ਗਏ ਹਨ। ਹਜ਼ਾਰਾਂ ਸੂਬੇ ਤੇ ਮਿਜ਼ੋਰਮ ਦੇ ਰਾਹਤ ਕੈਂਪਾਂ ਵਿਚ ਰਹਿਣ ਲਈ ਮਜਬੂਰ ਹਨ। ਹਰ ਵਰਗ ਦੀਆਂ ਅਪੀਲਾਂ ਦੇ ਬਾਵਜੂਦ ਪ੍ਰਧਾਨ ਮੰਤਰੀ ਪਿਛਲੇ 7 ਮਹੀਨਿਆਂ ਤੋਂ ਮਨੀਪੁਰ ਨਹੀਂ ਗਏ। ਉਹ ਮਨੀਪੁਰ ਦੀ ਹਿੰਸਾ ਦੇ 79 ਦਿਨਾਂ ਬਾਅਦ ਉਦੋਂ ਹੀ ਬੋਲੇ, ਜਦੋਂ ਭੀੜ ਵੱਲੋਂ ਦੋ ਮਹਿਲਾਵਾਂ ਨੂੰ ਨਿਰਵਸਤਰ ਘੁਮਾ ਕੇ ਉਨ੍ਹਾਂ ਨਾਲ ਬਲਾਤਕਾਰ ਕਰਨ ਦੀ ਵੀਡੀਓ ਸਾਹਮਣੇ ਆਈ। ਲੋਕ ਸਭਾ ਵਿਚ ਕੇਂਦਰ ਸਰਕਾਰ ਖਿਲਾਫ ਇਸ ਮੁੱਦੇ 'ਤੇ ਲਿਆਂਦੇ ਗਏ ਬੇਵਿਸਾਹੀ ਮਤੇ ਦੇ ਜਵਾਬ ਵਿਚ ਮੋਦੀ ਮਨੀਪੁਰ ਬਾਰੇ ਸਿਰਫ ਪੰਜ ਮਿੰਟ ਬੋਲੇ। ਉਹ ਉਨ੍ਹਾਂ ਵਿਧਾਇਕਾਂ ਨੂੰ ਵੀ ਨਹੀਂ ਮਿਲੇ, ਜਿਹੜੇ ਸੂਬੇ ਵਿਚ ਅਮਨ ਲਿਆਉਣ ਵਾਸਤੇ ਉਨ੍ਹਾ ਨੂੰ ਮਿਲਣ ਦਿੱਲੀ ਪੁੱਜੇ ਸਨ।*

*ਮੁੱਖ ਮੰਤਰੀ ਬੀਰੇਨ ਸਿੰਘ ਨੇ ਜਿਨ੍ਹਾਂ ਗੱਲਾਂ ਲਈ ਪ੍ਰਧਾਨ ਮੰਤਰੀ ਦੀ ਪ੍ਰਸੰਸਾ ਕੀਤੀ ਹੈ, ਉਹ ਹਨ : ਪ੍ਰਧਾਨ ਮੰਤਰੀ ਦੀ ਅਗਵਾਈ ਵਿਚ ਮਨੀਪੁਰ ਵਿਚ ਪਹਿਲੀ ਜਨਵਰੀ 2020 ਤੋਂ ਇਨਰ ਲਾਈਨ ਪਰਮਿਟ (ਆਈ ਐੱਲ ਪੀ) ਲਾਗੂ ਕਰਨਾ, ਮਾਊਂਟ ਹੈਰੀਏਟ ਅੰਡੇਮਾਨ ਦਾ ਨਾਂਅ 2021 ਵਿਚ ਮਾਊਂਟ ਮਨੀਪੁਰ ਰੱਖਣਾ ਅਤੇ ਹਥਿਆਰਬੰਦ ਬਲ ਵਿਸ਼ੇਸ਼ ਤਾਕਤ ਕਾਨੂੰਨ (ਅਫਸਪਾ) ਹਟਾਉਣਾ। ਬੀਰੇਨ ਸਿੰਘ ਨੇ ਇਹ ਵੀ ਕਿਹਾ ਹੈ ਕਿ ਕੇਂਦਰ ਸਰਕਾਰ ਨੇ ਨੇਵੀ ਦੇ ਡਿਸਟ੍ਰਾਇਰ ਦਾ ਨਾਂਅ ਆਈ ਐੱਨ ਐੱਸ ਇੰਫਾਲ ਰੱਖ ਕੇ ਮਨੀਪੁਰ ਦੇ ਵਡੇਰਿਆਂ ਦੀ ਬਹਾਦਰੀ ਨੂੰ ਮਾਨਤਾ ਦਿੱਤੀ। ਆਈ ਐੱਲ ਪੀ 'ਬਾਹਰਲਿਆਂ' ਅਤੇ ਗੈਰਕਾਨੂੰਨੀ ਪ੍ਰਵਾਸੀਆਂ ਤੋਂ ਮੂਲਵਾਸੀਆਂ ਨੂੰ ਬਚਾਉਣ ਦਾ ਦਸਤਾਵੇਜ਼ ਹੈ। ਬਾਹਰਲੇ ਲੋਕ ਇਹ ਲੈ ਕੇ ਹੀ ਸੂਬੇ ਵਿਚ ਘੁੰਮ-ਫਿਰ ਸਕਦੇ ਹਨ। ਕੇਂਦਰ ਨੇ ਨਾਗਰਿਕਤਾ ਸੋਧ ਕਾਨੂੰਨ ਖਿਲਾਫ ਅੰਦੋਲਨ ਦੌਰਾਨ ਆਈ ਐੱਲ ਪੀ ਸਕੀਮ ਲਾਗੂ ਕੀਤੀ ਸੀ। ਕੇਂਦਰ ਨੇ ਅੰਡੇਮਾਨ ਤੇ ਨਿਕੋਬਾਰ ਦੀ ਤੀਜੀ ਸਭ ਤੋਂ ਉੱਚੀ ਚੋਟੀ ਮਾਊਂਟ ਹੈਰੀਏਟ ਦਾ ਨਾਂਅ ਮਾਊਂਟ ਮਨੀਪੁਰ ਮਹਾਰਾਜਾ ਕੁਲਚੰਦਰ ਸਿੰਘ ਤੇ 22 ਹੋਰਨਾਂ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਵਜੋਂ ਰੱਖਿਆ ਸੀ, ਜਿਨ੍ਹਾਂ ਨੂੰ 1891 ਦੀ ਐਂਗਲੋ-ਮਨੀਪੁਰ ਜੰਗ ਸਮੇਂ ਉੱਥੇ ਕੈਦ ਰੱਖਿਆ ਗਿਆ ਸੀ।*

*ਕੇਹੀ ਵਿਡੰਬਨਾ ਹੈ ਕਿ ਜਿਹੜਾ ਪ੍ਰਧਾਨ ਮੰਤਰੀ ਇਕ ਨਾਜ਼ੁਕ ਸਰਹੱਦੀ ਸੂਬੇ ਦੇ ਨਸਲੀ ਹਿੰਸਾ ਨਾਲ ਝੰਬੇ ਲੋਕਾਂ ਨਾਲ ਦੁੱਖ ਵੰਡਾਉਣ ਨਹੀਂ ਜਾ ਸਕਿਆ, ਸੂਬੇ ਦਾ ਮੁੱਖ ਮੰਤਰੀ ਉਸ ਦੀਆਂ ਸਿਫਤਾਂ ਕਰ ਰਿਹਾ ਹੈ।*

# ਬੱਬਰ ਸੁਰੈਣ ਸਿੰਘ ਦੌਲਤਪੁਰ ਨੂੰ ਯਾਦ ਕਰਦਿਆਂ

**ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ**

ਲੇਖਕ ਨੂੰ ਵੱਡਾ ਦਾਮਾਦ ਹੋਣ ਕਰਕੇ ਬੱਬਰ ਜੀ ਬਾਰੇ ਜੋ ਜਾਣਕਾਰੀ ਮਿਲੀ ਅਤੇ ਜਾਣੀ ਉਸ ਮੁਤਾਬਕ ਉਹ 1899 ਵਿੱਚ ਮਾਤਾ ਸ੍ਰੀਮਤੀ ਬਿਸ਼ਨ ਕੌਰ ਦੇ ਪੇਟੋਂ ਪੈਦਾ ਹੋ ਕੇ ਪਿਤਾ ਸ. ਠਾਕਰ ਸਿੰਘ ਦੇ ਘਰ ਦੇ ਚਿਰਾਗ ਬਣੇ। ਇਸ ਪਰਵਾਰ ਵਿੱਚ ਇਹ ਭੈਣ-ਭਰਾ ਦੋ ਜਣੇ ਹੀ ਸਨ। ਪਰ ਭੈਣ ਜੋ ਇਨ੍ਹਾਂ ਤੋਂ ਵੱਡੀ ਸੀ, ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿਣ ਤੋਂ ਬਾਅਦ ਇਕਲੌਤੇ ਅਤੇ ਲਾਡਲੇ ਪੁੱਤਰ ਹੀ ਘਰ 'ਚ ਰਹਿ ਗਏ ਸਨ। 1904-1905 ਦੌਰਾਨ ਜੋ ਪਲੇਗ ਫੈਲੀ ਸੀ, ਬੱਬਰ ਜੀ ਮੁਤਾਬਕ ਉਹ ਉਦੋਂ ਮਸਾਂ 5-6 ਸਾਲ ਦੇ ਸਨ। ਇਕਲੌਤੇ ਅਤੇ ਲਾਡਲੇ ਹੋਣ ਕਰਕੇ ਅਤੇ ਜ਼ਮੀਨ ਦੀ ਢੇਰੀ ਚੰਗੀ ਹੋਣ ਕਰਕੇ ਜਾਂ ਹੋਰ ਕਾਰਨਾਂ ਕਰਕੇ ਬੱਬਰ ਜੀ ਆਪਣੇ ਪਿੰਡੋਂ ਜਾ ਕੇ ਅਲਾਵਲਪੁਰ ਦੇ ਉਸ ਵੇਲੇ ਦੇ ਮਸ਼ਹੂਰ ਆਰੀਆ ਪ੍ਰਾਇਮਰੀ ਸਕੂਲ ਤੋਂ ਸਿਰਫ਼ ਤੀਜੀ ਤੱਕ ਪੜ੍ਹ ਸਕੇ। ਇਸ ਪੜ੍ਹਾਈ ਦੀ ਘਾਟ ਉਨ੍ਹਾਂ ਨੂੰ ਸਾਰੀ ਉਮਰ ਰੜਕਦੀ ਰਹੀ। ਪਰ ਦੇਸ਼ ਦੀ ਅਜ਼ਾਦੀ ਦੀ ਚੇਟਕ ਲੱਗਣ ਕਰਕੇ ਅਤੇ ਅਜ਼ਾਦੀ ਲਹਿਰ ਵਿੱਚ ਹਿੱਸਾ ਲੈਣ ਕਰਕੇ ਅਤੇ ਅੰਡਰ ਗਰਾਊਂਡ ਸਾਥੀਆਂ ਨੂੰ ਵੇਲੇ-ਕੁਵੇਲੇ ਸਾਂਭਣ ਕਰਕੇ ਸਰਕਾਰ ਦੀ ਨਿਗ੍ਹਾ ਵਿੱਚ ਆਉਣ ਕਰਕੇ ਮਾਰਚ 1924 ਵਿੱਚ ਕਿਸੇ ਖਾਸ ਮੁਖਬਰ ਦੀ ਸੂਹ 'ਤੇ ਆਪ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਇਨ੍ਹਾਂ 'ਤੇ ਬਾਕੀ ਸਾਥੀਆਂ ਸਮੇਤ ਮੁਖ਼ਬਰਾਂ ਨੂੰ ਕਤਲ ਕਰਨ, ਜਮਸ਼ੇਰ ਰੇਲਵੇ ਸਟੇਸ਼ਨ ਤੋਂ ਸਰਕਾਰੀ ਖ਼ਜ਼ਾਨਾ ਅਤੇ ਨੇੜਲੇ ਪਿੰਡਾਂ ਬੱਲਾਂ ਤੋਂ ਇੱਕ ਸੁਨਿਆਰੇ ਨੂੰ ਲੁੱਟਣ ਦਾ ਇਨ੍ਹਾਂ 'ਤੇ ਕੇਸ ਫਿਟ ਕਰ ਦਿੱਤਾ। ਕੇਸ ਚੱਲਿਆ ਅਤੇ ਸਜ਼ਾਵਾਂ ਸੁਣਾਈਆਂ ਗਈਆਂ। ਉਪਰੋਕਤ ਜਮਸ਼ੇਰ ਸਟੇਸ਼ਨ 'ਤੇ ਪਏ ਡਾਕੇ ਵਿੱਚ ਤਕਰੀਬਨ 38 ਜਣੇ ਫੜੇ ਗਏ ਸਨ। ਬੱਬਰ ਜੀ ਮੁਤਾਬਕ ਇਨ੍ਹਾਂ 38 ਵਿੱਚੋਂ ਦੋ ਜਣੇ ਵਾਅਦਾ ਮੁਆਫ਼ ਬਣ ਗਏ, ਦੋ ਬਰੀ ਹੋ ਗਏ। ਛੇ ਜਣਿਆਂ ਨੂੰ ਫਾਂਸੀ ਹੋਈ ਅਤੇ ਬਾਕੀਆਂ ਨੂੰ ਉਮਰ ਕੈਦ ਹੋਈ। ਜਿਨ੍ਹਾਂ ਵਿੱਚੋਂ ਬੱਬਰ ਜੀ ਵੀ ਇੱਕ ਸਨ। ਉਨ੍ਹੀਂ ਦਿਨੀਂ ਉਮਰ ਕੈਦੀਆਂ ਨੂੰ ਕਾਲੇ ਪਾਣੀ ਕੈਦ ਕੱਟਣ ਭੇਜਿਆ ਜਾਂਦਾ ਸੀ। ਪਰ ਕਾਲੇ ਪਾਣੀ ਭੇਜਣ ਵਾਲਿਆਂ ਦਾ ਬਾਕੀ ਸ਼ਰਤਾਂ ਤੋਂ ਇਲਾਵਾ ਭਾਰ ਵੀ ਜੋਖਿਆ ਜਾਂਦਾ ਸੀ। ਬੱਬਰ ਜੀ ਦਾ ਮਾਪਦੰਡ ਤੋਂ ਭਾਰ ਘੱਟ ਹੋਣ ਕਰਕੇ ਇਨ੍ਹਾਂ ਨੂੰ ਆਪਣੀ ਉਮਰ ਕੈਦ ਲਹੌਰ ਤੇ ਮੁਲਤਾਨ ਜੇਲ੍ਹ ਵਿੱਚ ਪੂਰੀ ਕਰਨੀ ਪਈ। ਲਾਹੌਰ-ਮੁਲਤਾਨ ਜੇਲ੍ਹ ਦੌਰਾਨ ਬੱਬਰ ਜੀ ਦੀ ਮੁਲਾਕਾਤ ਸਰਦਾਰ ਭਗਤ ਸਿੰਘ ਨਾਲ ਹੋਈ। ਜਿਨ੍ਹਾਂ ਨੂੰ ਅੱਜ ਕੱਲ੍ਹ "ਸ਼ਹੀਦੇ ਆਜ਼ਮ" ਕਹਿ ਕੇ ਯਾਦ ਕੀਤਾ ਜਾਂਦਾ ਹੈ। ਅਜ਼ਾਦੀ ਲਹਿਰ 'ਚ ਕੁੱਦਣ ਤੋਂ ਲੈ ਕੇ ਜਿਨ੍ਹਾਂ ਸੁਤੰਤਰਤਾ ਸੰਗਰਾਮੀਆਂ ਅਤੇ ਅਜ਼ਾਦੀ ਤੋਂ ਬਾਅਦ ਜਿਹੜੇ ਅਗਾਂਹਵਧੂ ਸ਼ਖ਼ਸੀਅਤਾਂ, ਖੱਬੀ ਸੋਚ ਦੇ ਧਾਰਨੀ ਦੇ ਵੱਖ-ਵੱਖ ਆਗੂਆਂ ਅਤੇ ਵਰਕਰਾਂ ਨਾਲ ਵਾਹ ਪੈਂਦਾ ਰਿਹਾ, ਜਿਨ੍ਹਾਂ ਦੇ ਸਾਥ ਸਦਕਾ ਬੱਬਰ ਜੀ ਅੰਦਰ ਜਿਸ ਦੇਸ਼ ਪ੍ਰਤੀ ਚਿਣਗ ਨੇ ਜਨਮ ਲਿਆ ਸੀ, ਉਹ ਸੰਬੰਧਤ ਸਾਥੀਆਂ ਕਰਕੇ ਅਖੀਰ ਤੱਕ ਬੁੱਝੀ ਨਹੀਂ। ਜਿਨ੍ਹਾਂ ਵਿੱਚ ਜ਼ਿਕਰਯੋਗ ਜੋ ਨਾਂਅ ਚੇਤੇ ਵਿੱਚ ਵਸੇ ਹੋਏ ਹਨ, ਉਨ੍ਹਾਂ ਦਾ ਵਰਨਣ ਅੱਗੇ ਲੇਖ ਵਿੱਚ ਆਵੇਗਾ।

ਬੱਬਰ ਜੀ ਦੱਸਿਆ ਕਰਦੇ ਸਨ ਕਿ ਕਿਵੇਂ ਗਦਰ ਪਾਰਟੀ ਦੇ ਸਭ ਤੋਂ ਛੋਟੀ ਉਮਰ ਦੇ ਨੌਜਵਾਨ ਕਰਤਾਰ ਸਿੰਘ ਸਰਾਭਾ ਦੀ ਬੇਮਿਸਾਲ ਕੁਰਬਾਨੀ ਨੇ ਉਨ੍ਹਾਂ ਨੂੰ ਪ੍ਰਭਾਵਤ ਕੀਤਾ। ਬੱਬਰ ਜੀ ਦਾ ਘਰ ਅਜ਼ਾਦੀ ਸੰਗਰਾਮੀਆਂ ਦਾ ਗੜ੍ਹ ਬਣ ਗਿਆ। ਸ. ਕਿਸ਼ਨ ਸਿੰਘ ਗੜਗੱਜ, ਸੋਹਣ ਸਿੰਘ ਭਕਨਾ ਨਾਲ ਮੁਲਾਕਾਤਾਂ ਦਾ ਸਿਲਸਿਲਾ ਚਲਦਾ ਅਤੇ ਵਧਦਾ ਗਿਆ। 1921 ਵਿੱਚ ਬੱਬਰ ਅਕਾਲੀ ਲਹਿਰ ਦੇ ਜਨਮ ਸਮੇਂ ਇਸ ਦੇ ਮੋਢੀਆਂ ਵਿੱਚੋਂ ਭਾਈ ਕਿਸ਼ਨ ਸਿੰਘ ਗੜਗੱਜ, ਬਾਬੂ ਮੋਤਾ ਸਿੰਘ, ਕਰਮ ਸਿੰਘ ਦੌਲਤਪੁਰ (ਨਵਾਂਸ਼ਹਿਰ) ਧੰਨਾ ਸਿੰਘ ਡਮੇਲੀ, ਕਰਤਾਰ ਸਿੰਘ ਪੰਡੋਰੀ ਨਿੱਝਰਾਂ ਦੇ ਨਾਲ ਹੀ ਸੁਰੈਣ ਸਿੰਘ ਬੱਬਰ ਵੀ ਲਹਿਰ ਦੇ ਮੁਢਲੇ ਮੈਂਬਰਾਂ ਵਿੱਚ ਸ਼ਾਮਲ ਸਨ। ਬੱਬਰ ਜੀ ਮੁਤਾਬਕ ਪਿੰਡ ਮੰਡੇਰਾਂ ਵਿਖੇ 1923 ਵਿੱਚ ਬੱਬਰਾਂ ਦਾ ਮੁਕਾਬਲਾ ਹੋਇਆ। ਇਸ ਮੁਕਾਬਲੇ ਵਿੱਚ ਬੰਤਾ ਸਿੰਘ ਤੇ ਜਵਾਲਾ ਸਿੰਘ ਸ਼ਹੀਦ ਹੋ ਗਏ ਅਤੇ ਵਰਿਆਮ ਸਿੰਘ ਧੁੱਗਾ ਜ਼ਖ਼ਮੀ ਹਾਲਤ ਵਿੱਚ ਸੁਰੈਣ ਸਿੰਘ ਘਰ ਪਹੁੰਚਿਆ। ਜਿਸ ਦਾ ਇਲਾਜ ਅਲਾਵਲਪੁਰ ਦੇ ਇੱਕ ਪ੍ਰਾਈਵੇਟ ਡਾਕਟਰ ਗੁਰੂ ਦੱਤ ਕੋਲੋਂ ਕਰਾਇਆ, ਜੋ ਅਕਸਰ ਹਾਈ ਸਕੂਲਾਂ ਵਿੱਚ



ਵਿਦਿਆਰਥੀਆਂ ਨੂੰ ਦੁਆ-ਦਾਰੂ ਦਿਆ ਕਰਦੇ ਸਨ। ਹੈੱਡਮਾਸਟਰ ਸੋਹਣ ਸਿੰਘ ਰਾਹੀਂ ਉਹ ਬੱਬਰ ਹੋਰਾਂ ਦੇ ਕਾਫ਼ੀ ਨਜ਼ਦੀਕ ਆ ਚੁੱਕੇ ਸਨ।

ਬੱਬਰ ਜੀ ਕੱਦ-ਕਾਠ ਤੋਂ ਜ਼ਰਾ ਘੱਟ ਅਤੇ ਹੌਸਲੇ ਤੋਂ ਵੱਧ ਮਜ਼ਬੂਤ ਇਰਾਦੇ ਵਾਲੇ ਅਤੇ ਨਿਡਰ ਇਨਸਾਨ ਸਨ। ਉਨ੍ਹਾਂ ਆਪਣੀ ਵਿੱਦਿਆ ਦੀ ਘਾਟ ਆਪਣੀਆਂ ਧੀਆਂ ਪੁੱਤਰਾਂ ਨੂੰ ਪੜ੍ਹਨ ਦੀ ਖੁੱਲ ਦੇ ਕੇ ਪੂਰੀ ਕੀਤੀ। ਕਿਸੇ ਬੱਚੇ ਨੂੰ ਪੜ੍ਹਾਈ ਕਰਨ ਤੋਂ ਨਾ ਰੋਕਿਆ। ਜਿਸ ਸਦਕਾ ਇੱਕ ਨੂੰਹ ਤੇ ਪੁੱਤਰ ਤਾਂ ਵਿੱਦਿਆ ਦੇ ਮੰਦਰਾਂ ਵਿੱਚ ਕੰਮ ਕਰਦੇ ਕਰਦੇ ਸਿਖਰਲੇ ਡੰਡਿਆਂ ਨੂੰ ਪੱਕੀ ਤੌਰ 'ਤੇ ਹੱਥ ਪਾਉਣ ਵਾਲੇ ਹੀ ਸਨ ਕਿ ਕੈਨੇਡਾ ਦੀ ਖਿੱਚ ਨੇ ਐਸਾ ਖਿੱਚਿਆ ਕਿ ਉਹ ਪੱਕੇ ਪ੍ਰਵਾਸੀ ਬਣ ਕੇ ਬਦੇਸ਼ੀ ਆਰਥਕਤਾ ਵਿੱਚ ਹਿੱਸਾ ਪਾ ਰਹੇ ਹਨ।

1938 ਨੂੰ ਜੇਲ੍ਹੋਂ ਬਾਹਰ ਆਉਣ 'ਤੇ ਬੱਬਰ ਜੀ ਦਾ ਪਹਿਲਿਆਂ ਵਿੱਚ ਕਾਮਰੇਡ ਰਤਨ ਸਿੰਘ ਦੌਲੀਕੇ ਨਾਲ ਰਾਬਤਾ ਕਾਇਮ ਹੋਇਆ ਜੋ ਬਾਅਦ ਵਿੱਚ ਹੈੱਡਮਾਸਟਰ ਸੋਹਣ ਸਿੰਘ, ਕਾਮਰੇਡ ਜਗਜੀਤ ਸਿੰਘ ਆਨੰਦ ਰਾਹੀਂ ਕਾਮਰੇਡ ਕੁਲਵੰਤ ਸਿੰਘ ਐਮ ਐਲ ਏ ਤੱਕ ਫੈਲਿਆ। ਜਿਸ ਕਰਕੇ ਪ੍ਰੀਤ ਲੜੀ ਤਾਂ ਉਹ ਪਹਿਲਾਂ ਹੀ ਪੜ੍ਹਦੇ ਸਨ। ਜੋ ਬਾਅਦ ਵਿੱਚ ਨਵਾਂ ਜ਼ਮਾਨਾ ਦੇ ਪੱਕੇ ਪਾਠਕ ਆਪਣੀ ਉਮਰ ਦੇ ਅਖ਼ਰੀਲੇ ਸਾਹਾਂ ਤਕ ਰਹੇ। ਬੱਬਰ ਜੀ ਨੇ ਆਪਣੇ ਘਰ ਦੇ ਸਾਰੇ ਫੰਕਸ਼ਨ ਉਪਰੋਕਤ ਕਾਮਰੇਡਾਂ ਦੀ ਸਲਾਹ ਅਤੇ ਹਾਜ਼ਰੀ 'ਚ ਕੀਤੇ। ਬੱਬਰ ਜੀ ਨੇ ਜੇਲ੍ਹਾਂ ਵਿੱਚ ਪੁਲਸ ਹੱਥੋਂ ਅਤੇ ਭੁੱਖ ਹੜਤਾਲਾਂ ਕਰਕੇ ਜਿਹੜੇ ਦੁੱਖ ਝੱਲੇ, ਉਹ ਉਨ੍ਹਾਂ ਨੂੰ ਆਖ਼ਰੀ ਉਮਰ ਤੱਕ ਚੇਤੇ ਆਉਂਦੇ ਰਹੇ ਅਤੇ ਦੁਖੀ ਵੀ ਕਰਦੇ ਰਹੇ। ਪਰ ਜਿਸ ਗੱਲ ਤੋਂ ਉਹ ਸਭ ਤੋਂ ਜ਼ਿਆਦਾ ਦੁਖੀ ਸਨ, ਉਹ ਸੀ ਉਹ ਠੋਸਿਆ ਅੱਤਵਾਦ ਜਿਸ ਨੇ ਪੰਜਾਬ ਦੇ ਚੋਣਵੇਂ ਸਿਆਸੀ ਬੰਦਿਆਂ ਨੂੰ ਅਤੇ ਪੰਜਾਬ ਦੀ ਇੱਕ ਪੀੜ੍ਹੀ ਦਾ ਘਾਣ ਜਿਊਂਦੇ ਜੀ ਅਜ਼ਾਦ ਦੇਸ਼ ਦੇ ਪੰਜਾਬ ਸੂਬੇ ਵਿੱਚ ਆਪ ਆਪਣੀ ਅੱਖੀਂ ਦੇਖਿਆ। ਉਹ ਇਸ ਅੱਤਵਾਦ ਅਤੇ ਵੱਖਵਾਦ ਤੋਂ ਬੇਹੱਦ ਦੁਖੀ ਸਨ।

ਅੱਜ ਜੇ ਅਸੀਂ ਉਨ੍ਹਾਂ ਦੀ ਤੇਤੀਵੀਂ ਬਰਸੀ 28 ਨਵੰਬਰ 'ਤੇ ਉਨ੍ਹਾਂ ਨੂੰ ਯਾਦ ਕਰਦੇ ਹਾਂ ਤਾਂ ਸਾਨੂੰ ਸਭ ਉਨ੍ਹਾਂ ਬੁਰਾਈਆਂ ਖ਼ਿਲਾਫ਼ ਖੜ੍ਹਨ ਦਾ ਅਹਿਦ ਕਰਨਾ ਹੋਵੇਗਾ, ਜਿਨ੍ਹਾ ਸਦਕਾ ਸਾਡਾ ਪੰਜਾਬ ਜੋ ਸਾਡੀ, ਸਾਡੇ ਇਨਕਲਾਬੀਆਂ ਦੀ, ਸਾਡੇ ਗੁਰੂਆਂ ਦੀ ਜਨਮ ਭੂਮੀ ਅਤੇ ਕਰਮ ਭੂਮੀ ਵੀ ਹੈ, ਸਦਾ ਚੜ੍ਹਦੀ ਕਲਾ ਵਿੱਚ ਰਹੇ। ਇਸ ਵਾਸਤੇ ਸਾਨੂੰ ਕੋਈ ਕੁਰਬਾਨੀ ਵੀ ਦੇਣੀ ਪਵੇ, ਅਸੀਂ ਤਿਆਰ ਰਹੀਏ, ਤਾਂ ਹੀ ਅਜਿਹੇ ਵਿੱਚ ਬੱਬਰ ਜੀ ਨੂੰ ਸਹੀ ਸ਼ਰਧਾਂਜ਼ਲੀ ਦਿੱਤੀ ਜਾ ਸਕਦੀ। ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਨਮਨ।

**# ਸੰਪਰਕ : 98721-65741**

# ਨਿੱਕੀ ਜਿਹੀ ਘੁੱਗੀ ਦਾ ਵੀ ਘਰ ਹੁੰਦਾ ਏ

**ਰਜਿੰਦਰਪਾਲ ਕੌਰ**

ਇਕ ਮਹੀਨੇ ਤੋਂ ਉੱਪਰ ਹੋ ਗਿਆ ਹੈ ਇਜ਼ਰਾਇਲ ਵੱਲੋਂ ਫਲਸਤੀਨ ਉੱਤੇ ਹਮਲੇ ਨੂੰ, ਪ੍ਰੰਤੂ ਅਜੇ ਤੱਕ ਇਹ ਜੰਗ ਖਤਮ ਹੁੰਦੀ ਨਜ਼ਰ ਨਹੀਂ ਆ ਰਹੀ। ਹੁਣ ਤਾਂ ਟੈਂਕ ਅਲ ਸ਼ਿਫ਼ਾ ਹਸਪਤਾਲ ਦੇ ਅੰਦਰ ਪਹੁੰਚ ਗਏ ਹਨ, ਜਿਹੜਾ ਕਿ ਪਹਿਲਾਂ ਹੀ ਖਾਣ-ਪੀਣ ਦੀਆਂ ਵਸਤਾਂ, ਆਕਸੀਜਨ ਅਤੇ ਬਿਜਲੀ ਦੀ ਸਪਲਾਈ ਦੀ ਕਮੀ ਨਾਲ ਜੂਝ ਰਿਹਾ ਸੀ। ਬਹੁਤੇ ਲੋਕਾਂ ਦੀ ਮੌਤ ਆਕਸੀਜਨ ਅਤੇ ਬਿਜਲੀ ਦੀ ਕਮੀ ਕਰਕੇ ਮਸ਼ੀਨਾਂ ਬੰਦ ਹੋਣ ਕਰਕੇ ਹੋ ਰਹੀ ਸੀ, ਨਵ ਜਨਮੇ ਬੱਚੇ ਮਰ ਰਹੇ ਸਨ ਤੇ ਗਰਭਵਤੀ ਔਰਤਾਂ ਦੇ ਅਪਰੇਸ਼ਨ ਕਰਨੇ ਮੁਸ਼ਕਲ ਹੋ ਰਹੇ ਸਨ। ਹੁਣ ਜਦੋਂ ਕਿ ਉਥੇ ਟੈਂਕ ਚਲੇ ਗਏ ਹਨ ਤਾਂ ਤਬਾਹੀ ਕਿਹੋ ਜਿਹੀ ਹੋਵੇਗੀ, ਅਸੀਂ ਚੰਗੀ ਤਰ੍ਹਾਂ ਸਮਝ ਸਕਦੇ ਹਾਂ। ਬਹਾਨਾ ਇਹ ਕੀਤਾ ਗਿਆ ਹੈ ਕਿ ਇਸ ਹਸਪਤਾਲ ਦੇ ਹੇਠਾਂ ਤਹਿਖਾਨਾ ਹੈ, ਜਿੱਥੇ ਹਮਾਸ ਦੇ ਕਮਾਂਡਰ ਲੁਕੇ ਹੋਏ ਹਨ।

ਹਸਪਤਾਲ ਵਿੱਚ ਲੰਮਾ ਸਮਾਂ ਕੰਮ ਕਰਨ ਵਾਲੇ ਨਾਰਵੇ ਦੇ ਡਾਕਟਰ ਗਿਲਬਰਟ ਦਾ ਕਹਿਣਾ ਹੈ ਕਿ ਹਸਪਤਾਲ ਦੇ ਹੇਠਾਂ ਕੋਈ ਤਹਿਖਾਨਾ ਨਹੀਂ ਹੈ। ਡਾਕਟਰ ਗਿਲਬਰਟ ਹੁਣ ਵੀ ਆਪਣੀ ਟੀਮ ਸਮੇਤ ਇਸ ਹਸਪਤਾਲ ਵਿੱਚ ਆਣ ਕੇ ਸੇਵਾ ਕਰਨੀ ਚਾਹੁੰਦੇ ਸਨ ਪਰ ਉਹਨਾਂ ਨੂੰ ਮੌਕਾ ਨਹੀਂ ਸੀ ਮਿਲ ਰਿਹਾ ਅਤੇ ਹੁਣ ਜਦੋਂ ਇਸ ਹਸਪਤਾਲ ਨੂੰ ਤਬਾਹ ਕੀਤਾ ਜਾ ਰਿਹਾ ਹੈ, ਉਸ ਦੀ ਮਸ਼ੀਨਰੀ ਖਰਾਬ ਕੀਤੀ ਜਾ ਰਹੀ ਹੈ, ਉਸ ਦੀਆਂ ਕੰਧਾਂ ਢਾਹੀਆਂ ਜਾ ਰਹੀਆਂ ਹਨ ਤਾਂ ਨਾ ਤਾਂ ਡਾਕਟਰ ਨੂੰ ਸੇਵਾ ਕਰਨ ਦਾ ਮੌਕਾ ਮਿਲੇਗਾ ਤੇ ਨਾ ਹੀ ਮਰੀਜ਼ਾਂ ਨੂੰ ਇਲਾਜ ਕਰਵਾਉਣ ਦਾ, ਜੋ ਕਿ ਅਤਿਅੰਤ ਦੁਖਦਾਇਕ ਅਤੇ ਨਿਰਾਸ਼ਾਜਨਕ ਹੈ। ਹਸਪਤਾਲ ਦੇ ਅੰਦਰ ਤਹਿਖਾਨਾ ਹੋਣ ਦਾ ਇਲਜਾਮ ਉਹੋ ਜਿਹਾ ਹੀ ਹੈ, ਜਿਵੇਂ ਕਿ ਕਦੇ ਇਰਾਕ ਤੇ ਮਾਰੂ ਹਥਿਆਰ ਹੋਣ ਦਾ ਇਲਜ਼ਾਮ ਸੀ, ਜਿਸ ਦੀ ਆੜ ਵਿੱਚ ਅਮਰੀਕਾ ਨੇ ਇਰਾਕ ਵਿੱਚ ਬਹੁਤ ਤਬਾਹੀ ਮਚਾਈ ਸੀ।

ਇਜ਼ਰਾਇਲ ਲੱਗਭੱਗ 150 ਸਾਲ ਪਹਿਲਾਂ ਤੋਂ ਆਪਣਾ ਕੋਈ ਖਿੱਤਾ ਬਣਾਉਣ ਦੀ ਤਾਕ ਵਿੱਚ ਸੀ। ਜੇ ਇਸ ਤੋਂ ਵੀ ਪਿੱਛੇ ਜਾਈਏ, ਹਜ਼ਾਰਾਂ ਸਾਲ ਪਹਿਲਾਂ ਤੋਂ ਵੀ ਯਹੂਦੀਆਂ ਨੂੰ ਰੋਮਨ ਸਾਮਰਾਜ ਦੁਆਰਾ ਕੀਤਾ ਗਿਆ ਜ਼ੁਲਮ ਸਹਿਣਾ ਪਿਆ ਸੀ। ਉਸ ਵੇਲੇ ਰੋਮਨ ਸਾਮਰਾਜ ਯਹੂਦੀਆਂ ਦੀ ਨਸਲਕੁਸ਼ੀ ਕਰਨਾ ਚਾਹੁੰਦਾ ਸੀ, ਇਸ ਕਰਕੇ ਉਦੋਂ ਵੀ ਖਾਸ ਤੌਰ 'ਤੇ ਛੋਟੇ ਬੱਚਿਆਂ ਦਾ ਕਤਲੇਆਮ ਕੀਤਾ ਗਿਆ ਸੀ। ਫਿਰ ਹਿਟਲਰ ਦੇ ਯੁੱਗ ਵਿੱਚ ਵੀ ਯਹੂਦੀਆਂ ਨਾਲ ਜੋ ਵਾਪਰਿਆ, ਸੁਣ ਕੇ ਰੂਹ ਕੰਬ ਉੱਠਦੀ ਹੈ। ਇਕ ਯਹੂਦੀ ਲੜਕੀ ਦੀ ਡਾਇਰੀ ਜੋ ਕਿ ਉਸ ਨੇ ਆਪਣੀ ਛੁਪਣਗਾਹ 'ਤੇ ਲਿਖੀ ਸੀ ਅਤੇ ਬਾਅਦ ਵਿੱਚ ਉਹ ਮਾਰੀ ਗਈ ਸੀ। ਜਦੋਂ ਹਿਟਲਰ ਦਾ ਖਾਤਮਾ ਹੋ ਗਿਆ ਤਾਂ ਕਿਸੇ ਤਰ੍ਹਾਂ ਉਹ ਡਾਇਰੀ ਕਿਸੇ ਦੇ ਹੱਥ ਲੱਗੀ, ਜਿਸ ਨੂੰ ਪ੍ਰਕਾਸ਼ਿਤ ਕਰਾ ਦਿੱਤਾ ਗਿਆ ਅਤੇ ਉਹ ਸਾਰੀ ਦੁਨੀਆ ਵਿੱਚ ਮਸ਼ਹੂਰ ਹੋ ਗਈ। ਬਿਲਕੁਲ ਇਹੋ ਜਿਹਾ ਵਰਤਾਰਾ ਹੁਣ ਯਹੂਦੀ ਫਲਸਤੀਨੀਆਂ ਨਾਲ ਕਰ ਰਹੇ ਹਨ ਫਲਸਤੀਨੀਆਂ ਦੇ ਪਿਆਰੇ-ਪਿਆਰੇ ਮਰ ਰਹੇ ਬੱਚੇ, ਚੀਕਾਂ ਮਾਰਦੇ ਮਾਂ-ਬਾਪ ਅਤੇ ਜ਼ਖ਼ਮੀ ਹੋ ਕੇ ਚੀਕ ਰਹੇ ਬੱਚਿਆਂ ਦੀਆਂ ਆਵਾਜ਼ਾਂ ਦਿਲ ਕੰਬਾ ਦਿੰਦੀਆਂ ਹਨ ਤਾਂ ਦਹਾਕਿਆਂ ਪਹਿਲਾਂ "ਹਰਨੇਕ ਸੋਹੀ" ਦਾ ਲਿਖਿਆ ਗੀਤ ਯਾਦ ਆਉਂਦਾ ਹੈ:

*ਟੁੱਟ ਪੈਣੇ ਜੰਗ ਬਾਜ਼ ਨੂੰ ਕੂਕਾਂ ਸੁਣ ਕੇ ਤਰਸ ਨਾ ਆਵੇ*
*ਅਮਨਾਂ ਦੇ ਕੱਚੇ ਦੁੱਧ ਨੂੰ ਜਾਗ ਜ਼ਹਿਰੀਆਂ ਬੂੰਦਾਂ ਨਾਲ ਲਾਵੇ।*

ਭਾਰਤ ਵਾਂਗ ਫਲਸਤੀਨ ਵੀ ਬਰਤਾਨੀਆ ਦੀ ਇੱਕ ਬਸਤੀ ਸੀ। 1947 ਵਿੱਚ ਭਾਰਤ ਦੀ ਵੰਡ ਕਰਕੇ ਹਿੰਦੁਸਤਾਨ ਤੇ ਪਾਕਿਸਤਾਨ ਦੋ ਦੇਸ਼ ਬਣਾ ਕੇ ਅੰਗਰੇਜ਼ਾਂ ਨੇ ਸੇਹ ਦਾ ਤਕਲਾ ਗੱਡਿਆ ਸੀ। ਇਸੇ ਤਰ੍ਹਾਂ ਫਲਸਤੀਨ ਦੇ ਟੋਟੇ ਕਰਕੇ ਇਜ਼ਰਾਇਲ ਦੇਸ਼ ਬਣਾ ਦਿੱਤਾ ਤਾਂ ਕਿ ਬਰਤਾਨੀਆ ਇਜ਼ਰਾਇਲ ਨੂੰ ਬਾਹਰੀ ਚੌਕੀ ਦੇ ਰੂਪ ਵਿੱਚ ਵਰਤ ਸਕੇ। ਇਹ ਸਭ ਤੇਲ ਖੇਤਰ ਉੱਤੇ ਕਬਜ਼ਾ ਜਮਾਉਣ ਦੀ ਨੀਤੀ ਦਾ ਹਿੱਸਾ ਸੀ। ਫਲਸਤੀਨ ਦੀ ਹੱਦਬੰਦੀ ਇਸ ਤਰ੍ਹਾਂ ਕੀਤੀ ਗਈ ਕਿ ਫਲਸਤੀਨ ਦੇ ਟੁਕੜਿਆਂ ਉੱਤੇ ਇਜ਼ਰਾਇਲ ਆਸਾਨੀ ਨਾਲ ਕਬਜ਼ਾ ਕਰ ਲਵੇ, ਸੋ ਇਜ਼ਰਾਇਲ ਸਮੇਂ-ਸਮੇਂ 'ਤੇ ਇਹ ਕਰਦਾ ਰਿਹਾ ਹੈ। 1967 ਵਿੱਚ 70ਵਿਆਂ ਵਿੱਚ ਫਿਰ 1982 ਵਿੱਚ ਇਜ਼ਰਾਇਲ ਨੇ ਫਲਸਤੀਨ ਦੀ ਧਰਤੀ 'ਤੇ ਕਬਜ਼ਾ ਕੀਤਾ। 1982 ਤੋਂ ਬਾਅਦ ਅਸੀਂ ਇਜ਼ਰਾਇਲ ਦੀ ਜ਼ਬਰਦਸਤ ਵਿਰੋਧਤਾ ਕੀਤੀ ਸੀ। ਮੈਨੂੰ ਯਾਦ ਹੈ ਕਿ ਮੇਰੀ ਬੇਟੀ ਤਿੰਨ ਸਾਲ ਦੀ ਵੀ ਨਹੀਂ ਸੀ ਹੋਈ ਤਾਂ ਉਹ ਮੇਰੀ ਸਿਖਾਈ ਹੋਈ ਕਵਿਤਾ ਬੋਲਦੀ ਹੁੰਦੀ ਸੀ:

*ਨਿੱਕੀ ਜਿਹੀ ਘੁੱਗੀ ਦਾ ਵੀ ਘਰ*
*ਇਹ ਉਸ ਦਾ ਆਲ੍ਹਣਾ ਹੈ*
*ਨਿੱਕੀ ਜਿਹੀ ਕੁਕੜੀ ਦਾ ਵੀ ਘਰ*
*ਇਹ ਉਸ ਦਾ ਖੁੱਡਾ ਹੈ*
*ਫਲਸਤੀਨ ਦਾ ਘਰ ਕਿੱਥੇ ਹੈ*
ਉਸ ਉੱਤੇ ਤਾਂ ਇਜ਼ਰਾਇਲ ਦਾ ਕਬਜ਼ਾ ਹੈ।

ਅੱਜ ਫਿਰ ਜਦੋਂ ਇਜ਼ਰਾਇਲ ਬਾਕੀ ਬਚੇ ਫਲਸਤੀਨ ਉੱਤੇ ਵੀ ਕਬਜ਼ਾ ਕਰਨਾ ਚਾਹੁੰਦਾ ਹੈ ਤਾਂ ਹਮਾਸ ਜਥੇਬੰਦੀ ਵੱਲੋਂ ਹਮਲਾ ਕਰਵਾ ਕੇ ਮਾਸੂਮ ਨਾਗਰਿਕਾਂ ਨੂੰ ਤਸੀਹੇ ਦਿੱਤੇ ਜਾ ਰਹੇ ਹਨ। ਹਮਾਸ ਵਾਲਿਆਂ ਕੋਲ ਵੀ ਅਮਰੀਕੀ ਹਥਿਆਰ ਹਨ ਅਤੇ ਇਜ਼ਰਾਇਲ ਕੋਲ ਵੀ। ਇਸ ਦਾ ਮਤਲਬ ਹੈ ਕਿ ਅਮਰੀਕਾ ਆਪਣੀ ਹਥਿਆਰ ਲਾਬੀ ਦੇ ਹੱਥਾਂ ਵਿੱਚ ਖੇਡ ਰਿਹਾ ਹੈ। ਹਥਿਆਰ ਵੇਚਣ ਦੀ ਖਾਤਰ ਹੀ ਕਿਸੇ ਨਾ ਕਿਸੇ ਦੇਸ਼ ਵਿੱਚ ਇਹ ਜੰਗ ਦੀ ਅੱਗ ਲਗਾਈ ਜਾਂਦੀ ਹੈ। ਇੰਨੇ ਮਰ ਰਹੇ ਅਤੇ ਉੱਜੜ ਰਹੇ ਲੋਕਾਂ ਨੂੰ ਵੇਖ ਕੇ ਵੀ ਅਮਰੀਕਾ, ਬਰਤਾਨੀਆ ਵਰਗੇ ਦੇਸ਼ਾਂ ਦਾ ਦਿਲ ਨਹੀਂ ਪਸੀਜਦਾ।

ਹੁਣ ਤੱਕ 4000 ਤੋਂ ਵੀ ਵੱਧ ਬੱਚੇ ਮਾਰੇ ਜਾ ਚੁੱਕੇ ਹਨ। ਕਹਿੰਦੇ ਹਨ ਕਿ ਬੱਚਾ ਰੱਬ ਦਾ ਰੂਪ ਹੁੰਦਾ ਹੈ ਤਾਂ ਕੀ ਇਜ਼ਰਾਇਲ ਰੱਬ ਨੂੰ ਹੀ ਬੰਬਾਂ ਨਾਲ ਮਾਰ ਰਿਹਾ ਹੈ ਅਤੇ ਭੁੱਖ-ਪਿਆਸ ਨਾਲ ਤੜਪਾ ਰਿਹਾ ਹੈ। ਫਲਸਤੀਨੀਆਂ ਕੋਲ ਖਾਣ-ਪੀਣ ਦੀ ਸਖਤ ਕਮੀ ਹੈ। ਉਹਨਾਂ ਦੇ ਸਿਰ 'ਤੇ ਛੱਤ ਨਹੀਂ ਹੈ, ਜੇਕਰ ਉਹ ਰਾਹਤ ਕੈਂਪਾਂ ਵਿੱਚ ਜਾ ਕੇ ਜਾਂ ਹਸਪਤਾਲਾਂ ਵਿੱਚ ਆਸਰਾ ਲੈਂਦੇ ਹਨ ਤਾਂ ਉਹਨਾਂ ਕੈਂਪਾਂ ਅਤੇ ਹਸਪਤਾਲਾਂ ਉੱਤੇ ਵੀ ਬੰਬ ਸੁੱਟੇ ਜਾਂਦੇ ਹਨ। ਇਹ ਬਿਲਕੁਲ ਗੈਰ ਮਨੁੱਖੀ ਵਰਤਾਰਾ ਹੈ, ਜਿਹੜਾ ਕਿ ਅਜੇ ਤੱਕ ਕਦੇ ਨਹੀਂ ਹੋਇਆ। ਇਕ ਵੀਡੀਓ 'ਚ ਵੇਖਿਆ ਕਿ ਲੋਕਾਂ ਨੂੰ ਕੁਝ ਖਾਣੇ ਦੇ ਪੈਕਟ ਅਤੇ ਪਾਣੀ ਦੀਆਂ ਬੋਤਲਾਂ ਵੰਡੀਆਂ ਜਾ ਰਹੀਆਂ ਸੀ। ਬੱਚਿਆਂ ਦੇ ਹੱਥ ਵਿੱਚ ਜਦੋਂ ਪਾਣੀ ਦੀ ਬੋਤਲ ਆਉਂਦੀ ਸੀ ਤਾਂ ਉਹਨਾਂ ਦੇ ਚਿਹਰੇ 'ਤੇ ਇਹੋ ਜਿਹੀ ਖੁਸ਼ੀ ਆਉਂਦੀ ਸੀ, ਜਿਵੇਂ ਦੁਨੀਆ ਦਾ ਖਜ਼ਾਨਾ ਮਿਲ ਗਿਆ ਹੋਵੇ। ਇਹ ਵੇਖ ਕੇ ਮਨ ਬੜਾ ਦੁਖੀ ਹੋਇਆ।

ਭਾਰਤ ਨੇ ਸ਼ੁਰੂ ਵਿੱਚ ਹੀ ਇਜ਼ਰਾਇਲ ਦੀ ਹਮਾਇਤ ਕਰ ਦਿੱਤੀ, ਭਾਵੇਂ ਕਿ ਬਾਅਦ ਵਿੱਚ ਰੱਖਿਆ ਮੰਤਰੀ ਨੇ ਇਸ ਨੂੰ ਕੁਝ ਲਪੇਟਣ ਦਾ ਯਤਨ ਕੀਤਾ। ਬਹੁਤ ਸਾਰੇ ਦੇਸ਼ ਫਲਸਤੀਨ ਦੇ ਹੱਕ ਵਿੱਚ ਹਨ। ਯੂ ਐੱਨ ਓ ਦੁਆਰਾ ਇਜ਼ਰਾਇਲ ਵੱਲੋਂ ਫਲਸਤੀਨ 'ਚ ਬਸਤੀਆਂ ਬਣਾਉਣ ਖਿਲਾਫ ਮਤਾ ਪੇਸ ਕੀਤਾ ਗਿਆ, ਜੋ ਕਿ 145 ਵੋਟਾਂ ਨਾਲ ਪਾਸ ਹੋ ਗਿਆ।

ਜਦੋਂ ਫਲਸਤੀਨ ਦੇ ਟੁਕੜੇ ਕੀਤੇ ਗਏ ਤਾਂ ਯੇਰੂਸ਼ਲਮ ਨੂੰ ਯੂ ਐੱਨ ਓ ਦੇ ਕਬਜ਼ੇ ਵਿੱਚ ਦੇ ਦਿੱਤਾ ਗਿਆ, ਜਿਸ ਉੱਤੇ ਇਜ਼ਰਾਇਲ ਅਤੇ ਫਲਸਤੀਨ ਆਪਣਾ ਆਪਣਾ ਹੱਕ ਜਮਾ ਰਹੇ ਹਨ। ਮੁਸਲਮਾਨਾਂ ਦਾ ਮੱਕੇ ਅਤੇ ਮਦੀਨੇ ਤੋਂ ਬਾਅਦ ਤੀਜਾ ਧਾਰਮਿਕ ਸਥਾਨ ਅਲਾਸਕਾ ਮਸਜਿਦ ਯੇਰੂਸ਼ਲਮ ਵਿੱਚ ਹੈ। ਇਸੇ ਤਰ੍ਹਾਂ ਦੋ ਹੋਰ ਧਰਮਾਂ ਦੇ ਧਾਰਮਿਕ ਸਥਾਨ ਵੀ ਇੱਥੇ ਹੀ ਹਨ। ਸੋ ਹਰ ਕੋਈ ਆਪਣੇ-ਆਪਣੇ ਧਾਰਮਿਕ ਸਥਾਨ ਨਾਲ ਜੁੜਨਾ ਚਾਹੁੰਦਾ ਹੈ। ਇਸ ਦਾ ਕੋਈ ਸਨਮਾਨਜਨਕ ਹੱਲ ਕੱਢਣਾ ਜ਼ਰੂਰੀ ਹੈ।

ਇਸ ਵੇਲੇ ਸਾਰੀਆਂ ਹੀ ਅਮਨ-ਪਸੰਦ ਤਾਕਤਾਂ ਨੂੰ ਇਕੱਠੇ ਹੋ ਕੇ ਜ਼ੁਲਮ ਦੇ ਵਿਰੁੱਧ ਆਵਾਜ਼ ਚੁੱਕਣੀ ਚਾਹੀਦੀ ਹੈ ਅਤੇ ਫਲਸਤੀਨ ਨਾਲ ਹੋ ਰਹੀ ਬੇਇਨਸਾਫੀ ਵਿਰੁੱਧ ਬੋਲਣਾ ਚਾਹੀਦਾ ਹੈ। ਕੁਝ ਦਿਨ ਪਹਿਲਾਂ ਹੀ ਉੱਤਰੀ ਗਾਜ਼ਾ ਦੇ ਲੋਕਾਂ ਨੂੰ ਲਾਂਘਾ ਦਿੱਤਾ ਗਿਆ ਸੀ ਕਿ ਉਹ ਦੱਖਣੀ ਗਾਜ਼ਾ ਵੱਲ ਜਾ ਸਕਦੇ ਹਨ ਤਾਂ ਹਿਜਰਤ ਕਰਦੇ ਹੋਏ ਲੋਕਾਂ ਨੂੰ ਵੇਖ ਕੇ 1947 ਦੀ ਵੰਡ ਹੋਈ ਤੇ ਅਬਾਦੀ ਦੇ ਤਬਾਦਲੇ ਵੇਲੇ ਲੋਕਾਂ ਦੀ ਜੋ ਹਾਲਤ ਹੋਈ ਸੀ, ਉਹ ਕਹਿਣ-ਸੁਣਨ ਤੋਂ ਬਾਹਰ ਹੈ। ਹੁਣ ਇਹਨਾਂ ਜਥਿਆਂ ਨੂੰ ਜਾਂਦਿਆਂ ਵੇਖ ਕੇ ਲੱਗਦਾ ਹੈ ਕਿ ਬੇਸ਼ਕ ਇਹਨਾਂ ਉੱਤੇ ਧਾਰਮਿਕ ਹਮਲੇ ਤੇ ਨਹੀਂ ਹੋਣਗੇ,ਪ੍ਰੰਤੂ ਰਸਤੇ ਦੀਆਂ ਦੁਸ਼ਵਾਰੀਆਂ ਬੇਅੰਤ ਹੋਣਗੀਆਂ, ਜਿਹੜੀਆਂ ਕਿ ਛੋਟੇ ਬੱਚੇ ਅਤੇ ਬਜ਼ੁਰਗਾਂ ਵਾਸਤੇ ਇੱਕ ਮੁਸੀਬਤ ਹੋਣਗੀਆਂ। ਸੋ ਸਾਰੀਆਂ ਧਿਰਾਂ ਰਲ ਕੇ ਇਜ਼ਰਾਇਲ ਨੂੰ ਨੱਥ ਪਾਉਣ ਲਈ ਅੱਗੇ ਆਉਣ ਅਤੇ ਇਹੋ ਜਹੇ ਹਮਲਿਆਂ 'ਤੇ ਪਬੰਦੀ ਲਗਾਈ ਜਾਵੇ ਤਾਂ ਕਿ ਮਨੁੱਖਤਾ ਦਾ ਘਾਣ ਹੋਣ ਤੋਂ ਬਚਾਇਆ ਜਾ ਸਕੇ।

**# ਸੰਪਰਕ : 99881-76811**

## ਕਿਸਾਨ ਅੰਦੋਲਨ ਦੀ ਗੂੰਜ

# ਇੱਕ ਵਾਰ ਫੇਰ ਹਾਕਮਾਂ ਨੂੰ ਲਿਆਊ ਤ੍ਰੇਲੀਆਂ

**ਨਰਾਇਣ ਦੱਤ**

ਸੰਯੁਕਤ ਕਿਸਾਨ ਮੋਰਚਾ ਦੀ ਅਗਵਾਈ ਵਿੱਚ ਸ਼ੁਰੂ ਹੋ ਰਿਹਾ ਕਿਸਾਨ ਸੰਘਰਸ਼ ਇੱਕ ਵਾਰ ਫਿਰ ਚਰਚਾ ਵਿੱਚ ਹੈ। 26 ਨਵੰਬਰ ਤੋਂ 28 ਨਵੰਬਰ ਤੱਕ ਸਮੁੱਚੇ ਮੁਲਕ ਅੰਦਰ ਰਾਜ ਭਵਨਾਂ ਅੱਗੇ ਤਿੰਨ-ਰੋਜ਼ਾ ਲਗਾਤਾਰ ਧਰਨੇ ਦੇਣ ਦੀਆਂ ਤਿਆਰੀਆਂ ਕਰਕੇ ਕਾਫਲੇ ਚੰਡੀਗੜ੍ਹ ਵੱਲ ਰਵਾਨਾ ਹੋ ਗਏ ਹਨ। ਕਿਸਾਨੀ ਦੇ ਮੌਜੂਦਾ ਸੰਕਟ ਨੂੰ ਡੂੰਘਾਈ 'ਚ ਜਾਨਣ ਲਈ ਇਤਿਹਾਸ ਦੇ ਪੰਨਿਆਂ ਨੂੰ ਫਰੋਲਣ ਦੀ ਲੋੜ ਹੈ, ਕਿਉਂਕਿ ਕਿਸਾਨੀ ਸਦੀਆਂ ਤੋਂ ਸੰਕਟ 'ਚ ਹੀ ਚੱਲੀ ਆ ਰਹੀ ਹੈ। 15ਵੀਂ ਸਦੀ ਦੇ ਸਾਂਦਲ ਦੀ ਬਾਰ ਦੇ ਕਿਸਾਨ ਨਾਇਕ ਦੁੱਲਾ ਭੱਟੀ ਦੀ ਸ਼ਹਾਦਤ ਨੂੰ ਯਾਦ ਰੱਖਿਆ ਜਾਣਾ ਚਾਹੀਦਾ ਹੈ। ਦੁੱਲਾ ਭੱਟੀ ਦੇ ਬਾਪ ਅਤੇ ਦਾਦਾ ਨੇ ਸਮੇਂ ਦੇ ਹਾਕਮਾਂ ਵੱਲੋਂ ਖੇਤੀ ਉੱਪਰ ਵਧਾਏ ਲਗਾਨ ਖਿਲਾਫ ਨਾਬਰੀ ਵਿਖਾਈ। ਉਸ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਦਾ ਸਮਾਂ ਆਉਂਦਾ ਹੈ, ਜਿਸ ਨੇ ਮੁਗਲ ਜਗੀਰਦਾਰਾਂ ਖਿਲਾਫ ਐਲਾਨ-ਏ-ਜੰਗ ਲੜੀ, ਸ਼ਹਾਦਤਾਂ ਦਿੱਤੀਆਂ, ਕਿਸਾਨਾਂ ਨੂੰ ਜ਼ਮੀਨਾਂ ਦੀ ਮਾਲਕੀ ਦਾ ਹੱਕ ਦਿਵਾਇਆ। ਬਾਬਾ ਬੰਦਾ ਸਿੰਘ ਬਹਾਦਰ ਨੂੰ ਤਾਂ ਕਿਸਾਨਾਂ ਦਾ ਪਹਿਲਾਂ ਪਟਵਾਰੀ ਵਜੋਂ ਵੀ ਯਾਦ ਕੀਤਾ ਜਾਂਦਾ ਹੈ, ਪਰ ਇਸ ਤੋਂ ਬਾਅਦ ਜਗੀਰੂ ਰਾਜੇ-ਰਜਵਾੜੇ ਜ਼ਮੀਨਾਂ ਉੱਪਰ ਕਾਬਜ਼ ਹੋ ਗਏ। ਅਠਾਰ੍ਹਵੀਂ ਸਦੀ ਦੇ ਅੱਧ ਵਿੱਚ ਬਰਤਾਨਵੀ ਸਾਮਰਾਜੀਆਂ ਨੇ ਪਲਾਸੀ ਦੀ ਲੜਾਈ ਜਿੱਤਣ ਤੋਂ ਬਾਅਦ ਮੁਲਕ ਦੀ ਖੇਤੀ, ਕੁਦਰਤੀ ਸ੍ਰੋਤਾਂ, ਅਮੁੱਕ ਸਾਧਨਾਂ ਅਤੇ ਕਿਰਤ ਸ਼ਕਤੀ ਦੀ ਲੁੱਟ ਕਰਨੀ ਸ਼ੁਰੂ ਕੀਤੀ। ਉਨ੍ਹਾਂ ਨੇ ਇਸ ਲੁੱਟ ਨੂੰ ਲਗਾਤਾਰ ਹੋਰ ਤਿੱਖਾ ਕੀਤਾ। 1813 ਵਿੱਚ ਬਰਤਾਨਵੀ ਸਾਮਰਾਜੀਆਂ ਵੱਲੋਂ ਕੀਤੀ ਜਾਂਦੀ ਕਪਾਹ ਦੀ ਲੁੱਟ 1914 ਦੇ ਆਉਂਦਿਆਂ ਤੱਕ 9630 ਲੱਖ ਪੌਂਡ ਤੱਕ ਅੱਪੜ ਗਈ ਤੇ ਇਸ ਨੂੰ ਉਹ ਆਪਣੇ ਮੁਲਕ ਵਿੱਚ ਲੈ ਗਏ। ਮੁਲਕ ਦੀ ਪੈਦਾਵਾਰ ਬਰਤਾਨੀਆ ਜਾਂਦੀ ਰਹੀ, ਭਾਰਤ ਵਿੱਚ 1850 ਤੋਂ 1900 ਤੱਕ ਪੱਚੀ ਵਾਰੀ ਅਕਾਲ ਪਏ, 2 ਕਰੋੜ ਲੋਕ ਮੌਤ ਦੇ ਮੂੰਹ ਧੱਕ ਦਿੱਤੇ ਗਏ। ਇਸ ਸਮੇਂ ਭਾਰਤ ਦੀ ਹਾਲਤ ਬਾਰੇ ਕਾਰਲ ਮਾਰਕਸ ਨੇ ਲਿਖਦਿਆਂ ਦੱਸਿਆ ਹੈ ਕਿ "ਹਿੰਦੋਸਤਾਨ ਵਿੱਚ ਉਸ ਲੁੱਟਮਾਰ ਦਾ ਕੋਈ ਅੰਤ ਨਹੀਂ, ਜਿਸ ਨੂੰ ਅੰਗਰੇਜ਼ੀ ਰਾਜ ਆਖਿਆ ਜਾਂਦਾ ਹੈ।" ਅੰਗਰੇਜ਼ ਹਾਕਮਾਂ ਨੇ ਦਸਤਕਾਰੀ ਅਤੇ ਖੇਤੀ ਉੱਪਰ ਨਿਰਭਰ ਜਨਤਾ ਨੂੰ ਨਪੀੜ ਸੁੱਟਿਆ। ਜ਼ਮੀਨ ਉੱਪਰ ਨਿਰਭਰ ਵਸੋਂ ਦਾ ਗੁਜ਼ਾਰਾ ਮੁਸ਼ਕਲ ਹੋ ਗਿਆ। 1901 ਤੱਕ 4 ਲੱਖ ਏਕੜ ਜ਼ਮੀਨ ਵਿਕ ਗਈ, 1901 ਤੋਂ 1909 ਤੱਕ ਢਾਈ ਕਰੋੜ ਏਕੜ ਤੋਂ ਵੱਧ ਜ਼ਮੀਨ ਗਹਿਣੇ ਪੈ ਗਈ ਸੀ। 27 ਦਸੰਬਰ 1899 ਨੂੰ ਗਵਰਨਰ ਜਰਨਲ ਦੀ ਕੌਂਸਲ ਵਿੱਚ ਸਰ ਚਾਰਲਸ ਰੀਵਾਜ ਨੇ ਮੰਨਿਆ ਸੀ ਕਿ ਪੰਜਾਬ ਵਿੱਚ ਕਰਜ਼ੇ ਦਾ ਸਵਾਲ ਰਾਜਸੀ ਪੱਖ ਤੋਂ ਕਾਫੀ ਮਹੱਤਤਾ ਰੱਖਦਾ ਹੈ, ਖੇਤੀ ਕਰਜ਼ਾ ਬਹੁਤ ਹੀ ਖਤਰਨਾਕ ਹੱਦ ਤੱਕ ਪਹੁੰਚ ਗਿਆ ਹੈ। ਇਸ ਖੇਤੀ ਸੰਕਟ ਦੇ ਚੱਲਦਿਆਂ ਹੀ ਵੀਹਵੀਂ ਸਦੀ ਦੇ ਮੁੱਢਲੇ ਦਹਾਕੇ ਅੰਦਰ ਚਾਚਾ ਅਜੀਤ ਸਿੰਘ ਦੀ ਅਗਵਾਈ ਵਿੱਚ "ਪਗੜੀ ਸੰਭਾਲ ਜੱਟਾ ਲਹਿਰ" ਨੇ ਜ਼ਮੀਨ ਦੇ ਸਵਾਲ ਨੂੰ ਪ੍ਰਮੁੱਖਤਾ ਨਾਲ ਉਭਾਰਿਆ।

ਬਰਤਾਨਵੀ ਰਾਜ ਸਮੇਂ ਇਹ ਘੋਲ ਬਸਤੀਵਾਦੀ ਅਤੇ ਜਗੀਰੂ ਢਾਂਚੇ ਵਾਲੀਆਂ ਹਾਲਤਾਂ 'ਚ ਰਾਜਿਆਂ, ਨਵਾਬਾਂ, ਜਾਗੀਰਦਾਰਾਂ ਅਤੇ ਅੰਗਰੇਜ਼ੀ ਰਾਜ ਦੀ ਲੁੱਟ ਅਤੇ ਦਮਨ ਤੋਂ ਨਿਜ਼ਾਤ ਹਾਸਲ ਕਰਨ ਲਈ ਲੜੇ ਗਏ ਅਤੇ 1947 ਤੋਂ ਬਾਅਦ ਇਹ ਸਾਮਰਾਜੀ ਪ੍ਰਬੰਧ ਦੀ ਨਵ-ਬਸਤੀਆਨਾ ਯੁੱਧਨੀਤੀ ਅਤੇ ਜਗੀਰੂ ਤੇ ਅਰਧ-ਜਗੀਰੂ ਲੁੱਟ ਤੇ ਜਬਰ ਦੇ ਸਤਾਏ ਕਿਸਾਨੀ ਸੰਘਰਸ਼ਾਂ ਦੇ ਰੂਪ 'ਚ ਸਨ। ਉਸ ਸਮੇਂ ਕਿਸਾਨੀ ਦੇ ਸੰਘਰਸ਼ਾਂ ਦੀਆਂ ਮੁੱਖ ਮੰਗਾਂ ਜ਼ਮੀਨੀ ਮਾਲੀਏ ਅਤੇ ਲਗਾਨ ਨੂੰ ਘੱਟ ਕਰਨਾ, ਪੈਦਾਵਾਰ 'ਚੋਂ ਵਧੇਰੇ ਹਿੱਸਾ ਲੈਣ, ਸਾਮਰਾਜੀਆਂ, ਰਜਵਾੜਿਆਂ, ਜਾਗੀਰਦਾਰਾਂ ਆਦਿ ਤੋਂ ਜ਼ਮੀਨਾਂ ਦੇ ਮਾਲਕੀ ਹੱਕ ਹਾਸਲ ਕਰਨਾ ਸਨ ਜਾਂ ਜ਼ਮੀਨ ਮਾਲਕੀ ਬਰਕਰਾਰ ਰੱਖਣ, ਸੂਦਖੋਰੀ ਦੀ ਲੁੱਟ ਨੂੰ ਖਤਮ ਕਰਨ ਆਦਿ ਜਿਹੀਆਂ ਮੰਗਾਂ ਲਈ ਲੜੇ ਜਾਂਦੇ ਸਨ। ਕਿਸਾਨੀ ਦੇ ਪਿੰਡਿਆਂ 'ਤੇ ਚਿੰਬੜੀਆਂ ਹੋਈਆਂ ਇਨ੍ਹਾਂ ਜੋਕਾਂ ਦੇ ਖਿਲਾਫ ਇਹ ਸੰਘਰਸ਼ ਆਪਣੇ ਸ਼ੁਰੂਆਤੀ ਪੜਾਵਾਂ ਵਿੱਚ ਹੀ ਖਾੜਕੂ ਰੂਪ ਅਖਤਿਆਰ ਕਰ ਜਾਂਦੇ ਸਨ। ਕਿਸਾਨੀ ਦੇ ਦੁਸ਼ਮਣ ਕਿਸਾਨੀ ਨੂੰ ਜ਼ਮੀਨ ਤੋਂ ਉਜਾੜਨ ਜਾਂ ਉਨ੍ਹਾਂ ਦੀ ਫਸਲੀ ਪੈਦਾਵਾਰ 'ਤੇ ਕਾਬਜ਼ ਹੋਣ ਲਈ ਆਪਣੀ ਲੱਠਮਾਰ ਨਿੱਜੀ ਸੈਨਾ ਦਾ ਅਕਸਰ ਹੀ ਇਸਤੇਮਾਲ ਕਰਦੇ ਸਨ, ਜਿਨ੍ਹਾਂ ਦਾ ਟਾਕਰਾ ਕਰਨ ਤੇ ਆਪਣੀਆਂ ਜ਼ਮੀਨਾਂ ਤੇ ਜ਼ਮੀਨੀ ਉਪਜਾਂ ਨੂੰ ਬਚਾਉਣ ਲਈ ਕਿਸਾਨੀ ਨੂੰ ਵੀ ਆਪਣੀਆਂ ਸਲੰਘਾਂ, ਟਕੂਏ ਅਤੇ ਡਾਂਗਾਂ ਦੀ ਵਰਤੋਂ ਕਰਨ ਲਈ ਮਜਬੂਰ ਹੋਣਾ ਪੈਂਦਾ ਸੀ। ਅਜਿਹਾ ਸਾਹਸ ਨਾ ਕਰਨ ਦਾ ਅਰਥ ਕਿਸਾਨਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਭੁੱਖੇ ਮਰਨ ਜਾਂ ਫਾਕੇ ਕੱਟਣ ਲਈ ਮਜਬੂਰ ਹੋਣਾ ਪੈਂਦਾ ਸੀ। ਖੇਤੀਬਾੜੀ ਬੇਹੱਦ ਪਛੜੀ ਹੋਈ ਸੀ, ਜੋ ਸਿੰਚਾਈ ਤੋਂ ਵਿਰਵੀ ਅਤੇ ਮੀਂਹਾਂ 'ਤੇ ਨਿਰਭਰ ਸੀ। ਸੋਕੇ ਕਾਰਨ ਕਾਲ ਪੈਣੇ ਅਤੇ ਹੜ੍ਹਾਂ 'ਚ ਫਸਲਾਂ ਦੀ ਬਰਬਾਦੀ ਆਮ ਗੱਲ ਸੀ। ਖੇਤੀ ਦੇ ਸੰਦ ਸਾਧਨ ਪੱਛੜੇ ਹੋਣ ਅਤੇ ਬਹੁਤੀਆਂ ਜ਼ਮੀਨਾਂ ਦੇ ਬੰਜਰ ਹਾਲਤ 'ਚ ਹੋਣ ਕਰਕੇ ਖੇਤੀ ਪੈਦਾਵਾਰ ਬੇਹੱਦ ਨੀਵੇਂ ਪੱਧਰ 'ਤੇ ਸੀ। ਜਿਸ ਕਰਕੇ ਖੇਤੀ 'ਚ ਬੱਚਤ ਹੋਣੀ ਤਾਂ ਕਿਤੇ ਰਹੀ, ਪੇਟ ਭਰਨਾ ਵੀ ਮੁਸ਼ਕਲ ਸੀ। ਇਹਨਾਂ ਹਾਲਤਾਂ ਵਿੱਚ ਕਿਸਾਨੀ ਦੀਆਂ ਮੰਗਾਂ-ਮਸਲੇ ਸਥਾਨਕ ਪੱਧਰ ਦੇ ਸਨ ਅਤੇ ਉਸ ਦੀ ਜ਼ਿਆਦਾਤਰ ਲੜਾਈ ਵੀ ਸਥਾਨਕ ਪੱਧਰ ਦੇ ਦੁਸ਼ਮਣਾਂ ਨਾਲ ਹੀ ਹੁੰਦੀ ਸੀ।

ਦੂਸਰੀ ਸੰਸਾਰ ਜੰਗ ਤੋਂ ਬਾਅਦ ਸਾਮਰਾਜੀ ਚਲਣ-ਢੰਗ 'ਚ ਵੱਡੀਆਂ ਤਬਦੀਲੀਆਂ ਹੋਈਆਂ। ਬਸਤੀਵਾਦੀ ਢੰਗ ਦੀ ਥਾਂ ਨਵ-ਬਸਤੀਵਾਦੀ ਢੰਗ ਨੇ ਲੈ ਲਈ। ਲੁੱਟ ਦੇ ਇਸ ਨਵੇਂ ਸੰਸਾਰ ਵਿਆਪੀ ਸਾਮਰਾਜੀ ਚਲਣ-ਢੰਗ ਦੀਆਂ ਹਾਲਤਾਂ ਵਿੱਚ ਸਾਮਰਾਜੀ ਤਾਕਤਾਂ ਅਤੇ ਇਨ੍ਹਾਂ ਨਾਲ ਸਾਂਝ-ਭਿਆਲੀ ਦੇ ਰਿਸ਼ਤੇ 'ਚ ਭਾਰਤੀ ਵੱਡੀ ਸਰਮਾਏਦਾਰੀ ਦੀ ਜ਼ਰੂਰਤ ਆਪਣੀ ਮੰਡੀ 'ਤੇ ਮੁਨਾਫੇ ਦਾ ਪਸਾਰਾ ਕਰਨਾ ਸੀ। ਇਸ ਮਕਸਦ ਨੂੰ ਹਾਸਲ ਕਰਨ ਲਈ ਜ਼ਮੀਨੀ ਸੁਧਾਰ ਕਰਨ ਅਤੇ ਖੇਤੀਬਾੜੀ ਅੰਦਰ ਮਸ਼ੀਨਰੀ, ਸਿੰਚਾਈ ਦੇ ਸਾਧਨ, ਨਵੇਂ ਬੀਜ, ਖਾਦਾਂ, ਕੀੜੇਮਾਰ ਤੇ ਨਦੀਨਨਾਸ਼ਕ ਦਵਾਈਆਂ ਆਦਿ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਦੀ ਜ਼ਰੂਰਤ ਸੀ। ਸਾਮਰਾਜਵਾਦ ਅਤੇ ਇਸ ਦੀ ਜੋਟੀਦਾਰ ਭਾਰਤੀ ਵੱਡੀ ਸਰਮਾਏਦਾਰੀ ਨੇ ਆਪਣੀਆਂ ਲੋੜਾਂ ਵਿੱਚੋਂ ਖੇਤੀਬਾੜੀ ਨੂੰ ਸਰਮਾਏਦਾਰਾਨਾ ਲੀਹਾਂ 'ਤੇ ਚਲਾਉਣ ਲਈ ਦੇਸ਼ ਦੇ ਚੋਣਵੇਂ ਖੇਤਰਾਂ ਦੀ ਨਿਸ਼ਾਨਦੇਹੀ ਕੀਤੀ, ਜਿੱਥੇ ਅਖੌਤੀ ਹਰੇ ਇਨਕਲਾਬ ਦਾ ਤਜਰਬਾ ਕੀਤਾ ਗਿਆ। 'ਹਰੇ ਇਨਕਲਾਬ' ਦੇ ਨਮੂਨੇ ਵਜੋਂ ਬੈਂਕ ਕਰਜ਼ਿਆਂ ਅਤੇ ਖੇਤੀਬਾੜੀ ਨੂੰ ਸਰਮਾਏਦਾਰਾਨਾ ਲੀਹਾਂ 'ਤੇ ਚਲਾਉਣ ਕਰਕੇ ਜਿਣਸੀ ਪੈਦਾਵਾਰ 'ਚ ਵੱਡਾ ਵਾਧਾ ਹੋਇਆ। ਬੀਜ, ਬਿਜਲੀ-ਪਾਣੀ, ਕਰਜ਼ੇ, ਖੇਤੀਬਾੜੀ ਸੰਦਾਂ ਅਤੇ ਹੋਰ ਖੇਤੀ ਲਾਗਤਾਂ ਅੰਦਰ ਨਵੇਂ ਢੰਗਾਂ ਅਤੇ ਨਵੀਆਂ ਤਕਨੀਕਾਂ ਦੀ ਵਰਤੋਂ ਸਦਕਾ ਖੇਤੀਬਾੜੀ ਅੰਦਰ ਖੇਤੀ ਪੈਦਾਵਾਰ ਵਧਣ ਦੇ ਨਾਲ-ਨਾਲ ਜਮਾਤੀ ਧਰੁਵੀਕਰਨ ਵੀ ਤੇਜ਼ ਹੋਇਆ। ਇੱਕ ਪਾਸੇ ਪੂੰਜੀਪਤੀ ਵੱਡੇ ਫਾਰਮਰਾਂ ਅਤੇ ਦੂਜੇ ਪਾਸੇ ਆਪਣੀ ਕਿਰਤ 'ਤੇ ਜਿਓਣ ਵਾਲੇ ਦਿਹਾੜੀਦਾਰ ਮਜ਼ਦੂਰਾਂ ਦੀਆਂ ਜਮਾਤਾਂ ਹੋਂਦ 'ਚ ਆਈਆਂ। ਵੱਡੇ ਸਰਮਾਏਦਾਰ ਭੂਮੀਪਤੀਆਂ ਨੇ ਖੇਤੀ 'ਚ ਹੋਏ ਮੁਨਾਫਿਆਂ ਨੂੰ ਹੋਰ ਖੇਤਰਾਂ 'ਚ ਨਿਵੇਸ਼ ਕੀਤਾ, ਆਪਣੇ ਸਰਮਾਏ ਵਿੱਚ ਖੂਬ ਵਾਧਾ ਕੀਤਾ, ਪਰ ਦੂਜੇ ਪਾਸੇ ਪੇਂਡੂ ਮਜ਼ਦੂਰਾਂ ਨੂੰ ਬੇਰੁਜ਼ਗਾਰੀ ਜਾਂ ਨੀਮ-ਬੇਰੁਜ਼ਗਾਰੀ ਦੀ ਹਾਲਤ 'ਚ ਧੱਕ ਦਿੱਤਾ। ਛੋਟੀ ਅਤੇ ਦਰਮਿਆਨੀ ਕਿਸਾਨੀ ਕਰਜ਼ੇ ਦਾ ਬੁਰੀ ਤਰ੍ਹਾਂ ਸ਼ਿਕਾਰ ਹੋ ਗਈ। ਹਰੇ ਇਨਕਲਾਬ ਦੇ ਖੇਤਰਾਂ ਅੰਦਰ ਜ਼ਮੀਨ, ਪਾਣੀ ਆਦਿ ਕੁਦਰਤੀ ਸੋਮਿਆਂ ਦੀ ਬੇਕਿਰਕ ਲੁੱਟ ਅਤੇ ਸਾਮਰਾਜੀ ਸਰਮਾਏਦਾਰਾ ਵਿਕਾਸ ਮਾਡਲ ਦੁਆਰਾ ਵਾਤਾਵਰਣ ਉਜਾੜੇ ਨੇ ਖੁਦਕੁਸ਼ੀਆਂ, ਬਿਮਾਰੀਆਂ ਅਤੇ ਹੋਰ ਕਈ ਤਰ੍ਹਾਂ ਦੀਆਂ ਅਲਾਮਤਾਂ ਪੇਂਡੂ ਸਮਾਜ ਦੇ ਪੱਲੇ ਪਾਈਆਂ। ਇਹਨਾਂ ਖੇਤਰਾਂ ਅੰਦਰ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀ ਲੁੱਟ, ਖੇਤੀ ਲਾਗਤ ਵਸਤਾਂ ਦੀ ਮਹਿੰਗਾਈ ਅਤੇ ਉਸ ਦੇ ਮੁਕਾਬਲੇ ਖੇਤੀ ਫਸਲਾਂ ਦੇ ਘਾਟੇਵੰਦੇ ਭਾਅ ਦੇ ਵਰਤਾਰੇ ਨੇ ਕਰਜ਼ਦਾਰੀ, ਕੁਰਕੀਆਂ ਅਤੇ ਖੇਤੀ 'ਚੋਂ ਕਿਸਾਨੀ ਦੇ ਨਿਕਾਲੇ ਦੇ ਹਾਲਾਤ ਪੈਦਾ ਕੀਤੇ। ਇਹਨਾਂ ਨਵੀਆਂ ਹਾਲਤਾਂ 'ਚ ਮੋਦੀ ਸਰਕਾਰ ਵੱਲੋਂ ਖੇਤੀਬਾੜੀ ਸਬੰਧੀ ਪਾਸ ਕੀਤੇ ਤਿੰਨ ਕਾਨੂੰਨਾਂ ਦੇ ਖਿਲਾਫ ਕਿਸਾਨੀ ਦਾ ਦੇਸ਼ਵਿਆਪੀ ਅੰਦੋਲਨ ਉੱਭਰਿਆ, ਜੋ ਹਰੇ ਇਨਕਲਾਬ ਦੇ ਖੇਤਰਾਂ 'ਚ ਵਿਸ਼ੇਸ਼ ਕਰਕੇ ਵਿਸ਼ਾਲ ਲਾਮਬੰਦੀ ਅਤੇ ਘੋਲ ਦੇ ਤਿੱਖੇ ਰੂਪਾਂ 'ਚ ਸਾਹਮਣੇ ਆਇਆ।

ਦਿੱਲੀ ਦੀਆਂ ਬਰੂਹਾਂ ਅਤੇ ਦੇਸ਼ ਦੇ ਬਹੁਤ ਸਾਰੇ ਕੋਨਿਆਂ 'ਚ ਚੱਲੇ ਇਸ ਕਿਸਾਨ ਸੰਘਰਸ਼ ਨੇ ਬਾਖੂਬੀ ਦਰਸਾਅ ਦਿੱਤਾ ਹੈ ਕਿ ਹੁਣ ਦੇਸ਼ ਦੇ ਕਾਫੀ ਵੱਡੇ ਖੇਤਰਾਂ ਵਿੱਚ ਪੁਰਾਣੀ ਕਿਸਮ ਦੀ ਜਗੀਰੂ ਲੁੱਟ ਅਤੇ ਦਾਬੇ ਦੇ ਵਿਰੁੱਧ ਸਥਾਨਕ ਪੱਧਰ ਦੇ ਕਿਸਾਨ ਸੰਘਰਸ਼ਾਂ ਦਾ ਸਮਾਂ ਬੀਤ ਚੁੱਕਿਆ ਹੈ ਅਤੇ ਹੁਣ ਦੇਸ਼-ਪੱਧਰੇ ਜਾਂ ਵੱਡੇ ਖਿੱਤਿਆਂ ਨੂੰ ਲਪੇਟ 'ਚ ਲੈਣ ਵਾਲੇ ਕਿਸਾਨ ਸੰਘਰਸ਼ਾਂ ਦਾ ਪਿੜ ਬੱਝ ਚੁੱਕਿਆ ਹੈ। ਇਹ ਸੰਘਰਸ਼ ਦੇਸੀ-ਵਿਦੇਸ਼ੀ ਕਾਰਪੋਰੇਟਾਂ ਅਤੇ ਇਹਨਾਂ ਦੇ ਹਿੱਤਾਂ ਦੀ ਰਾਖੀ ਕਰਨ ਵਾਲੇ ਸਾਮਰਾਜੀ ਪ੍ਰਬੰਧ ਅਤੇ ਭਾਰਤ ਦੀ ਪਿਛਾਂਹ-ਖਿੱਚੂ ਹਕੂਮਤ ਦੇ ਖਿਲਾਫ ਸੇਧਤ ਹਨ। ਪੇਂਡੂ ਪੱਧਰ ਅੰਦਰ ਵਿਸ਼ਾਲ ਰੂਪ ਅਖਤਿਆਰ ਕਰਨ ਦੀ ਸੰਭਾਵਨਾ ਵਾਲੀ ਜਰਈ ਇਨਕਲਾਬੀ ਲਹਿਰ ਦੀ ਅਗਵਾਈ ਦੀ ਜ਼ਿੰਮੇਵਾਰੀ ਅੰਤਿਮ ਤੌਰ 'ਤੇ ਇਸ ਖੇਤਰ ਦੀ ਸਭ ਤੋਂ ਇਨਕਲਾਬੀ ਜਮਾਤ ਪੇਂਡੂ ਮਜ਼ਦੂਰਾਂ ਦੇ ਮੋਢਿਆਂ 'ਤੇ ਆਵੇਗੀ। ਇਹ ਲਹਿਰ ਭਾਰਤ ਦੇ ਹੋਰਨਾਂ ਤਬਕਿਆਂ ਦੇ ਜਨਤਕ ਅਤੇ ਸਿਆਸੀ ਸੰਘਰਸ਼ਾਂ ਨਾਲ ਇੱਕਸੁਰ ਹੁੰਦੀ ਹੋਈ ਸਮਾਜ ਬਦਲੋ-ਰਾਜ ਬਦਲੋ ਦੇ ਨਾਅਰੇ ਥੱਲੇ ਦੇਸ਼ ਦੇ ਢਾਂਚੇ ਅੰਦਰ ਬੁਨਿਆਦੀ ਤਬਦੀਲੀਆਂ ਲਿਆਉਣ ਦੀ ਦਿਸ਼ਾ ਵਿੱਚ ਅੱਗੇ ਵਧਣ ਦੀਆਂ ਸੰਭਾਵਨਾਵਾਂ ਨਾਲ ਭਰਪੂਰ ਹੈ। ਇਹਨਾਂ ਨੂੰ ਸਾਕਾਰ ਕਰਨ ਲਈ ਇਨਕਲਾਬੀ ਲਹਿਰ ਅਤੇ ਕਿਸਾਨ ਕਾਰਕੁਨਾਂ ਨੂੰ ਵਰਤਮਾਨ ਹਾਲਤਾਂ ਦੇ ਮੱਦੇਨਜ਼ਰ ਦਰਪੇਸ਼ ਨਵੇਂ ਆਰਥਿਕ ਅਤੇ ਸਿਆਸੀ ਕਾਰਜਾਂ ਨੂੰ ਹੱਥ ਲੈਣਾ ਹੋਵੇਗਾ ਅਤੇ ਪੁਰਾਣੀਆਂ ਕੱਟੜਵਾਦੀ ਅਤੇ ਵੇਲਾ ਵਿਹਾਅ ਚੁੱਕੀਆਂ ਸਮਝਾਂ ਤੋਂ ਖਹਿੜਾ ਛੁਡਾਉਣਾ ਹੋਵੇਗਾ।

19 ਨਵੰਬਰ 2021 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਖੇਤੀ ਵਿਰੋਧੀ ਤਿੰਨੇ ਕਾਲੇ ਕਾਨੂੰਨ ਵਾਪਸ ਲੈਣ ਤੋਂ ਬਾਅਦ ਇਨ੍ਹਾਂ ਕਾਨੂੰਨਾਂ ਨੂੰ 'ਦੀਵੇ ਦੀ ਲਾਟ ਵਾਂਗ ਰੋਸ਼ਨੀ ਦੇਣ ਵਾਲੇ' ਗਰਦਾਨਦਿਆਂ ਕਿਸਾਨਾਂ ਨੂੰ ਸਮਝਾਉਣ ਵਿੱਚ ਰਹਿ ਗਈ ਤਪੱਸਿਆ ਦੀ ਗੱਲ ਕਰਦਿਆਂ ਆਪਣੇ ਅਸਲੀ ਮਨਸ਼ਿਆਂ ਦਾ ਇਜ਼ਹਾਰ ਕਰ ਦਿੱਤਾ ਸੀ। 9 ਦਸੰਬਰ 2021 ਨੂੰ ਕੇਂਦਰੀ ਹਕੂਮਤ ਦੇ ਨੁਮਾਇੰਦਿਆਂ ਨੇ ਸੰਯੁਕਤ ਕਿਸਨ ਮੋਰਚੇ ਦੀ ਲੀਡਰਸ਼ਿਪ ਨਾਲ ਲਿਖਤੀ ਵਾਅਦੇ ਕੀਤੇ ਸਨ। ਇਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਲਈ ਕੇਂਦਰੀ ਹਕੂਮਤ ਨੂੰ ਸਮਾਂ ਦਿੰਦਿਆਂ ਸੰਯੁਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਨੇ ਆਪਣੇ ਸਾਲ ਭਰ ਤੋਂ ਵੀ ਵੱਧ ਸਮੇਂ ਤੋਂ ਚੱਲ ਰਹੇ ਸੰਘਰਸ਼ ਨੂੰ ਵਿਰਾਮ ਦਿੰਦਿਆਂ ਮੁਲਤਵੀ ਕਰਨ ਦਾ ਐਲਾਨ ਕੀਤਾ ਸੀ।

(● ਬਾਕੀ ਸਫ਼ਾ 9)

# ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ ਨੂੰ ਸਮਰਪਤ ਸਿਧਾਂਤਕ ਕੈਂਪ ਲਾਇਆ

## ਜਵਾਨੀ ਨੂੰ ਸ਼ਹੀਦ ਸਰਾਭਾ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ : ਛਾਂਗਾ ਰਾਏ, ਧਰਮੂਵਾਲਾ



**ਗੁਰੂ ਹਰਸਹਾਏ (ਦੀਪਕ ਵਧਾਵਨ)**
ਗੋਲੂ ਕੇ ਮੋੜ ਵਿਖੇ ਸਥਿਤ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਤੇ ਸਿਧਾਂਤਕ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਵੱਖ ਵੱਖ ਵਿੱਦਿਅਕ ਅਦਾਰਿਆਂ ਤੇ ਪਿੰਡਾਂ ਵਿੱਚੋਂ ਨੌਜਵਾਨਾਂ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਸਮਾਗਮ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਕੀਤੀ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਰਮਨ ਧਰਮੂਵਾਲਾ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਉਮਰ ਬੇਸ਼ੱਕ ਛੋਟੀ ਸੀ, ਪਰ ਉਨ੍ਹਾਂ ਵੱਲੋਂ ਗਦਰ ਪਾਰਟੀ ਦੀ ਅਗਵਾਈ ਵਿੱਚ ਦੇਸ਼ ਦੀ ਆਜ਼ਾਦੀ ਲਈ ਪਾਇਆ ਯੋਗਦਾਨ ਵੱਡਮੁੱਲਾ ਹੈ। ਉਨ੍ਹਾਂ ਨੇ ਛੋਟੇ ਜਿਹੇ ਇਨਕਲਾਬੀ ਜੀਵਨ ਵਿੱਚ ਐਨੇ ਵੱਡੇ ਕਾਰਨਾਮੇ ਕੀਤੇ ਕਿ ਸ਼ਾਇਦ ਕੋਈ ਲੰਬੀਆਂ ਉਮਰਾਂ ਭੋਗ ਕੇ ਵੀ ਨਹੀਂ ਕਰ ਸਕਦਾ। ਦੇਸ਼ ਦੀ ਜਵਾਨੀ ਨੂੰ ਅੱਜ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਮਹਾਨ ਇਨਕਲਾਬੀ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।

ਇਸ ਮੌਕੇ ਨੌਜਵਾਨਾਂ ਦੇ ਸੂਬਾਈ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਹਾਜ਼ਰੀਨ ਨੂੰ ਸਿਧਾਂਤਕ ਸਿਖਲਾਈ ਦਿੰਦਿਆਂ ਕਿਹਾ ਕਿ ਸ਼ਹੀਦਾਂ ਵੱਲੋਂ ਆਪਣੀਆਂ ਕੁਰਬਾਨੀਆਂ ਦੇ ਕੇ ਆਜ਼ਾਦ ਕਰਵਾਇਆ ਮੁਲਕ ਅੱਜ ਕਿਵੇਂ ਹਜ਼ਾਰਾਂ ਮੁਸ਼ਕਲਾਂ ਨਾਲ ਜੂਝ ਰਿਹਾ ਹੈ, ਜੋ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਨਹੀਂ। ਉਨ੍ਹਾਂ ਕਿਹਾ ਕਿ ਪਰਮਗੁਣੀ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਊਧਮ ਸਿੰਘ ਹੁਰਾਂ ਨੇ ਆਉਣ ਵਾਲੀ ਪੀੜ੍ਹੀ, ਜੋ ਕਿ ਅਸੀਂ ਹਾਂ, 'ਤੇ ਜ਼ਿੰਮੇਵਾਰੀ ਪਾਈ ਸੀ ਕਿ ਅਸੀਂ ਉਨ੍ਹਾਂ ਦੇ ਅਧੂਰੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਅੱਗੇ ਆਈਏ। ਉਨ੍ਹਾਂ ਆਸ ਪ੍ਰਗਟ ਕਰਦਿਆਂ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਪੰਜਾਬ ਵਿੱਚ ਚਲਾਈ ਰੁਜ਼ਗਾਰ ਪ੍ਰਾਪਤੀ ਮੁਹਿੰਮ ਦਾ ਇਨਕਲਾਬੀ ਪ੍ਰੋਗਰਾਮ 'ਬਨੇਗਾ' ਭਾਵ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੀ ਪ੍ਰਾਪਤੀ ਲਈ ਸੰਘਰਸ਼ ਤੇ ਇਸ ਦਾ ਅਮਲ ਸਚਮੁੱਚ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਬਣਾਉਣ ਦੇ ਸਮਰੱਥ ਹੈ। ਆਗੂਆਂ ਨੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਬਨੇਗਾ ਕਾਨੂੰਨ ਬਣ ਕੇ ਇਸ ਦੇ ਲਈ ਸੰਘਰਸ਼ ਕਰਨ ਤਾਂ ਕਿ ਸਮਾਜ ਵਿੱਚ ਖੁਸ਼ਹਾਲੀ ਬਹਾਲ ਕੀਤੀ ਜਾ ਸਕੇ। ਇਸ ਸਮਾਗਮ ਨੂੰ ਰਾਜ ਕੁਮਾਰ ਬਾਹਰਕ ਕੇ, ਰਾਜੂ ਛਿੱਲੀਆਂ, ਗੁਰਮੀਤ ਹੀਰਾ ਤੇ ਮੁਖਤਿਆਰ ਸਿੰਘ ਛਿੱਲੀਆਂ, ਨਮਨ ਪੰਜੇ ਕੇ, ਪਰਮੀਆ ਸ਼ਹੀਦ ਊਧਮ ਸਿੰਘ ਨਗਰ, ਮਨਪ੍ਰੀਤ ਪੰਜੇ ਕੇ, ਧਰਮਿੰਦਰ ਰਹਿਮੇਸ਼ਾਹ, ਕੁਲਦੀਪ ਅਜ਼ਾਬਾ, ਪ੍ਰਕਾਸ਼ ਸਿੰਘ ਚੱਕ ਮਾਦੀ ਕੇ ਆਦਿ ਦੀ ਅਗਵਾਈ ਵਿੱਚ ਨੌਜਵਾਨ ਤੇ ਵਿਦਿਆਰਥੀ ਸ਼ਾਮਲ ਹੋਏ।

# ਮਾਨਸਾ ਜ਼ਿਲ੍ਹੇ 'ਚੋਂ ਚੰਡੀਗੜ੍ਹ ਮੋਰਚੇ 'ਚ ਸ਼ਮੂਲੀਅਤ ਲਈ ਦੂਸਰਾ ਜੱਥਾ ਰਵਾਨਾ

## ਮੋਦੀ ਹਕੂਮਤ ਦੇਸ਼ ਦੇ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕਰੇ : ਚੌਹਾਨ/ਉੱਡਤ



**ਮਾਨਸਾ (ਆਤਮਾ ਸਿੰਘ ਪਮਾਰ)**
ਸੰਯੁਕਤ ਕਿਸਾਨ ਮੋਰਚੇ ਤੇ ਦੇਸ਼ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ ਦੇ ਦੇਸ਼ ਵਿਆਪੀ ਸੱਦੇ 'ਤੇ 26 ਤੋਂ 28 ਨਵੰਬਰ ਤੱਕ ਤਿੰਨ ਰੋਜ਼ਾ ਧਰਨਾ, ਜੋ ਪੰਜਾਬ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਲਗਾਇਆ ਗਿਆ ਹੈ, ਵਿੱਚ ਸ਼ਮੂਲੀਅਤ ਕਰਨ ਲਈ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਦਾ ਦੂਜਾ ਜੱਥਾ ਜ਼ਿਲ੍ਹਾ ਪ੍ਰਧਾਨ ਰੂਪ ਸਿੰਘ ਢਿੱਲੋਂ ਤੇ ਜਨਰਲ ਸਕੱਤਰ ਸਾਥੀ ਮਲਕੀਤ ਸਿੰਘ ਮੰਦਰਾ ਦੀ ਅਗਵਾਈ ਹੇਠ ਚੰਡੀਗੜ੍ਹ ਲਈ ਰਵਾਨਾ ਹੋਇਆ। ਇਸ ਮੌਕੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਾਮਰੇਡ ਕ੍ਰਿਸ਼ਨ ਚੌਹਾਨ, ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਤੇ ਰੂਪ ਸਿੰਘ ਢਿੱਲੋਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਤਿਹਾਸਕ ਕਿਸਾਨੀ ਅੰਦੋਲਨ ਸਮੇਂ ਦੇਸ਼ ਦੀ ਮੋਦੀ ਹਕੂਮਤ ਵੱਲੋਂ, ਜੋ ਵਾਅਦੇ ਦੇਸ਼ ਦੀ ਕਿਸਾਨੀ ਨਾਲ ਕੀਤੇ ਸਨ, ਉਹ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਪੂਰੇ ਨਹੀਂ ਕੀਤੇ, ਜਿਸ ਤੋਂ ਮੋਦੀ ਹਕੂਮਤ ਦੀ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਦਾ ਪਰਦਾਫਾਸ਼ ਹੁੰਦਾ ਹੈ। ਆਗੂਆਂ ਨੇ ਕਿਹਾ ਕਿ ਮੋਦੀ ਹਕੂਮਤ ਆਪਣੇ ਵਾਅਦੇ ਮੁਤਾਬਕ ਐੱਮ. ਐੱਸ. ਪੀ. 'ਤੇ ਕਾਨੂੰਨ ਲੈ ਕੇ ਆਵੇ, ਕਿਸਾਨਾਂ ਮਜ਼ਦੂਰਾਂ ਦਾ ਕਰਜ਼ਾ ਮੁਆਫ ਕਰੇ ਤੇ ਕਿਸਾਨੀ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਆਰਥਿਕ ਮਦਦ ਦੇਣ ਦਾ ਕੀਤਾ ਵਾਅਦਾ ਪੂਰੇ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੀਤ ਸਿੰਘ ਬੋੜਾਵਾਲ, ਭੁਪਿੰਦਰ ਸਿੰਘ ਗੁਰਨੇ, ਗੁਰਦਾਸ ਟਾਹਲੀਆ, ਪਤਲਾ ਸਿੰਘ ਦਲੇਲ ਵਾਲਾ, ਹਰਨੇਕ ਮਾਨਸਾ ਖੁਰਦ, ਕਪੂਰ ਸਿੰਘ ਕੋਟਲੱਲੂ, ਮੇਜਰ ਦਲੇਲ ਸਿੰਘ ਵਾਲਾ, ਗੁਰਦੇਵ ਦਲੇਲ ਸਿੰਘ ਵਾਲਾ, ਕੇਵਲ ਭੀਖੀ, ਕੇਵਲ ਮੰਦਰਾ, ਸੁਖਦੇਵ ਮਾਨਸਾ ਆਦਿ ਹਾਜ਼ਰ ਸਨ।

# ਅਰੋੜਾ ਮੋਟਰਜ਼ ਨੇ ਨਗਰ ਕੀਰਤਨ ਦੀ ਸੰਗਤ ਨੂੰ ਪਿਲਾਇਆ ਜੂਸ

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਤ ਅਮਲੋਹ ਵਿਖੇ ਸਜਾਏ ਗਏ ਨਗਰ ਕੀਰਤਨ ਦਾ ਅਰੋੜਾ ਮੋਟਰਜ਼ ਦੇ ਐੱਮ ਡੀ ਕਾਲਾ ਅਰੋੜਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ, ਉਥੇ ਹੀ ਸੰਗਤਾਂ ਲਈ ਜੂਸ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਵੈੱਲਫੇਅਰ ਸੁਸਾਇਟੀ ਅਮਲੋਹ ਦੇ ਪ੍ਰਧਾਨ ਜਸਵੰਤ ਸਿੰਘ ਮੈਂਬਰਾਂ ਸਮੇਤ ਪਹੁੰਚੇ, ਜਿਨ੍ਹਾਂ ਕਾਲਾ ਅਰੋੜਾ ਵੱਲੋਂ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਕਾਲਾ ਅਰੋੜਾ ਨੇ ਕਿਹਾ ਕਿ ਹਰ ਸਾਲ ਪ੍ਰਕਾਸ ਪੁਰਬ ਮੌਕੇ ਸਜਾਏ ਨਗਰ ਕੀਰਤਨ ਦਾ ਸਵਾਗਤ ਕੀਤਾ ਜਾਂਦਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਕਰਦੇ ਰਹਾਂਗੇ। ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਮਿਲੇ ਉਪਦੇਸ਼ 'ਤੇ ਚੱਲਦੇ ਹੋਏ ਚੰਗੇ ਕੰਮ ਕਰਨੇ ਚਾਹੀਦੇ ਹਨ ਤੇ ਆਪਣੇ ਗੁਰੂਆਂ ਦੇ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਣੇ ਚਾਹੀਦੇ ਹਨ। ਇਸ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਵੈੱਲਫੇਅਰ ਸੁਸਾਇਟੀ ਅਮਲੋਹ ਦੇ ਪ੍ਰਧਾਨ ਜਸਵੰਤ ਸਿੰਘ ਅਲਾਦਾਦਪੁਰ, ਜਥੇ. ਕਰਮਜੀਤ ਸਿੰਘ ਭਗੜਾਣਾ, ਗੁਰਕਿਰਤ ਸਿੰਘ ਅਰੋੜਾ, ਗੁਰਨਾਮ ਪੁਰੀ, ਅਮਨ ਧੀਮਾਨ, ਨਰਿੰਦਰਪਾਲ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਸੋਨੂੰ, ਹਰਵਿੰਦਰ ਸਿੰਘ, ਜਗਦੀਸ਼ ਸਿੰਘ, ਹਰਨੇਕ ਸਿੰਘ ਖਨਿਆਣ, ਜਤਿੰਦਰ ਸਿੰਘ, ਹਰਪ੍ਰੀਤ ਸਿੰਘ, ਸਤਨਾਮ ਸਿੰਘ, ਬਿੰਦਰ, ਜਸ਼ਨ ਆਦਿ ਮੌਜੂਦ ਸਨ।




ਨਗਰ ਕੀਰਤਨ ਦੀ ਸੰਗਤ ਲਈ ਲਗਾਏ ਜੂਸ ਦੇ ਲੰਗਰ ਮੌਕੇ ਸੇਵਾ ਕਰਦੇ ਐੱਮ ਡੀ ਕਾਲਾ ਅਰੋੜਾ, ਪ੍ਰਧਾਨ ਜਸਵੰਤ ਸਿੰਘ ਤੇ ਸਾਥੀ।

# ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਅਰਜਨਟਾਈਨਾ ਅੰਬੈਸੀ ਦੇ ਪ੍ਰਤੀਨਿਧੀ ਵੱਲੋਂ ਪੰਜਾਬ ਦਾ ਦੌਰਾ



**ਲੁਧਿਆਣਾ (ਰਾਜ ਸਿੰਗਲਾ)**
ਇੱਕ ਸਰਗਰਮ ਪਹਿਲਕਦਮੀ ਤਹਿਤ, ਅਰਜਨਟੀਨਾ ਦੇ ਦੂਤਾਵਾਸ ਦੇ ਸ਼੍ਰੀ ਮਾਰੀਆਨੋ ਬੇਹਰਨ ਨੇ ਇੱਕ ਟੀਮ ਦੇ ਨਾਲ ਪੰਜਾਬ ਦਾ ਦੋ ਦਿਨਾ ਦੌਰਾ ਕੀਤਾ, ਜਿਸ ਦਾ ਤਾਲਮੇਲ ਆਈ.ਸੀ.ਏ.ਆਰ-ਐਗਰੀਕਲਚਰਲ ਟੈਕਨਾਲੋਜੀ ਐਪਲੀਕੇਸ਼ਨ ਰਿਸਰਚ ਇੰਸਟੀਚਿਊਟ (ਏ.ਟੀ.ਏ.ਆਰ.ਆਈ), ਜ਼ੋਨ-1 ਲੁਧਿਆਣਾ ਦੇ ਡਾਇਰੈਕਟਰ ਡਾ. ਪਰਵੇਂਦਰ ਸ਼ਿਓਰਾਨ ਦੁਆਰਾ ਕੀਤਾ ਗਿਆ। ਦੌਰੇ ਦਾ ਉਦੇਸ਼ ਖੇਤਰ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਨੂੰ ਵੇਖਣਾ ਤੇ ਸਮਝਣਾ ਸੀ। ਦਿੱਲੀ ਤੇ ਹਰਿਆਣਾ ਦੇ ਨੁਮਾਇੰਦਿਆਂ ਸਮੇਤ ਇੱਕ ਟੀਮ ਦੇ ਨਾਲ, ਸ਼੍ਰੀ ਮਾਰੀਆਨੋ ਦਾ ਯਾਤਰਾ ਪ੍ਰੋਗਰਾਮ ਸਮਝਦਾਰੀ ਨਾਲ ਭਰਿਆ ਹੋਇਆ ਸੀ। ਪਹਿਲੇ ਦਿਨ ਟੀਮ ਨੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ), ਫਤਹਿਗੜ੍ਹ ਸਾਹਿਬ ਤੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਝੋਨੇ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਬਿਨਾਂ ਕਣਕ ਦੀ ਬਿਜਾਈ ਲਈ ਹੈਪੀ ਸੀਡਰ, ਸਮਾਰਟ ਸੀਡਰ ਤੇ ਸੁਪਰ ਸੀਡਰ ਵਰਗੇ ਵੱਖ-ਵੱਖ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਕਾਰਜਾਂ ਨੂੰ ਦੇਖਿਆ। ਟੀਮ ਨੇ ਇਨ੍ਹਾਂ ਅਭਿਆਸਾਂ ਦੀ ਪ੍ਰਭਾਵਸ਼ੀਲਤਾ ਬਾਰੇ ਸਥਾਨਕ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਕਿਸਾਨਾਂ ਨੂੰ ਚੌਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਜਾਗਰੂਕ ਕਰਨ ਲਈ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੁਆਰਾ ਸਥਾਪਤ ਸਿਖਲਾਈ ਪਲੇਟਫਾਰਮਾਂ ਦਾ ਦੌਰਾ ਕੀਤਾ। ਡਾ. ਪਰਵਿੰਦਰ ਸ਼ਿਓਰਾਨ ਤੇ ਡਾ. ਵਿਪਨ ਰਾਮਪਾਲ ਨੇ ਇਨ੍ਹਾਂ ਪਲੇਟਫਾਰਮਾਂ ਦੀ ਮਹੱਤਤਾ ਬਾਰੇ ਦੱਸਿਆ। ਫਸਲਾਂ ਦੀ ਪੈਦਾਵਾਰ ਤੇ ਮਿੱਟੀ ਦੀ ਸਿਹਤ 'ਤੇ ਲੰਬੇ ਸਮੇਂ ਦੇ ਪ੍ਰਭਾਵਾਂ ਦਾ ਅਧਿਐਨ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਚੌਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅਟਾਰੀ, ਪੀ.ਏ.ਯੂ. ਤੇ ਕੇ.ਵੀ.ਕੇ. ਦੇ ਯਤਨਾਂ ਤੋਂ ਪ੍ਰਭਾਵਿਤ ਹੋ ਕੇ ਸ੍ਰੀ ਮਾਰੀਆਨੋ ਨੇ ਪੰਜਾਬ ਦੇ ਕਿਸਾਨਾਂ ਦੀ ਉਨ੍ਹਾਂ ਦੇ ਸਮਰਪਣ ਲਈ ਸ਼ਲਾਘਾ ਕੀਤੀ। ਇਹ ਦੌਰਾ ਗਿਆਨ ਤੇ ਤਜਰਬਿਆਂ ਦੇ ਵੱਡਮੁੱਲੇ ਅਦਾਨ-ਪ੍ਰਦਾਨ ਰਾਹੀਂ, ਟਿਕਾਊ ਖੇਤੀ ਅਭਿਆਸਾਂ ਵਿੱਚ ਅਰਜਨਟੀਨਾ ਤੇ ਪੰਜਾਬ ਦਰਮਿਆਨ ਸਹਿਯੋਗ ਨੂੰ ਉਤਸ਼ਾਹਤ ਕਰੇਗਾ।

# ਬਾਬਾ ਬੰਦਾ ਸਿੰਘ ਬਹਾਦਰ ਦਲ ਪੰਜਾਬ ਨੇ ਸਮਾਣਾ ਫਤਿਹ ਦਿਵਸ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-
ਬਾਬਾ ਬੰਦਾ ਸਿੰਘ ਬਹਾਦਰ ਦਲ ਪੰਜਾਬ ਦੇ ਪ੍ਰਧਾਨ ਜਥੇਦਾਰ ਕੁਲਦੀਪ ਸਿੰਘ ਢੈਂਠਲ ਦੀ ਅਗਵਾਈ ਹੇਠ ਬਾਬਾ ਬੰਦਾ ਸਿੰਘ ਬਹਾਦਰ ਚੌਕ ਸਮਾਣਾ ਵਿਖੇ 'ਸਮਾਣਾ ਫਤਿਹ ਦਿਵਸ' ਮਨਾਇਆ ਗਿਆ। ਇਸ ਮੌਕੇ ਅਰਦਾਸ ਕਰਨ ਉਪਰੰਤ ਸਮਾਣਾ ਫਤਿਹ ਦਿਵਸ ਦੀ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ। ਸਮਾਣਾ ਫਤਿਹ ਦਿਵਸ ਸਬੰਧੀ ਜਾਣਕਾਰੀ ਦਿੰਦੀਆਂ ਜਥੇਦਾਰ ਕੁਲਦੀਪ ਸਿੰਘ ਢੈਂਠਲ ਨੇ ਦੱਸਿਆ ਕਿ ਜ਼ਾਲਮ ਮੁਗਲ ਬਾਦਸ਼ਾਹ ਔਰੰਗਜੇਬ ਦੇ ਕਹਿਣ 'ਤੇ ਮੁਗਲ ਫੌਜਾਂ ਨੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੂੰ ਅਨੰਦਪੁਰ ਦਾ ਕਿਲ੍ਹਾ ਛੱਡਣ ਲਈ ਕਿਹਾ ਕਿ ਉਹ ਕਿਲ੍ਹਾ ਛੱਡ ਦੇਣ, ਉਨ੍ਹਾਂ 'ਤੇ ਕੋਈ ਹਮਲਾ ਨਹੀਂ ਕੀਤਾ ਜਾਵੇਗਾ, ਪ੍ਰੰਤੂ ਜਦੋਂ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਆਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਿਆ ਤਾਂ ਮੁਗਲਾਂ ਨੇ ਪਿੱਛੋਂ ਹਮਲਾ ਕਰ ਦਿੱਤਾ, ਜਿਸ ਵਿੱਚ ਮਾਤਾ ਗੁਜਰੀ ਤੇ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਗੁਰੂ ਗੋਬਿੰਦ ਸਿੰਘ ਜੀ ਨਾਲੋਂ ਅਲੱਗ ਹੋ ਗਏ ਅਤੇ ਬਾਬਾ ਅਜੀਤ ਸਿੰਘ ਗੁਰੂ ਗੋਬਿੰਦ ਸਿੰਘ ਜੀ ਨਾਲ ਮੁਗਲਾਂ ਨਾਲ ਲੜਾਈ ਕਰਦੇ ਹੋਏ ਚਮਕੌਰ ਦੀ ਗੜ੍ਹੀ ਵਿੱਚ ਪਹੁੰਚ ਗਏ। ਚਮਕੌਰ ਦੀ ਗੜ੍ਹੀ ਵਿੱਚ ਮੁਗਲਾਂ ਦਾ ਮੁਕਾਬਲਾ ਕਰਦੇ ਹੋਏ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਸ਼ਹੀਦ ਹੋ ਗਏ ਅਤੇ ਬਾਬਾ ਜੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਨੂੰ ਸਰਹੰਦ ਦੇ ਨਵਾਬ ਨੇ ਨੀਹਾਂ ਵਿੱਚ ਜ਼ਿੰਦਾ ਚਿਣਵਾ ਕੇ ਸ਼ਹੀਦ ਕਰ ਦਿੱਤਾ, ਇਥੇ ਹੀ ਮਾਤਾ ਗੁਜਰੀ ਜੀ ਵੀ ਸ਼ਹੀਦੀ ਪ੍ਰਾਪਤ ਕਰ ਗਏ। ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਮੁਗਲਾਂ ਨਾਲ ਯੁੱਧ ਕਰਦੇ ਹੋਏ ਨੰਦੇੜ ਹਜ਼ੂਰ ਸਾਹਿਬ ਪਹੁੰਚ ਗਏ, ਉੱਥੇ ਮਾਧੋ ਦਾਸ ਬੈਰਾਗੀ ਦਾ ਮੇਲ ਗੁਰੂ ਗੋਬਿੰਦ ਸਿੰਘ ਜੀ ਨਾਲ ਹੋਇਆ, ਜਿਨਾਂ ਗੁਰੂ ਸਾਹਿਬ ਪਾਸੋਂ ਅੰਮ੍ਰਿਤ ਛਕਿਆ ਤੇ ਸਿੰਘ ਸਜ ਗਏ। ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਉਨ੍ਹਾਂ ਦਾ ਨਾਮ ਮਾਧੋਦਾਸ ਬੈਰਾਗੀ ਤੋਂ ਬਦਲ ਕੇ ਬੰਦਾ ਸਿੰਘ ਬਹਾਦਰ ਨਾਮ ਰੱਖ ਦਿੱਤਾ, ਜਿਨਾਂ ਨੇ ਗੁਰੂ ਸਾਹਿਬ ਤੋਂ ਆਸ਼ੀਰਵਾਦ ਲਿਆ ਕਿ ਉਹ ਪੰਜਾਬ ਵਿੱਚੋਂ ਜ਼ਾਲਮ ਮੁਗਲਾਂ ਦਾ ਖਾਤਮਾ ਕਰ ਦੇਣਗੇ। ਥੋੜ੍ਹੇ ਜਿਹੇ ਸਿੰਘਾਂ ਨਾਲ ਉਨ੍ਹਾਂ ਨੇ ਪੰਜਾਬ 'ਤੇ ਚੜ੍ਹਾਈ ਕਰ ਦਿੱਤੀ ਤੇ 26 ਨਵੰਬਰ 1709 ਵਾਲੇ ਦਿਨ ਉਨ੍ਹਾਂ ਨੇ ਸਮਾਣਾ 'ਤੇ ਜਿੱਤ ਪ੍ਰਾਪਤ ਕੀਤੀ। ਇਸ ਲਈ ਅੱਜ ਸਮਾਣਾ ਵਿਖੇ 'ਸਮਾਣਾ ਫਤਿਹ ਦਿਵਸ' ਮਨਾਇਆ ਗਿਆ ਹੈ।

## ਡੇਰਾ ਬਾਬਾ ਬਹਾਲੀ ਰਾਮ ਵਿਖੇ ਪ੍ਰਕਾਸ਼ ਪੁਰਬ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਲਹਿਰਾ ਮੁਹੱਬਤ ਵਾਸੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਖ਼ੁਸ਼ੀ ਵਿੱਚ ਸਥਾਨਕ ਡੇਰਾ ਬਾਬਾ ਬਹਾਲੀ ਰਾਮ ਜੀ ਵਿਖੇ 25 ਨਵੰਬਰ ਨੂੰ ਪ੍ਰਕਾਸ਼ ਕਰਵਾਏ ਸ੍ਰੀ ਅਖੰਡ ਪਾਠ ਸਾਹਿਬ ਤੇ ਜਪੁਜੀ ਸਾਹਿਬ ਦੇ ਅੱਜ ਭੋਗ ਪਾਏ ਗਏ। ਸੰਚਾਲਕ ਬਾਬਾ ਤੇਜ ਰਾਮ ਜੀ ਨੇ ਸਰਬੱਤ ਦੇ ਭਲੇ ਲਈ ਅਰਦਾਸ ਉਪਰੰਤ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਭਾਈ ਭੋਲਾ ਸਿੰਘ (ਮੁੱਖ ਗ੍ਰੰਥੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ) ਸਮੇਤ ਵੱਡੀ ਗਿਣਤੀ ਨਗਰਵਾਸੀ ਸ਼ਾਮਲ ਸਨ। ਸੇਵਾਦਾਰ ਸੰਗਤਾਂ ਨੇ ਤਿੰਨੋਂ ਦਿਨ ਸੇਵਾ ਕਾਰਜਾਂ ਵਿੱਚ ਵਧ ਚੜ੍ਹ ਕੇ ਭਾਗ ਲਿਆ। ਸਮਾਪਤੀ 'ਤੇ ਖੀਰ, ਪ੍ਰਸ਼ਾਦੇ ਆਦਿ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਐੱਸ ਆਰ ਐੱਸ ਵਿੱਦਿਆਪੀਠ 'ਚ ਨਗਰ ਕੀਰਤਨ ਦਾ ਕੀਤਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-
ਐੱਸ ਆਰ ਐੱਸ ਵਿੱਦਿਆਪੀਠ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ ਪੁਰਬ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ਼ ਮਨਾਇਆ ਗਿਆ। ਇਸ ਸ਼ੁੱਭ ਦਿਹਾੜੇ 'ਤੇ ਗੁਰਦੁਆਰਾ ਸਾਹਿਬ ਵਿੱਚ ਅਰਦਾਸ ਕਰਨ ਉਪਰੰਤ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ, ਜਿਸ ਵਿੱਚ ਆਲ਼ੇ-ਦੁਆਲ਼ੇ ਦੀਆਂ ਸੰਗਤਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋਇਆ ਤੇ ਫਿਰ ਐੱਸ ਆਰ ਐੱਸ ਵਿੱਦਿਆਪੀਠ ਵਿੱਚ ਪਹੁੰਚਿਆ। ਇਸ ਸ਼ੁੱਭ ਮੌਕੇ ਸਕੂਲ ਦੇ ਚੇਅਰਮੈਨ ਅਮਿਤ ਸਿੰਗਲਾ, ਸੈਕਟਰੀ ਲਲਿਤ ਸਿੰਗਲਾ ਤੇ ਉਨ੍ਹਾਂ ਦੇ ਸਪੁੱਤਰ ਸ਼੍ਰੀਕਰ ਸਿੰਗਲਾ ਵੱਲੋਂ ਬਾਬਾ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਪੰਜ ਪਿਆਰਿਆਂ ਨੂੰ ਸਿਰੋਪੇ ਪਹਿਨਾਏ ਗਏ। ਨਗਰ ਕੀਰਤਨ ਵੱਲੋਂ ਵੀ ਚੇਅਰਮੈਨ ਅਮਿਤ ਸਿੰਗਲਾ, ਸੈਕਟਰੀ ਲਲਿਤ ਸਿੰਗਲਾ ਤੇ ਸ਼੍ਰੀਕਰ ਸਿੰਗਲਾ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਮਿਸ ਮਿਲੀ ਬੋਸ, ਚੇਅਰਮੈਨ ਅਮਿਤ ਸਿੰਗਲਾ ਤੇ ਸੈਕਟਰੀ ਲਲਿਤ ਸਿੰਗਲਾ ਵੱਲੋਂ ਸਮੂਹ ਸੰਗਤਾਂ ਨੂੰ ਜਗਤ ਗੁਰੂ, ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਗਈ।

## ਸ੍ਰੀ ਰਾਮ ਇੰਟਰਨੈਸਨਲ ਸਕੂਲ 'ਚ ਗੁਰਪੁਰਬ ਮਨਾਇਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਕੱਕੜਵਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਦਿਹਾੜਾ ਬਹੁਤ ਹੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸੁਭਾਗੇ ਮੌਕੇ ਉੱਪਰ ਸਕੂਲ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਬੱਚਿਆਂ ਤੇ ਅਧਿਆਪਕਾਂ ਵੱਲੋਂ ਸ਼ਬਦ ਗਾਏ ਗਏ। ਬੁਲਾਰਿਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਹੱਕ ਸੱਚ ਦੇ ਰਾਹ 'ਤੇ ਚੱਲਣ ਦੀ ਅਪੀਲ ਕਰਦਿਆਂ ਦਸਾਂ ਨਹੁੰਆਂ ਦੀ ਕਿਰਤ ਕਰਨ ਤੇ ਲੋੜਵੰਦਾਂ ਦੀ ਸਹਾਇਤਾ ਕਰਨ ਦੀ ਗੱਲ ਵੀ ਆਖੀ। ਇਸ ਸਮੇਂ ਪ੍ਰਿੰਸੀਪਲ ਨਲਿਨਾ ਕੁਮਾਰੀ, ਪ੍ਰਧਨ ਸ੍ਰੀ ਪੀ. ਮਧੁਸੂਦਨਨ, ਬੋਰਡ ਆਫ ਡਾਇਰੈਕਟਰਜ਼ ਅਭੀਨਵ ਗੋਇਲ ਨੇਵੀ, ਹੀਰਾ ਜਿੰਦਲ, ਮਨੋਜ ਗਰਗ ਤੇ ਸਾਰੇ ਅਧਿਆਪਕ ਮੌਜੂਦ ਸਨ।

## ਕਾਲਜ ਵਿਦਿਆਰਥੀਆਂ ਦਾ ਟੂਰ




**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**
ਯੂਨੀਵਰਸਿਟੀ ਕਾਲਜ ਬੇਨੜਾ ਦੇ ਵਿਦਿਆਰਥੀ ਐੱਨ ਐੱਸ ਐੱਸ ਵਿਭਾਗ ਤੇ ਰੈੱਡ ਰਿਬਨ ਕਲੱਬ ਵੱਲੋਂ ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਦੀ ਸਰਪ੍ਰਸਤੀ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਅਟਾਰੀ ਬਾਰਡਰ ਵਿਖੇ ਟੂਰ 'ਤੇ ਗਏ। ਸ੍ਰੀ ਗੁਰੂ ਰਾਮਦਾਸ ਦੀ ਨਗਰੀ ਤੇ ਸ੍ਰੀ ਹਰਿਮੰਦਰ ਸਾਹਿਬ ਦੇ ਅਧਿਆਤਮਿਕ ਮਾਹੌਲ ਨੇ ਵਿਦਿਆਰਥੀ ਮਨਾਂ ਉੱਤੇ ਅਮਿੱਟ ਪ੍ਰਭਾਵ ਪਾਇਆ ਅਤੇ ਮਾਨਸਿਕ ਅਨੰਦ ਦੀ ਪ੍ਰਾਪਤੀ ਹੋਈ। ਅਟਾਰੀ ਬਾਰਡਰ 'ਤੇ ਦੇਸ਼ ਭਗਤੀ ਦੇ ਜਜ਼ਬੇ ਦੀ ਗਵਾਹੀ ਦਿੰਦੇ ਹੋਏ ਭਾਰਤੀ ਤੇ ਪਾਕਿਸਤਾਨੀ ਸੀਮਾ ਸੁਰੱਖਿਆ ਬਲਾਂ ਨੇ ਪ੍ਰਦਰਸ਼ਨ ਕੀਤਾ। ਇਸ ਨੇ ਵਿਦਿਆਰਥੀਆਂ ਵਿੱਚ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਵਧਾਇਆ। ਇਸ ਟੂਰ ਦੌਰਾਨ ਵਿਦਿਆਰਥੀਆਂ ਦੀ ਅਗਵਾਈ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ ਅਤੇ ਰੈੱਡ ਰਿਬਨ ਕਲੱਬ ਦੇ ਕਨਵੀਨਰ ਡਾ. ਰਾਕੇਸ਼ ਕੁਮਾਰ ਨੇ ਕੀਤੀ।

# ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦਾ ਸਾਲਾਨਾ ਸਮਾਗਮ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-
ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਦਾ 21ਵਾਂ ਸਾਲਾਨਾ ਸਮਾਗਮ ਤੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਤੇ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦੇ ਚੇਅਰਮੈਨ ਸਤਨਾਮ ਸਿੰਘ ਕਲੇਰ ਨੇ ਸ਼ਮੂਲੀਅਤ ਕੀਤੀ, ਜਦੋਂਕਿ ਵਿਸ਼ੇਸ਼ ਮਹਿਮਾਨਾਂ ਵਜੋਂ ਐੱਸ ਡੀ ਐੱਮ ਪਾਤੜਾਂ ਨਵਦੀਪ ਕੁਮਾਰ ਤੇ ਸੂਬਾ ਸਿੰਘ ਐੱਸ ਡੀ ਐੱਮ ਲਹਿਰਾਗਾਗਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਵਿੱਚ ਵਿੱਦਿਅਕ ਖੇਡਾਂ ਤੇ ਸੱਭਿਆਚਾਰਕ ਖੇਤਰ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾਕਟਰ ਅੰਮ੍ਰਿਤਪਾਲ ਸਿੰਘ ਕਾਲੇਕਾ ਫਤਿਹ ਪ੍ਰਿੰਸੀਪਲ ਡਾਕਟਰ ਪਰਮਿੰਦਰ ਕੌਰ ਦੀ ਅਗਵਾਈ ਵਿੱਚ ਕਰਵਾਏ ਗਏ ਸੱਭਿਆਚਾਰਕ ਸਮਾਗਮ ਵਿੱਚ 700 ਤੋਂ ਵੱਧ ਵਿਦਿਆਰਥੀਆਂ ਨੇ ਆਪਣੀ ਕਲਾ ਦੇ ਜੌਹਰ ਦਿਖਾਉਂਦਿਆਂ ਵੱਖ ਵੱਖ ਤਰ੍ਹਾਂ ਦੀਆਂ ਪੇਸ਼ਕਾਰੀਆਂ ਕੀਤੀਆਂ। ਸੱਭਿਆਚਾਰਕ ਸਮਾਗਮ ਦੀ ਸ਼ੁਰੂਆਤ ਧਾਰਮਿਕ ਸ਼ਬਦ ਨਾਲ ਕਰਨ ਉਪਰੰਤ ਵਿਦਿਆਰਥੀਆਂ ਨੇ ਨਾਟਕ, ਗੀਤ ਸਕਿੱਟਾਂ ਅਤੇ ਕੋਰਿਓਗ੍ਰਾਫੀਆਂ ਪੇਸ਼ ਕਰਦਿਆਂ ਦਿਨੋਂ ਦਿਨ ਵੱਧਦੀਆਂ ਸਮਾਜਿਕ ਬੁਰਾਈਆਂ ਉੱਤੇ ਤਿੱਖੀਆਂ ਚੋਟਾਂ ਕੀਤੀਆਂ। ਇਸ ਤੋਂ ਇਲਾਵਾ ਸ਼ਿਵ ਤਾਂਡਵ, ਭਗਤ ਪੂਰਨ ਸਿੰਘ ਐਕਟ, ਸੂਫੀ ਡਾਂਸ, ਵਕਤ ਦੀ ਕਸੌਟੀ ਤੋਂ ਇਲਾਵਾ ਹਰਿਆਣਵੀ ਡਾਂਸ ਨੂੰ ਹਾਜ਼ਰ ਸਰੋਤਿਆਂ ਨੇ ਬੇਹੱਦ ਸਲਾਹਿਆ। ਲੁੱਡੀ ਤੇ ਝੂਮਰ ਦੀ ਪੇਸ਼ਕਾਰੀ ਸਮਾਗਮ ਨੂੰ ਸਿਖਰਾਂ 'ਤੇ ਲੈ ਗਈ। ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਵੱਲੋਂ ਸਕੂਲ ਦੀਆਂ ਅਕਾਦਮਿਕ ਤੇ ਖੇਡਾਂ ਵਿੱਚ ਪ੍ਰਾਪਤੀਆਂ ਤੇ ਸਕੂਲ ਦੀਆਂ ਸਾਲਾਨਾ ਗਤੀਵਿਧੀਆਂ ਨੂੰ ਦਰਸਾਉਂਦਿਆਂ ਪ੍ਰਭਾਵਸ਼ਾਲੀ ਸਾਲਾਨਾ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਮੁੱਖ ਮਹਿਮਾਨ ਵੱਲੋਂ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਤੇ ਹੋਰ ਅਕਾਦਮਿਕ ਖੇਤਰਾਂ ਵਿੱਚ ਅੱਗੇ ਵੱਧਣ ਲਈ ਪ੍ਰੇਰਿਆ। ਚਾਲੂ ਸੈਸ਼ਨ ਦੀਆਂ ਗਤੀਵਿਧੀਆਂ ਦੇ ਅਧਾਰ 'ਤੇ ਬੈਸਟ ਹਾਊਸ ਦੀ ਟਰਾਫੀ ਬਿਆਸ ਹਾਊਸ ਦੇ ਹਿੱਸੇ ਆਈ। ਮੁੱਖ ਮਹਿਮਾਨ ਤੇ ਸਕੂਲ ਮੈਨੇਜਮੈਂਟ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਇਸ ਸਮਾਗਮ ਵਿੱਚ ਸਕੂਲ ਮੈਨੇਜਮੈਂਟ ਨੇ ਆਪਣੇ ਪੁਰਾਣੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦਾ ਵੀ ਸਨਮਾਨ ਕੀਤਾ, ਜਿਸ 'ਚ ਡਾ. ਚੇਤਨ ਸਿੰਗਲਾ ਤੇ ਗੀਤਿਕਾ ਗਰਗ ਸਿਵਲ ਜੱਜ ਦੇ ਮਾਪੇ ਪ੍ਰਮੁੱਖ ਰਹੇ। ਇਸ ਤੋਂ ਇਲਾਵਾ ਐਮਬੀਬੀਐਸ, ਬੀਡੀਐੱਸ, ਮੈਨੇਜਮੈਂਟ ਤੇ ਲਾਅ ਕਰ ਰਹੇ ਵਿਦਿਆਰਥੀਆਂ ਅਰਸ਼ਦੀਪ ਕੌਰ, ਅਰਾਧਨਾ ਰਲੀਨ ਕੌਰ, ਦੀਸ਼ਾ ਗਰਗ, ਸਿੰਗਲਾ, ਮਿਅੰਕ, ਵੰਸ਼ਿਕਾ, ਕੋਮਲ ਤੇ ਹੋਰਨਾਂ ਦਾ ਵੀ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਪਹੁੰਚੇ ਪਤਵੰਤੇ ਸੱਜਣਾਂ ਕੈਪਟਨ ਅਮਰਜੀਤ ਸਿੰਘ ਕਾਲੇਕਾ ਸਾਬਕਾ ਆਬਕਾਰੀ ਤੇ ਕਰ ਕਮਿਸ਼ਨਰ, ਬਲਰਾਜਇੰਦਰ ਸਿੰਘ ਗਰੇਵਾਲ, ਸੁਰਿੰਦਰ ਸਿੰਘ ਢਿੱਲੋਂ, ਡਾਕਟਰ ਪ੍ਰਭਜੋਤ ਕੌਰ ਤੇ ਬੱਚਿਆਂ ਦੇ ਮਾਪਿਆਂ ਨੇ ਪ੍ਰੋਗਰਾਮ ਦਾ ਅਨੰਦ ਮਾਣਿਆ ਅਤੇ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਤੇ ਸਟਾਫ ਵੱਲੋਂ ਕੀਤੀ ਜਾਂਦੀ ਮਿਹਨਤ ਨੂੰ ਬਹੁਤ ਸਲਾਹਿਆ।

## ਮਾਤਾ ਅਮਰ ਕੌਰ ਸੁਸਾਇਟੀ ਵਿਖੇ ਅੱਖਾਂ ਦਾ ਮੁਫਤ ਕੈਂਪ ਲਾਇਆ

**ਜੈਤੋ (ਸਤੀਸ਼ ਕੁਮਾਰ ਭੀਰੀ)**-ਮਾਲਵੇ ਦੀ ਸਮਾਜ ਸੇਵੀ ਹਰਮਨ ਪਿਆਰੀ ਸੰਸਥਾ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਚੈਨਾਂ ਰੋਡ ਜੈਤੋ ਵਿਖੇ ਬਾਬਾ ਸ੍ਰੀ ਗੁਰੂ ਨਾਨਕ ਦੇਵ ਜੀ ਗੁਰਪੁਰਬ ਮੌਕੇ ਪੁੰਨਿਆ ਦੇ ਸ਼ੁੱਭ ਦਿਹਾੜੇ ਨੂੰ ਸਮਰਪਤ ਗਰੀਬ ਤੇ ਜ਼ਰੂਰਤਮੰਦ ਮਰੀਜ਼ਾਂ ਲਈ ਅੱਖਾਂ ਦਾ ਵਿਸ਼ਾਲ ਮੁਫਤ ਲੈਂਜ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਰਸਮੀ ਉਦਘਾਟਨ ਵਿਵੇਕ ਮਿਸ਼ਨ ਚੈਰੀਟੇਬਲ ਟਰੱਸਟ ਦੇ ਚੀਫ ਪੈਟਰਨ ਸਵਾਮੀ ਬ੍ਰਹਮ ਮੁਨੀ ਨੇ ਆਪਣੇ ਕਰ ਕਮਲਾਂ ਨਾਲ ਰੀਬਨ ਕੱਟ ਕੇ ਕੀਤਾ। ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਦੇ ਪ੍ਰਧਾਨ ਸੰਤ ਰਿਸ਼ੀ ਰਾਮ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਆਪ੍ਰੇਸ਼ਨਾਂ ਦੇ ਮਾਹਰ ਡਾਕਟਰ ਦੀਪਕ ਗਰਗ, ਡਾ. ਮੈਡਮ ਮੋਨਿਕਾ ਬਲਿਆਨ ਤੇ ਡਾ. ਮੈਡਮ ਭੁਪਿੰਦਰ ਪਾਲ ਕੌਰ ਨੇ ਲਗਭਗ 750 ਮਰੀਜ਼ਾਂ ਨੂੰ ਚੈੱਕ ਕਰਕੇ 225 ਦੇ ਕਰੀਬ ਜ਼ਰੂਰਤਮੰਦ ਮਰੀਜ਼ਾਂ ਦੇ ਮੁਫਤ ਆਪ੍ਰੇਸ਼ਨ ਕਰਕੇ ਲੈਂਜ ਪਾਏ ਜਾਣ ਲਈ ਚੋਣ ਕੀਤੀ, ਜਿਨ੍ਹਾਂ ਦੇ ਆਉਣ ਵਾਲੇ ਦਿਨਾਂ ਅੰਦਰ ਮੁਫਤ ਆਪ੍ਰੇਸ਼ਨ ਕੀਤੇ ਜਾਣਗੇ। ਸੰਤ ਰਿਸ਼ੀ ਰਾਮ ਨੇ ਦੱਸਿਆ ਕਿ ਜਿਨ੍ਹਾਂ ਮਰੀਜ਼ਾਂ ਨੂੰ ਸ਼ੂਗਰ, ਬਲੱਡ ਪਰੈਸ਼ਰ ਜਾਂ ਦਿਲ ਦਾ ਰੋਗ ਹੋਵੇਗਾ, ਉਨ੍ਹਾਂ ਨੂੰ ਸਿਰਫ ਦਵਾਈ ਦਿੱਤੀ ਗਈ।

ਕੈਂਪ ਦੌਰਾਨ ਮਰੀਜ਼ਾਂ ਲਈ ਰਹਿਣ- ਸਹਿਣ ਤੇ ਲੰਗਰ ਦਾ ਪ੍ਰਬੰਧ ਸੁਸਾਇਟੀ ਵੱਲੋਂ ਮੁਫਤ ਕੀਤਾ ਜਾ ਰਿਹਾ ਹੈ। ਇਸ ਮੌਕੇ ਮੇਜਰ ਸਿੰਘ ਗੋਂਦਾਰਾ ਮੈਨੇਜਰ, ਜਸਵਿੰਦਰ ਸਿੰਘ ਪਟਵਾਰੀ, ਜਗਦੀਸ਼ ਸਿੰਘ ਸਰਾਵਾਂ, ਪਿਆਰੇ ਲਾਲ ਸ਼ਰਮਾ, ਮਹਿੰਦਰ ਸਿੰਘ ਨਿਰਵਾਨ, ਸੁਰਜੀਤ ਸਿੰਘ ਰੋੜੀ ਕਪੂਰਾ, ਸਤਵਿੰਦਰਪਾਲ ਸਿੰਘ ਅੰਗਰੋਈਆ, ਤੇਜਿੰਦਰ ਸਿੰਘ ਬਰਾੜ ਆਦਿ ਹਾਜ਼ਰ ਸਨ।

## ਇਮਾਨਦਾਰੀ ਮਾਨਸਿਕ ਸੰਤੁਸ਼ਟੀ ਦਾ ਹਿੱਸਾ !



**ਮਾਨਸਾ (ਆਤਮਾ ਸਿੰਘ ਪਮਾਰ)**-ਇਮਾਨਦਾਰੀ ਤੇ ਗਰੀਬੀ ਦਾ ਰਿਸ਼ਤਾ ਅਜੇ ਬਰਕਰਾਰ ਹੈ। ਇਸ ਦੀ ਉਦਾਹਰਨ ਦਿੱਤੀ ਹੈ ਗੱਡੀਆਂ ਵਾਲੇ ਵਣਜਾਰੇ ਰਾਜਪੂਤ ਬੂਟਾ ਸਿੰਘ ਦੀ ਲੜਕੀ ਬਬਲੀ ਕੌਰ ਨੇ ਅਜੇ ਇਮਾਨਦਾਰੀ ਜ਼ਿੰਦਾ ਹੈ ਵਾਲੀ ਕਹਾਵਤ ਨੂੰ ਅਮਲੀ ਰੂਪ ਵਿੱਚ ਲਾਗੂ ਕਰ ਦਿਖਾਇਆ ਹੈ। ਬਬਲੀ ਕੌਰ ਰਾਜਪੂਤ ਦਾ ਪਰਿਵਾਰ ਭਾਵੇਂ ਆਰਥਿਕ ਤੌਰ 'ਤੇ ਕਮਜ਼ੋਰ ਹੈ, ਪਰ ਦਿਲ ਵਿੱਚ ਸੱਚਾਈ ਤੇ ਇਮਾਨਦਾਰੀ ਕੁੱਟ ਕੁੱਟ ਕੇ ਭਰੀ ਹੋਈ ਹੈ। ਬਬਲੀ ਕੌਰ ਨੂੰ ਇੱਕ ਕੀਮਤੀ ਮੋਬਾਇਲ ਲੱਭਿਆ, ਜੋ ਮਨਜੀਤ ਸਿੰਘ ਕਾਲਾ ਪੁੱਤਰ ਬਲਵੰਤ ਸਿੰਘ ਭੈਣੀ ਬਾਘਾ ਦਾ ਸੀ, ਜਿਸ ਦੀ ਕੀਮਤ ਕਰੀਬ 26 ਹਜ਼ਾਰ ਰੁਪਏ ਹੈ। ਬਬਲੀ ਕੌਰ ਰਾਜਪੂਤ ਨੇ ਇਮਾਨਦਾਰੀ ਵਿਖਾਉਂਦੇ ਹੋਏ ਇਹ ਕੀਮਤੀ ਮੋਬਾਇਲ ਉਸ ਦੇ ਅਸਲੀ ਮਾਲਕ ਮਨਜੀਤ ਸਿੰਘ ਕਾਲਾ ਨੂੰ ਵਾਪਸ ਕਰ ਦਿੱਤਾ। ਬਬਲੀ ਕੌਰ ਤੇ ਉਸ ਦੇ ਪਿਤਾ ਬੂਟਾ ਸਿੰਘ ਨੇ ਕਿਹਾ ਕਿ ਸਾਡਾ ਪਰਿਵਾਰ ਹੱਥੀਂ ਮਿਹਨਤ ਕਰਕੇ ਦੋ ਡੰਗ ਦੀ ਰੋਟੀ ਖਾਣ ਵਿੱਚ ਵਿਸ਼ਵਾਸ ਰੱਖਦਾ, ਜੇ ਅਸੀਂ ਠੱਗੀਆਂ ਚੋਰੀਆਂ ਜਾਂ ਬੇਈਮਾਨੀ ਕਰਨ ਵਾਲੇ ਹੁੰਦੇ ਤਾਂ ਅੱਜ ਨੂੰ ਕੋਠੀਆਂ ਪਾ ਲੈਂਦੇ। ਇਸ ਇਮਾਨਦਾਰੀ ਤੇ ਅਜਿਹੇ ਗਰੀਬ ਦੀ ਆਲੇ ਦੁਆਲੇ ਵਿੱਚ ਕਾਫੀ ਚਰਚਾ ਹੋ ਰਹੀ ਹੈ।

## ਸ਼ੁਭਮ ਸ਼ਰਮਾ ਨੇ ਵੱਖ-ਵੱਖ ਧਾਰਮਿਕ ਸਮਾਗਮਾਂ 'ਚ ਕੀਤੀ ਸ਼ਿਰਕਤ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ ਨੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਹਲਕਾ ਧੂਰੀ ਵਿਖੇ ਵੱਖ ਵੱਖ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਨਤਮਸਤਕ ਹੋ ਕੇ ਗੁਰੂ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਗੁਰਪ੍ਰੀਤ ਸਿੰਘ ਬੱਬਨਪੁਰ, ਸਾਬਕਾ ਸਰਪੰਚ ਮੇਵਾ ਸਿੰਘ ਬੱਬਨਪੁਰ, ਜਰਨੈਲ ਸਿੰਘ ਜੌਹਲ ਬੱਲਮਗੜ੍ਹ, ਅਵਤਾਰ ਸਿੰਘ ਜਾਤੀਮਾਜਰਾ, ਪਰਦੀਪ ਸਿੰਘ ਗਗਨ ਹਲਕਾ ਪ੍ਰਧਾਨ ਯੂਥ ਕਾਂਗਰਸ ਧੂਰੀ, ਬਲਿੰਦਰ ਸ਼ਰਮਾ ਆਦਿ ਹਾਜ਼ਰ ਸਨ।

# ਵਿਧਾਇਕ ਦੀ ਅਗਵਾਈ 'ਚ 30 ਬੱਸਾਂ ਤੇ ਕਾਰਾਂ ਦਾ ਕਾਫਲਾ ਧੂਰੀ ਰੈਲੀ 'ਚ ਪੁੱਜਾ

## ਵੱਡੀ ਗਿਣਤੀ 'ਚ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਵੱਲੋਂ ਅੱਜ ਧੂਰੀ ਵਿਖੇ ਪੰਜਾਬ ਦੇ ਲੋਕਾਂ ਲਈ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਮੁੱਖ ਮੰਤਰੀ ਤੀਰਥ ਯਾਤਰਾ ਦੀ ਸ਼ੁਰੂਆਤ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪ ਸੁਪ੍ਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਕੀਤੀ ਜਾ ਰਹੀ ਹੈ, ਜਿਸ ਲਈ ਧੂਰੀ ਰੈਲੀ ਲਈ ਹਲਕਾ ਨਾਭਾ ਤੋਂ 30 ਬੱਸਾਂ ਤੇ ਕਾਰਾਂ ਦਾ ਕਾਫਲਾ ਰਵਾਨਾ ਕੀਤਾ ਗਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਾਫਲਾ ਰਵਾਨਾ ਕਰਨ ਉਪਰੰਤ ਕੀਤਾ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਪੰਜਾਬ ਦੇ ਲੋਕ ਬਹੁਤ ਖੁਸ਼ ਹਨ ਤੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਫਤਵਾ ਦੇਣ ਲਈ ਤਿਆਰ ਬੈਠੀ ਹੈ। ਇਸ ਮੌਕੇ ਉਨ੍ਹਾਂ ਨਾਲ ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਭਾਦਸੋਂ, ਤੇਜਿੰਦਰ ਸਿੰਘ ਖਹਿਰਾ, ਅਮਨਦੀਪ ਸਿੰਘ ਰਹਿਲ ਪ੍ਰਧਾਨ ਟਰੱਕ ਯੂਨੀਅਨ ਨਾਭਾ, ਗੁਰਲਾਲ ਸਿੰਘ ਮੱਲੀ ਚੇਅਰਮੈਨ ਲੈਂਡ ਮਾਰਗੇਜ ਬੈਂਕ ਨਾਭਾ, ਬਿੱਲਾ ਖੋਖ, ਸੁਖਜਿੰਦਰ ਸਿੰਘ ਟੌਹੜਾ, ਮੇਜਰ ਸਿੰਘ ਤੁੰਗਾਂ, ਨਰਿੰਦਰ ਜੋਸ਼ੀ ਕਾਲਾ ਕਿਤਾਬਾਂ ਵਾਲਾ, ਸਿਮਰਨਜੀਤ ਸਿੰਘ ਅੜਕ ਚੌਹਾਨ, ਸਤਨਾਮ ਸਿੰਘ ਸੱਤੀ ਕਨਸੂਹਾਂ ਖੁਰਦ, ਭੁਪਿੰਦਰ ਸਿੰਘ ਕੱਲਰਮਾਜਰੀ, ਕਿੰਗ ਸਰਪੰਚ, ਭੀਮ ਸਿੰਘ ਥੂਹੀ, ਬਬਲੂ ਥੂਹੀ, ਕਮਲ ਭਾਦਸੋਂ, ਕੁਲਦੀਪ ਸਿੰਘ ਕਕਰਾਲਾ, ਹੈਪੀ ਸਿੱਧੂ, ਗੁਰਚਰਨ ਸਿੰਘ ਲੁਹਾਰ ਮਾਜਰਾ, ਸਰਬਜੀਤ ਸਿੰਘ ਬੱਬੂ ਛੀਟਾਂਵਾਲਾਂ, ਬਲਵਿੰਦਰ ਸਿੰਘ ਪੋਪਲ, ਗੁਰਦੀਪ ਸਿੰਘ ਸਾਹੀਵਾਲ, ਗੁਰਦੀਪ ਸਿੰਘ ਟਿਵਾਣਾ, ਸੂਬੇਦਾਰ ਗੁਰਿੰਦਰ ਸਿੰਘ ਕੁਲਾਰਾਂ, ਗੁਰਪ੍ਰੀਤ ਸਿੰਘ ਪਹਾੜਪੁਰ, ਤਰਸੇਮ ਸਿੰਘ ਸੰਮੀ, ਜਗਤਾਰ ਸਿੰਘ ਬਿਰੜਵਾਲ, ਅਵਤਾਰ ਸਿੰਘ ਟੌਹੜਾ, ਬਿੱਲਾ ਕੋਟ ਕਲਾਂ, ਗੁਰਚਰਨ ਸਿੰਘ, ਸੁਖਦੇਵ ਸਿੰਘ ਮਾਨ, ਮਾਸਟਰ ਅਮਰੀਕ ਸਿੰਘ, ਮਾਸਟਰ ਕੁਲਵੰਤ ਸਿੰਘ, ਕਾਲਾ ਮਾਂਗੇਵਾਲ, ਰੁਪਿੰਦਰ ਸਿੰਘ ਭਾਦਸੋਂ, ਰਾਮ ਸਿੰਘ ਰੈਸਲ, ਜਸਵੀਰ ਸਿੰਘ ਵਜੀਦਪੁਰ ਤੇ ਵੱਡੀ ਗਿਣਤੀ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

## ਮੋਦੀ ਹਕੂਮਤ ਵੱਲੋਂ 2 ਸਿੱਖ ਜੱਜਾਂ ਦੀ ਨਿਯੁਕਤੀ ਨੂੰ ਰੋਕਣ ਦਾ ਫੈਸਲਾ ਅਤਿ-ਨਿੰਦਣਯੋਗ : ਸਿੱਧੂ ਲੌਂਗੋਵਾਲ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-
ਕਾਲੋਜੀਅਮ ਵੱਲੋਂ ਸਿਫਾਰਸ਼ ਕੀਤੇ ਜੱਜਾਂ 'ਚ ਦੋ ਸਿੱਖ ਜੱਜਾਂ ਹਰਮੀਤ ਸਿੰਘ ਗਰੇਵਾਲ ਤੇ ਸ੍. ਦੀਪਇੰਦਰ ਸਿੰਘ ਨਲਵਾ ਦੀ ਨਿਯੁਕਤੀ ਹਿੰਦੂਤਵ ਮੋਦੀ ਹਕੂਮਤ ਵੱਲੋਂ ਫਿਰਕੂ ਸੋਚ ਅਧੀਨ ਰੋਕਣ ਦਾ ਫੈਸਲਾ ਅਤਿ-ਨਿੰਦਣਯੋਗ ਤੇ ਪੂਰੀ ਤਰ੍ਹਾਂ ਸਿੱਖ ਕੌਮ ਵਿਰੋਧੀ ਹੈ। ਇਹ ਵਿਚਾਰ ਪ੍ਰਗਟ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੇ ਕੌਮੀ ਜਨਰਲ ਸਕੱਤਰ ਤੇ ਕਿਸਾਨ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਮੋਦੀ ਹਕੂਮਤ ਦੀ ਸਿੱਖ ਵਿਰੋਧੀ ਨੀਤੀ ਦੀ ਜ਼ੋਰਦਾਰ ਸਬਦਾਂ 'ਚ ਨਿੰਦਾ ਕੀਤੀ, ਉਥੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਹ ਜਲਦ ਤੋਂ ਜਲਦ ਪੰਜਾਬ ਤੇ ਕੌਮੀ ਹਿੱਤਾਂ ਲਈ ਇਕਜੁੱਟ ਹੋਣ, ਤਾਂ ਕਿ ਹੁਕਮਰਾਨਾਂ ਵੱਲੋਂ ਕੀਤੇ ਜਾ ਰਹੇ ਜਬਰ/ਜ਼ੁਲਮ, ਧੱਕੇ ਤੇ ਵਿਤਕਰਿਆਂ ਨੂੰ ਠੱਲ੍ਹ ਪਾਉਣ ਦੇ ਨਾਲ ਨਾਲ ਜਮਹੂਰੀ ਤਰੀਕੇ ਦੇ ਨਾਲ ਸੰਘਰਸ਼ ਕਰਕੇ ਆਪਣੇ ਹੱਕਾਂ ਦੀ ਪ੍ਰਾਪਤੀ ਕੀਤੀ ਜਾ ਸਕੇ। ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਪੰਜਾਬ ਹਰਿਆਣਾ ਹਾਈ ਕੋਰਟ ਦੇ ਨਵੇਂ ਜੱਜਾਂ ਦੀ ਨਿਯੁਕਤੀ ਲਈ ਕਾਲੋਜੀਅਮ ਵੱਲੋਂ ਭੇਜੀ ਗਈ ਸਿਫਾਰਸ਼ 'ਚ ਪੰਜ ਜੱਜਾਂ ਦੇ ਨਾਂਅ ਸਨ, ਪਰ ਮੋਦੀ ਹਕੂਮਤ ਨੇ ਫਿਰਕੂ ਸੋਚ ਅਧੀਨ ਤਿੰਨ ਹਿੰਦੂ ਜੱਜਾਂ ਨੂੰ ਪ੍ਰਵਾਨਗੀ ਦੇ ਦਿੱਤੀ, ਪਰ 2 ਸਿੱਖ ਜੱਜਾਂ ਦੀ ਨਿਯੁਕਤੀ ਰੋਕ ਲਈ, ਜੋ ਕਿ ਬੇਹੱਦ ਨਿੰਦਣਯੋਗ ਹੈ।

# ਪੰਜਾਬ ਬਾਇਓ ਫਰਟੀਲਾਈਜ਼ਰ ਮੈਨੂਫੈਕਚਰਿੰਗ ਐਂਡ ਮਾਰਕੀਟਿੰਗ ਐਸੋਸੀਏਸ਼ਨ ਦਾ ਗਠਨ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**
ਬੀਤੇ ਦਿਨੀਂ "ਪੰਜਾਬ ਬਾਇਓ ਫਰਟੀਲਾਈਜ਼ਰ ਮੈਨੂਫੈਕਚਰਿੰਗ ਐਂਡ ਮਾਰਕਿੰਟਿੰਗ ਐਸੋਸੀਏਸ਼ਨ" ਦੇ ਕੀਤੇ ਗਏ ਗਠਨ ਤੋਂ ਬਾਅਦ ਐਸੋਸੀਏਸ਼ਨ ਦੀ ਸਰਬ ਸੰਮਤੀ ਨਾਲ ਕੀਤੀ ਗਈ ਚੋਣ ਵਿੱਚ ਪੈਟਰਨ ਪਵਨ ਸ਼ਰਮਾ, ਚੇਅਰਮੈਨ ਚੰਦਰ ਗੋਇਲ, ਪ੍ਰਧਾਨ ਅਮਨ ਸ਼ਰਮਾ, ਜਨਰਲ ਸਕੱਤਰ ਸੰਜੀਵ ਬਾਂਸਲ, ਉੱਪ ਪ੍ਰਧਾਨ ਪ੍ਰਿੰਸ ਗਰਗ ਤੇ ਸੁਭਾਸ਼ ਗੋਇਲ, ਜੁਆਇੰਟ ਸਕੱਤਰ ਪ੍ਰਦੀਪ ਢੱਲ ਨੂੰ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਇੱਕ ਟੈਕਨੀਕਲ ਐਕਸਪਰਟ ਟੀਮ ਵੀ ਬਣਾਈ ਗਈ, ਜਿਸ ਵਿੱਚ ਡਾ. ਪੀ ਐੱਨ ਸਿੰਘ, ਡਾ. ਵੀ ਕੇ ਸੈਣੀ, ਡਾ. ਪੀ ਕੇ ਸਿੰਘ ਨੂੰ ਸ਼ਾਮਲ ਕੀਤਾ ਗਿਆ ਹੈ। ਚੋਣ ਤੋਂ ਬਾਅਦ ਪ੍ਰਧਾਨ ਅਮਨ ਸ਼ਰਮਾ ਤੇ ਜਨਰਲ ਸਕੱਤਰ ਸੰਜੀਵ ਬਾਂਸਲ ਨੇ ਕਿਹਾ ਕਿ ਇਸ ਐਸੋਸੀਏਸ਼ਨ ਦਾ ਮੁੱਖ ਮੰਤਵ ਇਹ ਹੈ ਕਿ ਸਰਕਾਰ ਤੇ ਖੇਤੀਬਾੜੀ ਵਿਭਾਗ ਨਾਲ ਮਿਲ ਕੇ ਕਿਸਾਨਾਂ ਦੀ ਭਲਾਈ ਲਈ ਯੋਗ ਕਦਮ ਚੁੱਕੇ ਜਾਣ ਅਤੇ ਸਰਕਾਰ ਤੇ ਵਿਭਾਗ ਵੱਲੋਂ ਜਾਰੀ ਕੀਤੇ ਜਾਂਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਹੋਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਬਾਂਸਲ, ਸੁਨੀਲ ਗੁਪਤਾ, ਰਾਮ ਅਵਤਾਰ ਗਰਗ, ਯੋਗੇਸ਼ ਮਦਾਨ, ਰਜੇਸ਼ ਸਚਦੇਵਾ, ਮਾਲਵਿੰਦਰ ਸਿੰਘ, ਹੈਲਿਕ ਬਾਂਸਲ, ਯਤਿਨ ਗੋਇਲ, ਜਸਵਿੰਦਰ ਸਿੰਘ ਨਾਗਪਾਲ, ਜਤਿੰਦਰ ਸਿੰਘ, ਸੁਰਿੰਦਰ ਸਿੰਘ ਨਾਗਪਾਲ, ਮਨਦੀਪ ਸਿੰਘ ਆਦਿ ਹਾਜ਼ਰ ਸਨ।

## ਹਰਜੀਤ ਸਿੰਘ ਦੀ ਯਾਦ 'ਚ ਕ੍ਰਿਕਟ ਟੂਰਨਾਮੈਂਟ ਕਰਵਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਰਣਬੀਰ ਕਾਲਜ ਸਥਿਤ ਕ੍ਰਿਕਟ ਗਰਾਊਂਡ ਵਿੱਚ ਹਰਜੀਤ ਸਿੰਘ ਕ੍ਰਿਕਟ ਕਲੱਬ ਵੱਲੋਂ ਸਵ: ਹਰਜੀਤ ਸਿੰਘ ਦੀ ਯਾਦ ਵਿੱਚ 6ਵੇਂ ਕ੍ਰਿਕਟ ਟੂਰਨਾਮੈਂਟ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨ ਲਈ ਪਹੁੰਚੇ ਹਰਪਾਲ ਸਿੰਘ ਸੋਨੂੰ ਮੁੱਖ ਬੁਲਾਰਾ ਕਾਂਗਰਸ ਕਮੇਟੀ ਸੰਗਰੂਰ ਤੇ ਸੂਬਾ ਚੇਅਰਮੈਨ ਓਬੀਸੀ ਵਿੰਗ ਕਾਂਗਰਸ ਕਮੇਟੀ ਵੱਲੋਂ ਖਿਡਾਰੀਆਂ ਤੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਲੱਬ ਵੱਲੋਂ ਬਹੁਤ ਸ਼ਾਨਦਾਰ ਉਪਰਾਲਾ ਕੀਤਾ ਜਾਂਦਾ ਹੈ, ਜੋ ਕਿ ਸਵ: ਹਰਜੀਤ ਸਿੰਘ ਜੀ ਦੀ ਯਾਦ ਵਿੱਚ ਕ੍ਰਿਕਟ ਦੇ 6ਵੇਂ ਟੂਰਨਾਮੈਂਟ ਦਾ ਆਯੋਜਨ ਕਰਕੇ ਨੌਜਵਾਨਾਂ ਅੰਦਰ ਖੇਡ ਦੀ ਭਾਵਨਾ ਨੂੰ ਵਧਾਉਣ ਲਈ ਵੱਡੇ ਇਨਾਮ ਰੱਖੇ ਗਏ ਹਨ, ਜਿਸ ਵਿੱਚ ਪਹਿਲਾ ਇਨਾਮ 1 ਲੱਖ ਤੇ ਦੂਜਾ ਇਨਾਮ 60 ਹਜ਼ਾਰ ਦੀ ਰਾਸ਼ੀ ਦੇ ਰੱਖੇ ਗਏ ਹਨ। ਹਰਪਾਲ ਸੋਨੂੰ ਨੇ ਕਿਹਾ ਕਿ ਇਸ ਤਰ੍ਹਾਂ ਦੇ ਟੂਰਨਾਮੈਂਟ ਨੌਜਵਾਨ ਪੀੜ੍ਹੀ ਨੂੰ ਜਿੱਥੇ ਨਸ਼ਿਆਂ ਤੋਂ ਦੂਰ ਰੱਖਣ ਲਈ ਸਹਾਈ ਸਿੱਧ ਹੁੰਦੇ ਹਨ, ਉਸ ਦੇ ਨਾਲ ਨਾਲ ਖੇਡਾਂ ਸਾਨੂੰ ਦਿਮਾਗੀ ਤੌਰ 'ਤੇ ਦ੍ਰਿੜ੍ਹ ਤੇ ਸਰੀਰਕ ਤੌਰ 'ਤੇ ਮਜ਼ਬੂਤ ਬਣਾਉਣ ਵਿੱਚ ਸਹਾਈ ਹੁੰਦੀਆਂ ਹਨ। ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਹਰਪਾਲ ਸਿੰਘ ਸੋਨੂੰ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਕ੍ਰਿਕਟ ਟੂਰਨਾਮੈਂਟ ਵਿੱਚ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਯਾਦਗਾਰੀ ਮੋਮੈਂਟੋ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਟੂਰਨਾਮੈਂਟ ਦਾ ਫਾਈਨਲ ਮੈਚ 3 ਦਸੰਬਰ ਨੂੰ ਹੋਵੇਗਾ। ਇਸ ਮੌਕੇ ਭੂਪੀ ਜੀ, ਸਤਪਾਲ ਬਹਿਣੀਵਾਲ, ਟੋਨੀ ਜੀ, ਗੁਲਸ਼ਨ ਜੀ, ਰਿੰਕੂ ਜੀ, ਨਵਦੀਪ ਜੀ, ਪਿੰਚਾ ਜੀ ਆਦਿ ਹਾਜ਼ਰ ਸਨ।

page-6-28-(NOVE)-2023-G-(BV).qxd 11/27/2023 11:18 PM Page 1



# ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ



ਮੋਹਾਲੀ (ਗੁਰਜੀਤ ਬਿੱਲਾ) ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਿਕ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ 554ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ 'ਚ ਬੀਬੀ ਜਸਵੀਰ ਕੌਰ ਸੰਗਰੂਰ ਵਾਲਿਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬ੍ਰਿਤਾਂਤ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਪੂਰਵਕ ਜਾਣੂ ਕਰਵਾਇਆ। ਭਾਈ ਜਸਮੇਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਜਸ ਸੁਣਾ ਕੇ ਨਿਹਾਲ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਜੀ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੁਆਰਾ ਸਮੂਹ ਮਾਨਵਤਾ ਦੇ ਭਲੇ ਲਈ ਕੀਤੀਆਂ ਚਾਰ ਉਦਾਸੀਆਂ ਅਤੇ ਉਨਾਂ ਦੁਆਰਾ ਉਚਾਰਨ ਧੁਰ ਕੀ ਬਾਣੀ ਦੇ 19 ਰਾਗਾਂ ਵਿੱਚ 1974 ਸ਼ਬਦ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਬਿਰਾਜਮਨ ਹੈ ਬਾਰੇ ਵਿਸਥਾਰ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਇੰਦਰਜੀਤ ਸਿੰਘ ਨਾਨਕਸਰ ਵਾਲੇ, ਭਾਈ ਸੰਤੋਖ ਸਿੰਘ, ਭਾਈ ਗੁਰਬਖਸ਼ ਸਿੰਘ ਸ਼ਾਂਤ, ਭਾਈ ਗੁਰਵਿੰਦਰ ਸਿੰਘ, ਸੰਤ ਬਾਬਾ ਕੁਲਦੀਪ ਸਿੰਘ, ਭਾਈ ਜਸਵਿੰਦਰ ਸਿੰਘ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਗੁਰਮੀਤ ਸਿੰਘ, ਭਾਈ ਜਤਿੰਦਰ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਜੀ ਨੇ ਆਪਣੇ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ ਗਿਆ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਦਰਬਾਰ ਸਾਹਿਬ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ।

# 428 ਸ਼ਰਧਾਲੂਆਂ ਨੇ ਕੀਤੇ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪਹਿਲੀ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਕਰਤਾਰਪੁਰ ਸਾਹਿਬ ਕੋਰੀਡੋਰ ਡੇਰਾ ਬਾਬਾ ਨਾਨਕ ਰਾਹੀਂ 428 ਸ਼ਰਧਾਲੂਆਂ ਪਾਕਿਸਤਾਨ ਪੁੱਜੇ ਜਿਨ੍ਹਾਂ ਵੱਲੋਂ ਪਾਕਿਸਤਾਨ ਸਥਿਤ ਇਤਿਹਾਸਿਕ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਗਏ। ਦਰਸ਼ਨ ਕਰਕੇ ਵਾਪਸ ਪਰਤੇ ਸ਼ਰਧਾਲੂ ਮਹਿੰਦਰ ਸਿੰਘ, ਹਰਪ੍ਰੀਤ ਸਿੰਘ ਚੰਡੀਗੜ੍ਹ, ਗੁਰਮੀਤ ਸਿੰਘ ਕੇਵਲਜੀਤ ਕੌਰ ਮਾਨਸਾ, ਗੁਰਸ਼ਰਨ ਸਿੰਘ, ਰਣਧੀਰ ਸਿੰਘ ਤੇ ਮਨਜੀਤ ਸਿੰਘ ਨੇ ਕਰਤਾਰਪੁਰ ਸਾਹਿਬ ਕੋਰੀਡੋਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਮੌਕੇ ਅੱਜ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਬਹੁਤ ਹੀ ਖੁਸ਼ੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਇਕ ਇਤਿਹਾਸਿਕ ਫ਼ੈਸਲਾ ਲੈਂਦਿਆਂ ਹੋਇਆਂ ਜਿੱਥੇ ਇਸ ਲਾਂਘੇ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨਾਂ ਲਈ ਖੋਲ੍ਹਿਆ ਗਿਆ ਹੈ ਉਥੇ ਹੀ ਇਸ ਕਰਤਾਰਪੁਰ ਸਾਹਿਬ ਲਾਂਘੇ ਨੂੰ ਵਪਾਰ ਵਾਸਤੇ ਵੀ ਖੋਲ੍ਹ ਦੇਣਾ ਚਾਹੀਦਾ ਹੈ ਤਾਂ ਜੋ ਦੋਵਾਂ ਦੇਸ਼ਾਂ ਦੇ ਲੋਕ ਦੁਸ਼ਮਣੀ ਵਾਲੀ ਕੁੜੱਤਣ ਨੂੰ ਦੂਰ ਕਰਦਿਆਂ ਹੋਇਆਂ ਤਰੱਕੀ ਦੀਆਂ ਲੀਹਾਂ ਵੱਲ ਚੱਲਣ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਇਹ ਲਾਂਘਾ ਖੁੱਲ੍ਹਣ ਨਾਲ ਜਿੱਥੇ ਪੂਰੀ ਦੁਨੀਆਂ ਦੀਆਂ ਨਾਨਕ ਨਾਮਲੇਵਾ ਸੰਗਤਾਂ ਆਪਣੇ ਚਿਰਾਂ ਤੋਂ ਵਿਛੜੇ ਆਪਣੇ ਇਸ ਪਵਿੱਤਰ ਅਸਥਾਨ ਦੇ ਖੁੱਲ੍ਹੇ ਦਰਸ਼ਨ ਕਰ ਰਹੀਆਂ ਹਨ, ਉਥੇ ਇਹ ਅਮਨ ਦਾ ਲਾਂਘਾ ਦੋਵਾਂ ਦੇਸ਼ਾਂ ਦੀ ਦੁਸ਼ਮਣੀ ਵਾਲੀ ਕੁੜੱਤਣ ਨੂੰ ਦੂਰ ਕਰਕੇ ਸਾਂਝੀਵਾਲਤਾ ਤੇ ਭਾਈਚਾਰੇ ਦਾ ਪ੍ਰਤੀਕ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਉਹ ਪਵਿੱਤਰ ਅਸਥਾਨ ਹੈ ਜਿੱਥੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦਾ 18 ਸਾਲ ਦੇ ਕਰੀਬ ਸਭ ਤੋਂ ਵੱਧ ਸਮਾਂ ਇਸ ਅਸਥਾਨ ਤੇ ਬਤੀਤ ਕੀਤਾ ਤੇ ਇਥੇ ਹੀ ਹੱਥੀਂ ਕਿਰਤ ਕਰਕੇ ਨਾਮ ਜਪਣ, ਵੰਡ ਛਕਣ ਤੇ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ ਸੀ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨਾਂ ਲਈ ਕਰਵਾਈ ਜਾਣ ਵਾਲੀ ਰਜਿਸਟ੍ਰੇਸ਼ਨ ਨੂੰ ਸੁਖਾਲਾ ਬਣਾਇਆ ਜਾਵੇ, 20 ਡਾਲਰ ਦੀ ਫੀਸ ਨੂੰ ਘੱਟ ਕੀਤਾ ਜਾਵੇ ਤੇ ਪਾਸਪੋਰਟ ਦੀ ਸ਼ਰਤ ਨੂੰ ਖਤਮ ਕੀਤਾ ਜਾਵੇ ਤਾਂ ਜੋ ਸਮੁੱਚੀਆਂ ਨਾਨਕ ਨਾਮਲੇਵਾ ਸੰਗਤਾਂ ਵੱਡੇ ਦਿਲ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਸ ਪਵਿੱਤਰ ਧਰਤੀ ਦੇ ਦਰਸ਼ਨ ਦੀਦਾਰੇ ਕਰ ਸਕਣ।

# ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਅੱਜ ਸੰਸਾਰ ਭਰ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕਰਨ ਪਹੁੰਚੀਆਂ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ 'ਤੇ ਦੀਪਮਾਲਾ ਵੀ ਕੀਤੀ ਗਈ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਇਲਾਹੀ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਪ੍ਰਚਾਰਕ ਭਾਈ ਸਤਵੰਤ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਕੀਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਹੋਏ ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਵਾਇਆ। ਇਸ ਮੌਕੇ ਕਵੀ ਦਰਬਾਰ ਵੀ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਬਘੇਲ ਸਿੰਘ, ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਜਗਤਾਰ ਸਿੰਘ ਸ਼ਹੂਰਾ, ਸਤਿੰਦਰ ਸਿੰਘ, ਵਧੀਕ ਮੈਨੇਜਰ ਨਿਸ਼ਾਨ ਸਿੰਘ ਜਫਰਵਾਲ, ਗੁਰਤਿੰਦਰਪਾਲ ਸਿੰਘ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ) : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ, ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪੁਰਬ ਮਨਾਇਆ ਗਿਆ, ਜਿਸ ਦੌਰਾਨ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਗੁਰੂ ਜੀ ਦੀ ਉਸਤਤ ਕਰਦਿਆਂ ਸਕੂਲ ਅਧਿਆਪਕਾਂ ਹਰਦੀਪ ਸਿੰਘ, ਰਾਜਨ ਅਤੇ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤੇ ਗਏ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਸਕੂਲ ਅਧਿਆਪਕਾਂ ਮੈਡਮ ਗੁਰਵਿੰਦਰ ਕੌਰ ਦੁਆਰਾ ਅਰਦਾਸ ਕੀਤੀ ਗਈ ਅਤੇ ਸਾਰਿਆਂ ਨੂੰ ਦੇਗ ਵਰਤਾਈ ਗਈ। ਇਸ ਵਿਸ਼ੇਸ਼ ਦਿਹਾੜੇ 'ਤੇ ਵਿਦਿਆਰਥੀਆਂ ਦੇ ਦਸਤਾਰ ਬੰਦੀ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਦੀ ਜੱਜਮੈਂਟ ਸਕੂਲ ਅਧਿਆਪਕਾਂ ਅੰਮ੍ਰਿਤਪਾਲ ਸਿੰਘ, ਮਨਜੀਤ ਸਿੰਘ ਅਤੇ ਤੇ ਹਰਗਗਨ ਸਿੰਘ ਦੁਆਰਾ ਕੀਤੀ ਦੁਆਰਾ ਗਈ। ਇਸ ਮੁਕਾਬਲੇ ਵਿੱਚ ਵਿਦਿਆਰਥੀ ਸੁਖਬੀਰ ਸਿੰਘ ਨੇ ਪਹਿਲਾ ਸਥਾਨ ਤਰੁਨਜੋਤ ਸਿੰਘ ਨੇ ਦੂਜਾ ਸਥਾਨ ਹਰਕਿਰਤ ਸਿੰਘ ਨੇ ਤੀਜਾ ਸਥਾਨ ਅਤੇ ਸੁਖਜੀਵਨ ਸਿੰਘ, ਅੰਸ਼ਪ੍ਰੀਤ ਸਿੰਘ ,ਅਗਮਪ੍ਰੀਤ ਸਿੰਘ, ਅਰਮਾਨਦੀਪ ਸਿੰਘ ਨੇ ਕੰਸੋਲੇਸ਼ਨ ਪ੍ਰਾਈਜ਼ ਹਾਸਲ ਕੀਤਾ। ਸਕੂਲ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਜੱਜ, ਅਸਿਸਟੈਂਟ ਮੈਨੇਜਿੰਗ ਡਾਇਰੈਕਟਰ ਪ੍ਰਗਟ ਸਿੰਘ ਜੱਜ ਅਤੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਸਮੂਹ ਸਟਾਫ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਗੁਰੂ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਗਈ।

ਪ੍ਰਿੰਸੀਪਲ ਵੱਲੋਂ ਬੱਚਿਆਂ ਨੂੰ ਸ੍ਰੀ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਂਦੇ ਹੋਏ ਉਹਨਾਂ ਦੀਆਂ ਸਿੱਖਿਆਵਾਂ ਉੱਤੇ ਚੱਲਣ ਲਈ ਪ੍ਰੇਰਿਤ ਕੀਤਾ। ਸਟੇਜ ਸੰਚਾਲਕਾ ਦੀ ਭੂਮਿਕਾ ਅਕਡੈਮਿਕ ਕੰਸਲਟੈਂਟ ਮੈਡਮ ਦੀਪਿਕਾ ਦੁਆਰਾ ਬਾਖੂਬੀ ਨਿਭਾਈ ਗਈ। ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ ਦੇ ਸਹਿਯੋਗ ਸਦਕਾ ਸਕੂਲ ਵਿੱਚ ਲੰਗਰ ਪ੍ਰਸ਼ਾਦ ਛਕਾਇਆ ਗਿਆ। ਇਸ ਮੌਕੇ ਸਕੂਲ ਦੇ ਸੁਪਰਵਾਇਜਰ ਮੈਡਮ ਸਪਨਾ ਸ਼ਰਮਾ, ਮੈਡਮ ਲੋਕੇਸਵਰੀ ਸ਼ਰਮਾ, ਲਵਲੀ ਸ਼ਰਮਾ, ਮੈਡਮ ਸਰਬਜੀਤ ਕੌਰ, ਸੁਰੇਸ਼ ਸ਼ਰਮਾ, ਗੋਪਾਲ ਅਤੇ ਸਕੂਲ ਵਿਦਿਆਰਥੀਆਂ ਦੁਆਰਾ ਲੰਗਰ ਦੀ ਸੇਵਾ ਪੂਰੀ ਸ਼ਰਧਾ ਨਾਲ ਨਿਭਾਈ ਗਈ।

# ਪੱਤਰਕਾਰਾਂ 'ਤੇ ਪੁਲਸ ਵੱਲੋਂ ਕੀਤੇ ਹਮਲੇ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੁਲਤਾਨਪੁਰ ਲੋਧੀ ਵਿਖੇ ਦੋ ਪੱਤਰਕਾਰਾਂ 'ਤੇ ਪੁਲਸ ਵੱਲੋਂ ਕੀਤੇ ਹਮਲੇ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਜਾਰੀ ਪ੍ਰੈੱਸ ਬਿਆਨ ਰਾਹੀਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ ਮੀਡੀਆ ਦੇ ਨੁਮਾਇੰਦਿਆਂ 'ਤੇ ਪੁਲਸ ਹਮਲਾ ਸੱਚ ਦੀ ਆਵਾਜ਼ ਨੂੰ ਦਬਾਉਣ ਵਾਲੀ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਹਰ ਪੱਧਰ 'ਤੇ ਫੇਲ੍ਹ ਹੋਈ ਹੈ ਅਤੇ ਹੁਣ ਸਰਕਾਰ ਦੀਆਂ ਨਾਕਾਮੀਆਂ ਉਜਾਗਰ ਕਰਨ ਵਾਲਿਆਂ 'ਤੇ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੱਚ ਦੀ ਆਵਾਜ਼ ਨੂੰ ਦਬਾਉਣ ਵਾਲੀ ਅਜਿਹੀ ਕਿਸੇ ਵੀ ਹਰਕਤ ਲਈ ਸਰਕਾਰ ਨੂੰ ਜਵਾਬ ਦੇਣਾ ਪਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੱਤਰਕਾਰਾਂ ਦੇ ਹਰ ਤਰ੍ਹਾਂ ਨਾਲ ਹੈ ਅਤੇ ਇਨਸਾਫ ਦੀ ਲੜਾਈ ਵਿਚ ਪੂਰਾ ਸਾਥ ਦੇਵੇਗੀ। ਐਡਵੋਕੇਟ ਧਾਮੀ ਨੇ ਦੋਸ਼ੀ ਪੁਲਸ ਮੁਲਾਜ਼ਮਾਂ 'ਤੇ ਸਖਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਹਮਲੇ ਦਾ ਸ਼ਿਕਾਰ ਹੋਏ ਪੱਤਰਕਾਰਾਂ ਨੂੰ ਹਰ ਹਾਲਤ ਵਿਚ ਇਨਸਾਫ ਮਿਲਣਾ ਚਾਹੀਦਾ ਹੈ।

# ਕਲਾਸੀਫਾਈਡ ਇਸ਼ਤਿਹਾਰ

## Change of Name

It is for general information that I Anamika w/o Gaurav Kumar, R/O Patti Barri,VPO Jandiala,Distt. Jalandhar -144033, declare that name of my husband has been wrongly written as GOURAV KUMAR in my Passport No. S5193158 issued at Jalandhar.The actual name of my husband is GAURAV KUMAR which may be amended accordingly.

## ਆਮ ਸੂਚਨਾ

ਇੱਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ-08/733 ਸੁਖਦੇਵ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਦੌਲਤਪੁਰਾ ਉੱਚਾ ਤਹਿਸੀਲ ਅਤੇ ਜ਼ਿਲ੍ਹਾ ਮੋਗਾ ਦੇ ਨਾਂਅ ਚੱਲਦਾ ਹੈ, ਜੋ ਕਿ ਜਸਬੀਰ ਕੌਰ ਪਤਨੀ ਮਨਜੀਤ ਸਿੰਘ ਵਾਸੀ ਨਾਨਕ ਨਗਰੀ ਮੋਗਾ ਦੇ ਨਾਂਅ 'ਤੇ ਤਬਦੀਲ ਕੀਤਾ ਜਾਣਾ ਹੈ। ਜੇ ਕਿਸੇ ਨੂੰ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿੱਚ 15 ਦਿਨਾਂ ਦੇ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪੀ ਐੱਸ ਪੀ ਸੀ ਐੱਲ ਡਗਰੂ ਵਿਖੇ ਦੇਵੇ।

ਅਸੀਂ, ਰਜਿੰਦਰ ਕੁਮਾਰ ਖਿੰਦਰੀ ਪੁੱਤਰ ਸ੍ਰੀ ਸੁਰਿੰਦਰ ਮੋਹਨ ਖਿੰਦਰੀ ਵਾ ਸੋਨਮ ਖਿੰਦਰੀ ਪਤਨੀ ਸ੍ਰੀ ਰਜਿੰਦਰ ਕੁਮਾਰ ਖਿੰਦਰੀ ਵਾਸੀਆਨ 411, ਗਲੀ ਲੰਬਾ ਵਾਲੀ, ਨੇੜੇ ਬੀ ਕੇ ਹਾਈ ਸਕੂਲ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਅਸੀਂ ਆਪਣੀ ਲੜਕੀ ਵਿਧੀ ਖਿੰਦਰੀ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ, ਕਿਉਂਕਿ ਉਹ ਸਾਡੇ ਕਹਿਣੇਕਾਰ 'ਚ ਨਹੀਂ ਸੀ। ਹੁਣ ਸਾਡੀ ਲੜਕੀ ਸਾਡੇ ਕਹਿਣੇਕਾਰ 'ਚ ਹੈ। ਇਸ ਲਈ ਅਸੀਂ ਹੁਣ ਆਪਣੀ ਲੜਕੀ ਦੀ ਬੇਦਖਲੀ ਵਾਪਸ ਲੈਂਦੇ ਹਾਂ। ਇਹ ਸਾਡੀ ਜਾਇਦਾਦ ਦੀ ਕਾਨੂੰਨੀ ਵਾਰਿਸ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ ਪ੍ਰਧਾਨ ਮੋਹਿਤ ਜੈਨ, ਸੈਕਟਰੀ ਦੀਪਕ ਜੈਨ , ਕੈਸ਼ੀਅਰ ਨਿਰਮਲਾ ਦੇਵੀ, ਪਿੰਡ ਹੀਰਕੇ, ਜ਼ਿਲ੍ਹਾ ਮਾਨਸਾ ਵਿੱਚ ਸੋਸਾਇਟੀ ਜਿਸ ਦਾ ਨਾਮ 'ਬਾਬਾ ਜੀ ਐਜੂਕੇਸਨ ਐਂਡ ਵੈਲਫੇਅਰ ਸੋਸਾਇਟੀ' ਹੈ, ਰਜਿਸਟਰ ਕਰ ਰਹੇ ਹਾਂ, ਜੇਕਰ ਕਿਸੇ ਨੂੰ ਇਸ ਨਾਮ ਤੋਂ ਇਤਰਾਜ ਹੋਵੇ ਤਾਂ ਜਿਲ੍ਹਾ ਉਦਯੋਗ ਕੇਂਦਰ, ਕਮਰਾ ਨੰਬਰ 81 ਮਾਨਸਾ ਵਿਖੇ ਸੰਪਰਕ ਕਰ ਸਕਦਾ ਹੈ।

## ਬੇਦਖਲੀ ਨੋਟਿਸ

ਮੈਂ, ਸ਼ਿਵ ਕੁਮਾਰ ਪੁੱਤਰ ਰਾਮ ਅਜੋਰ ਪਾਂਡੇ ਵਾਸੀ ਮਕਾਨ ਨੰ: 28/2, ਨਿਊ ਰਤਨ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜ ਕੁਮਾਰ ਅਤੇ ਉਸਦੀ ਪਤਨੀ ਨੇਹਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਦੇਬੋ ਪਤਨੀ ਕਰਮਜੀਤ ਵਾਸੀ ਪਿੰਡ ਕਿੰਗਰਾ ਚੋ ਵਾਲਾ ਜਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੀ ਨੂੰਹ ਮਨਜੀਤ ਕੌਰ ਪਤਨੀ ਹਰਜੀਤ ਰਾਮ, ਪੋਤਾ ਜਸ਼ਨਦੀਪ ਅਤੇ ਪੋਤੀ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਖਵਿੰਦਰ ਕੌਰ ਪਤਨੀ ਰਣਜੀਤ ਸਿੰਘ ਵਾਸੀ ਮਕਾਨ ਨੰ. 46-ਏ, ਕਮਲ ਵਿਹਾਰ, ਬਸਤੀ ਪੀਰ ਦਾਦ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕੁਲਜਿੰਦਰਪ੍ਰੀਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕ੍ਰਿਸ਼ਨ ਕੁਮਾਰ ਪੁੱਤਰ ਸਵਾਮੀ ਨਾਥ ਵਾਸੀ ਮਕਾਨ ਨੰ. 347, ਗਲੀ ਨੰ. 2, ਧੋਗੜੀ ਰੋਡ, ਨਿਊ ਹਰਗੋਬਿੰਦ ਨਗਰ, ਨੂਰਪੁਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਰਜੀਤ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਚੰਨਣ ਸਿੰਘ ਪੁੱਤਰ ਫਗਨ ਸਿੰਘ ਪਿੰਡ ਸਾਧਪੁਰ ਚੋਗਾਵਾਂ ਤਹਿਸੀਲ ਜਿਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਬਲਜੀਤ ਸਿੰਘ ਅਤੇ ਲਖਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਇਸ ਲਈ ਮੈਂ ਬਲਜੀਤ ਸਿੰਘ ਅਤੇ ਲਖਬੀਰ ਸਿੰਘ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ . ਸੰਬੰਧਤ ਨੋਟ ਕਰਨ

ਅਸੀਂ ਸਤਨਾਮ ਸਿੰਘ ਪੁੱਤਰ ਨਛੱਤਰ ਸਿੰਘ ਅਤੇ ਸਰਬਜੀਤ ਕੌਰ ਪਤਨੀ ਸਤਨਾਮ ਸਿੰਘ ਵਾਸੀਆਨ ਬੱਧਨੀ ਕਲਾਂ ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਹਨੀ ਸਿੰਘ (ਕੁਆਰਾ) ਜੋ ਕਿ ਸਾਡੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਲੈਣ-ਦੇਣ ਨਹੀਂ ਹੈ। ਸੰਬੰਧਤ ਨੋਟ ਕਰਨ।

ਅਸੀਂ ਰਾਜ ਕੁਮਾਰ ਪੁੱਤਰ ਜਗਦੀਸ਼ ਰਾਮ ਅਤੇ ਕਿਰਨ ਪਤਨੀ ਰਾਜ ਕੁਮਾਰ ਵਾਸੀਆਨ ਮਕਾਨ ਨੰਬਰ 330, ਨੇੜੇ ਗਿਆਨ ਭਵਨ ਜੋਧਾਮਲ ਰੋਡ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਮੋਹਿਤ ਕੁਮਾਰ ਅਤੇ ਉਸ ਦੀ ਪਤਨੀ ਕੰਚਨ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਅਸੀਂ ਰਾਕੇਸ਼ ਕੁਮਾਰ ਕਪੂਰ ਪੁੱਤਰ ਹਰੀ ਓਮ ਪ੍ਰਕਾਸ਼ ਅਤੇ ਗੀਤਾ ਕਪੂਰ ਪਤਨੀ ਰਾਕੇਸ਼ ਕੁਮਾਰ ਕਪੂਰ ਵਾਸੀ ਮਕਾਨ ਨੰਬਰ ਈ ਡੀ 74, ਧੰਨ ਮੁਹੱਲਾ, ਜਲੰਧਰ ਸੂਚਿਤ ਕਰਦਾ ਹਾਂ ਕਿ ਸਾਡਾ ਲੜਕਾ ਸਾਹਿਲ ਕਪੂਰ, ਉਸ ਦੀ ਪਤਨੀ ਪਲਕ ਕਪੂਰ ਸਾਡੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਅਸੀਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ । ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

ਮੈਂ ਜਸਵੰਤ ਸਿੰਘ ਪੁੱਤਰ ਸ੍ਰ.ਬਾਵਾ ਸਿੰਘ ਵਾਸੀ ਮਕਾਨ ਨੰ.464,ਨਿਊ ਗੋਲਡਨ ਐਵੀਨਿਊ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ ਅਤੇ ਉਸਦੀ ਪਤਨੀ ਪਰਮਜੀਤ ਕੌਰ ਦੋਵੇਂ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ ਅਤੇ ਮੈਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ । ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

## Change of Name

I, Nishika D/o Mandeep Kumar R/o H.No. 106, New Geeta Colony, Kala Sangha Road, Jalandhar, Punjab have changed my name from Nishika to Nishika Verma. All concerned please note.

I, Ajit Singh S/o Kultar Singh R/o Village Mughal, Tehsil & Distt. Gurdaspur, Punjab-143511 have changed my name from Ajit Singh to Surjit Singh. Concerned Note.

I Harbajan kaur W/o Piara Singh Vill Kishanpura (Bhakrodi) Distt Nawanshahr I Have changed my name to Harbhajan Kaur.

I, Lakhwinder Kaur W/O Harvinder Singh R/O Vill. Mmehrampur Teh . Nawanshahr Distt . S.b.s Nagar 144518 Have Changed My Name From Lakhwinder Kaur To Lakhwinder Kaur Singh. All Note.

I, Boota Ram S/O Baru Ram, Jagral, Jalandhar, Punjab-144020, have changed my minor son's name from Armaan to Armaan Singh Nahar. All note.

I, Rajan S/o Arun Kumar R/o 13/48, 2, Guru Nagar Abadi Verka, Amritsar, Punjab have changed my name from Rajan to Rajan Sharma.

I, Rachhpal Kaur W/O Mahinder Singh R/O Vpo Dostpur Distt Gurdaspur Have Changed My Name From Rachhpal Kaur To Rashpal Kaur

I Mohinder Singh S/O Tara Singh R/O Vpo Dostpur Distt Gurdaspur Have Changed My Name From Mohinder Singh To Mahinder Singh

I, Kanwaljit Singh son of Sukhdev Singh resident of VPO Algon Kothi Distt Tarn Taran changed his name to Kawaljit Singh

I, Jobanjit Singh S/o Gurbhej Singh R/o VPO Balair Tehsil Patti District Tarn Taran have declare that Singh is my Surname and Jobanjit is my Given name

I, Rakesh Kumar S/o Ram Dass R/o H.No.B-02/101, Ashberry Homes Vallah Bye Pass, District Amritsar have changed my name from Rakesh Kumar to Rakesh Kumar Thakur

I, Amritpal Singh S/o Satinderpal Singh R/o Vill Tong P.o. Rayya Teh. Baba Bakala Distt Amritsar Rural have declare that Singh is my Surname and Amritpal is my Given name

## ਨਾਂਅ ਦੀ ਬਦਲੀ

ਮੈਂ ਕਰਨਪਰੀਤ ਪੁੱਤਰੀ ਰਸ਼ਪਾਲ ਸਿੰਘ ਵਾਸੀ ਢੱਕੋਵਾਲ ਤਹਿਸੀਲ ਤੇ ਜਿਲਾ ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਕਰਨਪਰੀਤ ਕੌਰ ਰੱਖ ਲਿਆ ਹੈ।

ਮੈਂ ਸੁਰਜੀਤ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਪਿੰਡ ਮੁੰਨਣਾਂ ਵਾਲੀ ਡਾਕਖਾਨਾ ਦੋਦਵਾਂ ਜਿਲਾ ਗੁਰਦਾਸਪੁਰ (ਪੰਜਾਬ ) ਸੂਚਿਤ ਕਰਦਾ ਹਾਂ ਕਿ ਭਵਿੱਖ ਵਿੱਚ ਮੈਨੂੰ ਸੁਰਜੀਤ given name ਅਤੇ ਸਿੰਘ surname ਵਜੋਂ ਜਾਣਿਆ ਜਾਵੇ । ਮੇਰਾ ਪਾਸਪੋਰਟ ਨੰਬਰ 7 3528971 ਹੈ ।

# 79ਵਾਂ ਬਰਸੀ ਸਮਾਗਮ 13 ਤੋਂ

**ਜਲੰਧਰ**-ਧੰਨ-ਧੰਨ ਸ੍ਰੀ ਸਤਿਗੁਰ ਬੰਦੀਛੋੜ ਈਸ਼ਰਦਾਸ ਮਹਾਰਾਜ (ਸ੍ਰੀ ਘੀਸਾ ਪੰਥੀ ਸੰਪਰਦਾਇ) ਦਾ 79ਵਾਂ ਬਰਸੀ ਸਮਾਗਮ 13 ਤੋਂ 15 ਦਸੰਬਰ ਤੱਕ ਡੇਰਾ ਸਾਹਿਬ ਦੁਆਰ, ਤਾਰਾਗੜ੍ਹ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ । ਤਿੰਨੇ ਦਿਨ ਕੀਰਤਨ ਦਰਬਾਰ ਹੋਵੇਗਾ ਤੇ ਸੰਤ-ਮਹਾਂਪੁਰਸ਼ਾਂ ਵੱਲੋਂ ਪ੍ਰਵਚਨ ਕੀਤੇ ਜਾਣਗੇ। ਇਹ ਜਾਣਕਾਰੀ ਦਿੰਦਿਆਂ ਸੰਚਾਲਕ ਸੰਤ ਇੰਦਰ ਦਾਸ ਨੇ ਦੱਸਿਆ ਕਿ ਤਿੰਨੇ ਦਿਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ।

## Change of Name

I, Navdeep Singh s/o Dalbir Singh Vill. Sandhwan Khurd, Po.Ladha Munda, Teh. Batala Gurdaspur, have changed my name to Singh Navdeep. All Please Note.

I, Vivek Kumar s/o Ranjit Kumar r/o VPO.Badala Mahi, Distt. Hoshiarpur declare that Given name as Vivek & Surname as Kumar. All Please Note.

I, Vikram Datta S/o Anil Dutta R/o H.No. 89, Defence Colony, Jalandhar have changed my name from Vikram Datta to Vikram Dutta. All Please Note.

I, Kulwinder Datta W/o Anil Datta R/o H.No.89-B, Defence Colony, Jalandhar have changed my name from Kulwinder Datta to Kulwinder Dutta. All Please Note.

I, Vikram Datta S/o Anil Dutta R/o H.No.89, Defence Colony, Jalandhar. I declare that name of my father has been wrongly written as Anil Datta in my Passport No. H4312672. The actual my father name Anil Dutta. All Please Note.

I, Gurmeet Kaur D/o Sohan Singh R/o Behrampur Road, Kothe District Gurdaspur Punjab declare that given name Gurmeet and Surname as Kaur. My name may be read as Kaur Gurmeet. All Please Note.

I, Hemlata D/o Manipal R/o H.No-393C, Vill.Nathusari Kalan, Teh.Sirsa, Distt.Sirsa, Haryana-125110, have changed my name and shall hereafter be known as Pooja. All Please Note.

I, Deepak S/o Varinder Singh R/o H.No. 6, St.No-3, Sanjay Gandhi Nagar, Jalandhar-I, Jalandhar, Punjab-144004 have changed my name and shall hereafter be known as Deepak Singh. All Please Note.

I, Kuldip Singh S/o Surmukh Singh R/o H.No.493, Guru Ramdas Enclave, Jalandhar, Punjab have changed my name from Kuldip Singh to Kuldeep Singh. All Please Note.

I, Vinod Kumar S/o. Gurmit Ram R/o. VPO. Mahal, Tehsil Phillaur, District Jalandhar, Punjab, India have LIC Policy No. 132086061, in which my name is written as Vinode Kumar S/o. Malkit Chand. Vinod Kumar & Vinode Kumar, and Gurmit Ram & Malkit Chand are one and same person. All concerned please note.

I, Kuldip Singh S/o Pritam Singh R/o 29, Canal Avenue, Near Seth Gas Sultanwind Road, Amritsar have changed my name from Kuldip Singh to Kuldeep Singh

I, Ravti s/o Raman Lal r/o H.No.NL-197, Mohalla Mohindru, Malkan Chowk, Jalandhar have changed my name to Ravti Chadha. All Please Note.

I Neelam Rani W/o. Satish Kumar Village Malak Nangal, Tehsil Baba Bakala (Amritsar) have Changed my name from Neelam Rani to NEELAM SHARMA. Concerned Note.

I,Ram Lubhaya Joshi S/O late Des Raj R/O H.No.16-17,Tilak Nagar,Near Shivala Temple,Amritsar,Punjab have changed my name from Ram Lubhaya Joshi to Ram Lubhaya Sharma.Concerned note.

I Harnanpreet Singh S/o Sukhjinder Singh R/o. VPO.Dharamkot Bagga,Tehsil Batata, Distt Gurdaspur.Have Changed my name from Harnanpreet Singh to Harmanpreet Singh.

# ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਵੰਡੇ

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਪੰਜਾਬ ਹਰੀਏਵਾਲ ਆਰਗੇਨਾਈਜੇਸ਼ਨ ਅਧੀਨ ਸਰਕਾਰੀ ਪ੍ਰਾਇਮਰੀ ਸਕੂਲ ਠਾਕੁਰਪੁਰ ਬਲਾਕ ਨਰੋਟ ਜੈਮਲ ਸਿੰਘ ਦੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਬੈਚਲਰ ਆਫ ਬਿਜ਼ਨੈੱਸ ਐਡਮਨਿਸਟ੍ਰੇਸ਼ਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਜਲੰਧਰ ਦੀ ਵਿਦਿਆਰਥਣ ਭੂਮਿਕਾ ਠਾਕੁਰ ਵੱਲੋਂ ਬੂਟੇ ਵੰਡਣ ਦਾ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਸਕੂਲੀ ਵਿਦਿਆਰਥੀਆਂ, ਸਟਾਫ ਅਤੇ ਪੰਚਾਇਤ ਨੂੰ ਵੱਖ-ਵੱਖ ਕਿਸਮਾਂ ਦੇ ਬੂਟੇ ਵੰਡੇ ਗਏ ਤਾਂ ਜੋ ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਣ ਨੂੰ ਸ਼ੁੱਧ ਰੱਖਿਆ ਜਾ ਸਕੇ। ਇਸ ਮੌਕੇ ਭੂਮਿਕਾ ਠਾਕੁਰ ਨੇ ਬੱਚਿਆਂ ਨੂੰ ਵਾਤਾਵਰਣ ਦੀ ਸ਼ੁੱਧਤਾ ਬਾਰੇ ਜਾਗਰੂਕ ਕੀਤਾ ਅਤੇ ਪ੍ਰਣ ਕਰਵਾਇਆ ਕਿ ਹਰ ਵਿਦਿਆਰਥੀ ਨੂੰ ਆਪਣੇ ਜਨਮ ਦਿਨ ਤੇ ਇਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸਾਨੂੰ ਪੌਦਿਆਂ ਤੋਂ ਆਕਸੀਜਨ ਮਿਲਦੀ ਹੈ ਜੋ ਮਨੁੱਖ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ ਸਰਪੰਚ ਸਤੀਸ਼ ਕੁਮਾਰ, ਪੰਚਾਇਤ ਮੈਂਬਰ ਗੋਲਡੀ ਠਾਕੁਰ, ਸੰਦੀਪ ਸਿੰਘ, ਮੈਨੇਜਮੈਂਟ ਕਮੇਟੀ ਚੇਅਰਮੈਨ ਜੋਤੀ ਬਾਲਾ, ਸਕੂਲ ਸਟਾਫ ਹੈੱਡ ਟੀਚਰ ਰਾਕੇਸ ਸੈਣੀ, ਟੀਚਰ ਪੂਜਾ ਕਾਤਲ, ਸਮਿਤਾ ਗੁਪਤਾ, ਸੁਮਨ ਬਾਲਾ, ਸੁਨੈਨਾ ਮਿਡ ਡੇ ਮੀਲ ਵਰਕਰ, ਗਯਾ ਰਾਣੀ, ਸੁਦੇਸ਼ ਕੁਮਾਰੀ, ਰੇਣੂ ਬਾਲਾ ਆਦਿ ਵੀ ਹਾਜ਼ਰ ਸਨ।

# ਸੀ ਟੀ ਯੂ ਪੰਜਾਬ ਸੰਯੁਕਤ ਕਿਸਾਨ ਮੋਰਚਾ ਚੰਡੀਗੜ੍ਹ ਸੰਘਰਸ਼ 'ਚ ਹੋਇਆ ਸ਼ਾਮਲ




ਪਠਾਨਕੋਟ (ਦਵਿੰਦਰ ਸਿੰਘ)-ਸੀ. ਟੀ. ਯੂ. ਪੰਜਾਬ ਦੀ ਅਗਵਾਈ ਹੇਠ ਜ਼ਿਲਾ ਪਠਾਨਕੋਟ ਤੋਂ ਮਜ਼ਦੂਰਾਂ ਦਾ ਜੱਥਾ ਸੰਯੁਕਤ ਕਿਸਾਨ ਮੋਰਚੇ ਦੇ ਚੰਡੀਗੜ੍ਹ ਤਿੰਨ ਦਿਨਾ ਮਹਾਂ ਪੜਾਅ ਵਿਚ ਸ਼ਾਮਲ ਹੋਇਆ। ਸੀਟੀਯੂ ਪੰਜਾਬ ਦੇ ਆਗੂਆਂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ ਅਤੇ ਹਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸਾਲ 2020 ਵਿੱਚ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪਾਸ ਕੀਤੇ ਤਿੰਨ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਦੇ ਖਿਲਾਫ ਦਿੱਲੀ ਸਾਲ ਭਰ ਕੀਤੇ ਸੰਘਰਸ਼ ਦੀ ਸਮਾਪਤੀ ਵੇਲੇ ਦੋ ਸਾਲ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤਿੰਨ ਕਾਨੂੰਨਾਂ ਨੂੰ ਵਾਪਸ ਲੈਂਦਿਆਂ ਉਸ ਮੌਕੇ ਕਿਸਾਨਾਂ ਦੀਆਂ ਹੋਰ ਮੰਗਾਂ ਜਿਵੇਂ ਸਾਰੀਆਂ ਫਸਲਾਂ 'ਤੇ ਐੱਮਐੱਸਪੀ ਦੇਣ, ਲਖੀਮਪੁਰ ਖੀਰੀ ਵਿਖੇ ਚਾਰ ਅੰਦੋਲਨਕਾਰੀ ਕਿਸਾਨਾਂ ਤੇ ਪੱਤਰਕਾਰ ਨੂੰ ਦਰੜ ਕੇ ਕਤਲ ਕਰਨ ਦੇ ਮੁੱਖ ਦੋਸ਼ੀ ਕੇਂਦਰੀ ਮੰਤਰੀ ਅਜੇ ਕੁਮਾਰ ਟੈਨੀ ਦੇ ਬੇਟੇ ਅਸ਼ੀਸ਼ ਟੈਨੀ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਅਤੇ ਡਾ. ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰਨ ਤੋਂ ਭੱਜੀ ਕਾਰਪੋਰੇਟ ਘਰਾਣਿਆਂ ਹਮਾਇਤੀ ਮੋਦੀ ਸਰਕਾਰ ਦੇ ਖਿਲਾਫ ਦੇਸ਼ ਵਿਆਪੀ ਗਵਰਨਰ ਹਾਊਸ ਸਾਹਮਣੇ ਤਿੰਨ ਰੋਜ਼ਾ ਧਰਨੇ ਵਿੱਚ ਸ਼ਾਮਲ ਹੋਣਗੇ ਉਥੇ ਕੇਂਦਰ ਤੇ ਪੰਜਾਬ ਸਰਕਾਰ ਦੇ ਮਜ਼ਦੂਰ ਵਿਰੋਧੀ ਫੈਸਲਿਆਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਿੱਥੇ ਕੇਂਦਰ ਦੀ ਮੋਦੀ ਸਰਕਾਰ ਨੇ ਮਜ਼ਦੂਰ ਪੱਖੀ ਲੇਬਰ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟ ਘਰਾਣਿਆਂ ਪੱਖੀ ਚਾਰ ਲੇਬਰ ਕੋਡਜ਼ ਵਿੱਚ ਤਬਦੀਲ ਕਰ ਦਿੱਤਾ ਉੱਥੇ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਨੇ ਕੰਮ ਦਿਹਾੜੀ ਦਾ ਸਮਾਂ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰਨ ਤੇ ਮਿਨੀਮਮ ਵੇਜ ਵਿੱਚ ਸੋਧ ਤੋਂ ਪਾਸਾ ਵੱਟਦਿਆਂ ਮੋਦੀ ਸਰਕਾਰ ਦੀ ਹਾਂ ਵਿੱਚ ਹਾਂ ਮਿਲਾ ਕੇ ਮਜ਼ਦੂਰਾਂ ਨਾਲ ਧੋਖਾ ਕੀਤਾ ਹੈ। ਸੈਂਟਰ ਆਫ ਟਰੇਡ ਯੂਨੀਅਨਜ਼ (ਸੀਟੀਯੂ) ਪੰਜਾਬ ਦੇ ਆਗੂਆਂ ਕਿਸਾਨ ਅੰਦੋਲਨ ਵਿੱਚ ਸ਼ਾਮਲ ਹੁੰਦਿਆਂ ਹਰ ਸੰਘਰਸ਼ ਵਿੱਚ ਹਰ ਸੰਭਵ ਮਦਦ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਆਪਣੀਆਂ ਆਰਥਿਕ ਤੇ ਸਮਾਜਿਕ ਸੁਰੱਖਿਆ ਦੀ ਲੜਾਈ ਲੜਦਿਆਂ ਦੇਸ਼ ਵਿਚੋਂ ਕਾਰਪੋਰੇਟ ਘਰਾਣਿਆਂ ਭਜਾਓ-ਮੋਦੀ ਹਰਾਓ-ਕਿਸਾਨ ਮਜ਼ਦੂਰ ਤੇ ਮਿਹਨਤੀ ਵਰਗ-ਬਚਾਓ-ਦੇਸ਼ ਬਚਾਓ ਮੁਹਿੰਮ ਵਿੱਢਣ 'ਤੇ ਜ਼ੋਰ ਦਿੱਤਾ। ਉਪਰੋਕਤ ਤੋਂ ਇਲਾਵਾ ਕਾਮਰੇਡ ਸਕੱਤਰ ਸਿੰਘ, ਅਜੀਤ ਰਾਮ ਗੰਦਲਾਂ ਲਾਹੜੀ, ਸੋਹਨ ਲਾਲ, ਨਰੋਤਮ ਸਿੰਘ, ਕੁਲਦੀਪ ਰਾਜ, ਦਰਸ਼ਨ ਸਿੰਘ, ਮਨਹਰਨ ਅਤੇ ਹੋਰ ਸਾਥੀਆਂ ਨੇ ਅਗਵਾਈ ਕੀਤੀ।


**Reg. off.:** 410-412,18/12, 4th Floor, W.E.A, Arya Samaj Road, Karol Bagh, New Delhi-110005,
**Corp off.:** 716-717, 7th Floor, Tower B, World Trade Tower, Sector 16, Noida, 201301, U.P., Ph.: +91 120 4290650/52/53/54/55, Email: info@cslfinance.in Legal@cslfinance.in., Web.: www.cslfinance.in, CIN: L74899DL1992PLC051462

CSL Finance Limted

**ਅਚੱਲ ਜਾਇਦਾਦ ਵਾਸਤੇ ਕਬਜ਼ਾ ਨੋਟਿਸ**
[(ਅੰਤਿਕਾ IV)] ਰੂਲ 8 (1)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਤਹਿਤ ਸੀ ਐੱਸ ਐੱਲ ਫਾਇਨਾਂਸ ਲਿਮ: ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (2) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਮੰਗੀ ਗਈ ਰਕਮ ਮੁੜ ਅਦਾ ਕਰਨ 'ਚ ਅਸਫਲ ਰਹੇ ਹਨ, ਇਸ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਬਕਾਇਦਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਕੰਪਨੀ ਦੀ ਤਰਫੋਂ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਰੂਲ਼ਜ਼ ਦੇ ਰੂਲ 8 (1) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਹੇਠਾਂ ਦਰਸਾਈ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਸਮੇਤ ਕੰਪਨੀ ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ/ ਸਕਿਉਰਿਟੀ ਪ੍ਰੋਵਾਈਡਰ/ ਕਰਜ਼ਾ ਨੰ: | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ (ਰੁਪਏ 'ਚ) | ਕਬਜ਼ੇ ਦੀ ਮਿਤੀ |
|---|---|---|
| Loan No. SMELUDNIRML0000005002487 1. ਸ੍ਰੀ ਸੁਭਾਸ਼ ਕੁਮਾਰ ਬਵੇਜਾ (ਕਰਜ਼ਦਾਰ) 2. ਸ੍ਰੀਮਤੀ ਸੋਨੀਆ ਬਵੇਜਾ (ਸਹਿ-ਕਰਜ਼ਦਾਰ/ਸਕਿਉਰਟੀ ਪ੍ਰੋਵਾਈਡਰ) 3. ਸ੍ਰੀ ਮੇਘਵ ਬਵੇਜਾ (ਸਹਿ-ਕਰਜ਼ਦਾਰ), ਸਾਰਿਆਂ ਦਾ ਪਤਾ :- ਮਕਾਨ ਨੰ. 4131/ਈ, ਗਲੀ ਨੰ.-4, ਨਿਊ ਮਾਧੋਪੁਰੀ, ਲੁਧਿਆਣਾ, ਭਾਰਤ ਨਗਰ ਚੌਕ, ਨੇੜੇ ਹਨੂੰਮਾਨ ਮੰਦਰ, ਲੁਧਿਆਣਾ, ਪੰਜਾਬ-141001 | 06.05.2023 ਅਤੇ 05/05/2023 ਨੂੰ ਰੁ. 56,17,713/-(ਛਪੰਜਾ ਲੱਖ ਸਤਾਰਾਂ ਹਜ਼ਾਰ ਸੱਤ ਸੌ ਤੇਰਾਂ ਰੁਪਏ ਕੇਵਲ) | 23.11.2023 ਭੌਤਿਕ ਕਬਜ਼ਾ |

ਸਕਿਉਰਡ ਐੱਸਟ (ਅਚੱਲ ਜਾਇਦਾਦ) ਦਾ ਵੇਰਵਾ : ਮਕਾਨ ਐੱਮ ਸੀ ਐੱਲ ਨੰ. ਬੀ-24-4131/11/3-ਈ, ਰਕਬਾ 100 ਵਰਗ ਗਜ਼, ਖਸਰਾ ਨੰ. 255/1, 255/2, 256/2, 257/2, 258/2, 260/2, 261/6, 263/3, 268/4, 259/3, 3387/262/2, 3388/262/2, ਖੇਵਟ ਨੰ. 2158/2375, 2177/2394, ਜਮ੍ਹਾਂਬੰਦੀ ਸਾਲ 2002-2003, ਖੇਵਟ ਨੰ. 2185/2399, 2204/2414, ਜਮ੍ਹਾਂਬੰਦੀ ਸਾਲ 2007-2008, ਪਿੰਡ ਤਰਫ ਸੈਦਾਂ, ਅਬਾਦੀ "ਨਿਊ ਮਾਧੋਪੁਰੀ", ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਦੱਖਣ : ਗਲੀ 20 ਫੁੱਟ ਚੌੜੀ 18 ਫੁੱਟ, ਉੱਤਰ : ਹੋਰ 18 ਫੁੱਟ, ਪੂਰਬ : ਰੋਹਿਤ 50 ਫੁੱਟ, ਪੱਛਮ : ਧਰਮਪਾਲ 50 ਫੁੱਟ।

ਮਿਤੀ 27.11.2023 ਸਹੀ/- ਅਧਿਕਾਰਤ ਅਫਸਰ,
ਸਥਾਨ : ਲੁਧਿਆਣਾ ਸੀ ਐੱਸ ਐੱਲ ਫਾਇਨਾਂਸ ਲਿਮਟਿਡ

**Reg. off.:** 410-412,18/12, 4th Floor, W.E.A, Arya Samaj Road, Karol Bagh, New Delhi-110005,
**Corp off.:** 716-717, 7th Floor, Tower B, World Trade Tower, Sector 16, Noida, 201301, U.P., Ph.: +91 120 4290650/52/53/54/55, Email: info@cslfinance.in Legal@cslfinance.in., Web.: www.cslfinance.in, CIN: L74899DL1992PLC051462

CSL Finance Limted

**ਅਚੱਲ ਜਾਇਦਾਦ ਵਾਸਤੇ ਕਬਜ਼ਾ ਨੋਟਿਸ**
[(ਅੰਤਿਕਾ IV)] ਰੂਲ 8 (1)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਤਹਿਤ ਸੀ ਐੱਸ ਐੱਲ ਫਾਇਨਾਂਸ ਲਿਮ: ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (2) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਮੰਗੀ ਗਈ ਰਕਮ ਮੁੜ ਅਦਾ ਕਰਨ 'ਚ ਅਸਫਲ ਰਹੇ ਹਨ, ਇਸ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਬਕਾਇਦਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਕੰਪਨੀ ਦੀ ਤਰਫੋਂ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਰੂਲ਼ਜ਼ ਦੇ ਰੂਲ 8 (1) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਹੇਠਾਂ ਦਰਸਾਈ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਸਮੇਤ ਕੰਪਨੀ ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ/ ਸਕਿਉਰਿਟੀ ਪ੍ਰੋਵਾਈਡਰ/ ਕਰਜ਼ਾ ਨੰ: | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ (ਰੁਪਏ 'ਚ) | ਕਬਜ਼ੇ ਦੀ ਮਿਤੀ |
|---|---|---|
| Loan No. SMEPATLAPSL0000005000858 1. ਸ੍ਰੀ ਕਰਨਜੀਤ ਸਿੰਘ (ਕਰਜ਼ਦਾਰ) 2. ਸ੍ਰੀ ਬਲਜੀਤ ਸਿੰਘ (ਸਹਿ-ਕਰਜ਼ਦਾਰ) 3. ਸ੍ਰੀਮਤੀ ਮਾਇਆ ਦੇਵੀ (ਕਰਜ਼ਦਾਰ/ਸਕਿਉਰਟੀ ਪ੍ਰੋਵਾਈਡਰ) ਸਾਰੇ ਵਾਸੀ ਮਕਾਨ ਨੰ. 5080, ਫੇਸ-2, ਅਰਬਨ ਅਸਟੇਟ, ਪਟਿਆਲਾ, ਪੰਜਾਬ, ਪਿੰਨ ਕੋਡ-147002 | 20.09.2023 ਅਤੇ 19.09.2023 ਨੂੰ ਰੁਪਏ 20,29,306/- (ਵੀਹ ਲੱਖ ਉਨੱਤੀ ਹਜ਼ਾਰ ਤਿੰਨ ਸੌ ਛੇ ਰੁਪਏ ਕੇਵਲ) ਜਮ੍ਹਾਂ ਇਸ ਉਪਰ ਭਵਿੱਖੀ ਵਿਆਜ, ਪੀਨਲ ਵਿਆਜ, ਲਾਗਤਾਂ ਅਤੇ ਚਾਰਜਿਜ਼ | 24.11.2023 |

ਸਕਿਉਰਡ ਐੱਸਟ (ਅਚੱਲ ਜਾਇਦਾਦ) ਦਾ ਵੇਰਵਾ :ਬੈਨਾਮਾ ਨੰ. 9438 ਮਿਤੀ 26.02.2015 ਅਨੁਸਾਰ ਸ੍ਰੀਮਤੀ ਮਾਇਆ ਦੇਵੀ ਪਤਨੀ ਸ੍ਰੀ ਬਲਜੀਤ ਸਿੰਘ ਦੇ ਨਾਂਅ 'ਤੇ ਜਾਇਦਾਦ ਈ ਡਬਲਯੂ ਐੱਸ-5080 (ਗਰਾਊਂਡ ਫਲੋਰ), ਅਰਬਨ ਅਸਟੇਟ, ਫੇਸ-2, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਰਕਬਾ 85.17 ਵਰਗ ਗਜ਼। ਹੱਦਾਂ : ਉੱਤਰ : ਨਿਰਮਤ ਮਕਾਨ, ਦੱਖਣ : ਨਿਰਮਤ ਮਕਾਨ, ਪੂਰਬ : ਸੜਕ, ਪੱਛਮ : ਸੜਕ

ਮਿਤੀ : 27.11.2023 ਸਹੀ/- ਅਧਿਕਾਰਤ ਅਫਸਰ
ਸਥਾਨ : ਪਟਿਆਲਾ (ਪੰਜਾਬ) ਸੀ ਐੱਸ ਐੱਲ ਫਾਇਨਾਂਸ ਲਿਮਟਿਡ


# ਸੁਲਤਾਨਪੁਰ ਲੋਧੀ ਫਾਇਰਿੰਗ ਮਾਮਲੇ 'ਚ ਬਣਾਈ ਐੱਸ ਆਈ ਟੀ ਅਕਾਲੀ ਦਲ ਵੱਲੋਂ ਰੱਦ

## * ਕੇਸ ਸੀ ਬੀ ਆਈ ਹਵਾਲੇ ਕੀਤੇ ਜਾਣ ਦੀ ਕੀਤੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-'ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ (ਸੁਲਤਾਨਪੁਰ ਲੋਧੀ) 'ਤੇ ਬਿਨਾਂ ਕਿਸੇ ਭੜਕਾਹਟ ਦੇ ਪੁਲਸ ਵੱਲੋਂ 23 ਨਵੰਬਰ ਨੂੰ ਅੰਮ੍ਰਿਤ ਵੇਲੇ ਆਟੋਮੈਟਿਕ ਹਥਿਆਰਾਂ ਨਾਲ ਕੀਤੀ ਗਈ ਭਾਰੀ ਫਾਇਰਿੰਗ ਅਤੇ ਅੰਨ੍ਹੇਵਾਹ ਹੰਝੂ ਗੈਸ ਦੀ ਕੀਤੀ ਗਈ ਵਰਤੋਂ ਵੱਡਾ ਜੁਰਮ ਹੈ। ਇਸ ਕਰਕੇ ਸ਼ਸ਼ਫ ਕਪੂਰਥਲਾ ਬੀਬੀ ਵਤਸਲਾ ਗੁਪਤਾ ਦੀ ਅਗਵਾਈ ਹੇਠ ਬਣਾਈ ਐੱਸਆਈਟੀ ਨੂੰ ਸ਼੍ਰੋਮਣੀ ਅਕਾਲੀ ਦਲ ਮੁੱਢੋਂ ਰੱਦ ਕਰਦਿਆਂ ਛਬੀ ਵਰਗੀ ਨਿਰਪੱਖ ਏਜੰਸੀ ਤੋਂ ਜਾਂਚ ਦੀ ਮੰਗ ਕਰਦਾ ਹੈ। ਇਹ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਸਰਦਾਰ ਵਿਰਸਾ ਸਿੰਘ ਵਲਟੋਹਾ ਨੇ ਕੀਤਾ ਹੈ। ਉਨ੍ਹਾਂ ਕਿਹਾ ਐੱਸ. ਐੱਸ. ਪੀ. ਕਪੂਰਥਲਾ ਵਤਸਲਾ ਗੁਪਤਾ ਤਾਂ ਖੁਦ ਇਸ ਘਟਨਾ ਦੇ ਵੱਡੇ ਦੋਸ਼ੀ ਹਨ। ਇਹ ਕਿੱਥੋਂ ਦਾ ਕਾਨੂੰਨ ਹੈ ਕਿ ਪੁਲਸ ਆਪ ਹੀ ਮੁਜਰਮ ਤੇ ਆਪ ਹੀ ਮੁਨਸਿਫ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਇਹ ਦੱਸਣ ਕਿ ਉਨ੍ਹਾਂ ਦੀ ਕੀ ਮਜਬੂਰੀ ਸੀ ਕਿ ਉਨ੍ਹਾਂ ਨੇ ਗੁਰਦਵਾਰਾ ਸ੍ਰੀ ਅਕਾਲ ਬੁੰਗਾ 'ਤੇ ਅੰਨ੍ਹੇਵਾਹ ਗੋਲੀ ਚਲਾਉਣ ਦੇ ਹੁਕਮ ਦੇ ਦਿੱਤੇ। ਭਗਵੰਤ ਮਾਨ ਨੇ ਗੋਲੀ ਚਲਾਉਣ ਦੇ ਹੁਕਮ ਦੂਜੇ ਦਲ ਦੇ ਮੁੱਖੀ ਨਾਲ ਆਪਣੇ ਨੇੜਲੇ ਸੰਬੰਧਾਂ ਕਾਰਣ ਦੂਜੇ ਧੜੇ ਦੇ ਨਿਹੰਗ ਸਿੰਘਾਂ ਤੋਂ ਕਬਜ਼ਾ ਹਰ ਹਾਲਤ 'ਚ ਖਾਲੀ ਕਰਵਾਉਣ ਲਈ ਹੀ ਦਿੱਤੇ ਸਨ। ਭਗਵੰਤ ਮਾਨ ਖੁਦ ਹੀ ਲੰਬੇ ਸਮੇਂ ਤੋਂ ਦਾਅਵਾ ਕਰਦੇ ਆ ਰਹੇ ਹਨ ਕਿ ਸੂਬੇ ਅੰਦਰ ਲੋਕਾਂ ਤੇ ਪੁਲਸ ਨੂੰ ਗੋਲੀ ਚਲਾਉਣ ਦੇ ਹੁਕਮ ਹਮੇਸ਼ਾ ਮੁੱਖ ਮੰਤਰੀ ਜਾਂ ਗ੍ਰਹਿ ਮੰਤਰੀ ਵੱਲੋਂ ਹੀ ਦਿੱਤੇ ਜਾਂਦੇ ਹਨ। ਭਗਵੰਤ ਮਾਨ ਅਤੇ ਸੰਬੰਧਿਤ ਪੁਲਸ ਅਧਿਕਾਰੀਆਂ 'ਤੇ ਧਾਰਾ 302 ਤੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਦਾ ਕੇਸ ਦਰਜ ਕਰਨਾ ਬਣਦਾ ਹੈ। ਇਹ ਵੀ ਜ਼ਿਕਰਯੋਗ ਹੈ ਕਿ ਉਥੇ ਕਿਸੇ ਵੀ ਤਰ੍ਹਾਂ ਦੀ ਕਾਨੂੰਨ ਵਿਵਸਥਾ ਦੀ ਸਥਿਤੀ ਨਹੀਂ ਸੀ। ਨਿਹੰਗ ਸਿੰਘ ਪਿਛਲੇ ਤਿੰਨ ਦਿਨਾਂ ਤੋਂ ਗੁਰਦਵਾਰਾ ਸ੍ਰੀ ਅਕਾਲ ਬੁੰਗਾ ਸਾਹਿਬ ਵਿੱਚ ਮੌਜੂਦ ਸਨ ਜਿਸ ਸਮੇਂ ਪੁਲਸ ਵੱਲੋਂ ਨਿਹੰਗ ਸਿੰਘਾਂ 'ਤੇ ਗੋਲੀ ਚਲਾਈ ਗਈ, ਉਸ ਸਮੇਂ ਪ੍ਰਸ਼ਾਸਨ ਵੱਲੋਂ ਉਥੇ ਕੋਈ ਡਿਊਟੀ ਮੈਜਿਸਟ੍ਰੇਟ ਵੀ ਤਾਇਨਾਤ ਨਹੀਂ ਸੀ ਅਤੇ ਨਾ ਹੀ ਉਸ ਸਮੇਂ ਉਥੇ ਕੋਈ ਮੈਜਿਸਟ੍ਰੇਟ ਹਾਜ਼ਰ ਹੀ ਸੀ ਅਤੇ ਨਾ ਹੀ ਪੁਲਸ ਵੱਲੋਂ ਕਾਰਵਾਈ ਕਰਨ ਤੋਂ ਪਹਿਲਾਂ ਕੋਈ ਅਨਾਊਂਸਮੈਂਟ ਹੀ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੁਦ ਹੀ ਇਸ ਸੰਵੇਦਨਸ਼ੀਲ ਕੇਸ ਦੀ ਜਾਂਚ ਸੀਬੀਆਈ ਵਰਗੀ ਕਿਸੇ ਨਿਰਪੱਖ ਜਾਂਚ ਏਜੰਸੀ ਨੂੰ ਤੁਰੰਤ ਸੌਂਪੇ।

# ਹਰਦੋਬਥਵਾਲਾ 'ਚ ਆਮ ਆਦਮੀ ਪਾਰਟੀ ਨੂੰ ਮਿਲਿਆ ਵੱਡਾ ਸਮਰਥਨ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਹਰਦੋਬਥਵਾਲਾ 'ਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਸਮਰਥਨ ਮਿਲਿਆ ਜਦੋਂ ਪਿੰਡ ਦੇ 7 ਪੰਚਾਇਤ ਮੈਂਬਰਾਂ ਨੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀ ਅਗਵਾਈ ਕਬੂਲਣ ਦਾ ਐਲਾਨ ਕੀਤਾ। ਇਸ ਤਹਿਤ ਪਿੰਡ ਵਿਚ ਕਰਵਾਏ ਗਏ ਸਮਾਗਮ ਦੌਰਾਨ ਪਿੰਡ ਵਾਸੀਆਂ ਦੇ ਵੱਡੇ ਇਕੱਠ ਦੀ ਮੌਜੂਦਗੀ ਵਿਚ ਚੇਅਰਮੈਨ ਰਮਨ ਬਹਿਲ ਨੇ ਇਨਾਂ ਮੈਂਬਰਾਂ ਨੂੰ ਪਾਰਟੀ ਵਿਚ ਸ਼ਾਮਿਲ ਕੀਤਾ ਅਤੇ ਨਾਲ ਹੀ ਭਰੋਸਾ ਦਿੱਤਾ ਕਿ ਉਨ੍ਹਾਂ ਦਾ ਪਾਰਟੀ ਵਿਚ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਰਮਨ ਬਹਿਲ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਤੇ ਮੌਕੇ ਤੇ ਕਈ ਮੁਸ਼ਕਿਲਾਂ ਦਾ ਨਿਪਟਾਰਾ ਕਰਵਾਇਆ। ਬਹਿਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਦੀ ਬਦੌਲਤ ਪੰਜਾਬ ਤਰੱਕੀ ਦੀਆਂ ਲੀਹਾਂ 'ਤੇ ਚਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿਰਫ ਪੌਣੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਜਿਹੇ ਬੇਮਿਸਾਲ ਵਿਕਾਸ ਕਾਰਜ ਕਰਵਾਏ ਹਨ ਜਿਨ੍ਹਾਂ ਦੀ ਬਦੌਲਤ ਅੱਜ ਕਾਂਗਰਸ ਸਮੇਤ ਹੋਰ ਪਾਰਟੀਆਂ ਦੇ ਆਗੂ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ। ਬਹਿਲ ਨੇ ਕਿਹਾ ਕਿ ਪਿੰਡਾਂ ਦੇ ਨਾਲ ਨਾਲ ਸ਼ਹਿਰਾਂ ਵਿਚ ਵੀ ਪਾਰਟੀ ਦਿਨੋ ਦਿਨ ਮਜ਼ਬੂਤ ਹੋ ਰਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਈ ਪੰਚਾਇਤ ਮੈਂਬਰ ਕਾਜਲ ਪਤਨੀ ਰਾਜ ਕੁਮਾਰ, ਸੰਤੋਸ਼ ਕੁਮਾਰੀ ਪਤਨੀ ਤਰਸੇਮ ਲਾਲ, ਸਰਿਤਾ ਪਤਨੀ ਰਾਜ ਕੁਮਾਰ, ਗੁਰਮੀਤ ਕੌਰ ਪਤਨੀ ਤਰਸੇਮ ਲਾਲ, ਬਿਸ਼ਨਾ ਕੁਮਾਰੀ ਪਤਨੀ ਗੁਰਦੀਪ, ਤਰਸੇਮ ਲਾਲ ਪੁੱਤਰ ਬਾਊ ਰਾਮ ਅਤੇ ਸੁਦੇਸ਼ ਪੁੱਤਰ ਮਦਨ ਲਾਲ ਨੇ ਕਿਹਾ ਕਿ ਅੱਜ ਹਰੇਕ ਵਰਗ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪਸੰਦ ਕਰ ਰਹੇ ਹਨ ਜਿਸ ਕਾਰਨ ਉਨ੍ਹਾਂ ਨੇ ਸਰਕਾਰ ਦੀ ਕਾਰਗੁਜ਼ਾਰੀ ਨੂੰ ਦੇਖ ਕੇ ਚੇਅਰਮੈਨ ਰਮਨ ਬਹਿਲ ਦੀ ਅਗਵਾਈ ਕਬੂਲ ਕੀਤੀ ਹੈ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਕਹਿਣੀ ਅਤੇ ਕਰਨੀ ਵਿਚ ਕੋਈ ਫਰਕ ਨਹੀਂ ਹੈ ਅਤੇ ਆਉਣ ਵਾਲੇ ਸਮੇਂ ਵਿਚ ਇਹ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਚੇਅਰਮੈਨ ਰਮਨ ਬਹਿਲ ਵੱਲੋਂ ਗੁਰਦਾਸਪੁਰ ਹਲਕੇ ਅੰਦਰ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਦਿਨ ਰਾਤ ਮਿਹਨਤ ਕੀਤੀ ਜਾ ਰਹੀ ਹੈ ਅਤੇ ਅੱਜ ਹਰੇਕ ਵਰਗ ਦੇ ਲੋਕ ਰਮਨ ਬਹਿਲ ਦੀ ਕਾਰਜਸ਼ੈਲੀ ਦੀ ਸ਼ਲਾਘਾ ਕਰ ਰਹੇ ਹਨ। ਇਸ ਮੌਕੇ ਬੇਅੰਤ ਲਾਲ, ਚਰਨ ਸਿੰਘ, ਦਲਬੀਰ ਲਾਲ, ਸੁਨੀਲ ਕੁਮਾਰ ਅਤੇ ਪ੍ਰਵੇਸ਼ ਕੁਮਾਰ ਆਦਿ ਮੌਜੂਦ ਸਨ।


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਡੀ ਏ ਵੀ ਸੈਂਟਨਰੀ ਪਬਲਿਕ ਸਕੂਲ 'ਚ ਪ੍ਰਕਾਸ਼ ਪੁਰਬ ਮਨਾਇਆ



**ਜਗਰਾਉਂ (ਨਛੱਤਰ ਸੰਧੂ, ਅਮਿਤ ਖੰਨਾ)**-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਜਗਰਾਉਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਪ੍ਰਿੰਸੀਪਲ ਸ੍ਰੀ ਵੇਦ ਵਰਤ ਪਲਾਹ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਮੌਕੇ ਸਕੂਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਬੈਠ ਕੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਰਲ ਕੇ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਸ਼ਬਦ ਗਾਇਣ ਕੀਤਾ ਗਿਆ। ਇਸ ਵਿੱਚ ਬੱਚਿਆਂ ਤੇ ਸਮੂਹ ਸਟਾਫ ਨੇ ਹਿੱਸਾ ਲਿਆ। ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਸੰਬੰਧਤ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸਕੂਲ ਦੇ ਵਿਕਾਸ, ਅਧਿਆਪਕਾਂ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ, ਸਰੀਰਕ ਤੰਦਰੁਸਤੀ ਲਈ ਅਰਦਾਸ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਵੇਦ ਵਰਤ ਪਲਾਹ ਜੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸਿੱਖਿਆਵਾਂ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਜਿਹੇ ਮਹਾਂਪੁਰਖਾਂ ਦੇ ਗੁਰਪੁਰਬ ਮਨਾਉਣ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣ ਦੀ ਸਿੱਖਿਆ ਦਿੱਤੀ। ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਕੱਪੜੇ ਵੀ ਦਿੱਤੇ ਗਏ। ਸਕੂਲ ਵਿੱਚ ਵਿਦਿਆਰਥੀਆਂ ਨੂੰ ਕੜਾਹ- ਪ੍ਰਸਾਦ ਵੰਡਿਆ ਗਿਆ ਤੇ ਬ੍ਰੈਡ ਪਕੌੜਿਆਂ ਦਾ ਲੰਗਰ ਵੀ ਲਗਾਇਆ ਗਿਆ।

## ਡਾ. ਮੀਤ ਖਟੜਾ ਦਾ ਕਾਵਿ-ਸੰਗ੍ਰਹਿ 'ਅਹਿਸਾਸ ਦਾ ਸਿਰਨਾਵਾਂ' ਲੋਕ ਅਰਪਣ



**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਧਰਮਸ਼ਾਲਾ ਬਾਬਾ ਹਿੰਮਤ ਸਿੰਘ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਮਾਲਵਾ ਲਿਖਾਰੀ ਸਭਾ ਸੰਗਰੂਰ ਦੇ ਸਰਪ੍ਰਸਤ ਉੱਘੇ ਸਾਹਿਤਕਾਰ ਡਾ. ਮੀਤ ਖਟੜਾ ਨੇ ਕੀਤੀ। ਪ੍ਰਧਾਨਗੀ ਮੰਡਲ ਵਿੱਚ ਉਨ੍ਹਾਂ ਨਾਲ ਰਣਜੀਤ ਸਿੰਘ ਧੂਰੀ ਸੰਚਾਲਕ ਧੂਰੀ ਗਜ਼ਲ ਸਕੂਲ, ਰਜਿੰਦਰ ਸਿੰਘ ਰਾਜਨ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਅਤੇ ਕੁਲਵੰਤ ਖਨੌਰੀ ਪ੍ਰਧਾਨ ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ ਸ਼ਾਮਲ ਹੋਏ। ਇਸ ਸਮਾਗਮ ਵਿੱਚ ਸਿਰਮੌਰ ਪੰਜਾਬੀ ਗਜ਼ਲਕਾਰ ਰਣਜੀਤ ਸਿੰਘ ਧੂਰੀ ਨੇ 'ਅਜੋਕੇ ਸੰਦਰਭ ਵਿੱਚ ਗੁਰੂ ਨਾਨਕ ਸਾਹਿਬ ਦੀ ਬਾਣੀ ਦਾ ਸਾਰ' ਵਿਸ਼ੇ 'ਤੇ ਆਪਣਾ ਖੋਜਪੂਰਨ ਪਰਚਾ ਪੜ੍ਹਿਆ, ਜਿਸ ਵਿੱਚ ਉਨ੍ਹਾਂ ਨੇ ਵਰਤਮਾਨ ਦੀਆਂ ਆਰਥਿਕ, ਸਮਾਜਿਕ, ਧਾਰਮਿਕ ਤੇ ਰਾਜਨੀਤਕ ਹਾਲਤਾਂ ਦਾ ਵਿਸਥਾਰ ਸਹਿਤ ਮੁੱਲਾਂਕਣ ਕਰਦਿਆਂ ਕਿਹਾ ਕਿ ਅਜੋਕੇ ਮਨੁੱਖ ਨੂੰ ਨਰੋਈ ਜੀਵਨ ਜਾਂਚ ਲਈ ਗੁਰਬਾਣੀ ਦੇ ਫਲਸਫੇ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ। ਡਾ. ਮੀਤ ਖਟੜਾ ਨੇ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਦਰਪੇਸ਼ ਸਮੱਸਿਆਵਾਂ ਤੇ ਚੁਣੌਤੀਆਂ ਨਾਲ ਸਿੱਝਣ ਦੇ ਪੂਰੀ ਤਰ੍ਹਾਂ ਸਮਰੱਥ ਬਣਾਉਂਦੀ ਹੈ। ਵਿਚਾਰ-ਚਰਚਾ ਨੂੰ ਅੱਗੇ ਤੋਰਦਿਆਂ ਜਮਹੂਰੀ ਅਧਿਕਾਰ ਸਭਾ ਸੰਗਰੂਰ ਦੇ ਪ੍ਰਧਾਨ ਸਵਰਨਜੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਦਾ ਜੁਝਾਰੂ ਖਾਸਾ ਲੋਕ ਹਿੱਤਾਂ ਲਈ ਜੂਝਣ ਵਾਲੇ ਲੋਕਾਂ ਦੇ ਸੰਘਰਸ਼ ਦਾ ਆਧਾਰ ਬਣਦਾ ਹੈ। ਸੁਰਿੰਦਰਪਾਲ ਸਿੰਘ ਸਿਦਕੀ ਨੇ ਕਿਹਾ ਕਿ ਗੁਰਬਾਣੀ ਤੋਂ ਮਨੁੱਖ ਨੂੰ ਸੁਚੱਜਾ ਜੀਵਨ ਜਿਉਣ ਦੀ ਪ੍ਰੇਰਣਾ ਮਿਲਦੀ ਹੈ। ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖਮੀ ਨੇ ਕਿਹਾ ਕਿ ਗੁਰਬਾਣੀ ਦੇ ਕਲਿਆਣਕਾਰੀ ਸਿਧਾਂਤ ਨੂੰ ਪੁਜਾਰੀਵਾਦ ਦੇ ਚੁੰਗਲ ਵਿੱਚੋਂ ਕੱਢ ਕੇ ਆਮ ਆਦਮੀ ਤੱਕ ਪਹੁੰਚਾਉਣ ਦੀ ਲੋੜ ਹੈ। ਇਸ ਸਮਾਗਮ ਵਿੱਚ ਡਾ. ਮੀਤ ਖਟੜਾ ਦਾ ਕਾਵਿ-ਸੰਗ੍ਰਹਿ 'ਅਹਿਸਾਸ ਦਾ ਸਿਰਨਾਵਾਂ' ਲੋਕ ਅਰਪਣ ਕੀਤਾ ਗਿਆ। ਇਸ ਤੋਂ ਪਹਿਲਾਂ ਉਨ੍ਹਾਂ ਦੀਆਂ ਵੱਖ-ਵੱਖ ਵਿਧਾਵਾਂ ਵਿੱਚ ਸੱਤ ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ। ਉਪਰੰਤ ਕੁਲਵੰਤ ਖਨੌਰੀ ਦੇ ਗਾਏ ਇਨਕਲਾਬੀ ਗੀਤ ਨਾਲ ਸ਼ੁਰੂ ਹੋਏ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕਵੀ ਦਰਬਾਰ ਵਿੱਚ ਕਵੀਆਂ ਨੇ ਹਿੱਸਾ ਲਿਆ। ਅੰਤ ਵਿੱਚ ਰਜਿੰਦਰ ਸਿੰਘ ਰਾਜਨ ਨੇ ਸਾਰੇ ਆਏ ਸਾਹਿਤਕਾਰਾਂ ਲਈ ਧੰਨਵਾਦੀ ਸ਼ਬਦ ਕਹੇ ਤੇ ਮੰਚ ਸੰਚਾਲਨ ਦੀ ਭੂਮਿਕਾ ਸੁਖਵਿੰਦਰ ਸਿੰਘ ਲੋਟੇ ਨੇ ਬਾਖੂਬੀ ਨਿਭਾਈ।

## ਪ੍ਰਕਾਸ਼ ਉਤਸਵ ਸਮਾਗਮ 'ਚ ਸਾਬਕਾ ਵਿਦਿਆਰਥੀਆਂ ਦਾ ਸਨਮਾਨ

**ਚੀਮਾ ਮੰਡੀ (ਰਵਿੰਦਰ ਚੀਮਾ)**
ਕਲਗੀਧਰ ਬੜੂ ਸਾਹਿਬ ਵੱਲੋਂ ਸੰਚਾਲਤ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਅਧੀਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਅਕਾਲ ਅਕੈਡਮੀ ਦੇ ਵਿਦਿਆਰਥੀਆਂ ਨੇ ਰਸਭਿੰਨਾ ਸ਼ਬਦ ਕੀਰਤਨ ਕੀਤਾ, ਕਵੀਸ਼ਰੀਆਂ ਤੇ ਢਾਡੀ ਵਾਰਾਂ ਗਾਈਆਂ, ਗੁਰੂ ਨਾਨਕ ਸਾਹਿਬ ਜੀ ਦੇ ਜੀਵਨ ਨਾਲ ਸੰਬੰਧਤ ਵਿਚਾਰਾਂ ਕੀਤੀਆਂ ਅਤੇ ਗਤਕੇ ਦੇ ਜੌਹਰ ਵਿਖਾਏ ਗਏ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਤੇ ਸੰਗਤ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਕਾਕਾ ਹਰਿਦਰਵੀਰ ਸਿੰਘ ਫਤਿਹਗੜ੍ਹ ਮੈਂਬਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ, ਮਨਜੀਤ ਸਿੰਘ ਭੰਗੂ ਸਰਪੰਚ ਕਣਕਵਾਲ ਭੰਗੂਆ, ਪਰਮਿੰਦਰ ਸਿੰਘ ਰਸੀਵਰ ਗੁ. ਸਾਹਿਬ ਗੰਢੂਆ, ਭਾਈ ਨਾਇਬ ਸਿੰਘ ਮੈਨੇਜਰ, ਡਾਕਟਰ ਸੰਦੀਪ ਸਿੰਘ ਡੀਨ ਸਟੂਡੈਂਟ ਵੈੱਲਫੇਅਰ ਅਕਾਲ ਯੂਨੀਵਰਸਿਟੀ, ਭਾਈ ਕਰਮਜੀਤ ਸਿੰਘ ਸੇਵਾਦਾਰ ਕਲਗੀਧਰ ਟਰੱਸਟ, ਜਗਸੀਰ ਖਾਨ ਸਰਪੰਚ ਫਤਿਹਗੜ੍ਹ, ਸੁੱਖ ਸਰਪੰਚ ਫਲੇੜਾ, ਦਲਜੀਤ ਸਿੰਘ ਜੇਜੀ ਹਲਕਾ ਹਲਕਾ ਇੰਚਾਰਜ ਦਿੜ੍ਹਬਾ ਉਚੇਚੇ ਤੌਰ 'ਤੇ ਪਹੁੰਚੇ।

ਸਕੂਲ ਦੇ ਪ੍ਰਿੰਸੀਪਲ ਅਨੁਰਾਧਾ ਬੱਬਰ ਨੇ ਸਾਰੀਆਂ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਸਮਾਗਮ ਵਿੱਚ ਸ਼ਿਰਕਤ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਤੇ ਨਾਲ ਹੀ ਉਨ੍ਹਾਂ ਕਲਗੀਧਰ ਟਰੱਸਟ ਬੜੂ ਸਾਹਿਬ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਿਆ ਗਿਆ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।



## ਫੱਕਰਸਰ ਥੇੜ੍ਹੀ ਵਿਖੇ ਸੁਖਮਣੀ ਸਾਹਿਬ ਦੇ ਭੋਗ ਪਾਏ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕਰਦੇ ਹੋਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਕਰਸਰ ਥੇੜ੍ਹੀ ਵਿਖੇ ਪ੍ਰਿੰਸੀਪਲ ਇੰਚਾਰਜ ਰਘਬੀਰ ਸਿੰਘ ਦੀ ਯੋਗ ਅਗਵਾਈ ਵਿੱਚ ਪੰਜਾਬੀ ਲੈਕਚਰਾਰ ਕੁਲਜੀਤ ਸਿੰਘ ਮਾਨ ਦੀ ਦੇਖ-ਰੇਖ ਵਿੱਚ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਭਾਈ ਰਵਿੰਦਰਪਾਲ ਸਿੰਘ ਪਠਾਨਕੋਟ ਵਾਲਿਆਂ ਦੇ ਰਾਗੀ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਰਾਗੀ ਜਥੇ ਨੂੰ ਪ੍ਰਬੰਧਕਾਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਵੱਲੋਂ ਸਕੂਲ ਨੂੰ ਦਿੱਤੀਆਂ ਗਈਆਂ ਸੇਵਾਵਾਂ ਬਦਲੇ ਏ ਐੱਸ ਆਈ ਰਾਜਿੰਦਰ ਸਿੰਘ ਕਬੱਡੀ ਕੋਚ ਤੇ ਮਲਕੀਤ ਸਿੰਘ ਖਾਲਸਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਇੰਚਾਰਜ ਰਘਬੀਰ ਸਿੰਘ ਸਮਾਗਮ ਦੀ ਸ਼ਲਾਘਾ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਗੁਰੂਆਂ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰੂ ਜੀ ਦੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਗੁਰਲਾਲ ਸਿੰਘ, ਹਰਸ਼ਦੀਪ ਸਿੰਘ, ਗੁਰਪ੍ਰੀਤ ਸਿੰਘ, ਵਿਕਰਮਜੀਤ ਸਿੰਘ, ਤਰਸੇਮ ਸਿੰਘ, ਸੁਨੀਲ ਕੁਮਾਰ, ਰਮਿੰਦਰ, ਰਵਿੰਦਰ ਸਿੰਘ, ਸਰਬਜੀਤ ਲਾਲ, ਹਰਜਸਪਾਲ ਸਿੰਘ, ਸ਼ਰਨਜੀਤ ਕੌਰ, ਮਮਤਾ ਰਾਣੀ, ਅਮਨਪ੍ਰੀਤ ਕੌਰ, ਏਕਤਾ, ਰੇਨੂ ਬਾਲਾ, ਇੰਦਰਜੀਤ ਕੌਰ, ਸੀਮਾ ਰਾਣੀ, ਵੀਰਪਾਲ ਕੌਰ ਤੇ ਮੈਡਮ ਗਿੰਨੀ ਤੇ ਸਮੂਹ ਸਟਾਫ ਤੇ ਸਮੂਹ ਵਿਦਿਆਰਥੀਆਂ ਦਾ ਸਹਿਯੋਗ ਰਿਹਾ।

## ਗਲੋਬਲ ਵਿਜ਼ਡਮ ਸਕੂਲ 'ਚ ਪ੍ਰਕਾਸ਼ ਪੁਰਬ ਸੰਬੰਧੀ ਸਮਾਗਮ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਸਥਾਨਕ ਗਲੋਬਲ ਵਿਜ਼ਡਮ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਕੂਲ ਦੀ ਪ੍ਰਬੰਧਕ ਕਮੇਟੀ, ਅਧਿਆਪਕਾਂ ਤੇ ਵਿਦਿਆਰਥੀਆਂ ਦੁਆਰਾ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸਮਾਗਮ 'ਚ ਸਵੇਰ ਦੀ ਸਭਾ ਵਿੱਚ ਸਕੂਲ ਦੇ ਧਾਰਮਿਕ ਅਧਿਆਪਕ ਸ੍ਰੀਮਤੀ ਹਰਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਦੱਸਿਆ। ਉਨ੍ਹਾ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਤਿੰਨ ਸਿਧਾਂਤ : ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ 'ਤੇ ਪਹਿਰਾ ਦੇਣ ਦੇ ਲਈ ਪ੍ਰੇਰਿਆ। ਇਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਕਵਿਤਾਵਾਂ ਬੋਲੀਆਂ ਗਈਆਂ। ਇਸ ਤੋਂ ਇਲਾਵਾ ਵਿਦਿਆਰਥੀਆਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸ ਤੇ ਉਨ੍ਹਾਂ ਦੇ ਜੀਵਨ ਨਾਲ ਸੰਬੰਧਤ ਹਾਊਸ ਮੁਤਾਬਿਕ ਜ਼ੁਬਾਨੀ ਪ੍ਰੀਖਿਆ ਮੁਕਾਬਲੇ ਗਰੁੱਪ ਬਣਾ ਕੇ ਕਰਵਾਏ ਗਏ ਤੇ ਇਸ ਮੁਕਾਬਲੇ ਵਿੱਚ




ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਹ ਮੁਕਾਬਲੇ ਕਲਾਸ ਮੁਤਾਬਕ ਨਰਸਰੀ ਤੋਂ ਲੈ ਕੇ ਬਾਰਵੀਂ ਤੱਕ ਦੇ ਵਿਦਿਆਰਥੀਆਂ ਵਿਚਕਾਰ ਕਰਵਾਏ ਗਏ। ਕੁਇੱਜ਼ ਮੁਕਾਬਲੇ ਵਿੱਚ ਪਹਿਲੇ, ਦੂਸਰੇ ਤੇ ਤੀਸਰੇ ਨੰਬਰ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਚੇਅਰਮੈਨ ਡਾਕਟਰ ਗੁਰਨਾਮ ਭੁੱਲਰ, ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਬਲਜੀਤ ਕੌਰ ਭੁੱਲਰ ਤੇ ਪ੍ਰਿੰਸੀਪਲ ਸ੍ਰੀਮਤੀ ਸਮਿਤਾ ਸਿੰਘ ਦੁਆਰਾ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਡਾਕਟਰ ਗੁਰਨਾਮ ਸਿੰਘ ਭੁੱਲਰ ਨੇ ਵੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਦਿਆਰਥੀਆਂ ਨੂੰ ਦੱਸਿਆ। ਉਨ੍ਹਾਂ ਦੁਆਰਾ ਉਚਾਰੀ ਪੰਕਤੀ 'ਪਤਾਲਾ ਪਤਾਲ ਲਖ ਆਗਾਸਾ ਆਗਾਸ' ਭਾਵ ਇਸ ਬ੍ਰਹਿਮੰਡ ਵਿੱਚ ਬਹੁਤ ਸਾਰੇ ਆਸਮਾਨ ਤੇ ਪ੍ਰਿਥਵੀਆਂ ਮੌਜੂਦ ਹਨ, ਇਸ ਤੱਥ ਦੀ ਪਰਮਾਨਤਾ ਦਿੰਦੀ ਹੈ। ਅੰਤ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਪਾਠ ਕਰਨ ਲਈ ਵੀ ਪ੍ਰੇਰਿਆ। ਇਸ ਤਰ੍ਹਾਂ ਸਕੂਲ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ ਉਤਸਵ ਮਨਾਇਆ ਗਿਆ।

## ਖੱਤਰੀ ਸਭਾ ਨੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਮੋਗਾ (ਅਮਰਜੀਤ ਬੱਬਰੀ)**
ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਪੁਰਬ ਖੱਤਰੀ ਭਵਨ ਵਿਖੇ ਖੱਤਰੀ ਸਭਾ, ਮਹਿਲਾ ਖੱਤਰੀ ਸਭਾ ਤੇ ਯੁਵਾ ਖੱਤਰੀ ਸਭਾ ਨੇ ਸਮੂਹਿਕ ਤੌਰ 'ਤੇ ਖੱਤਰੀ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਦੀ ਅਗਵਾਈ ਵਿੱਚ ਬੜੀ ਸ਼ਰਧਾ ਪੂਰਵਕ ਮਨਾਇਆ।ਇਸ ਮੌਕੇ ਮੈਂਬਰਾਂ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ (ਚਿੱਤਰ) 'ਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਤੇ ਉਨ੍ਹਾਂ ਸਨਮੁੱਖ ਨਤਮਸਤਕ ਹੋ ਕੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਰਸਤੇ 'ਤੇ ਚੱਲਣ ਦਾ ਸੰਕਲਪ ਲਿਆ। ਇਸ ਮੌਕੇ ਖੱਤਰੀ ਸਭਾ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਨੇ ਗੁਰੂ ਨਾਨਕ ਦੇਵ ਜੀ ਦੇ ਦਿੱਤੇ ਗਏ ਫਲਸਫੇ ਬਾਬਤ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਜਾਗ੍ਰਿਤ ਕੀਤਾ।ਇਸ ਮੌਕੇ ਮਹਿਲਾ ਖੱਤਰੀ ਸਭਾ ਦੀ ਵਰਕਿੰਗ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ, ਮੌਕੇ ਯੁਵਾ ਖੱਤਰੀ ਸਭਾ ਦੇ ਵਰਕਿੰਗ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ, ਚੀਫ਼ ਪੈਟਰਨ ਬੋਧਰਾਜ ਮਜੀਠੀਆ ਤੇ ਸਾਬਕਾ ਕਾਰਜਕਾਰੀ ਮੈਜਿਸਟ੍ਰੇਟ ਜਸਵੰਤ ਰਾਏ ਦਾਨੀ ਨੇ ਵੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਸਭਾ ਵੱਲੋਂ ਲੱਡੂ ਵੰਡੇ ਗਏ।ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਐੱਮ ਐੱਲ ਮੋਲੜੀ, ਭਜਨ ਪ੍ਰਕਾਸ਼ ਵਰਮਾ, ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ, ਸਾਬਕਾ ਪੁਲਸ ਇੰਸਪੈਕਟਰ ਐੱਸ ਕੇ ਚੋਪੜਾ, ਬਲਜਿੰਦਰ ਸਿੰਘ ਸਹਿਗਲ, ਪ੍ਰਿਆ ਵਰਤ ਗੁਪਤਾ, ਵਿਜੇ ਟੰਡਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



## ਐੱਸ ਐੱਫ ਸੀ ਪਬਲਿਕ ਸਕੂਲ 'ਚ ਪ੍ਰਕਾਸ਼ ਪੁਰਬ ਮਨਾਇਆ





**ਮੋਗਾ (ਅਮਰਜੀਤ ਬੱਬਰੀ)**-ਸ਼ਹਿਰ ਦੀ ਪ੍ਰਮੁੱਖ ਸੰਸਥਾ ਐੱਸ ਐੱਫ ਸੀ ਪਬਲਿਕ ਸਕੂਲ ਵਿੱਚ ਸਿੱਖ ਧਰਮ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਐੱਸ ਐੱਫ ਸੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ 'ਅੱਵਲ ਅੱਲ੍ਹਾ ਨੂਰ ਉਪਾਇਆ' ਤੇ 'ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਦ ਜਗ ਚਾਨਣ ਹੋਇਆ' ਆਦਿ ਸ਼ਬਦਾਂ ਦਾ ਗਾਇਨ ਕੀਤਾ।ਰਸਭਿੰਨੀ ਅਵਾਜ਼ ਵਿੱਚ ਕੀਤੇ ਕੀਰਤਨ ਨੇ ਸਭ ਦਾ ਮਨ ਮੋਹ ਲਿਆ।ਸਕੂਲ ਡਾਇਰੈਕਟਰ ਪ੍ਰਦੀਪ ਕੁਮਾਰ ਪਾਂਡੇ ਨੇ ਬੱਚਿਆਂ ਨੂੰ ਕਿਹਾ ਕਿ ਗੁਰੂ ਦੁਆਰਾ ਹੀ ਜੀਵਨ ਵਿੱਚ ਪ੍ਰਕਾਸ਼ ਸੰਭਵ ਹੈ।ਗੁਰੂ ਹੀ ਤਿੰਨਾਂ ਲੋਕਾਂ ਵਿੱਚ ਉਜਾਲਾ ਕਰਨ ਵਾਲਾ ਪ੍ਰਕਾਸ਼ ਦਾ ਸੋਮਾ ਹੈ।ਸੱਚਾ ਗੁਰੂ ਹੀ ਵਿਦਿਆਰਥੀ ਨੂੰ ਗਿਆਨ ਤੇ ਸ਼ਾਂਤੀ ਪ੍ਰਦਾਨ ਕਰਦਾ ਹੈ।ਸਕੂਲ ਸੀਈਓ ਅਭਿਸ਼ੇਕ ਜਿੰਦਲ ਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਸ਼ੀਨਮ ਜਿੰਦਲ ਨੇ ਸਮੂਹ ਸਟਾਫ ਤੇ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਜੀਵਨ ਤੇ ਸਿੱਖਿਆਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਵੱਲੋਂ ਕਿਰਤ ਕਰੋ, ਵੰਡ ਛਕੋ ਤੇ ਨਾਮ ਜਪੋ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਆ।

## ਸੰਤ ਕਬੀਰ ਸਕੂਲ ਵਿਖੇ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਪੁਰਬ ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੜੇ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਸਕੂਲ ਦੀ ਵਾਈਸ ਪ੍ਰਿੰਸੀਪਲ ਮੈਡਮ ਕੁਲਵੰਤ ਕੌਰ ਦੀ ਅਗਵਾਈ ਵਿੱਚ ਹੋਏ ਧਾਰਮਿਕ ਸਮਾਗਮ ਦੀ ਸ਼ੁਰੂਆਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪ੍ਰਭਾਤ ਫੇਰੀ ਨਾਲ ਹੋਈ। ਇਸ ਦੌਰਾਨ ਬੱਚਿਆਂ ਨੇ ਸ਼ਬਦ ਗਾਇਨ, ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ, ਸ੍ਰੀ ਜਪੁਜੀ ਸਾਹਿਬ, ਚੌਪਈ ਸਾਹਿਬ ਤੇ ਸ੍ਰੀ ਅਨੰਦ ਸਾਹਿਬ ਦਾ ਪਾਠ ਕੀਤਾ ਅਤੇ ਸ਼ਬਦ ਕੀਰਤਨ ਉਚਾਰਿਆ ਗਿਆ। ਮੈਡਮ ਕੁਲਵੰਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਬਾਰੇ ਚਾਨਣਾ ਪਾਉਂਦੇ ਹੋਏ ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਜਿਵੇਂ ਨਾਮ ਜੱਪਣ, ਵੰਡ ਛਕਣ ਤੇ ਕਿਰਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਐੱਮ. ਡੀ. ਪ੍ਰੋ. ਐੱਮ. ਐੱਲ. ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ, ਹੈੱਡ ਮਿਸਟ੍ਰੈੱਸ ਸੋਨੀਆ ਧਵਨ ਤੇ ਰਚਨਾ ਜਿੰਦਲ ਨੇ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਗੁਰੂਆਂ ਦੇ ਸੰਦੇਸ਼ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸਮਾਜ ਸੇਵੀ ਈਸ਼ਵਰ ਗੁਪਤਾ, ਜੀਵਨ ਸਿੰਘ ਸੰਧੂ, ਮੈਡਮ ਸ਼ਾਲੂ ਤੇ ਸਮੂਹ ਸਟਾਫ ਮੈਂਬਰ ਸ਼ਾਮਲ ਸਨ।

## ਬਾਬੇ ਨਾਨਕ ਦੇ ਫਲਸਫ਼ੇ 'ਤੇ ਚੱਲਣ ਦੀ ਲੋੜ : ਡਾਇਰੈਕਟਰ ਬਰਾੜ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਮੇਤ ਦੇਸ਼ ਵਿਦੇਸ ਵਿੱਚ ਸੰਗਤਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਦਿਹਾੜੇ ਨੂੰ ਸ਼ਰਧਾ ਨਾਲ ਮਨਾਉਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਨਿਊ ਏਜ ਇਮੀਗ੍ਰੇਸ਼ਨ ਦੇ ਡਾਇਰੈਕਟਰ ਲਵਪ੍ਰੀਤ ਸਿੰਘ ਬਰਾੜ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਦਿਖਾਏ ਮਾਰਗ 'ਤੇ ਚੱਲਣ ਲਈ ਨਾਮ ਜੱਪਣ, ਕਿਰਤ ਕਰਨ ਤੇ ਵੰਡ ਕੇ ਛਕਣ ਦਾ ਸੱਦਾ ਦਿੰਦਿਆਂ ਕਿਹਾ ਕਿ ਅੱਜ ਸਾਡੇ ਸਮਾਜ ਨੂੰ ਨਿਗਲਣ ਲਈ ਅਨੇਕਾ ਹੀ ਸਮਾਜਿਕ ਕੁਰੀਤੀਆਂ ਮੂੰਹ ਅੱਡੀ ਖੜੀਆਂ ਹਨ, ਜਿਨ੍ਹਾਂ ਖਿਲਾਫ ਡੱਟਣ ਲਈ ਸਾਨੂੰ ਸਿੱਖ ਗੁਰੂ ਸਾਹਿਬਾਨਾਂ ਦੇ ਵਿਖਾਏ ਮਾਰਗ 'ਤੇ ਚੱਲਣ ਦੀ ਬੇਹੱਦ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਅੱਜ ਅਸੀਂ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਨੂੰ ਭੁਲਾ ਕੇ ਉਨ੍ਹਾਂ ਵੱਲੋਂ ਵਿਖਾਏ ਮਾਰਗ ਤੋਂ ਭਟਕ ਰਹੇ ਹਾਂ ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਗਰੀਬ ਦੀ ਰੱਖਿਆ ਕਰਨ, ਨਸ਼ੇ ਤੇ ਸਮਾਜਿਕ ਕੁਰੀਤੀਆਂ ਖਿਲਾਫ ਲਾਮਬੰਦ ਹੋਣ ਦਾ ਵੀ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਪੰਜਾਬ ਵਾਸੀਆਂ, ਦੇਸ ਵਿਦੇਸ਼ ਵਿੱਚ ਬੈਠੀਆਂ ਸੰਗਤਾਂ ਨੂੰ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।

## ਓ ਐੱਸ ਡੀ ਵਿਰਕ ਨੇ ਪੁੱਤਰ ਦੇ ਜਨਮ ਦਿਨ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਲਿਆ ਆਸ਼ੀਰਵਾਦ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਓ ਐੱਸ ਡੀ ਗੁਲਜਾਰ ਸਿੰਘ ਵਿਰਕ ਨੇ ਆਪਣੇ ਸਪੁੱਤਰ ਅਭੈਪ੍ਰਤਾਪ ਸਿੰਘ ਦੇ ਜਨਮ ਦਿਨ ਮੌਕੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਆਪਣੇ ਗ੍ਰਹਿ ਵਿਖੇ ਪ੍ਰਕਾਸ਼ ਕਰਵਾਇਆ ਤੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਤੇ ਗੁਰੂ ਗ੍ਰੰਥ ਸਾਹਿਬ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਗ੍ਰੰਥੀ ਸਿੰਘ ਨੇ ਅਭੈਪ੍ਰਤਾਪ ਸਿੰਘ ਦੀ ਲੰਬੀ ਉਮਰ ਤੇ ਤੰਦਰੁਸਤੀ ਅਤੇ ਪਰਿਵਾਰ ਵਿੱਚ ਸੁੱਖ ਸ਼ਾਂਤੀ ਲਈ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਉਨ੍ਹਾਂ ਦੇ ਸਪੁੱਤਰ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਗ੍ਰਹਿ ਪਹੁੰਚੇ ਤੇ ਬੱਚੇ ਅਭੈਪ੍ਰਤਾਪ ਸਿੰਘ ਦੀ ਲੰਬੀ ਉਮਰ ਚੰਗੀ ਸਿਹਤ ਲਈ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ। ਇਸ ਮੌਕੇ ਗੜ੍ਹੀ ਸਾਹਿਬ ਵਾਲੇ ਬਾਬਾ ਬਲਬੀਰ ਸਿੰਘ, ਸਮਾਣਾ ਬਾਰ ਕੌਂਸਲ ਦੇ ਸਾਬਕਾ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ, ਆਮ ਆਦਮੀ ਪਾਰਟੀ ਸਮਾਣਾ ਯੂਥ ਵਿੰਗ ਦੇ ਪ੍ਰਧਾਨ ਪਾਰਸ ਸ਼ਰਮਾ, ਡਾਕਟਰ ਸੁਰਜੀਤ ਸਿੰਘ ਦਈਆ, ਸੰਜੀਵ ਸੰਜੂ, ਕੁਲਦੀਪ ਸਿੰਘ ਵਿਰਕ, ਕੁਲਬੀਰ ਸਿੰਗਲਾ, ਜਤਿੰਦਰ ਝੰਡ, ਹਰਜਿੰਦਰ ਸਿੰਘ ਵਿਰਕ, ਟਹਿਲ ਸਿੰਘ, ਗੁਰਵਿੰਦਰ ਸਿੰਘ ਪਾਣੀਪਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਦੀਆਂ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਜੇ ਕੇ ਐੱਸ ਸਕੂਲ 'ਚ ਮਨਾਇਆ 'ਸੰਵਿਧਾਨ ਦਿਵਸ'



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਜੇ ਕੇ ਐੱਸ ਸਕੂਲ ਗੁਰੂ ਹਰਸਹਾਏ ਵਿਖੇ 'ਸੰਵਿਧਾਨ ਦਿਵਸ' ਮਨਾਇਆ ਗਿਆ। ਇਸ ਦਿਨ ਦਾ ਮਕਸਦ ਦੇਸ਼ ਦੇ ਨਾਗਰਿਕਾਂ ਵਿੱਚ ਸੰਵਿਧਾਨਕ ਕਦਰਾਂ-ਕੀਮਤਾਂ ਪ੍ਰਤੀ ਸਨਮਾਨ ਦੀ ਭਾਵਨਾ ਨੂੰ ਵਧਾਉਣਾ ਹੈ। ਇਸ ਦਿਨ ਨੂੰ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਵਜੋਂ ਵੀ ਮਨਾਇਆ ਜਾਂਦਾ ਹੈ। ਉਨ੍ਹਾਂ ਨੂੰ ਭਾਰਤੀ ਸੰਵਿਧਾਨ ਦਾ ਪਿਤਾਮਾ ਮੰਨਿਆ ਜਾਂਦਾ ਹੈ। ਉਹ ਭਾਰਤ ਦੇ ਸੰਵਿਧਾਨ ਦੇ ਮੁੱਖ ਨਿਰਮਾਤਾ ਸਨ। ਸੰਵਿਧਾਨ ਭਾਰਤ ਦਾ ਸਰਵਉੱਚ ਕਾਨੂੰਨ ਹੈ। ਇਸ ਦਿਵਸ ਨੂੰ ਮਨਾਉਣ ਲਈ ਸਕੂਲ ਦੇ ਵਿਦਿਆਰਥੀਆਂ ਵੱਲੋਂ ਅਧਿਆਪਕ ਸ਼ੁਭਮ ਬਹਿਲ ਤੇ ਪਰਮਿੰਦਰ ਕੌਰ ਦੀ ਪ੍ਰਧਾਨਗੀ ਹੇਠ ਨਾਟਕ ਪੇਸ਼ ਕੀਤਾ ਗਿਆ। ਇਸ ਨਾਟਕ ਰਾਹੀਂ ਉਨ੍ਹਾਂ ਵੋਟ ਦਾ ਅਧਿਕਾਰ, ਫਰਜ਼ ਨਿਭਾਉਣ, ਅਧਿਕਾਰਾਂ ਬਾਰੇ ਗਿਆਨ ਆਦਿ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸੰਵਿਧਾਨ ਦੀ ਪਾਲਣਾ ਕਰਨ ਦਾ ਪ੍ਰਣ ਵੀ ਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮੀਨੂੰ ਮੋਂਗਾ ਨੇ ਕਿਹਾ ਕਿ ਇਹ ਸੰਵਿਧਾਨ ਹੀ ਹੈ, ਜੋ ਸਾਨੂੰ ਆਜ਼ਾਦ ਦੇਸ਼ ਦੇ ਆਜ਼ਾਦ ਨਾਗਰਿਕ ਹੋਣ ਦੀ ਭਾਵਨਾ ਦਾ ਅਹਿਸਾਸ ਕਰਵਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਵਿਧਾਨ ਦੀ ਪਾਲਣਾ ਕਰਨ ਤੇ 18 ਸਾਲ ਦੀ ਉਮਰ ਹੋਣ 'ਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

## ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਮੱਖੂ (ਰਛਪਾਲ ਸਿੰਘ ਸੰਧੂ)**
ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ ਪੁਰਬ ਸ਼ਹਿਰ ਦੇ ਵੱਖ ਵੱਖ ਗੁਰਦੁਆਰਾ ਸਾਹਿਬ ਵਿਖੇ ਸੰਗਤ ਵੱਲੋਂ ਬਹੁਤ ਹੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਮੌਕੇ ਸੰਗਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਆਪਣਾ ਜੀਵਨ ਸਫਲ ਬਣਾਇਆ ਗਿਆ। ਪ੍ਰਕਾਸ ਪੁਰਬ ਨੂੰ ਸਮਰਪਤ ਸ਼ਰਧਾਲੂਆਂ ਵੱਲੋਂ ਆਪਣੇ ਗ੍ਰਹਿ ਵਿਖੇ ਪ੍ਰਭਾਤ ਫੇਰੀਆਂ ਤੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ ਪੁਰਬ ਗੁਰਦੁਆਰਾ ਬਾਬਾ ਮਸਤ ਕਰਮ ਚੰਦ ਬਾਠਾਂ ਵਾਲਾ ਮਖੂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਸੰਗਤ ਵੱਲੋਂ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਸੰਪੂਰਨ ਉਪਰੰਤ ਰਾਗੀ ਢਾਡੀ ਜਥੇ ਵੱਲੋਂ ਸੰਗਤ ਨੂੰ ਗੁਰੂ ਘਰ ਦਾ ਜਸ ਸੁਣਾ ਕੇ ਨਿਹਾਲ ਕੀਤਾ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਮੌਕੇ ਗੁਰਦੁਆਰਾ ਸਾਹਿਬ ਵਿਖੇ ਪਹੁੰਚੀ ਹੋਈ ਸੰਗਤ ਵਿੱਚ ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਫੁਰਮਾਨ ਸਿੰਘ ਸੰਧੂ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੰਜਾਬ ਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਇਕਬਾਲ ਸਿੰਘ ਵੱਲੋਂ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਗੁਰਲਾਲ ਸਿੰਘ, ਮੈਨੇਜਰ ਇਕਬਾਲ ਸਿੰਘ, ਨਰਿੰਦਰ ਮਹਿਤਾ ਸਾਬਕਾ ਐੱਮ ਸੀ, ਅਮਰਜੀਤ ਸਿੰਘ ਪੌਪੀ, ਧਰਮਿੰਦਰ ਮਹਿਤਾ ਜੱਜ, ਜਗਜੀਤ ਸਿੰਘ, ਦਰਸ਼ਨ ਸਿੰਘ ਘਈ, ਨਰਿੰਦਰ ਸਿੰਘ ਮੁਮਾਰੇਵਾਲਾ, ਹੈਰੀ ਮਹਿਤਾ, ਅਨਮੋਲ, ਸਤਨਾਮ ਸਿੰਘ, ਅਜੈਬ ਸਿੰਘ ਨੰਬਰਦਾਰ, ਵਿੱਕੀ ਕੰਧਾਰੀ, ਰੋਬਿਨ, ਦਲਬੀਰ ਸਿੰਘ, ਜਤਿੰਦਰ ਸਿੰਘ, ਜਗਸੀਰ ਸਿੰਘ ਜੱਗਾ, ਰਿੰਪੀ ਮਾਨਕਟਾਲਾ ਆਦਿ ਵੱਲੋਂ ਸੇਵਾ ਨਿਭਾਈ ਗਈ।



## ਆਯੂਰਵੈਦਿਕ ਖੀਰ ਦਾ ਕੈਂਪ ਅੱਜ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ 55ਵੇਂ ਗੁਰਪੁਰਬ ਨੂੰ ਸਮਰਪਤ ਵੈਦ ਮੇਘ ਨਾਥ ਦੀ ਯਾਦ ਵਿੱਚ ਸੰਤ ਗੋਬਿੰਦ ਦਾਸ ਆਯੁਰਵੈਦਿਕ ਸੇਵਾ ਸੰਸਥਾਂ ਵੱਲੋਂ ਮੁਫ਼ਤ ਖੀਰ ਦਾ ਕੈਂਪ ਲਗਾਇਆ ਜਾ ਰਿਹਾ ਹੈ।

ਵੈਦ ਜਗਦੀਸ਼ ਨਾਥ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕੈਂਪ ਗੁਰਦੁਆਰਾ ਗੁਰੂ ਨਾਨਕ ਦਰਬਾਰ ਧਰਮਪੁਰਾ ਮੁਹੱਲਾ ਨੇੜੇ ਵਿਸ਼ਵਕਰਮਾ ਮੰਦਿਰ ਧੂਰੀ ਵਿਖੇ 28 ਨਵੰਬਰ ਨੂੰ ਸਵੇਰੇ 6 ਵਜੇ ਤੋਂ 8 ਵਜੇ ਤੱਕ ਲਗਾਇਆ ਜਾ ਰਿਹਾ ਹੈ। ਉਨ੍ਹਾਂ ਸੰਗਤਾਂ ਨੂੰ ਸਵੇਰੇ ਖਾਲੀ ਪੇਟ ਖੀਰ ਪਾ ਕੇ ਰੋਗਾਂ ਤੋਂ ਛੁਟਕਾਰਾ ਪਾਉਣ ਦੀ ਅਪੀਲ ਕੀਤੀ।

## ਮਾਤਾ ਗੁਜਰੀ ਕਾਲਜ ਨੇ ਅੰਤਰ ਖੇਤਰੀ ਯੁਵਕ ਤੇ ਲੋਕ ਮੇਲੇ ਦੀ ਓਵਰਆਲ ਚੈਂਪੀਅਨਸ਼ਿਪ ਟਰਾਫ਼ੀ ਜਿੱਤੀ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸੈਸ਼ਨ 2023-24 ਦੇ ਅੰਤਰ ਖੇਤਰੀ ਯੁਵਕ ਤੇ ਲੋਕ ਮੇਲੇ ਵਿੱਚ ਲਗਭਗ 278 ਕਾਲਜਾਂ ਨੂੰ ਪਛਾੜਦੇ ਹੋਏ ਓਵਰਆਲ ਚੈਂਪੀਅਨਸ਼ਿਪ ਟਰਾਫ਼ੀ ਜਿੱਤ ਕੇ ਲਗਾਤਾਰ ਦੂਜੀ ਵਾਰ ਮਾਣਮੱਤੀ ਪ੍ਰਾਪਤੀ ਕੀਤੀ। ਇਸ ਸ਼ਾਨਦਾਰ ਸਫਲਤਾ ਦੀ ਖਬਰ ਸੁਣਦੇ ਸਾਰ ਹੀ ਕਾਲਜ ਦੇ ਸਮੁੱਚੇ ਸਟਾਫ ਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਵਰਣਨਯੋਗ ਹੈ ਕਿ ਮਾਤਾ ਗੁਜਰੀ ਕਾਲਜ ਨੇ ਇਸ ਤੋਂ ਪਹਿਲਾਂ ਰੋਪੜ-ਫਤਹਿਗੜ੍ਹ ਸਾਹਿਬ ਜ਼ੋਨ ਦੇ ਖੇਤਰੀ ਯੁਵਕ ਤੇ ਲੋਕ ਮੇਲੇ ਵਿੱਚ ਵੀ 58 ਕਾਲਜਾਂ ਨੂੰ ਪਛਾੜਦਿਆਂ ਓਵਰਆਲ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍. ਹਰਜਿੰਦਰ ਸਿੰਘ ਧਾਮੀ ਨੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਸਕੱਤਰ ਜਗਦੀਪ ਸਿੰਘ ਚੀਮਾ, ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਸਟਾਫ਼ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਬੜੇ ਫਖਰ ਨਾਲ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਉੱਤਰ ਭਾਰਤ ਦੀ ਸਿਰਮੌਰ ਉਚੇਰੀ ਸਿੱਖਿਆ ਸੰਸਥਾ ਮਾਤਾ ਗੁਜਰੀ ਕਾਲਜ ਨੇ ਮਾਣਮੱਤੀ ਪ੍ਰਾਪਤੀ ਕੀਤੀ ਹੈ। ਕਾਲਜ ਗਵਰਨਿੰਗ ਬਾਡੀ ਦੇ ਸਕੱਤਰ ਜਗਦੀਪ ਸਿੰਘ ਚੀਮਾ ਨੇ ਖੁਸ਼ੀ ਪ੍ਰਗਟ ਕਰਦਿਆਂ ਜੇਤੂ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ, ਸਟਾਫ਼ ਤੇ ਕੋਚਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਸ਼ਾਨਦਾਰ ਉਪਲਬਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਐਡਵੋਕੇਟ ਸ੍. ਹਰਜਿੰਦਰ ਸਿੰਘ ਧਾਮੀ ਤੇ ਕਾਲਜ ਗਵਰਨਿੰਗ ਬਾਡੀ ਦੇ ਸਕੱਤਰ ਸ੍. ਜਗਦੀਪ ਸਿੰਘ ਚੀਮਾ ਦੀ ਸੁਯੋਗ ਅਗਵਾਈ, ਨਿਰੰਤਰ ਸਰਪ੍ਰਸਤੀ ਤੇ ਸਹਿਯੋਗ ਸਦਕਾ ਪ੍ਰਾਪਤ ਹੋਈ ਹੈ। ਡਾ. ਕਸ਼ਮੀਰ ਸਿੰਘ ਨੇ ਕਾਲਜ ਦੀ ਕਾਲਜ ਦੇ ਸਟਾਫ, ਵਿਦਿਆਰਥੀਆਂ ਤੇ ਕੋਚਿੰਗ ਸਟਾਫ਼ ਦੀ ਅਣਥੱਕ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।

## ਲਾਰੈਂਸ ਸਕੂਲ ਦੇ ਵਿਦਿਆਰਥੀਆਂ ਨੈਤਿਕ ਸਿੱਖਿਆ ਦੇ ਇਮਤਿਹਾਨ 'ਚ ਮਾਰੀਆਂ ਮੱਲਾਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਕਰਵਾਏ ਗਏ ਨੈਤਿਕ ਸਿੱਖਿਆ ਦੇ ਇਮਤਿਹਾਨ ਵਿੱਚ ਹਿੱਸਾ ਲਿਆ, ਜਿਨ੍ਹਾਂ ਵਿੱਚ ਚਾਰ ਵਿਦਿਆਰਥੀਆਂ ਤਨੀਸ਼ਾ ਤੇ ਸਨੇਹਪ੍ਰੀਤ ਕੌਰ ਨੌਵੀਂ, ਸਹਿਬਾਜ਼ ਸੱਤਵੀਂ, ਸਿਮਰਨਜੋਤ ਕੌਰ ਅੱਠਵੀਂ ਜਮਾਤ ਨੇ ਇਮਤਿਹਾਨ ਵਿੱਚੋਂ ਪੁਜ਼ੀਸ਼ਨਾਂ ਹਾਸਲ ਕਰਕੇ ਇਨਾਮ ਪ੍ਰਾਪਤ ਕੀਤੇ। ਇਸ ਤੋਂ ਇਲਾਵਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ 26 ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਕਰਵਾਏ ਗਏ ਨੈਤਿਕ ਸਿੱਖਿਆ ਦੇ ਵੱਖ ਵੱਖ ਮੁਕਾਬਲਿਆਂ ਵਿੱਚ ਲਾਰੈਂਸ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਗੁਰਵੀਰ ਕੌਰ ਪੰਜਵੀਂ ਦੀ ਵਿਦਿਆਰਥਣ ਨੇ ਸੁੰਦਰ ਲਿਖਾਈ ਦੇ ਮੁਕਾਬਲੇ ਵਿੱਚ ਜਿੱਤ ਹਾਸਲ ਕਰਕੇ ਇਨਾਮ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਤਰਸੇਮ ਲਾਲ ਗਰਗ, ਪ੍ਰਿੰਸੀਪਲ ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਕਿਹਾ ਕਿ ਜਿੱਤ ਹਾਰ ਤਾਂ ਜ਼ਿੰਦਗੀ ਦਾ ਹਿੱਸਾ ਹੈ, ਪਰ ਵਿਦਿਆਰਥੀਆਂ ਵਿੱਚ ਹਰ ਮੁਕਾਬਲੇ ਵਿੱਚ ਭਾਗ ਲੈਣ ਦਾ ਜਜ਼ਬਾ ਤੇ ਹਿੰਮਤ ਹੋਣੀ ਚਾਹੀਦੀ ਹੈ।

## ਲਾਇਨਜ਼ ਕਲੱਬ ਕੋਟਕਪੂਰਾ ਵਿਸ਼ਵਾਸ ਵੱਲੋਂ ਇਨਸਟਾਲੇਸ਼ਨ ਸੈਰੇਮਨੀ

**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ 24ਵੀਂ ਇਨਸਟਾਲੇਸ਼ਨ ਸੈਰੇਮਨੀ ਬੀਤੀ ਰਾਤ ਸਾਗਰ ਢਾਬਾ ਮੋਗਾ ਰੋਡ ਕੋਟਕਪੂਰਾ ਵਿਖੇ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਹੋਈ। ਲਾਇਨ ਰਜਿੰਦਰ ਸਿੰਘ ਸਰਾਂ ਕੈਬਨਿਟ ਮੈਂਬਰ ਵੱਲੋਂ ਆਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਕਹਿੰਦੇ ਹੋਏ ਇਨਸਟਾਲੇਸ਼ਨ ਦੀ ਜਾਣਕਾਰੀ ਦਿੱਤੀ ਗਈ। ਇਸ ਪ੍ਰੋਗਰਾਮ ਵਿੱਚ ਲਾਇਨ ਐੱਮ ਜੇ ਐੱਫ ਜੀ ਐੱਸ ਕਾਲੜਾ 321 ਐੱਫ ਦੇ ਡਿਸਟ੍ਰਿਕਟ ਗਵਰਨਰ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਇਨਵੋਕੇਸ਼ਨ ਉਪਰੰਤ ਕੌਮੀ ਗੀਤ ਦਾ ਗਾਇਨ ਕੀਤਾ ਗਿਆ। ਕਲੱਬ ਦੇ ਸਰਪ੍ਰਸਤ ਲਾਇਲ ਕੰਵਲ ਅਰੋੜਾ ਦੇ ਇਸ ਸੰਸਾਰ ਵਿੱਚੋਂ ਚਲੇ ਜਾਣ 'ਤੇ 2 ਮਿੰਟ ਦਾ ਮੋਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਪੀ ਐੱਮ ਜੇ ਐੱਫ ਲਾਇਨ ਏ ਐੱਸ ਜੰਡੂ ਸੈਕਿੰਡ ਵਾਈਸ ਪ੍ਰਧਾਨ ਵੱਲੋਂ ਨਵਾਬ ਸਿੰਘ, ਸ਼ਸ਼ੀ ਚੌਪੜਾ, ਗੌਰਵ ਅਰੋੜਾ, ਸੁਰਿੰਦਰ ਸਿੰਘ ਗੋਗੀ ਤੇ ਸੁਨੀਲ ਕੁਮਾਰ ਬਿੱਟਾ ਨਵੇਂ ਮੈਂਬਰਾਂ ਨੂੰ ਲਾਇਨਿਜ਼ਮ ਦੀ ਜਾਣਕਾਰੀ ਦਿੰਦੇ ਕਲੱਬ ਵਿੱਚ ਸ਼ਾਮਲ ਕਰਨ ਲਈ ਸਹੁੰ ਚੁਕਵਾਈ ਗਈ ਤੇ ਇਨ੍ਹਾਂ ਨੂੰ ਪਿੰਨ ਲਗਾ ਕੇ ਸਨਮਾਨਤ ਕੀਤਾ ਗਿਆ ਅਤੇ ਇਨ੍ਹਾਂ ਨੂੰ ਸਪੌਂਸਰ ਕਰਨ ਵਾਲੇ ਲਾਇਨ ਮੈਂਬਰਾਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਐੱਮ ਜੇ ਐੱਫ ਲਾਇਨ ਰਵਿੰਦਰ ਪ੍ਰਕਾਸ਼ ਗੋਇਲ ਨੇ ਮੁੱਖ ਬੁਲਾਰੇ ਦੇ ਤੌਰ 'ਤੇ ਲਾਇਨਿਜ਼ਮ ਬਾਰੇ ਵੇਰਵੇ ਸਹਿਤ ਜਾਣਕਾਰੀ ਦਿੱਤੀ, ਜਿਨ੍ਹਾਂ ਨੂੰ ਸਰੋਤਿਆਂ ਵੱਲੋਂ ਬਹੁਤ ਹੀ ਧਿਆਨ ਨਾਲ ਸੁਣਿਆ। ਐੱਮ ਜੇ ਐੱਫ ਲਾਇਨ ਰਵਿੰਦਰ ਸੱਗੜ ਫਸਟ ਵੀਪੀ ਨੇ ਲਾਇਨ ਰਵਿੰਦਰ ਕੌਂਛੜ ਨੂੰ ਪੀਆਰਓ, ਲਾਇਨ ਸੁਖਵਿੰਦਰ ਸਿੰਘ ਹੈਲੀ ਸਦਿਓੜਾ ਨੂੰ ਖਜ਼ਾਨਚੀ, ਲਾਇਨ ਰਛਪਾਲ ਸਿੰਘ ਭੁੱਲਰ ਨੂੰ ਫਸਟ ਵੀਪੀ, ਲਾਇਨ ਵਿਕਰਾਂਤ ਧੀਂਗੜਾ ਨੂੰ ਸਕੱਤਰ ਤੇ ਲਾਇਨ ਗੁਰਵੀਰ ਕਰਨ ਸਿੰਘ ਢਿੱਲੋਂ ਨੂੰ ਪ੍ਰਧਾਨ ਦੇ ਅਹੁਦੇ ਦੀ ਸਹੁੰ ਚੁਕਵਾਈ ਗਈ ਤੇ ਉਨ੍ਹਾਂ ਦੇ ਫਰਜ਼ਾਂ ਦੀ ਪੂਰਨ ਜਾਣਕਾਰੀ ਦਿੱਤੀ। ਲਾਇਨ ਕਾਲੜਾ ਡੀਜੀ ਵੱਲੋਂ ਕਲੱਬ ਵੱਲੋਂ ਕੀਤੇ ਗਏ ਪ੍ਰੋਜੈਕਟਾਂ ਦੀ ਪ੍ਰਸੰਸਾ ਕੀਤੀ ਗਈ ਤੇ ਇੰਟਰਨੈਸ਼ਨਲ ਕਲੱਬ ਵੱਲੋਂ ਦਿੱਤੇ ਜਾਣ ਵਾਲੇ ਟੀਚਿਆਂ ਨੂੰ ਪੂਰਾ ਕਰਨ ਦੀ ਅਪੀਲ ਕੀਤੀ। ਲਾਇਨ ਰਛਪਾਲ ਸਿੰਘ ਭੁੱਲਰ ਵੱਲੋਂ ਪ੍ਰੀਜ਼ਾਈਡਿੰਗ ਅਫਸਰ, ਲਾਇਨ ਰਜਿੰਦਰ ਸਿੰਘ ਸਰਾਂ ਵੱਲੋਂ ਫੰਕਸ਼ਨ ਚੇਅਰਮੈਨ, ਲਾਇਨ ਰਣਜੀਤ ਸਿੰਘ ਕੱਕੜ ਫੰਕਸ਼ਨ ਕੋ-ਚੇਅਰਮੈਨ, ਲਾਇਨ ਮੀਕਨ ਸਹਿਗਲ ਨੇ ਮਾਸਟਰ ਆਫ ਸੈਰੇਮਨੀ ਦੀ ਭੂਮਿਕਾ ਨਿਭਾਉਂਦੇ ਹੋਏ ਆਪਣੀ ਹਾਜ਼ਰੀ ਦਰਜ ਕੀਤੀ। ਲਾਇਨ ਨਰਜਿੰਦਰ ਸਿੰਘ ਖਾਰਾ ਨੇ ਰਜਿਸਟਰੇਸ਼ਨ ਕਰਨ ਦੀ ਡਿਓਟੀ ਬਾ-ਖੂਬੀ ਨਿਭਾਈ। ਲਾਇਨਜ਼ ਕਲੱਬ ਕੋਟਕਪੂਰਾ ਮੇਨ, ਗਰੇਟਰ, ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਦੇ ਪ੍ਰਤੀਨਿਧ ਤੇ ਲਾਇਨ ਰਾਮ ਲਾਲ ਜੈਨ ਰੀਜਨ ਚੇਅਰਮੈਨ ਤੇ ਲਾਇਨ ਹਰਵੀਰ ਸਿੰਘ ਜੌਲੀ ਜ਼ੋਨ ਚੇਅਰਮੈਨ ਵਿਸ਼ੇਸ਼ ਤੌਰ 'ਤੇ ਪ੍ਰੋਗਰਾਮ ਦੀ ਸ਼ੋਭਾ ਵਧਾਉਣ ਲਈ ਆਏ। ਇਸ ਮੌਕੇ ਲਾਇਨ ਡਾ: ਬੀ ਕੇ ਕਪੂਰ, ਲਾਇਨ ਸੰਜੀਵ ਬਾਂਸਲ, ਲਾਇਨ ਐਡਵੋਕੇਟ ਚਰਨਜੀਤ ਸਿਡਾਨਾ, ਲਾਇਨ ਗੁਰਦੀਪ ਸਿੰਘ ਸੈਕਟਰੀ, ਲਾਇਨ ਸੰਦੀਪ ਆਹੂਜਾ, ਲਾਇਨ ਜਸਵੀਰ ਸਿੰਘ ਚਾਨਾ, ਲਾਇਨ ਨੀਤਨ ਗੋਇਲ, ਲਾਇਨ ਸੂਬਾ ਸਿੰਘ, ਲਾਇਨ ਤੇਜ ਸਿੰਘ, ਲਾਇਨ ਪਰੇਮ ਮੈਨੀ ਤੋਂ ਇਲਾਵਾ ਇਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਸ਼ਾਮਲ ਹੋਏ। ਲਾਇਨ ਕੱਕੜ ਤੇ ਲਾਇਨ ਗੁਰਵੀਰਕਰਨ ਸਿੰਘ ਢਿੱਲੋਂ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਦਿੱਤੇ ਗਏ ਟੀਚੇ ਹਰ ਹਾਲਤ ਵਿੱਚ ਪੂਰੇ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਉਪਰੰਤ ਸਾਰਿਆਂ ਨੇ ਫੈਲੋਸ਼ਿਪ ਤੇ ਰਾਤ ਦੇ ਖਾਣੇ ਦਾ ਆਨੰਦ ਮਾਣਿਆ।




## ਗਿਆਨ ਸਾਗਰ ਸਕੂਲ ਨੂੰ ਬੈੱਸਟ ਸਪੋਰਟਸ ਅਚੀਵਮੈਂਟ ਐਵਾਰਡ



**ਬਰੇਟਾ (ਰੀਤਵਾਲ)**-ਫੈਡਰੇਸ਼ਨ ਆਫ ਪੰਜਾਬ (ਫੈਪ) ਦੁਆਰਾ ਸਕੂਲਾਂ ਦੀ ਨਵੇਕਲੀ ਤੇ ਵਿਲੱਖਣ ਪ੍ਰਤਿਭਾ ਦੀ ਸਰਹਾਣਾ ਤੇ ਹੌਂਸਲਾ ਅਫਜ਼ਾਈ ਵਾਸਤੇ ਇੱਕ ਉਚੇਚੇ ਪੱਧਰ ਦਾ ਪ੍ਰੋਗਰਾਮ ਚੰਡੀਗੜ੍ਹ ਯੂਨੀਵਰਸਿਟੀ (ਸੀ ਯੂ) ਕੈਂਪਸ ਵਿੱਚ ਉਲੀਕਿਆ ਗਿਆ, ਜਿਸ 'ਚ ਗਿਆਨ ਸਾਗਰ ਕੌਨਵੈਂਟ ਸਕੂਲ ਕਾਹਨਗੜ੍ਹ ਨੂੰ ਸੈਸ਼ਨ 2022-23 ਦੀਆਂ ਖੇਡਾਂ ਵਿੱਚ ਰਹੀਆਂ ਉਚੇਚੀਆਂ ਤੇ ਗਗਨਚੁੰਬੀ ਪ੍ਰਾਪਤੀਆਂ ਵਾਸਤੇ ਬੈਸਟ ਸਪੋਰਟਸ ਅਚੀਵਮੈਂਟ ਐਵਾਰਡ ਨਾਲ ਨਵਾਜਿਆ ਗਿਆ। ਇਹ ਐਵਾਰਡ ਗਿਆਨ ਸਾਗਰ ਸਕੂਲ ਦੇ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਤੇ ਪ੍ਰਿੰਸੀਪਲ ਭਾਰਤ ਦੀਪ ਗਰਗ ਨੇ ਸਟੇਜ 'ਤੇ ਪ੍ਰਾਪਤ ਕਰਦੇ ਹੋਏ ਆਪਣੇ ਮਾਣ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਗਿਆਨ ਸਾਗਰ ਸਕੂਲ ਦੇ ਸੱਤਵੀਂ ਜਮਾਤ ਦੇ ਵਿਦਿਆਰਥੀ ਨਵਜੋਤ ਸਿੰਘ ਪਿੰਡ ਬਹਾਦਰਪੁਰ ਨੂੰ ਗੇਮ ਤੀਰ ਅੰਦਾਜ਼ੀ ਲਈ ਸਟੇਟ ਪੰਜਾਬ ਪੱਧਰ 'ਤੇ ਗੋਲਡ ਮੈਡਲ ਜਿੱਤਣ ਤੇ ਨੈਸ਼ਨਲ ਸਲੈਕਸ਼ਨ ਹੋਣ ਵਾਸਤੇ ਬੈਸਟ ਸਪੋਸਟਸ ਅਚੀਵਮੈਂਟ ਐਵਾਰਡ ਨਾਲ ਨਿਵਾਜਿਆ ਗਿਆ। ਨਵਜੋਤ ਸਿੰਘ ਤੇ ਉਸ ਦੇ ਮਾਪਿਆ ਨੇ ਸਟੇਜ ਤੋਂ ਖੁਸ਼ੀ-ਖੁਸ਼ੀ ਐਵਾਰਡ ਲੈਂਦੇ ਹੋਏ ਸਕੂਲ ਦੀ ਮੈਨੇਜਮੈਂਟ, ਪ੍ਰਿੰਸੀਪਲ, ਸਟਾਫ ਤੇ ਸਕੂਲ ਕੋਚ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਨੂੰ ਵੱਖਰੇ ਤੌਰ 'ਤੇ ਖੇਡਾਂ ਵਿੱਚ ਉੱਚੀਆਂ ਪ੍ਰਾਪਤੀਆਂ ਦਿਵਾਉਣ ਵਾਸਤੇ ਟਰਾਫੀ ਤੇ ਸਨਮਾਨ ਚਿੰਨ੍ਹ ਨਾਲ ਨਿਵਾਜਿਆ ਗਿਆ। ਸਕੂਲ ਕੋਚ ਸ੍. ਬੱਬੂ ਸਿੰਘ ਨੂੰ ਬੱਚਿਆਂ ਦੀ ਖੇਡਾਂ ਵਿੱਚ ਪ੍ਰਤਿਭਾ ਨਿਖਾਰਨ ਵਾਸਤੇ ਟਰਾਫੀ ਦੇ ਕੇ ਸਨਮਾਨਤ ਤੇ ਹੌਸਲਾ ਅਫਜ਼ਾਈ ਕੀਤੀ ਗਈ। ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਨੇ ਇਸ ਸ਼ਾਨਦਾਰ ਜਿੱਤ ਦਾ ਸਿਹਰਾ ਕੋਚ ਬੱਬੂ ਸਿੰਘ ਤੇ ਅਮਨਦੀਪ ਸਿੰਘ ਦੇ ਸਿਰ ਬੰਨ੍ਹਿਆ।

28-Nov-PAGE-8.qxd 11/27/2023 10:53 PM Page 1



# ਗੁਰਪੁਰਬ ਮੌਕੇ ਸੁਲਤਾਨਪੁਰ ਲੋਧੀ ਦੀ ਧਰਤੀ ਤੋਂ ਸਜਾਇਆ ਅਲੌਕਿਕ ਨਗਰ ਕੀਰਤਨ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਮਾਨਵਤਾ ਦੇ ਸਰਬਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸ੍ਰੀ ਸੰਤ ਘਾਟ ਸਾਹਿਬ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਸਮੇਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸਤਨਾਮ ਸਿੰਘ ਨੇ ਅਰਦਾਸ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਫੁੱਲਾਂ ਨਾਲ ਸ਼ਿੰਗਾਰੀ ਹੋਈ ਪਾਲਕੀ 'ਚ ਬਿਰਾਜਮਾਨ ਕੀਤਾ ਗਿਆ। ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਹਰਜਿੰਦਰ ਸਿੰਘ ਧਾਮੀ ਨੇ ਫੁੱਲਾਂ ਨਾਲ ਸਜੀ ਸੁੰਦਰ ਬੱਸ ਵਿੱਚ ਸਜਾਈ ਸੁਨਹਿਰੀ ਪਾਲਕੀ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿਚ ਸੰਗਤਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ, ਜਦਕਿ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ। ਨਗਰ ਕੀਰਤਨ ਵਿਚ ਗਤਕਾ ਪਾਰਟੀਆਂ ਵੱਲੋਂ ਸਿੱਖ ਸ਼ਸਤਰ ਕਲਾ ਦੇ ਬਾਖੂਬੀ ਜੌਹਰ ਦਿਖਾਏ ਗਏ। ਨਗਰ ਕੀਰਤਨ ਦੇ ਸਾਰੇ ਰਸਤੇ ਥਾਂ-ਥਾਂ 'ਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ ਅਤੇ ਸਾਰੇ ਮਾਰਗ ਨੂੰ ਖ਼ੂਬਸੂਰਤ ਲੜੀਆਂ ਅਤੇ ਸਵਾਗਤੀ ਗੇਟਾਂ ਨਾਲ ਵੀ ਸਜਾਇਆ ਗਿਆ ਸੀ। ਨਗਰ ਕੀਰਤਨ ਦੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਪੁੱਜਣ 'ਤੇ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਗੁਰਦੁਆਰਾ ਬੇਰ ਸਾਹਿਬ ਦੇ ਮੈਨੇਜਰ ਜਰਨੈਲ ਸਿੰਘ ਬੁਲੇ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਸੰਤ ਜਗਜੀਤ ਸਿੰਘ ਹਰਖੋਵਾਲ, ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਕੌਰ, ਸਾਬਕਾ ਵਿੱਤ ਮੰਤਰੀ ਡਾ. ਉਪਿੰਦਰਜੀਤ ਕੌਰ, ਇੰਜੀਨੀਅਰ ਸਵਰਨ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਡੋਗਰਵਾਲ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਗੁਰਜੰਟ ਸਿੰਘ ਸੰਧੂ, ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਵਾਤਾਵਰਣ ਪ੍ਰੇਮੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਸੰਤ ਬਾਬਾ ਲੀਡਰ ਸਿੰਘ, ਸੰਤ ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲੇ, ਵਿਧਾਇਕ ਇੰਦਰਪ੍ਰਤਾਪ ਸਿੰਘ ਰਾਣਾ, ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ, ਮਿਲਕਫੈੱਡ ਦੇ ਸਾਬਕਾ ਚੇਅਰਮੈਨ ਕੈਪਟਨ ਹਰਮਿੰਦਰ ਸਿੰਘ, ਐਸਡੀਐਮ ਜਸਪ੍ਰੀਤ ਸਿੰਘ, ਡੀ ਐਸ ਪੀ ਬਬਨਦੀਪ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਇਸ ਮੌਕੇ ਪੰਜ ਪਿਆਰਿਆਂ ਨੂੰ ਭਾਈ ਭਾਈ ਗੁਰਪ੍ਰੀਤ ਸਿੰਘ ਦੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਹ ਨਗਰ ਕੀਰਤਨ ਇਤਿਹਾਸਕ ਗੁਰਦੁਆਰਾ ਸੰਤ ਘਾਟ ਸਾਹਿਬ ਤੋਂ ਸ਼ਹਿਰ ਦੀ ਦਾਨਾ ਮੰਡੀ, ਤਲਵੰਡੀ ਪੁਲ, ਸਬਜ਼ ਮੰਡੀ, ਆਰੀਆ ਸਮਾਜ ਚੌਕ, ਚੌਕ ਚੇਲਿਆਂ, ਪੁਰਾਣੀ ਦਾਨਾ ਮੰਡੀ, ਰੇਲਵੇ ਰੋਡ, ਸਦਰ ਬਾਜ਼ਾਰ, ਥਾਣਾ ਰੋਡ, ਬੇਬੇ ਨਾਨਕੀ ਰੋਡ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਆ ਕੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਆਪਣੇ ਸਕੂਲ ਪਹਿਰਾਵੇ ਵਿਚ ਹਿੱਸਾ ਲਿਆ ਅਤੇ ਢੋਲ, ਬੈਂਡ ਸਾਜਾਂ ਨਾਲ ਝਲਕੀਆਂ ਪੇਸ਼ ਕੀਤੀਆਂ। ਨਗਰ ਕੀਰਤਨ ਵਿਚ ਨਿਹੰਗ ਸਿੰਘ ਵੀ ਆਪਣੇ ਹਥਿਆਰਾਂ ਨਾਲ ਹਾਥੀ, ਘੋੜੇ ਸਮੇਤ ਸ਼ਾਮਲ ਹੋਏ। ਸ਼ਹਿਰ ਦੇ ਕੀਰਤਨ 'ਤੇ ਹਵਾਈ ਜਹਾਜ਼ਾਂ ਅਤੇ ਪੈਰਾਸ਼ੂਟਾਂ ਨਾਲ ਫੁੱਲਾਂ ਦੀ ਵਰਖਾ ਕੀਤੀ ਜਾ ਰਹੀ ਸੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਕੌਰ, ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਮੈਨੇਜਰ ਜਰਨੈਲ ਸਿੰਘ, ਸਾਬਕਾ ਵਿੱਤ ਮੰਤਰੀ ਡਾ. ਉਪਿੰਦਰਜੀਤ ਕੌਰ, ਇੰਜੀਨੀਅਰ ਸਵਰਨ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦੇਸ਼ ਭਗਤ ਯਾਦਗਾਰ ਹਾਲ ਦੇ ਫੁੱਲਾਂ ਸਜੇ ਮੁਖੜੇ ਤੋਂ ਗੂੰਜਣਗੀਆਂ ਗਦਰੀ ਗੂੰਜਾਂ



**ਜਲੰਧਰ :** ਦੇਸ਼ ਭਗਤ ਯਾਦਗਾਰ ਹਾਲ ਦੇ ਜੀ. ਟੀ. ਰੋਡ ਵਾਲੇ ਮੁੱਖ ਪਾਸੇ ਨੂੰ ਘਾਹ, ਫੁੱਲ ਬੂਟਿਆਂ, ਗਦਰੀ ਬਾਬਿਆਂ ਦੀਆਂ ਤਸਵੀਰਾਂ, ਬੁੱਤਾਂ, ਕਿਤਾਬਾਂ ਦੇ ਆਲ੍ਹਣਿਆਂ, ਲਾਈਟ ਐਂਡ ਸਾਊਂਡ ਨਾਲ ਦਿਲਕਸ਼ ਅਤੇ ਇਤਿਹਾਸਕ ਪੱਖੋਂ ਅਰਥ ਭਰਪੂਰ ਅੰਦਾਜ਼ ਵਿੱਚ ਸਜਾਉਣ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਜੀ ਟੀ ਰੋਡ 'ਤੇ ਜਾਂਦੇ ਰਾਹੀਆਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਤੋਂ ਦੇਸ਼ ਭਗਤ ਯਾਦਗਾਰ ਹਾਲ ਦਾ ਮਿਊਜ਼ੀਅਮ, ਲਾਇਬ੍ਰੇਰੀ ਥੀਏਟਰ ਦੇਖਣ ਆਉਣ ਵਾਲਿਆਂ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਕੀਤੇ ਜਾਂਦੇ ਨਿਰੰਤਰ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਇਹ ਸਾਰਾ ਖੂਬਸੂਰਤ ਦ੍ਰਿਸ਼ ਗਦਰ ਅਤੇ ਅਣਗੌਲੇ ਇਤਿਹਾਸ ਸੰਗ ਬਗਲਗੀਰ ਕਰਨ ਦਾ ਕੰਮ ਕਰੇਗਾ। ਇਸ ਥਾਂ ਬਣਨ ਵਾਲੇ ਕਿਤਾਬਾਂ ਦੇ ਆਲ੍ਹਣਿਆਂ ਵਿੱਚ ਪਾਠਕਾਂ ਦੇ ਪੜ੍ਹਨ ਲਈ ਕਿਤਾਬਾਂ ਦੀ ਸੇਵਾ ਕਮੇਟੀ ਵੱਲੋਂ ਪ੍ਰਦਾਨ ਹੋਏਗੀ। ਵੰਨ ਸੁਵੰਨੀਆਂ ਮਨਮੋਹਕ ਰੌਸ਼ਨੀਆਂ, ਫੁੱਲਾਂ ਦੀ ਸੌਗੰਧੀ 'ਚ ਘੁਲਿਆ ਸੰਗੀਤ ਹੋਏਗਾ। ਸੌ ਵਰ੍ਹੇ ਪਹਿਲਾਂ ਗਦਰੀ ਦੇਸ਼ ਭਗਤਾਂ ਵਲੋਂ ਰਚੀਆਂ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਰਿਕਾਰਡ ਕਰਵਾਈਆਂ 'ਗਦਰੀ ਗੂੰਜਾਂ' ਸਮੇਤ ਲੋਕ-ਪੱਖੀ ਗੀਤਾਂ ਦੇ ਬੋਲ ਸੁਣਾਈ ਦਿਆ ਕਰਨਗੇ। ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸ਼ਹੀਦ ਊਧਮ ਸਿੰਘ ਵੈਲਫੇਅਰ ਟਰੱਸਟ ਬਰਮਿੰਘਮ (ਯੂ. ਕੇ.), ਆਈ. ਡਬਲਯੂ. ਏ. ਨੇ ਪ੍ਰਮੁੱਖ ਤੌਰ 'ਤੇ ਜ਼ਿੰਮੇਵਾਰੀ ਓਟਣ ਦਾ ਵਿਸ਼ਵਾਸ ਦੁਆਇਆ ਹੈ ਦਾ ਦੇਸ਼ ਭਗਤ ਯਾਦਗਾਰ ਕਮੇਟੀ ਨੇ ਹਾਰਦਿਕ ਧੰਨਵਾਦ ਕੀਤਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ, ਕੁਲਬੀਰ ਸਿੰਘ ਸੰਘੇੜਾ ਅਤੇ ਡਾ. ਜਸਵਿੰਦਰ ਸਿੰਘ ਬਿਲਗਾ ਨੇ ਦੱਸਿਆ ਕਿ ਇਹ ਕਾਰਜ ਦੇਸ਼ ਭਗਤ ਯਾਦਗਾਰ ਹਾਲ ਦੀ ਇਤਿਹਾਸਕ ਅਤੇ ਸੱਭਿਆਚਾਰਕ ਤਸਵੀਰ ਨੂੰ ਹੋਰ ਵੀ ਨਿਖਾਰਨ ਉਭਾਰਨ ਦਾ ਕੰਮ ਕਰੇਗਾ।

## ਪਹਿਲਾ ਗੋਲਡਨ ਮਿੰਟ ਬੱਚੇ ਲਈ ਬਹੁਤ ਮਹੱਤਵਪੂਰਨ ਹੁੰਦਾ : ਡਾ. ਪਾਹਵਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਿਵਲ ਹਸਪਤਾਲ ਦੇ ਡਾਕਟਰ ਰਿਤੇਸ਼ ਪਾਹਵਾ ਨੇ ਦੱਸਿਆ ਕਿ ਉਪਰੋਕਤ ਥੀਮ ਤਹਿਤ ਜਿੱਥੇ ਖਾਸ ਕਰ 36 ਹਫਤੇ ਤੋਂ ਪਹਿਲਾਂ ਪੈਦਾ ਹੋਣ ਵਾਲੇ ਬੱਚਿਆਂ ਨੂੰ ਖਾਸ ਕਰਕੇ ਲਾਭ ਹੁੰਦਾ ਹੈ ਉੱਥੇ 36 ਹਫਤੇ ਤੋਂ ਬਾਅਦ ਜਨਮ ਲੈਣ ਵਾਲੇ ਬੱਚਿਆਂ ਨੂੰ ਵੀ ਲਾਭ ਹੁੰਦਾ ਹੈ। ਡਾਕਟਰ ਪਾਹਵਾ ਬੱਚਿਆਂ ਦੇ ਮਾਹਰ ਨੇ ਦੱਸਿਆ ਕਿ ਪਰਮਿਊਰ ਬੱਚਿਆਂ ਦਾ ਜਨਮ ਉਸ ਸਰਕਾਰੀ ਹਸਪਤਾਲ ਵਿੱਚ ਹੋਣਾ ਚਾਹੀਦਾ ਹੈ ਜਿੱਥੇ ਬੱਚਿਆਂ ਦੇ ਮਾਹਰ ਡਾਕਟਰ ਹੋਣ ਕਿਉਂਕਿ ਪਹਿਲਾ ਗੋਲਡਨ ਮਿੰਟ ਬੱਚੇ ਲਈ ਬਹੁਤ ਮਹੱਤਵਪੂਰਨ ਹੁੰਦਾ ਹੈ। ਜੇਕਰ ਬੱਚਾ ਰੋਵੇਗਾ ਤਾਂ ਹੀ ਠੀਕ ਸਾਹ ਲਵੇਗਾ। ਜਿੱਥੇ ਬੱਚੇ ਦਾ ਵਾਧਾ ਵਿਕਾਸ ਸਹੀ ਹੁੰਦਾ ਹੈ ਉੱਥੇ ਬੱਚਾ ਨਿਮੋਨੀਆ ਤੇ ਹੋਰ ਇਨਫੈਕਸ਼ਨ ਤੋਂ ਵੀ ਬਚਦਾ ਹੈ। ਇਸ ਦੇ ਨਾਲ ਹੀ ਮਾਂ ਨੂੰ ਦੁੱਧ ਵੀ ਜਲਦੀ ਬੱਚੇ ਲਈ ਆਉਂਦਾ ਹੈ। ਇਸ ਨਾਲ ਬੱਚੇ ਤੇ ਮਾਂ ਦਾ ਆਪਸੀ ਲਗਾਵ ਵੀ ਵਧਦਾ ਹੈ। ਇਸ ਨਾਲ ਅਸੀਂ 5 ਸਾਲ ਤੱਕ ਦੇ ਬੱਚਿਆਂ ਵਿੱਚ ਖਾਸ ਕਰ ਪਰਮਿਊਚਰ ਬੱਚਿਆਂ ਦੀ ਮੌਤ ਦਰ ਨੂੰ ਘੱਟ ਕਰ ਸਕਦੇ ਹਾਂ।

## ਮਾਤਾ ਸਲਾਨੀ ਦੀਆਂ ਪ੍ਰਭਾਤ ਫੇਰੀਆਂ ਤੇ ਦੀਵਿਆਂ ਦੀ ਰਸਮ ਸ਼ੁਰੂ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** - ਮਾਤਾ ਸਲਾਨੀ ਜੀ ਦੀਆਂ ਚੱਲ ਰਹੀਆਂ ਪ੍ਰਭਾਤ ਫੇਰੀਆਂ ਦੌਰਾਨ ਪਿੰਡ ਸੁੰਨੜ ਕਲਾਂ ਦੇ ਮਾਤਾ ਸਲਾਨੀ ਜੀ ਦੇ ਮੰਦਰ ਤੇ ਦੀਵਿਆਂ ਦੀ ਰਸਮ ਸ਼ੁਰੂ ਕੀਤੀ ਗਈ। ਪਿੰਡ ਸੁੰਨੜ ਕਲਾਂ ਦੀਆਂ ਲੜਕੀਆਂ ਅਤੇ ਔਰਤਾਂ ਵੱਲੋਂ ਆਪਣੇ ਆਪਣੇ ਘਰਾਂ ਤੋਂ ਜਗਦੇ ਹੋਏ ਦੀਵਿਆਂ ਨੂੰ ਆਪਣੇ ਆਪਣੇ ਹੱਥਾਂ 'ਤੇ ਦੀਵੇ ਜਗਾ ਕੇ ਪਿੰਡ ਦੀ ਹਰ ਰੋਜ਼ ਸ਼ਾਮ ਨੂੰ ਪ੍ਰਭਾਤ ਫੇਰੀਆਂ ਕੀਤੀਆਂ ਜਾ ਰਹੀਆਂ ਹਨ। ਅੱਜ ਇਹ ਤੀਜੀ ਪ੍ਰਭਾਤ ਫੇਰੀ ਸੀ। ਮਾਤਾ ਸਲਾਨੀ ਦੇ ਸੇਵਾਦਾਰ ਬਾਲ ਕ੍ਰਿਸ਼ਨ ਬਾਲੀ ਨੇ ਦੱਸਿਆ ਕਿ ਇਹ ਪ੍ਰਭਾਤ ਫੇਰੀ 22 ਨਵੰਬਰ ਨੂੰ ਸ਼ੁਰੂ ਕੀਤੀ ਸੀ ਅਤੇ 26 ਨਵੰਬਰ ਨੂੰ ਸਮਾਪਤ ਹੋਈ। ਉਸ ਨੇ ਕਿਹਾ ਕਿ 27 ਨਵੰਬਰ ਨੂੰ ਸਵੇਰੇ,4 ਵਜੇ ਛੋਟੇ ਛੋਟੇ ਬੇੜੇ ਬਣਾ ਕੇ ਮੰਦਰ ਦੇ ਨਾਲ ਬਣੇ ਤਲਾਬ ਵਿੱਚ ਤਰਾਏ ਜਾਣਗੇ ਅਤੇ ਹਰ ਲੜਕੀ ਇੱਕ ਸੋ ਇੱਕ ਦੀਵਿਆਂ ਦੀ ਰਸਮ ਵੀ ਅਦਾ ਕਰੇਗੀ।

## ਗੁਰਦੁਆਰਾ ਕੁਟੀਆ ਸਾਹਿਬ ਤੋਂ ਨਗਰ ਕੀਰਤਨ ਸਜਾਇਆ



**ਮੋਰਿੰਡਾ ( ਜੈਜੀ ਸਰਦਾਰ )**- ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਵਸ ਦੇ ਸ਼ੁੱਭ ਅਵਸਰ ਤੇ ਪਿੰਡ ਓਇੰਦ ਦੇ ਗੁਰਦੁਆਰਾ ਕੁਟੀਆ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ ਕੱਢੇ ਗਏ ਇਸ ਨਗਰ ਕੀਰਤਨ ਵਿਚ ਬਾਬਾ ਜੋਗਿੰਦਰ ਸਿੰਘ ਚਮਕੌਰ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਦੀਵਾਨ ਰਾਹੀਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਸਤਾਰ ਪੂਰਵਕ ਦੱਸਿਆ ਅਤੇ ਗੁਰੂ ਜੀ ਦੇ ਦਿੱਤੇ ਉਪਦੇਸ਼ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪਿੰਡ ਓਇੰਦ ਨਗਰ ਨਿਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆ ਵੱਲੋਂ ਨਗਰ ਕੀਰਤਨ ਦਾ ਥਾਂ-ਥਾਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਲੰਗਰ ਲਗਾਏ ਗਏ। ਇਸ ਨਗਰ ਕੀਰਤਨ ਵਿਚ ਸਰਦੂਲ ਸਿੰਘ ਦੁੱਲਾ ਐਸ ਆਈ, ਭੁਪਿੰਦਰ ਸਿੰਘ ਖਰੌੜ ਪ੍ਰਧਾਨ, ਜਸਪਾਲ ਸਿੰਘ ਗਿਆਨੀ, ਨਿਰਮਲ ਸਿੰਘ ਨੱਤ, ਕਰਮ ਸਿੰਘ, ਮੇਜਰ ਸਿੰਘ ਨੰਬਰਦਾਰ, ਪ੍ਰਿਤਪਾਲ ਸਿੰਘ ਸਰਪੰਚ, ਗੁਰਦੀਪ ਸਿੰਘ ਨੰਬਰਦਾਰ, ਗੁਰਮੇਲ ਸਿੰਘ ਨੱਤ, ਇਕਬਾਲ ਸਿੰਘ ਖਰੌੜ, ਬਚਿੱਤਰ ਸਿੰਘ ਵੱਡੀ ਤਾਦਾਦ ਵਿੱਚ ਸੰਗਤਾਂ ਨੇ ਪਹੁੰਚ ਕੇ ਸੇਵਾਵਾਂ ਨਿਭਾਈਆਂ।

## ਖਾਲਸਾ ਸਕੂਲ ਨੇ ਨਗਰ ਕੀਰਤਨ ਸਜਾਇਆ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਬਾਬਾ ਅਜੀਤ ਸਿੰਘ ਬਾਬਾ ਜੁਝਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ । ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਕੂਲ ਤੋਂ ਆਰੰਭ ਹੋਇਆ, ਜਿਸ ਦੇ ਅੱਗੇ ਬੈਂਡ ਪਾਰਟੀ ਚੱਲ ਰਹੀ ਸੀ ਉਸ ਦੇ ਪਿੱਛੇ ਸਕੂਲ ਦੀ ਭੁਝੰਗੀ ਸਭਾ ਦੇ ਬੱਚੇ ਗੱਤਕਾ ਖੇਡਦੇ ਹੋਏ ਚੱਲ ਰਹੇ ਸਨ। ਸਕੂਲ ਕਮੇਟੀ ਦੇ ਮੈਨੇਜਰ ਹਰਬੰਸ ਸਿੰਘ ਕੰਧੋਲਾ ਨੇ ਦੱਸਿਆ ਕਿ ਨਗਰ ਕੀਰਤਨ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਇਆ। ਉਸ ਤੋਂ ਬਾਅਦ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ, ਗੁਰਦੁਆਰਾ ਸ਼ਹੀਦੀ ਬੁਰਜ ਬਾਬਾ ਜੀਵਨ ਸਿੰਘ, ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਗੁਰਦੁਆਰਾ ਸ੍ਰੀ ਰਣਜੀਤ ਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਤਾੜੀ ਸਾਹਿਬ ਨੂੰ ਨਤਮਸਤਕ ਹੁੰਦਾ ਹੋਇਆ ਸਕੂਲ ਵਿਖੇ ਸੰਪੰਨ ਹੋਇਆ । ਸਕੂਲ ਪ੍ਰਿੰਸੀਪਲ ਕਿਰਨਜੋਤ ਕੌਰ ਖੰਗੂੜਾ ਨੇ ਦੱਸਿਆ ਕਿ ਸਾਰੇ ਗੁਰਧਾਮਾਂ ਵਿੱਚ ਪ੍ਰਬੰਧਕਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਰੁਮਾਲਾ ਸਾਹਿਬ ਭੇਟ ਕੀਤੇ ਗਏ ਅਤੇ ਪੰਜ ਪਿਆਰਿਆਂ ਦਾ ਸਿਰਪਾਉ ਨਾਲ ਸਨਮਾਨ ਕੀਤਾ ਗਿਆ। ਰਸਤੇ ਵਿੱਚ ਦਿਓਲ ਸਾਹਿਬ ਵੱਲੋਂ ਬੱਚਿਆਂ ਲਈ ਲੱਡੂਆਂ ਦਾ ਪ੍ਰਸ਼ਾਦ ਵਰਤਾਇਆ ਗਿਆ । ਇਸ ਮੌਕੇ ਜਥੇ ਪ੍ਰੀਤਮ ਸਿੰਘ ਸੱਲੋ ਮਾਜਰਾ, ਗੁਰਮੀਤ ਕੌਰ ਢੇਸੀ, ਪ੍ਰਿਤਪਾਲ ਕੌਰ ਅਤੇ ਜਸਪਿੰਦਰ ਕੌਰ ਆਦਿ ਹਾਜ਼ਰ ਸਨ ।

# ਇਨੋਸੈਂਟ ਹਾਰਟਸ 'ਚ ਫਨ ਫੇਅਰ 'ਦ ਗਿਗਲਸ ਐਂਡ ਗੇਮਸ' ਸੰਪੂਰਨ



**ਜਲੰਧਰ ( ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗ੍ਰੀਨ ਮਾਡਲ ਟਾਊਨ ਅਤੇ ਲੋਹਾਰਾਂ ਵਿੱਚ ਆਯੋਜਿਤ ਫਨ ਫੇਅਰ ਵਿੱਚ 'ਇਨਕ੍ਰੇਡੀਬਲ ਇੰਡੀਆ' ਥੀਮ ਉੱਤੇ ਵਿਦਿਆਰਥੀਆਂ ਦੁਆਰਾ ਪੇਸ਼ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵਿੱਚ ਆਪਣੇ ਦੇਸ਼ ਦੀ ਸੰਸਕ੍ਰਿਤੀ ਦੀ ਝਲਕ ਦੇਖਣ ਨੂੰ ਮਿਲੀ। ਗ੍ਰੀਨ ਮਾਡਲ ਟਾਊਨ ਵਿੱਚ ਮੁੱਖ ਮਹਿਮਾਨ ਡਾ. ਚੰਦਰ ਬੌਰੀ (ਐੱਮ ਡੀ ਮੈਡੀਕਲ ਸਰਵਿਸਿਜ਼, ਇੰਨੋਸੈਂਟ ਹਾਰਟਸ ਗਰੁੱਪ) ਅਤੇ ਡਾ. ਰੋਹਨ ਬੌਰੀ (ਡਿਪਟੀ ਡਾਇਰੈਕਟਰ ਮੈਡੀਕਲ ਸਰਵਿਸਿਜ਼, ਇੰਨੋਸੈਂਟ ਹਾਰਟਸ ਗਰੁੱਪ) ਸਨ। ਜਦਕਿ ਗੈਸਟ ਔਫ ਆਨਰ ਦੀ ਭੂਮਿਕਾ ਸ੍ਰੀਮਤੀ ਅਤੇ ਸ੍ਰੀ ਵਰਿੰਦਰ ਪਾਲ (ਪ੍ਰਸਿੱਧ ਸਮਾਜ ਸੇਵੀ) ਨੇ ਨਿਭਾਈ। ਲੋਹਾਰਾਂ ਵਿੱਚ ਸ਼ੈਲੀ ਬੌਰੀ (ਐਗਜ਼ੀਕਿਊਟ ਡਾਇਰੈਕਟਰ ਔਫ ਸਕੂਲਜ਼) ਨੇ ਮੁੱਖ-ਮਹਿਮਾਨ ਦੀ ਭੂਮਿਕਾ ਨਿਭਾਈ। ਗ੍ਰੀਨ ਮਾਡਲ ਟਾਊਨ ਵਿੱਚ ਮੁੱਖ-ਮਹਿਮਾਨਾਂ ਦਾ ਸਵਾਗਤ ਪ੍ਰਿੰਸੀਪਲ ਰਾਜੀਵ ਪਾਲੀਵਾਲ ਅਤੇ ਲੋਹਾਰਾਂ ਵਿੱਚ ਕੁਮਾਰੀ ਸ਼ਾਲੂ ਸਹਿਗਲ ਅਤੇ ਮੈਨੇਜਮੈਂਟ ਦੇ ਮੈਂਬਰਾਂ ਨੇ ਕੀਤਾ। ਇਸ ਮੌਕੇ ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਸੀਐੱਸਆਰ ਡਾ.ਪਲਕ ਗੁਪਤਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ-ਮਹਿਮਾਨਾਂ ਨੇ ਆਕਾਸ਼ ਵਿੱਚ ਗੁਬਾਰੇ ਛੱਡ ਕੇ ਕੀਤੀ। ਉਸ ਤੋਂ ਬਾਅਦ 'ਯਾ ਕੁਨਦੇਂਦੁ ਤੁਸਾਰ ਹਾਰ ਧਵਾਲਾ' ਸਲੋਕ ਅਤੇ ਨ੍ਰਿਤ ਦੇ ਨਾਲ ਮਾਂ ਸਰਸਵਤੀ ਦੀ ਵੰਦਨਾ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਦੁਆਰਾ 'ਕੰਧੇ ਸੇ ਮਿਲਤੇ ਹੈਂ ਕੰਧੇ,ਕਦਮੋਂ ਸੇ ਕਦਮ ਮਿਲਤੇ ਹੈਂ' ਗੀਤ ਅਤੇ ਨ੍ਰਿਤ ਦੇ ਮਾਧਿਅਮ ਰਾਹੀਂ 'ਅੱਗੇ ਵਧਦੇ ਹੋਏ ਭਾਰਤ' 'ਚ ਦਿਖਾਇਆ ਗਿਆ ਕਿ ਫੌਜੀ ਕਿਸ ਤਰ੍ਹਾਂ ਦੇਸ਼ ਲਈ ਕੰਮ ਕਰਦੇ ਹਨ। ਕਿਡਜ਼ ਜ਼ੋਨ, ਫੂਡ ਕਾਰਨਰ ਅਤੇ ਗੇਮ ਜ਼ੋਨ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਵੱਖ-ਵੱਖ ਖੇਡਾਂ ਦੇ ਨਾਲ-ਨਾਲ ਪਕਵਾਨਾਂ ਅਤੇ ਬੇਕਰੀ ਆਦਿ ਦੇ ਸਟਾਲ ਵੀ ਲਗਾਏ ਗਏ। ਜੱਜਾਂ ਦੀ ਭੂਮਿਕਾ ਨਿਭਾਉਣ ਵਾਲੇ ਸਾਰੇ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਅਤੇ ਮਹਿਮਾਨਾਂ ਨੂੰ ਯਾਦਗਾਰੀ-ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਬੱਚਿਆਂ ਦੇ ਮਨੋਰੰਜਨ ਅਤੇ ਗਿਆਨ ਵਿੱਚ ਵਾਧਾ ਕਰਨ ਲਈ ਖੇਡ ਮੁਕਾਬਲੇ ਵੀ ਕਰਵਾਏ ਗਏ। ਇਸ ਤੋਂ ਇਲਾਵਾ ਫੈਂਸੀ ਡਰੈੱਸ, ਸੋਲੋ ਡਾਂਸ ਮੁਕਾਬਲਾ, ਰੈਂਪ ਵਾਕ, ਰੰਗੋਲੀ ਮੁਕਾਬਲੇ ਕਰਵਾਏ ਗਏ ।

# ਸਰਕਾਰੀ ਸਕੂਲਾਂ ਦੇ ਸਰਬਪੱਖੀ ਵਿਕਾਸ ਕੰਮ ਕਰ ਰਹੀ ਹੈ ਪੰਜਾਬ ਸਰਕਾਰ : ਜਿੰਪਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦੇ ਸਰਬਪੱਖੀ ਵਿਕਾਸ ਲਈ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਦਾ ਬੁਨਿਆਦੀ ਢਾਂਚਾ ਹੋਵੇ ਜਾਂ ਸਿੱਖਿਆ, ਹਰ ਖੇਤਰ ਵਿਚ ਕ੍ਰਾਂਤੀਕਾਰੀ ਸੁਧਾਰ ਲਿਆਂਦੇ ਜਾ ਰਹੇ ਹਨ। ਉਹ ਅੱਜ ਸਰਕਾਰੀ ਕੰਨਿਆ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਦੇ ਸਾਲਾਨਾ ਇਨਾਮ ਵੰਡ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਦੇ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਦਿ ਹੁਸ਼ਿਆਰਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸ) ਧੀਰਜ ਵਸ਼ਿਸ਼ਟ ਅਤੇ ਸਕੂਲ ਦੀ ਪ੍ਰਿੰਸੀਪਲ ਲਲਿਤਾ ਅਰੋੜਾ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਸਿੱਖਿਆ ਦੇ ਖੇਤਰ ਵਿਚ ਦੇਸ਼ ਦਾ ਮੋਹਰੀ ਸੂਬਾ ਹੋਵੇਗਾ। ਉਨ੍ਹਾਂ ਕਿਹਾ ਕਿ ਸੂਬੇ ਵਿਚ ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ। ਸੂਬਾ ਸਰਕਾਰ ਦੇ ਇਸ ਉਪਰਾਲੇ ਨਾਲ ਵਿਦਿਆਰਥੀਆਂ ਖਾਸ ਕਰਕੇ ਗਰੀਬ ਅਤੇ ਪਛੜੇ ਵਰਗ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜਲਦੀ ਹੀ ਇਨ੍ਹਾਂ ਸਕੂਲਾਂ ਤੋਂ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਹਰ ਖੇਤਰ ਵਿਚ ਵੱਡੀਆਂ ਪ੍ਰਾਪਤੀਆਂ ਕਰਕੇ ਸੂਬੇ ਦਾ ਨਾਂ ਰੌਸ਼ਨ ਕਰਨਗੇ। ਉਨ੍ਹਾਂ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਰੇਲਵੇ ਮੰਡੀ ਸਕੂਲ ਨੇ ਵਿੱਦਿਆ, ਖੇਡਾਂ ਅਤੇ ਕਲਾ ਦੇ ਖੇਤਰ ਵਿਚ ਆਪਣੀ ਵੱਖਰੀ ਪਛਾਣ ਬਣਾਈ ਹੈ, ਜਿਸ ਦਾ ਸਿਹਰਾ ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਨੂੰ ਜਾਂਦਾ ਹੈ। ਜਿੰਪਾ ਨੇ ਦੱਸਿਆ ਕਿ ਹੁਸ਼ਿਆਰਪੁਰ ਵਿਚ ਸਰਕਾਰੀ ਮੈਡੀਕਲ ਕਾਲਜ ਬਣਨ ਜਾ ਰਿਹਾ ਹੈ, ਜਿਸ ਦਾ ਹੁਸ਼ਿਆਰਪੁਰ ਦੇ ਵਿਦਿਆਰਥੀਆਂ ਦੇ ਨਾਲ-ਨਾਲ ਜ਼ਿਲ੍ਹੇ ਦੇ ਆਮ ਲੋਕਾਂ ਨੂੰ ਵੀ ਫਾਇਦਾ ਹੋਵੇਗਾ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਰਘੂਨੰਦਨ ਸ਼ਰਮਾ, ਭ੍ਰਿਗੂ ਸ੍ਰੀ, ਕੌਂਸਲਰ ਮੋਨਿਕਾ ਕਤਨਾ, ਕੌਂਸਲਰ ਮੁਖੀ ਰਾਮ, ਕੌਂਸਲਰ ਪ੍ਰਦੀਪ ਬਿੱਟੂ, ਜਸਪ੍ਰੀਤ ਹੁੰਦਲ, ਐਡਵੋਕੇਟ ਅਮਰਜੋਤ ਸੈਣੀ, ਸੰਜੀਵ ਅਰੋੜਾ, ਰਜਿੰਦਰ ਮੌਦਗਿਲ, ਰਣਜੀਤ ਰਾਣਾ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਸੁਨੀਲ ਸ਼ਰਮਾ, ਸੁਨੀਲ ਰਾਣਾ, ਰਵਿੰਦਰ ਕੁਮਾਰ ਤੋਂ ਇਲਾਵਾ ਸਕੂਲ ਦੇ ਹੋਰ ਪਤਵੰਤੇ ਅਤੇ ਸਮੂਹ ਸਟਾਫ ਵੀ ਹਾਜ਼ਰ ਸੀ।

# ਮੁੱਖ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਪਿੰਡਾਂ ਦੇ ਬੁਨਿਆਦੀ ਢਾਂਚੇ 'ਚ ਸੁਧਾਰ ਲਈ ਆਦੇਸ਼

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਸੜਕਾਂ ਦੀ ਕੁਸ਼ਲਤਾ ਅਤੇ ਰੱਖ-ਰਖਾਓ ਵਧਾਉਣ ਲਈ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਐਚ ਐਸ ਏ ਐਮ ਬੀ (ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ) ਸੜਕਾਂ ਦੀ ਰੱਖ-ਰਖਾਓ ਦੀ ਜ਼ਿੰਮੇਵਾਰੀ ਸਬੰਧਤ ਜ਼ਿਲ੍ਹਾ ਪਰਿਸ਼ਦਾਂ ਨੂੰ ਟਰਾਂਸਫਰ ਕਰਨ ਦਾ ਫੈਸਲਾ ਕੀਤਾ ਹੈ। ਇਸ ਫੈਸਲੇ ਦਾ ਮੰਤਵ ਸਾਲਾਨਾ ਮੁਰੰਮਤ ਅਤੇ ਵਿਸ਼ੇਸ਼ ਮੁਰੰਮਤ ਦੀ ਪ੍ਰਕ੍ਰਿਆ ਨੂੰ ਯਕੀਨੀ ਕਰਨਾ, ਸੜਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਅਤੇ ਗੁਣਵੱਤਾ ਯਕੀਨੀ ਕਰਨਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਜ਼ਿਲਾ ਪਰਿਸ਼ਦਾਂ ਵਿਚ ਪਰਿਯੋਜਨਾਵਾਂ ਲਈ ਇੰਜੀਨੀਅਰਿੰਗ ਵਿੰਗ ਸਥਾਪਤ ਕਰਨ ਦਾ ਵੀ ਨਿਰਦੇਸ਼ ਦਿੱਤਾ, ਤਾਂ ਜੋ ਇਹ ਯਕੀਨੀ ਕੀਤਾ ਜਾ ਸਕੇ ਕਿ ਕੰਮ ਪ੍ਰਭਾਵਿਤ ਨਹੀਂ ਹੋਵੇਗਾ। ਮੁੱਖ ਮੰਤਰੀ ਨੇ ਇਹ ਨਿਰਦੇਸ਼ ਅੱਜ ਇੱਥੇ ਜ਼ਿਲਾ ਪਰਿਸ਼ਦਾਂ ਦੇ ਚੇਅਰਮੈਨਾਂ ਅਤੇ ਮੁੱਖ ਕਾਰਜਕਾਰੀ ਅਧਿਕਾਰੀਆਂ ਨਾਲ ਹੋਈ ਜ਼ਿਲ੍ਹਾ ਪੱਧਰ 'ਤੇ ਪਰਿਯੋਜਨਾ ਦੀ ਸਮੀਖਿਆ ਮੀਟਿੰਗ ਦੌਰਾਨ ਦਿੱਤੇ। ਮੀਟਿੰਗ ਵਿਚ ਵਿਕਾਸ ਤੇ ਪੰਚਾਇਤ ਮੰਤਰੀ ਦੇਵੇਂਦਰ ਸਿੰਘ ਬਬਲੀ ਸਮੇਤ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਵੀ.ਉਮਾਸ਼ੰਕਰ ਅਤੇ ਵਧੀਕ ਮੁੱਖ ਸਕੱਤਰ ਵਿਕਾਸ ਤੇ ਪੰਚਾਇਤ ਅਨਿਲ ਮਲਿਕ ਵੀ ਹਾਜ਼ਰ ਸਨ। ਮੁੱਖ ਮੰਤਰੀ ਨੇ ਪੇਂਡੂ ਖੇਡ ਸਟੇਡੀਅਮ, ਚੌਪਾਲ, ਜਨਤਕ ਕੇਂਦਰ, ਸਟ੍ਰੀਟ ਲਾਈਟ, ਇਨਡੋਰ ਜਿਮ, ਈ-ਲਾਇਬ੍ਰੇਰੀ ਅਤੇ ਸਿਹਤ ਕੇਂਦਰ ਸਮੇਤ ਜ਼ਿਲਾ ਪਰਿਸ਼ਦਾਂ ਦੇ ਤਹਿਤ ਜ਼ਿਲ੍ਹਿਆਂ ਅੰਦਰ ਚਲ ਰਹੀ ਪਰਿਯੋਜਨਾਵਾਂ ਦੀ ਤਰੱਕੀ ਦਾ ਵਿਆਪਕ ਮੁਲਾਂਕਣ ਕੀਤਾ ਅਤੇ ਕਿਹਾ ਕਿ ਇਨ੍ਹਾਂ ਪਰਿਯੋਜਨਾਵਾਂ ਦੀ ਤਰੱਕੀ ਵਿਚ ਤੇਜ਼ੀ ਲਿਆਉਣ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਛੋਟੇ ਪਿੰਡਾਂ ਦੇ ਬੁਨਿਆਦੀ ਢਾਂਚੇ ਵਿਚ ਸੁਧਾਰ ਲਈ ਰਾਜ ਦੇ ਪੇਂਡੂ ਖੇਤਰ ਵਿਚ ਕੱਚੀਆਂ ਫਿਰਨੀਆਂ ਦੀ ਮੁਰੰਮਤ ਅਤੇ ਉਨ੍ਹਾਂ ਨੂੰ ਪੱਕਾ ਕਰਨ ਦੇ ਆਦੇਸ਼ ਦਿੱਤੇ ।

# ਸਾਬਕਾ ਚੇਅਰਮੈਨ ਦੇ ਪੁੱਤਰ ਦਾ ਵਿਆਹ ਪੂਰਨ ਰੀਤੀ-ਰਿਵਾਜਾਂ ਨਾਲ ਵਿਆਹ ਹੋਇਆ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਵਾਂਸ਼ਹਿਰ ਦੇ ਪਿੰਡ ਭਾਨ ਮਜਾਰਾ ਵਿੱਚ ਚਮਨ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਲੀਡਰ ਦੇ ਪੁੱਤਰ ਗੁਰਪ੍ਰੀਤ ਸਿੰਘ ਦਾ ਵਿਆਹ ਸਿਮਰਨਪਰੀਤ ਕੌਰ ਨਾਲ ਰੀਤੀ-ਰਿਵਾਜਾਂ ਨਾਲ ਵਿਆਹ ਹੋਇਆ ਹੈ। ਪ੍ਰਸ਼ੰਸਕਾਂ ਵੱਲੋਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਗੁਰਦੁਆਰਾ ਸਾਹਿਬ ਵਿਖੇ ਆਨੰਦ ਕਾਰਜ ਸਿੱਖ ਪਰੰਪਰਾਵਾਂ ਨਾਲ ਸੰਪੂਰਨ ਹੋਇਆ। ਅੱਜ ਹੋਏ ਇਸ ਵਿਆਹ ਸਮਾਗਮ ਵਿੱਚ ਸਾਬਕਾ ਵਿਧਾਇਕ ਅੰਗਦ ਸਿੰਘ ਆਪਣੇ ਲੀਡਰਾਂ ਨਾਲ ਪਹੁੰਚੇ ਹੋਏ ਸੀ। ਗੁਰਪ੍ਰੀਤ ਸਿੰਘ ਦੇ ਵਿਆਹ ਵਿੱਚ ਕਈ ਵੀ.ਵੀ.ਆਈ.ਪੀ ਮਹਿਮਾਨਾਂ ਨੇ ਸ਼ਿਰਕਤ ਕੀਤੀ। ਇਸ ਦੇ ਨਾਲ ਹੀ ਕਾਂਗਰਸ ਪਾਰਟੀ ਦੇ ਸੀਨੀਅਰ ਅਧਿਕਾਰੀ ਅਤੇ ਹੋਰ ਪਾਰਟੀਆਂ ਦੇ ਆਗੂ ਵੀ ਪਹੁੰਚੇ ਹਨ। ਜਿੱਥੇ ਇਸ ਵਿਆਹ ਬੰਧਨ ਵਿੱਚ ਨਵਾਂਸ਼ਹਿਰ ਦੇ ਪਿੰਡ ਭਾਨ ਮਜਾਰਾ ਦੇ ਸਰਪੰਚ ਧਿਆਨ ਸਿੰਘ, ਮੱਖਣ ਸਿੰਘ ਤੇ ਐਨ ਆਰ ਆਈ ਸਿੰਗਰ ਪਰਮਜੀਤ ਸਿੰਘ ਥਾਂਦੀ ਪ੍ਰਿਤਪਾਲ ਸਿੰਘ, ਸੁਸਾਇਟੀ ਬੈਂਕ ਲੰਗੜੋਆ ਮੈਨੇਜਰ ਮਦਨ ਲਾਲ, ਕਿਸਾਨ ਯੂਨੀਅਨ ਪਰਮਜੀਤ ਸਿੰਘ, ਮਿੰਦਾ, ਪਰਦੀਪ ਕੁਮਾਰ, ਚਮਨ ਸਿੰਘ,ਆਲੇ ਦੁਆਲੇ ਲੀਡਰ ਪਰਵਾਰਕ ਮੈਂਬਰ ਪਹੁੰਚੇ ਹੋਏ ਸਨ।

# ਦੋ ਦਿਨਾ ਕਾਨਫਰੰਸ 'ਚ ਸ਼ਾਮਲ ਹੋਣ ਲਈ ਸ਼ਹੀਦ ਭਗਤ ਸਿੰਘ ਨਗਰ ਤੋਂ ਵੱਡਾ ਕਾਫਲਾ ਰਵਾਨਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਫਰੀਦਕੋਟ ਵਿੱਚ ਕੀਤੀ ਜਾ ਰਹੀ ਪੰਜਾਬ ਪੱਧਰ ਦੀ ਦੋ ਦਿਨਾ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਵੱਡਾ ਕਾਫਲਾ ਕਿਸਾਨ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ, ਕਾਮਰੇਡ ਨਰੰਜਣ ਦਾਸ ਮੇਹਲੀ, ਕਾਮਰੇਡ ਗੁਰਬਖਸ਼ ਕੌਰ ਰਾਹੋਂ, ਜਗਤਾਰ ਸਿੰਘ ਦੀ ਅਗਵਾਈ ਹੇਠ ਕਾਮਰੇਡ ਸਵਤੰਤਰ ਕੁਮਾਰ ਅਤੇ ਕਾਮਰੇਡ ਮੁਕੰਦ ਲਾਲ ਨੇ ਰਵਾਨਾ ਕੀਤਾ। ਇਹ ਵਿਸ਼ਾਲ ਰੈਲੀ ਮਜ਼ਦੂਰਾਂ, ਕਿਸਾਨਾਂ ਅਤੇ ਕਿਰਤੀ ਵਰਗ ਵਿਰੋਧੀ ਪੰਜਾਬ ਸਰਕਾਰ ਦੀਆਂ ਸਰਮਾਏਦਾਰ ਜਮਾਤ ਦੇ ਹਿੱਤ ਵਿੱਚ ਬਣਾਈਆਂ ਜਾ ਰਹੀਆਂ ਨੀਤੀਆਂ ਦੇ ਵਿਰੁੱਧ ਕੀਤੀ ਜਾ ਰਹੀ ਹੈ। ਕਿਉਂਕਿ ਗਰੀਬ ਲੋਕਾਂ ਦੇ ਹੱਕ ਵਿੱਚ ਬਣਿਆ ਇੱਕੋ ਇੱਕ ਨਰੇਗਾ ਦਾ ਕਾਨੂੰਨ ਕੇਂਦਰ ਦੀ ਮੋਦੀ ਸਰਕਾਰ ਖਤਮ ਕਰਨ ਜਾ ਰਹੀ ਹੈ। ਪੰਜ ਕਰੋੜ ਲੋਕਾਂ ਦੇ ਜਾਬ ਕਾਰਡ ਖਤਮ ਕਰ ਕੇ ਉਨ੍ਹਾਂ ਤੋਂ ਰੁਜ਼ਗਾਰ ਦਾ ਹੱਕ ਖੋਹ ਲਿਆ ਹੈ। ਪੰਜਾਬ ਸਰਕਾਰ ਨੇ ਕੰਮ ਦੇ ਘੰਟੇ ਵਧਾ ਕੇ ਬਾਰਾਂ ਘੰਟੇ ਕਰ ਦਿੱਤੇ ਹਨ। ਇਸ ਲਈ ਇਸ ਰੈਲੀ ਰਾਹੀਂ ਸਰਕਾਰਾਂ ਨੂੰ ਚਿਤਾਵਨੀ ਦਿੰਦਿਆਂ ਦੱਸਣਾ ਹੈ ਕਿ ਲੋਕ ਰਾਜ ਵਿੱਚ ਲੋਕਾਂ ਨੇ ਭਰੋਸਾ ਕਰਕੇ ਆਪਣੇ ਬੱਚਿਆਂ ਦੇ ਸਿਹਤ ਸਿੱਖਿਆ ਤੇ ਰੁਜ਼ਗਾਰ ਦਾ ਪ੍ਰਬੰਧ ਕਰਨ ਲਈ ਸੱਤਾ ਦਿੱਤੀ ਹੈ। ਪਰ ਤੁਸੀਂ ਉਨ੍ਹਾਂ ਨੂੰ ਅਣਗੌਲਿਆਂ ਕੀਤਾ ਹੈ। ਲੋਕ ਰਾਜ ਵਿੱਚ ਲੋਕ ਮਾਲਕ ਹੁੰਦੇ ਹਨ। ਅੰਤ ਫੈਸਲਾ ਉਹ ਹੀ ਕਰਨਗੇ। ਇਸ ਰੈਲੀ ਵਿਚ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਡੀ ਰਾਜਾ, ਭਾਰਤੀਆ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੌਰੀਆ, ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ, ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਸਿੰਘ ਸੰਬੋਧਨ ਕਰਨਗੇ। ਇਸ ਜਥੇ ਵਿੱਚ ਕਾਮਰੇਡ ਪ੍ਰਭਾਕਰ ਮੇਨਕਾ ਬਲਾਚੌਰ ਤੋਂ ਆਪਣੇ ਸਾਥੀਆਂ ਸਮੇਤ, ਕਾਮਰੇਡ ਅਮਰਜੀਤ ਮੇਹਲੀ, ਪਵਨ ਕੁਮਾਰ ਮੇਹਲੀ, ਤਰਸੇਮ ਲਾਲ ਮੇਹਲੀ, ਰਾਜਵੀਰ ਕੌਰ, ਕਾਮਰੇਡ ਸੰਤੋਖ ਪਾਲ ਆਦਿ ਆਪਣੇ ਸਾਥੀਆਂ ਸਮੇਤ ਸ਼ਾਮਲ ਸਨ।

# ਐੱਸ ਟੀ ਐੱਸ ਵਰਲਡ ਸਕੂਲ 'ਚ 11ਵਾਂ ਸਲਾਨਾ ਸਮਾਗਮ



**ਗੁਰਾਇਆ (ਬਿੰਦਰ ਸੁੰਮਨ)**-ਐੱਸ. ਟੀ. ਐੱਸ ਵਰਲਡ ਸਕੂਲ ਵਿੱਚ ਗਿਆਰ੍ਹਵਾਂ ਸਲਾਨਾ ਸਮਾਗਮ ਮਨਾਇਆ ਗਿਆ। ਇਸ ਸਮਾਗਮ ਵਿੱਚ ਦਰਵੀਰ ਰਾਜ ( ਡਿਪਟੀ ਐਕਸਾਈਜ਼ ਅਤੇ ਟੈਕਸੇਸ਼ਨ ਕਮਿਸ਼ਨਰ, ਲੁਧਿਆਣਾ) ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਡੇਰਾ ਮੁਖੀ ਢੇਸੀਆਂ ਕਾਹਨਾ ਸੰਤ ਤਰਮਿੰਦਰ ਸਿੰਘ, ਉਹਨਾਂ ਦੀ ਪਤਨੀ ਅਰਸ਼ਦੀਪ ਕੌਰ, ਸਕੂਲ ਚੇਅਰਪਰਸਨ ਮੈਡਮ ਮਾਲਤੀ, ਸਕੂਲ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ, ਸਕੂਲ ਸਟਾਫ ,ਵਿਦਿਆਰਥੀਆਂ ਅਤੇ ਐੱਨ. ਸੀ.ਸੀ .ਕੈਡਿਟ ਨੇ ਬੈਂਡ ਦੁਆਰਾ ਮੁੱਖ ਮਹਿਮਾਨ ਦਾ ਸਵਾਗਤ ਕੀਤਾ । ਇਸ ਸਮਾਗਮ ਦਾ ਮੁੱਖ ਵਿਸ਼ਾ ਸੀ ਪ੍ਰਗਤੀਸ਼ੀਲ ਭਾਰਤ। ਸਭ ਤੋਂ ਪਹਿਲਾਂ ਸਕੂਲ ਦੇ ਬੱਚਿਆਂ ਵੱਲੋਂ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ ਗਈ । ਜਿਸ ਵਿੱਚ ਸਕੂਲ ਦੀਆਂ ਪੂਰੇ ਸਾਲ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਗਿਆ। ਇਸ ਵਿੱਚ ਅਕਾਦਮਿਕ ਅਤੇ ਸਹਿ -ਪਾਠਕ੍ਰਮ ਦੇ ਖੇਤਰ ਵਿੱਚ ਮੱਲਾਂ ਮਾਰਨ ਦੇ ਨਾਲ ਨਾਲ ਸਹੋਦਿਆ ਮੁਕਾਬਲਿਆਂ ਵਿੱਚ, ਖੇਡਾਂ ਵਿੱਚ, ਤਕਨਾਲੋਜੀ ਪੱਧਰ ਦੇ ਮੁਕਾਬਲਿਆਂ ਵਿੱਚ, ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਗੋਲਡ, ਸਿਲਵਰ ਅਤੇ ਕਾਂਸੇ ਦੇ ਤਗਮੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀਆਂ ਜ਼ਿਕਰਯੋਗ ਗਤੀਵਿਧੀਆਂ ਅਤੇ ਪ੍ਰਾਪਤੀਆਂ ਬਾਰੇ ਰਿਪੋਰਟ ਪੇਸ਼ ਕੀਤੀ। ਇਸ ਤੋਂ ਬਾਅਦ ਇਨਾਮ ਵੰਡ ਸਮਾਰੋਹ ਕੀਤਾ ਗਿਆ। ਮੁੱਖ ਮਹਿਮਾਨਾਂ ਦਰਵੀਰ ਰਾਜ, ਡੇਰਾ ਮੁਖੀ ਸੰਤ ਤਰਮਿੰਦਰ ਸਿੰਘ , ਚੇਅਰਪਰਸਨ ਮਾਲਤੀ ਅਤੇ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ ਨੇ ਸਾਲ 2022-2023 ਵਿੱਚ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਨ ਦੇ ਲਈ ਉਹਨਾਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਬਾਅਦ ਸਕੂਲ ਦੀ ਮੈਨੇਜਮੈਂਟ ਵੱਲੋਂ ਸਕੂਲ ਦੀ ਵਾਈਸ ਪ੍ਰਿੰਸੀਪਲ ਯੋਗਿਤਾ ਖੁੱਲਰ, ਸੰਦੀਪ (ਡੀ. ਪੀ.) ਅਤੇ ਗਗਨ ਭੱਟੀ( ਐਸੋਸੀਏਟਡ ਐੱਨ. ਸੀ. ਸੀ. ਅਫਸਰ) ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਭਾਰਤੀ ਵਿਗਿਆਨੀਆਂ ਦੀ ਸਫਲਤਾ ਤੇ ਉਨਾਂ ਦੇ ਦ੍ਰਿੜ ਜਜ਼ਬੇ ਅਤੇ ਚਤੁਰਾਈ ਨੂੰ ਸਲਾਮ ਕੀਤਾ ਗਿਆ।

# ਉੱਦਮੀਆਂ ਨੂੰ ਉਤਸ਼ਾਹਤ ਕਰਨ ਲਈ ਜ਼ਿਲ੍ਹਾ ਕ੍ਰੈਡਿਟ ਮਾਨੀਟਰਿੰਗ ਸੈੱਲ ਦਾ ਹੋਵੇਗਾ ਗਠਨ

**ਐੱਸ.ਏ.ਐੱਸ.ਨਗਰ, (ਗੁਰਜੀਤ ਬਿੱਲਾ)** - ਪੰਜਾਬ ਵਿੱਚ ਹੋਰ ਨਿਵੇਸ਼ ਨੂੰ ਸੱਦਾ ਦੇਣ ਅਤੇ ਜ਼ਿਲ੍ਹੇ ਵਿੱਚ ਨਵੇਂ ਉੱਦਮੀਆਂ ਤੱਕ ਕਰਜ਼ਾ ਸਹੂਲਤ ਪਹੁੰਚਾਉਣ ਲਈ ਮੋਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਐੱਸ.ਏ.ਐੱਸ.ਨਗਰ ਦੀ ਪ੍ਰਧਾਨਗੀ ਹੇਠ ਇੱਕ ਸਮਰਪਿਤ ਕਰੈਡਿਟ ਮੋਨੀਟਰਿੰਗ ਸੈੱਲ ਦੀ ਸਥਾਪਨਾ ਕੀਤੀ ਜਾਵੇਗੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਡੀ.ਸੀ.ਐੱਮ.ਸੀ. ਦੇ ਗਠਨ ਲਈ ਰਸਮੀ ਹੁਕਮ ਜਾਰੀ ਕੀਤੇ ਜਾ ਰਹੇ ਹਨ ਜੋ ਕਿ ਸਾਰੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਜ਼ਿਲ੍ਹੇ ਵਿੱਚ ਕਰਜ਼ੇ ਦੇ ਪ੍ਰਵਾਹ ਦੀ ਅਸਲ ਸਮੇਂ 'ਤੇ ਨਿਗਰਾਨੀ ਰੱਖੇਗਾ ਅਤੇ ਇਸ ਨੂੰ ਯਕੀਨੀ ਬਣਾਏਗਾ ਕਿ ਲਾਭਪਾਤਰੀਆਂ ਨੂੰ ਸਮੇਂ ਸਿਰ ਕਰਜ਼ੇ ਦੀ ਸਪੁਰਦਗੀ ਹੋਵੇ। ਇਸ ਮੰਤਵ ਲਈ ਪੂਰੇ ਜ਼ਿਲ੍ਹੇ ਵਿੱਚ ਕਰਜ਼ਿਆਂ ਦੇ ਕੇਸਾਂ ਦੀ ਨਿਗਰਾਨੀ ਅਤੇ ਪੈਰਵੀ ਕਰਨ ਲਈ ਡੀ ਸੀ ਦਫਤਰ ਵਿਖੇ ਇੱਕ ਸਮਰਪਿਤ ਸੈੱਲ ਸਥਾਪਤ ਕੀਤਾ ਜਾਵੇਗਾ। ਇਹ ਉਨ੍ਹਾਂ ਲੋਕਾਂ ਵਿੱਚ ਇੱਕ ਸਕਾਰਾਤਮਕ ਸੰਦੇਸ਼ ਫੈਲਾਏਗਾ ਜੋ ਜ਼ਿਲ੍ਹੇ ਵਿੱਚ ਆਪਣਾ ਨਵਾਂ ਉੱਦਮ ਸ਼ੁਰੂ ਕਰਨਾ ਚਾਹੁੰਦੇ ਹਨ। ਇਸ ਦੇ ਨਾਲ ਹੀ ਜ਼ਿਲ੍ਹੇ ਵਿੱਚ ਨਿਵੇਸ ਅਤੇ ਉੱਦਮ ਨੂੰ ਹੁਲਾਰਾ ਦੇਣ ਵਿੱਚ ਮਦਦਗਾਰ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਕ੍ਰੈਡਿਟ ਯੋਜਨਾ ਅਤੇ ਸੰਭਾਵੀ ਲਿੰਕਡ ਕ੍ਰੈਡਿਟ ਯੋਜਨਾ ਦੇ ਤਹਿਤ ਟੀਚਿਆਂ ਦੀ ਵੀ ਸੈੱਲ ਦੁਆਰਾ ਨਿਗਰਾਨੀ ਕੀਤੀ ਜਾਵੇਗੀ ਅਤੇ ਬੈਂਕਾਂ ਦੁਆਰਾ ਨਿਯਮਤ ਤੌਰ 'ਤੇ ਪਾਲਣਾ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੀ ਡੀ ਐਲ ਸੀ (ਬੈਂਕਾਂ ਬਾਰੇ ਜ਼ਿਲ੍ਹਾ ਪੱਧਰੀ ਕਮੇਟੀ) ਦੀ ਮੀਟਿੰਗ ਵਿੱਚ ਇਹ ਪਾਇਆ ਗਿਆ ਕਿ ਖੇਤੀਬਾੜੀ, ਐੱਮ ਐਸ ਐਮ ਈ ਅਤੇ ਹੋਰ ਪੀ ਐਸ ਐਲ ਸੈਕਟਰਾਂ ਨੂੰ ਕਰਜ਼ੇ ਦੇ ਟੀਚੇ ਪੂਰੇ ਨਹੀਂ ਕੀਤੇ ਜਾ ਰਹੇ। ਇਸ ਅਨੁਸਾਰ, ਵੱਡੇ ਅਤੇ ਛੋਟੇ ਉਦਯੋਗਾਂ, ਖੇਤੀਬਾੜੀ, ਸਵੈ-ਸਹਾਇਤਾ ਸਮੂਹਾਂ ਆਦਿ ਲਈ ਲੋਨ ਲੈਣ ਵਿੱਚ ਲੋਕਾਂ ਦੀ ਸਹਾਇਤਾ ਅਤੇ ਸਹਾਇਤਾ ਕਰਨ ਲਈ, ਇਹ ਸਹੂਲਤ ਬਣਾਈ ਗਈ ਹੈ। ਲੀਡ ਬੈਂਕ ਸਕੀਮ ਦੇ ਤਹਿਤ ਲੀਡ ਬੈਂਕ ਮੈਨੇਜਰ ਦੇ ਸਹਿਯੋਗ ਨਾਲ ਇਸ ਉਦੇਸ਼ ਲਈ ਇੱਕ ਪੇਸ਼ੇਵਰ ਟੀਮ ਨੂੰ ਨਿਯੁਕਤ ਕੀਤਾ ਗਿਆ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਅਤੇ ਮੈਂਬਰ ਇੰਚਾਰਜ ਸਾਹਿਬਾਨ ਇਕਬਾਲ ਸਿੰਘ ਲਾਲਪੁਰਾ (ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ), ਡਾ. ਪ੍ਰਭਜੋਤ ਕੌਰ (ਰਿਟਾ. ਪ੍ਰਿੰਸੀਪਲ), ਇੰਦਰਜੀਤ ਸਿੰਘ (ਉੱਘੇ ਸਮਾਜ ਸੇਵੀ), ਗੁਰਮਿੰਦਰ ਸਿੰਘ ਭੁੱਲਰ (ਡਾਇਰੈਕਟਰ ਐਜੂਕੇਸਨ) ਦੀ ਯੋਗ ਅਗਵਾਈ ਹੇਠ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਸਕੂਲ ਇੰਚਾਰਜ ਗੁਰਿੰਦਰ ਕੌਰ ਨੇ ਦੱਸਿਆ ਕਿ ਸਕੂਲ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਦੀ ਤਿਆਰੀ ਸਕੂਲ ਅਧਿਆਪਕਾਂ ਵੱਲੋਂ ਹੀ ਕਰਵਾਈ ਗਈ ਸੀ। ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਤ ਕਵਿਤਾਵਾਂ, ਕਵੀਸ਼ਰੀ, ਸ਼ਬਦ ਗਾਇਨ, ਲੇਖ ਆਦਿ ਦੀ ਪੇਸ਼ਕਾਰੀ ਕੀਤੀ ਗਈ। ਸਕੂਲ ਦੇ ਡਾਇਰੈਕਟਰ ਐਜੂਕੇਸ਼ਨ ਗੁਰਮਿੰਦਰ ਸਿੰਘ ਭੁੱਲਰ ਅਤੇ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਨੇ ਵਿਦਿਆਰਥੀਆਂ ਅਤੇ ਸਕੂਲ ਸਟਾਫ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹੇ ਧਾਰਮਿਕ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ। ਸਤਿਨਾਮੁ ਸਰਬ ਕਲਿਆਣ ਟਰੱਸਟ ਚੰਡੀਗੜ੍ਹ ਵੱਲੋਂ ਮੋਰਿੰਡਾ ਵਿਖੇ ਰਾਜ ਪੱਧਰੀ ਧਾਰਮਿਕ ਮੁਕਾਬਲੇ ਕਰਵਾਏ ਗਏ ਸਨ ਜਿਸ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਚਾਰ ਪੁਜੀਸ਼ਨਾਂ ਹਾਸਲ ਕੀਤੀਆਂ। ਇਨ੍ਹਾਂ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਮੈਡਮ ਹਰਿੰਦਰ ਕੌਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਸਕੂਲ ਵੱਲੋਂ ਹਾਜ਼ਰ ਸਮੂਹ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਸਤਿਨਾਮੁ ਸਰਬ ਕਲਿਆਣ ਟਰੱਸਟ ਦੇ ਸੁਪਰਵਾਈਜ਼ਰ ਪਰਮਿੰਦਰ ਸਿੰਘ, ਸੇਵਾ ਸਿੰਘ, ਨਿਸ਼ਾ ਗਰਗ, ਸ਼ਾਂਤੀ ਦੇਵੀ, ਸਤਿੰਦਰ ਕੌਰ, ਰਜਿੰਦਰ ਕੌਰ, ਕੰਵਲਜੀਤ ਕੌਰ, ਜਸਪ੍ਰੀਤ ਕੌਰ, ਨਰਿੰਦਰ ਕੌਰ, ਦੀਪਾਂਜਲੀ, ਆਂਸ਼ੂ, ਅਮਰਜੀਤ ਕੌਰ, ਮਨਜੀਤ ਕੌਰ ਸਮੇਤ ਸਮੁੱਚਾ ਸਟਾਫ ਹਾਜ਼ਰ ਸੀ।

# ਖੱਟਰ ਨੇ ਗਿਆਨ ਮਾਨਸਰੋਵਰ 'ਚ ਮਨਮੋਹਿਨੀ ਭਵਨ ਦਾ ਰੱਖਿਆ ਨੀਂਹ ਪੱਥਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** – ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਪ੍ਰਜਾਪਿਤਾ ਬ੍ਰਹਮਕੁਮਾਰੀ ਇਸ਼ਵਰੀਯ ਯੂਨੀਵਰਸਿਟੀ ਪਾਣੀਪਤ ਦੇ ਗਿਆਨ ਮਾਨਸਰੋਵਰ ਦੇ 11ਵੇਂ ਸਾਲਾਨਾ ਸਮਾਰੋਹ ਦਾ ਬਤੌਰ ਮੁੱਖ ਮਹਿਮਾਨ ਸ਼ੁਰੂਆਤ ਕੀਤੀ।

ਇਸ ਦੌਰਾਨ ਉਨ੍ਹਾਂ ਗਿਆਨ ਮਾਨਸਰੋਵਰ ਵਿਚ ਲਗਭਗ 3 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਮਨਮੋਹਿਨੀ ਭਵਨ ਦਾ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਗਿਆਨ ਮਾਨਸਰੋਵਰ ਵਿਚ ਲਗਭਗ 3 ਕਰੋੜ ਦੀ ਲਾਗਤ ਨਾਲ ਸਥਾਪਿਤ ਕੀਤੇ ਗਏ ਦਾਦੀ ਚੰਦਰਮਣੀ ਯੂਨੀਵਰਸਲ ਪੀਸ ਆਡੀਟੋਰੀਅਮ ਦਾ ਵੀ ਉਦਘਾਟਨ ਕੀਤਾ। ਇਸ ਦੇ ਬਾਅਦ ਮੁੱਖ ਮੰਤਰੀ ਨੇ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਤਹਿਤ ਨਸ਼ਾ ਮੁਕਤ ਹਰਿਆਣਾ ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਨਸ਼ਾਮੁਕਤ ਮੁਹਿੰਮ ਜਾਗਰੂਕਤਾ ਬੱਸ ਨੂੰ ਹਰੀ ਝੰਡੀ ਦਿਖਾਈ।

ਮੁੱਖ ਮੰਤਰੀ ਨੇ ਦੋ ਸ਼ਬਦਾਂ (ਸੰਸਕਾਰ ਤੇ ਧਿਆਨ) ਵਿਚ ਨਸ਼ਾ ਮੁਕਤੀ ਦਾ ਹੱਲ ਦਿੰਦੇ ਹੋਏ ਕਿਹਾ ਕਿ ਸਾਡੇ ਬਜ਼ੁਰਗਾਂ ਤੇ ਸਮਾਜ ਤੋਂ ਮਿਲੇ ਸੰਸਕਾਰ ਅਤੇ ਈਸ਼ਵਰ ਭਗਤੀ ਵਿਚ ਧਿਆਨ ਸਾਧਨਾ ਸਾਨੂੰ ਨਸ਼ੇ ਤੋਂ ਦੂਰ ਰੱਖ ਸਕਦੀ ਹੈ। ਇਸ ਲਈ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇਣ ਅਤੇ ਉਨ੍ਹਾਂ ਨੂੰ ਈਸ਼ਵਰ ਭਗਤੀ ਵਿਚ ਧਿਆਨ ਲਗਾਉਣ ਲਈ ਪ੍ਰੇਰਿਤ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਵਿਸ਼ਵਵਿਆਪੀ ਸਮੱਸਿਆ ਬਣ ਚੁੱਕਾ ਹੈ ਅਤੇ ਇਹ ਦੇਸ਼ ਦੇ ਕਈ ਸੂਬਿਆਂ ਵਿਚ ਤੇਜ਼ੀ ਨਾਲ ਫੈਲ ਰਿਹਾ ਹੈ ਜੋ ਮਨੁੱਖਤਾ ਦੇ ਲਈ ਵੱਡਾ ਖਤਰਾ ਹੈ। ਇਸ ਲਈ ਅਸੀਂ ਇਸ ਚੁਣੌਤੀ ਨਾਲ ਨਜਿੱਠਣਾ ਹੈ ਤਾਂ ਸਾਨੂੰ ਮਿਲ ਕੇ ਅੱਗੇ ਵਧਣਾ ਹੋਵੇਗਾ ਅਤੇ ਇਕ ਦੂਜੇ ਦੇ ਸਹਿਯੋਗ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਜੋ ਲੋਕ ਨਸ਼ੇ ਦੇ ਕਾਰੋਬਾਰ ਤੇ ਰਾਸ਼ਟਰ ਵਿਰੋਧੀ ਗਤੀਵਿਧੀਆਂ ਵਿਚ ਸ਼ਾਮਲ ਹਨ, ਉਨ੍ਹਾਂ ਖਿਲਾਫ ਸਰਕਾਰ ਸਖਤ ਕਾਰਵਾਈ ਕਰਦੀ ਹੈ।

ਇਸ ਦੇ ਨਾਲ ਹੀ ਅੱਤਵਾਦੀ ਸੰਗਠਨ ਵੀ ਨਸ਼ੇ ਦਾ ਕਾਰੋਬਾਰ ਵਧਾ ਰਹੇ ਹਨ, ਜਿਨ੍ਹਾਂ ਦੇ ਲਈ ਵੀ ਸਖਤ ਸਜ਼ਾ ਦਾ ਪ੍ਰਾਵਧਾਨ ਕੀਤਾ ਗਿਆ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਪ੍ਰਜਾਪਿਤਾ ਬ੍ਰਹਮਕੁਮਾਰੀ ਇਸ਼ਵਰੀਯ ਯੂਨੀਵਰਸਿਟੀ ਪਾਣੀਪਤ ਦੇ ਲਈ 21 ਲੱਖ ਰੁਪਏ ਗ੍ਰਾਂਟ ਰਕਮ ਦੇਣ ਦਾ ਐਲਾਨ ਕੀਤਾ।

# ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਹੀ ਸੂਬੇ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਇਆ ਜਾ ਸਕਦਾ : ਸੰਧਵਾਂ




**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਹੀ ਸੂਬੇ ਅਤੇ ਦੇਸ਼ ਨੂੰ ਤਰੱਕੀ ਦੀਆਂ ਬੁਲੰਦੀਆਂ 'ਤੇ ਲਿਜਾਇਆ ਜਾ ਸਕਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬੀਤੀ ਸ਼ਾਮ ਸਵਾਮੀ ਮੋਹਨ ਦਾਸ ਸੀਨੀਅਰ ਸੈਕੰਡਰੀ ਮਾਡਲ ਸਕੂਲ ਦੇ ਸਲਾਨਾ ਇਨਾਮ ਵੰਡ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਵਿਦਿਆਰਥੀ ਦੇਸ਼ ਦਾ ਸਰਮਾਇਆ ਹੁੰਦੇ ਹਨ ਅਤੇ ਭਵਿੱਖ ਵਿੱਚ ਇਨ੍ਹਾਂ ਵਲੋਂ ਹੀ ਦੇਸ਼ ਦੀ ਵਾਗਡੋਰ ਸੰਭਾਲੀ ਜਾਣੀ ਹੈ। ਸਾਡਾ ਸਭ ਦਾ ਇਹ ਫਰਜ਼ ਬਣਦਾ ਹੈ ਕਿ ਸੂਬੇ ਨੂੰ ਤਰੱਕੀਆਂ ਦੀਆਂ ਲੀਹਾਂ 'ਤੇ ਲਿਜਾਣ ਲਈ ਹਰੇਕ ਵਿਦਿਆਰਥੀ ਲਈ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਕੂਲਾਂ ਵਲੋਂ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸੰਧਵਾਂ ਨੇ ਇਹ ਵੀ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਆਈ.ਏ.ਐਸ., ਆਈ.ਪੀ.ਐਸ., ਆਈ.ਆਰ.ਐਸ. ਅਤੇ ਹੋਰਨਾਂ ਉੱਚ ਅਹੁਦਿਆਂ ਵਿੱਚ ਸੂਬੇ ਦੀ ਪ੍ਰਤੀਨਿਧਤਾ ਨੂੰ ਵਧਾਉਣ ਲਈ ਅਤਿ ਆਧੁਨਿਕ ਕੋਚਿੰਗ ਸੈਂਟਰ ਖੋਲ੍ਹੇ ਜਾ ਰਹੇ ਹਨ ਜਿਥੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਕੋਚਿੰਗ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਵੱਖ-ਵੱਖ ਵਿਦਿਅਕ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਸੂਬੇ ਅਤੇ ਦੇਸ਼ ਦੀ ਤਰੱਕੀ ਲਈ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਸੁਚੱਜੇ ਮਾਰਗ ਦਰਸ਼ਨ ਨਾਲ ਵਿਦਿਆਰਥੀ ਸੂਬੇ ਅਤੇ ਦੇਸ਼ ਦੇ ਸਰਵਪੱਖੀ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੇ ਯੋਗ ਬਣ ਸਕਦੇ ਹਨ।

# ਕੰਧਾਲੀ ਨੌਰੰਗਪੁਰ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ





**ਅੱਡਾ ਸਰਾਂ (ਜਸਵੀਰ ਕਾਜਲ)**-ਪਿੰਡ ਕੰਧਾਲੀ ਨੌਰੰਗਪੁਰ ਦੇ ਲਹਿੰਦੀ ਪੱਤੀ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਅਤੇ ਨਗਰ ਦੀਆਂ ਸਮੂਹ ਸੰਗਤਾਂ ਵਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜ ਪਿਆਰਿਆਂ ਦੀ ਅਗਵਾਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਭਾਈ ਸੁਖਵੀਰ ਸਿੰਘ ਚੌਹਾਨ ਇੰਟਰਨੈਸ਼ਨਲ ਢਾਡੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਗੁਰੂ ਇਤਿਹਾਸ ਨਾਲ ਜੋੜਿਆ ਅਤੇ ਨਗਰ ਦੀਆਂ ਸੰਗਤਾਂ ਵਲੋਂ ਵਾਹਿਗੁਰੂ ਦਾ ਜਾਪ ਕਰਦਿਆਂ ਨਗਰ ਦੀਆਂ ਪਰਕਰਮਾਂ ਕੀਤੀਆਂ ਅਤੇ ਨਗਰ ਦੀਆਂ ਸੰਗਤਾਂ ਵੱਲੋਂ ਇਸ ਨਗਰ ਕੀਰਤਨ ਦਾ ਹਰੇਕ ਪੜਾਅ 'ਤੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਚਾਹ ਪਕੌੜਿਆਂ, ਫਲਾਂ ਆਦਿ ਦੇ ਲੰਗਰ ਲਗਾਏ ਗਏ। ਇਸ ਮੌਕੇ ਹੈਡ ਗ੍ਰੰਥੀ ਵਰਿੰਦਰ ਸਿੰਘ, ਅਵਤਾਰ ਸਿੰਘ, ਸੂਬੇ, ਅਜੀਤ ਸਿੰਘ, ਗੁਰਦੀਪ ਸਿੰਘ, ਮੋਹਣ ਸਿੰਘ, ਇਸਪੈਕਟਰ ਸਤਵਿੰਦਰ ਸਿੰਘ, ਪਰਮਜੀਤ ਸਿੰਘ, ਸਤਨਾਮ ਸਿੰਘ, ਕੁਲਵੀਰ ਸਿੰਘ, ਰਮਨਜੀਤ ਸਿੰਘ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਗਗਨਦੀਪ ਸਿੰਘ, ਲਖਵੀਰ ਸਿੰਘ, ਕਿਰਨਦੀਪ ਸਿੰਘ, ਗੋਲਡੀ, ਹਰਸਰਨਜੀਤ ਸਿੰਘ, ਗੌਰਵ ਪ੍ਰੀਤ ਸਿੰਘ, ਬਲਜਿੰਦਰ ਪ੍ਰਭ, ਉਂਕਾਰ ਸਿੰਘ, ਤੇਜਿੰਦਰ ਸਿੰਘ ਦੇਹਰੀਵਾਲ, ਮਨਰੂਪ ਸਿੰਘ, ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਗਤਕਾ ਆਦਿ ਨਗਰ ਦੀਆਂ ਸੰਗਤਾਂ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ ਸਰਪੰਚ ਸੁਖਵਿੰਦਰ ਸਿੰਘ ਬੰਟੂ, ਸਾਬਕਾ ਸਰਪੰਚ ਹਰਬੰਸ ਸਿੰਘ, ਸੂਬੇ, ਜੋਗਿੰਦਰ ਸਿੰਘ, ਜਸਵੀਰ ਕਾਜਲ, ਰਾਮ ਬਲੀ ਸਿੰਘ ਤੋਂ ਇਲਾਵਾ ਬੂਟਾ ਸਿੰਘ ਕਾਜਲ ਆਦਿ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਗੁਰਪ੍ਰੀਤ ਸੋਹਲ ਦਾ ਪਲੇਠਾ ਕਾਵਿ ਸੰਗ੍ਰਹਿ 'ਸੁੱਚੇ ਰੰਗ' ਹੋਇਆ ਲੋਕ ਅਰਪਣ



**ਜਲੰਧਰ ( ਰਾਜੇਸ਼ ਥਾਪਾ )**-ਸਾਹਿਤ ਕਲਾ ਅਤੇ ਸੱਭਿਆਚਾਰਕ ਮੰਚ ਰਜਿ ਵਲੋਂ ਅੱਜ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ ਦੇ ਸਹਿਯੋਗ ਨਾਲ ਪਰਵਾਸੀ ਸ਼ਾਇਰ ਗੁਰਪ੍ਰੀਤ ਸੋਹਲ ਦਾ ਪਲੇਠਾ ਕਾਵਿ ਸੰਗ੍ਰਹਿ ਸੁੱਚੇ ਰੰਗ ਲੋਕ ਅਰਪਣ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿਚ ਪ੍ਰੋ.ਸੰਧੂ ਵਰਿਆਣਵੀ ਮੁੱਖ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ, ਡਾ.ਬਲਦੇਵ ਬੰਦਨ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ, ਉਸਤਾਦ ਸ਼ਾਇਰ ਹਰਬੰਸ ਸਿੰਘ ਅਕਸ, ਉਸਤਾਦ ਸ਼ਾਇਰ ਗੁਰਦੀਪ ਸਿੰਘ ਅਲਖ, ਮੰਚ ਦੇ ਪ੍ਰਧਾਨ ਡਾ.ਕੰਵਲ ਭੱਲਾ ਅਤੇ ਗੁਰਪ੍ਰੀਤ ਸੋਹਲ ਬਿਰਾਜਮਾਨ ਹੋਏ। ਮੰਚ ਸੰਚਾਲਨ ਕਰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਸਕੱਤਰ ਜਗਦੀਸ਼ ਰਾਣਾ ਨੇ ਗੁਰਪ੍ਰੀਤ ਸੋਹਲ ਬਾਰੇ ਜਾਣ ਪਛਾਣ ਕਰਾਈ ਅਤੇ ਦੱਸਿਆ ਕੇ ਗੁਰਪ੍ਰੀਤ ਦਾ ਇਕ ਗੀਤ ਪ੍ਰਸਿੱਧ ਗਾਇਕ ਫਿਰੋਜ ਖਾਨ ਨੇ ਵੀ ਗਾਇਆ ਹੈ ਅਤੇ ਰਾਣਾ ਨੇ ਮੰਚ ਦੀਆਂ ਸਾਹਿਤਕ ਗਤੀਵਿਧੀਆਂ ਬਾਰੇ ਵੀ ਬਾਰੇ ਚਾਨਣਾ ਪਾਇਆ। ਕਾਵਿ ਸੰਗ੍ਰਹਿ 'ਸੁੱਚੇ ਰੰਗ' ਬਾਰੇ ਲੈਕ.ਬਲਬੀਰ ਕੌਰ ਰਾਇਕੋਟੀ ਅਤੇ ਪ੍ਰੋ. ਸੰਧੂ ਵਰਿਆਣਵੀ ਨੇ ਪਰਚਾ ਪੜ੍ਹਦਿਆਂ ਗੁਰਪ੍ਰੀਤ ਸੋਹਲ ਦੀ ਸ਼ਾਇਰੀ ਦੇ ਅਲੱਗ ਅਲੱਗ ਪਹਿਲੂਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਕਿਹਾ ਕਿ ਭਾਵੇਂ ਇਹ ਗੁਰਪ੍ਰੀਤ ਦਾ ਪਲੇਠਾ ਕਾਵਿ ਸੰਗ੍ਰਹਿ ਹੈ ਪਰ ਇਸ ਦੀਆਂ ਕਈ ਰਚਨਾਵਾਂ ਪ੍ਰੋੜ੍ਹ ਵਿਚਾਰਾਂ ਦਾ ਖੂਬਸੂਰਤ ਪ੍ਰਗਟਾਵਾ ਹਨ। ਅਮਰੀਕਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਵਾਸੁਦੇਵ ਪਰਹਾਰ ਨੇ ਗੁਰਪ੍ਰੀਤ ਸੋਹਲ ਦੇ ਜੀਵਨ ਅਤੇ ਵਿਚਾਰਾਂ ਬਾਰੇ ਚਰਚਾ ਕੀਤੀ। ਮੰਚ ਦੇ ਪ੍ਰਧਾਨ ਡਾ.ਕੰਵਲ ਭੱਲਾ ਅਤੇ ਡਾ.ਬਲਦੇਵ ਬੰਦਨ ਨੇ ਵੀ ਗੁਰਪ੍ਰੀਤ ਸੋਹਲ ਦੀਆਂ ਲਿਖਤਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਗੁਰਪ੍ਰੀਤ ਸੋਹਲ ਕੋਲੋਂ ਵੱਡੀਆਂ ਆਸਾਂ ਹਨ। ਸਾਹਿਤ ਕਲਾ ਅਤੇ ਸੱਭਿਆਚਾਰਕ ਮੰਚ ਵੱਲੋਂ ਗੁਰਪ੍ਰੀਤ ਸੋਹਲ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸੋਹਲ ਨੇ ਕਿਹਾ ਕਿ ਉਹ ਭਾਵੇਂ ਲੰਬੇ ਸਮੇਂ ਬਾਅਦ ਪੰਜਾਬ ਪਰਤੇ ਹਨ ਤੇ ਏਥੇ ਆ ਕੇ ਬੜਾ ਆਪਣਾਪਣ ਮਹਿਸੂਸ ਹੋ ਰਿਹਾ ਹੈ। ਇਸ ਮੌਕੇ ਹੋਏ ਕਾਵਿ ਦਰਬਾਰ ਵਿੱਚ ਪ੍ਰਧਾਨਗੀ ਮੰਡਲ ਦੇ ਨਾਲ-ਨਾਲ ਮੰਚ ਤੇ ਹਾਜ਼ਰ ਕਵੀਆਂ ਜਸਵਿੰਦਰ ਸਿੰਘ ਜੱਸੀ, ਗੁਰਦੀਪ ਸਿੰਘ ਸੈਣੀ, ਜਸਪਾਲ ਸਿੰਘ ਜ਼ੀਰਵੀ, ਸਵਿੰਦਰ ਸੰਧੂ, ਨਵਜੋਤ ਕੌਰ ਸੋਨੀ, ਇੰਦਰਜੀਤ ਸਿੰਘ, ਮਦਨ ਬੇਲੀਨਾ, ਹਰਦਿਆਲ ਹੁਸ਼ਿਆਰਪੁਰੀ, ਦਲਜੀਤ ਮਹਿਮੀ, ਸੋਨੀਆ ਭਾਰਤੀ, ਜੱਸੀ ਸੱਤੋਵਾਲੀ, ਹੀਰਾ ਲਾਲ ਮਲਹੋਤਰਾ, ਵਰਿੰਦਰ ਸਿੰਘ ਪਰਹਾਰ, ਤਰਸੇਮ ਜਲੰਧਰੀ, ਕੀਮਤੀ ਕੈਸਰ, ਦਿਲਬਹਾਰ ਸ਼ੌਕਤ, ਜਸਵੰਤ ਸਿੰਘ ਮਜਬੂਰ, ਪ੍ਰਮੋਦ ਕਾਫਰ, ਨਛੱਤਰ ਭੋਗਲ, ਸੁਰਿੰਦਰ ਖੋਡਾ, ਹਰਭਜਨ ਨਾਹਲ ਆਦਿ ਕਵੀਆਂ ਨੇ ਵੀ ਆਪਣੀਆਂ ਰਚਨਾਵਾਂ ਨਾਲ ਖੂਬ ਰੰਗ ਬੰਨ੍ਹਿਆ। ਇਸ ਮੌਕੇ ਜਸਵੰਤ ਸਿੰਘ ਮਜਬੂਰ ਵਲੋਂ ਜਗਦੀਸ਼ ਰਾਣਾ ਨੂੰ ਰਸਮੀ ਤੌਰ 'ਤੇ ਸਾਹਿਤਕ ਉਸਤਾਦ ਧਾਰਿਆ ਗਿਆ। ਚਿਰੰਜੀ ਲਾਲ ਕੰਗਣੀਵਾਲ, ਕਰਨਲ ਜਗਬੀਰ ਸਿੰਘ ਸੰਧੂ, ਡੀ.ਆਰ. ਵੰਦਨਾ, ਮੇਹਰ ਮਲਿਕ, ਸੁਰਿੰਦਰ ਕੌਰ ਕੋਛੜ, ਗੁਰਪ੍ਰੀਤ ਸੋਹਲ ਦੀ ਜੀਵਨ ਸਾਥਣ ਰਾਜਵਿੰਦਰ ਕੌਰ ਸਮੇਤ ਹੋਰ ਪਰਵਾਰਕ ਮੈਂਬਰ, ਦੋਸਤ ਅਤੇ ਕਈ ਬੁੱਧੀਜੀਵੀ ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਦੌਰਾਨ ਇੰਗਲੈਂਡ ਵੱਸਦੇ ਸ਼ਾਇਰ ਨਛੱਤਰ ਸਿੰਘ ਭੋਗਲ ਦੇ ਦੋ ਕਾਵਿ ਸੰਗ੍ਰਹਿ 'ਸੁਖ ਦੇ ਸਾਥੀ' ਅਤੇ 'ਕਲਮ' ਵੀ ਲੋਕ ਅਰਪਣ ਕੀਤੇ ਗਏ।

# ਮੁੱਖ ਮੰਤਰੀ ਦੇ ਹੁਕਮਾਂ ਦੀ ਪਾਲਣਾ ਨਾ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਨੇ ਸਰਕਾਰ ਨੂੰ ਕੀਤਾ ਗੁੰਮਰਾਹ : ਆਗੂ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪਿਛਲੇ ਮਹੀਨੇ ਮੁੱਖ ਮੰਤਰੀ ਪੰਜਾਬ ਨੇ ਮੋਹਾਲੀ ਜ਼ਿਲ੍ਹੇ ਦੇ ਡੇਰਾਬੱਸੀ ਹਲਕੇ ਵਿੱਚ ਲਗਭਗ 2200 ਏਕੜ ਸਰਕਾਰੀ ਜ਼ਮੀਨ ਜਿਸ ਉੱਤੇ ਸਿਆਸੀ ਸ਼ਹਿ 'ਤੇ ਧਨਾਢ ਭੂ ਮਾਫੀਏ ਨੇ ਕਬਜ਼ਾ ਕਰਕੇ ਉਹ ਜ਼ਮੀਨਾਂ ਅੱਗੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਖੇਤੀ ਲਈ ਠੇਕੇ 'ਤੇ ਦਿੱਤੀਆਂ ਹੋਈਆਂ ਹਨ। ਭਗਵੰਤ ਮਾਨ ਸਰਕਾਰ ਨੇ ਉਹ ਜ਼ਮੀਨਾਂ 19 ਨਵੰਬਰ ਤੱਕ ਸਰਕਾਰੀ ਕਬਜ਼ੇ ਵਿੱਚ ਲੈਣ ਦੇ ਡੀ.ਸੀ. ਮੋਹਾਲੀ ਨੂੰ ਹੁਕਮ ਜਾਰੀ ਕੀਤੇ ਸਨ। ਪਰ ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਨੇ ਇਨ੍ਹਾਂ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਅਤੇ ਕਿਸੇ ਵੀ ਜ਼ਮੀਨ 'ਤੇ ਸਮੇਂ ਸੀਮਾ ਅੰਦਰ ਕੋਈ ਕਬਜ਼ਾ ਨਹੀਂ ਲਿਆ। ਜਿਸ ਬਾਰੇ ਸ਼ਿਕਾਇਤ ਕਰਤਾ ਸਤਨਾਮ ਦਾਊਂ ਪ੍ਰਧਾਨ ਪੰਜਾਬ ਅਗੇਂਸਟ ਕੁਰੱਪਸ਼ਨ ਨੇ ਜੁਲਾਈ 2022 ਨੂੰ ਮੁੱਖ ਮੰਤਰੀ ਪੰਜਾਬ ਅਤੇ ਹੋਰ ਉੱਚ ਅਧਿਕਾਰੀਆਂ ਨੂੰ 31 ਪਿੰਡਾਂ ਵਿੱਚ ਸਥਿਤ ਇਹ 2200 ਏਕੜ ਜ਼ਮੀਨ ਸਰਕਾਰੀ ਕਬਜ਼ੇ ਵਿੱਚ ਲੈ ਕੇ ਗਰੀਬ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਖੇਤੀ ਲਈ ਠੇਕੇ 'ਤੇ ਦੇਣ ਜਾਂ ਕਿਸੇ ਹੋਰ ਕੰਮ ਲਈ ਵਰਤਣ ਦੀ ਬੇਨਤੀ ਕੀਤੀ ਸੀ ਜਿਸ ਨਾਲ ਪੰਜਾਬ ਸਰਕਾਰ ਦੇ ਖਜ਼ਾਨੇ ਵਿੱਚ ਕਰੋੜਾਂ-ਅਰਬਾਂ ਰੁਪਏ ਦੇ ਫੰਡ ਆ ਸਕਦੇ ਹਨ। ਜੋ ਹੁਣ ਗੁਮਰਾਹ ਭੂ ਮਾਫੀਏ ਦੀਆਂ ਜੇਬਾਂ ਵਿੱਚ ਜਾ ਰਹੇ ਹਨ ਅਤੇ ਕੁਝ ਖਾਲੀ ਪਈਆਂ ਜ਼ਮੀਨਾਂ 'ਤੇ ਰੇਤ ਮਾਫੀਆ ਵੱਡੇ ਪੱਧਰ 'ਤੇ ਰੇਤਾ-ਬਜਰੀ ਦੀ ਖੁਦਾਈ ਕਰਕੇ ਅਰਬਾਂ ਰੁਪਏ ਕਮਾ ਰਹੇ ਹਨ ਅਤੇ ਉਨ੍ਹਾਂਜ਼ਮੀਨਾਂ ਵਿੱਚ ਖੜ੍ਹੇ ਜੰਗਲਾਂ ਦੀ ਮਹਿੰਗੀ ਸੰਪਦਾ ਨੂੰ ਵੇਚਿਆ ਜਾ ਰਿਹਾ ਹੈ। ਸਤਨਾਮ ਦਾਊਂ ਦੀ ਇਸ ਸ਼ਿਕਾਇਤ ਉੱਤੇ ਕਾਰਵਾਈ ਕਰਦਿਆਂ ਪੰਜਾਬ ਸਰਕਾਰ ਨੇ ਉਪਰੋਕਤ ਹੁਕਮ ਜਾਰੀ ਕੀਤੇ ਸਨ ਜੋ ਜ਼ਿਲ੍ਹਾ ਪ੍ਰਸ਼ਾਸਨ ਨੇ ਲਾਗੂ ਨਹੀਂ ਕੀਤੇ ਅਤੇ ਉਲਟਾ ਲੋਕਾਂ ਅਤੇ ਮੁੱਖ ਮੰਤਰੀ ਨੂੰ ਗੁੰਮਰਾਹ ਕਰਨ ਦੇ ਮਕਸਦ ਨਾਲ 2 ਦਿਨ ਪਹਿਲਾਂ ਇੱਕ ਝੂਠਾ ਪ੍ਰੈੱਸ ਨੋਟ ਜਾਰੀ ਕਰ ਦਿੱਤਾ ਕਿ ਇਸ 2200 ਏਕੜ ਵਿਚੋਂ 275 ਏਕੜ ਜ਼ਮੀਨ ਕਬਜ਼ੇ ਵਿੱਚ ਲੈ ਲਈ ਗਈ ਹੈ। ਪਰ ਜ਼ਿਲ੍ਹਾ ਪ੍ਰਸ਼ਾਸਨ ਨੇ ਆਪਣੇ ਪ੍ਰੈੱਸ ਨੋਟ ਵਿੱਚ ਨਾ ਹੀ ਕਿਸੇ ਪਿੰਡ ਦਾ ਨਾਂ ਦੱਸਿਆ ਹੈ, ਜਿਸ ਜ਼ਮੀਨ ਦਾ ਕਬਜ਼ਾ ਲਿਆ ਹੋਵੇ ਅਤੇ ਨਾ ਹੀ ਕਿਸੇ ਕਾਬਜ਼ਕਾਰ ਖਿਲਾਫ ਸ਼ਿਕਾਇਤ ਕੀਤੀ ਹੈ। ਜ਼ਿਲ੍ਹਾ ਪ੍ਰਸ਼ਾਸਨ ਦੇ ਇਸ ਪ੍ਰੈੱਸ ਨੋਟ ਤੇ ਸ਼ੱਕ ਹੋਣ ਕਾਰਨ ਅੱਜ ਅੱਠ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿੱਚ ਸੀ ਪੀ ਆਈ ਦੇ ਕਾਮਰੇਡ ਬਲਵਿੰਦਰ ਸਿੰਘ ਜੜੌਤ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੁਰਿੰਦਰ ਸਿੰਘ, ਆਮ ਆਦਮੀ ਪਾਰਟੀ ਦੇ ਸਰਗਰਮ ਅਤੇ ਪੁਰਾਣੇ ਵਰਕਰ ਯਾਦਵਿੰਦਰ ਸਿੰਘ ਡੇਰਾਬੱਸੀ ਅਤੇ ਪੰਜਾਬ ਅਗੇਂਸਟ ਕੁਰੱਪਸ਼ਨ ਦੇ ਪ੍ਰਧਾਨ ਸਤਨਾਮ ਦਾਊਂ ਨੇ ਸਬੰਧੀ ਜਾਣਨ ਲਈ ਸਬੂਤ ਇਕੱਠੇ ਕਰਨੇ ਸ਼ੁਰੂ ਕੀਤੇ ਤਾਂ ਪਤਾ ਲੱਗਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਆਪਣੇ ਰਿਕਾਰਡ ਵਿੱਚ ਪਿੰਡ ਜੜੌਤ ਦੇ 4 ਏਕੜ, ਭਗਵਾਸੀ ਦੇ 59 ਏਕੜ, ਸਮਗੌਲੀ ਦੇ 157 ਏਕੜ, ਪੀਰ ਮੁਛੱਲਾ ਦੇ 33 ਏਕੜ, ਫਤਹਿਪੁਰ ਤੋਂ 13 ਏਕੜ, ਰਾਮਪੁਰ ਬਹਾਲ ਦੇ 2 ਵਿੱਘੇ 10 ਵਿਸਵੇ, ਤੋਗਾਪੁਰ ਦੇ 9 ਏਕੜ ਜ਼ਮੀਨ ਦਾ ਕਬਜ਼ਾ ਲਿਆ ਦਿਖਾਇਆ ਹੈ। ਉਪਰੋਕਤ ਆਗੂਆਂ ਨੇ ਪ੍ਰੈੱਸ ਨੋਟ ਜਾਰੀ ਕਰਕੇ ਦੱਸਿਆ ਕਿ ਇਨ੍ਹਾਂ ਪਿੰਡਾਂ ਵਿੱਚ ਬਹੁਤੀ ਜ਼ਮੀਨ ਤੇ ਕਾਬਜ਼ ਭੂ ਮਾਫੀਏ ਨੇ ਡੂੰਘੇ ਟੋਏ ਪਾ ਕੇ ਬੰਜਰ ਛੱਡੀ ਹੋਈ ਹੈ ਅਤੇ ਇਸ ਜ਼ਮੀਨ 'ਤੇ ਕਿਸੇ ਦਾ ਕੋਈ ਕਬਜ਼ਾ ਨਹੀਂ ਸੀ। ਪ੍ਰਸ਼ਾਸਨ ਖਿਲਾਫ ਰੌਲਾ ਪੈਣ ਦੇ ਫੋਕੀ ਵਾਹੀਵਾਹੀ ਖੱਟਣ ਅਤੇ ਮੁੱਖ ਮੰਤਰੀ ਨੂੰ ਗੁੰਮਰਾਹ ਕਰਨ ਦੇ ਮਕਸਦ ਨਾਲ ਪੇਪਰਾਂ ਵਿੱਚ ਇਸ ਖਾਲੀ ਪਈ ਜ਼ਮੀਨ ਨੂੰ ਸਰਕਾਰੀ ਕਬਜ਼ੇ ਵਿੱਚ ਲਿਆ ਦਿਖਾ ਦਿੱਤਾ ਹੈ। ਜੜੌਤ ਪਿੰਡ ਦੇ ਕਾਮਰੇਡ ਬਲਵਿੰਦਰ ਸਿੰਘ, ਸਾਬਕਾ ਸਰਪੰਚ ਗੁਰਦੇਵ ਸਿੰਘ ਅਤੇ ਕਿਸਾਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ 271 ਏਕੜ ਜ਼ਮੀਨ ਚਾਰ ਤੋਂ ਪੰਜ ਰਸੂਖਦਾਰਾਂ ਦੇ ਕਬਜ਼ੇ ਵਿੱਚ ਹੈ ਜਿੱਥੇ ਉਹ ਇਸ ਸਮੇਂ ਕਣਕ ਦੀ ਫਸਲ ਬੀਜੀ ਹੋਈ ਹੈ, ਉਸ ਜ਼ਮੀਨ 'ਤੇ ਅਧਿਕਾਰੀਆਂ ਨੇ ਨਾ ਹੀ ਕੋਈ ਕਬਜ਼ਾ ਲਿਆ ਅਤੇ ਨਾ ਹੀ ਕਦੇ ਪਿੰਡ ਵਿੱਚ ਚੱਕਰ ਲਗਾਇਆ ਅਤੇ ਆਪਣੇ ਏ ਸੀ ਦਫਤਰਾਂ ਵਿੱਚ ਬੈਠ ਕੇ ਰੇਤ ਮਾਫੀਏ ਵੱਲੋਂ ਉਜਾੜੀ ਗਈ ਬੇਆਬਾਦ ਅਤੇ ਕਬਜ਼ਾ ਮੁਕਤ ਜ਼ਮੀਨ ਨੂੰ ਸਰਕਾਰੀ ਕਬਜ਼ੇ ਵਿੱਚ ਲਿਆ ਕੇ ਸਰਕਾਰ, ਪਿੰਡ ਵਾਸੀਆਂ ਅਤੇ ਲੋਕਾਂ ਨੂੰ ਗੁੰਮਰਾਹ ਕੀਤਾ ਹੈ। ਜ਼ਿਲ੍ਹਾ ਪ੍ਰਸ਼ਾਸਨ ਮੁਹਾਲੀ ਵੱਲੋਂ ਕੀਤੀ ਕਾਗਜ਼ੀ ਖਾਨਾਪੂਰਤੀ ਮੁਤਾਬਕ ਵਧੀਕ ਤਹਿਸੀਲਦਾਰ ਡੇਰਾਬੱਸੀ ਨੇ ਫੀਲਡ ਕਾਨੂੰਨਗੋ ਲਾਲੜੂ, ਮਸਗੌਲੀ, ਜ਼ੀਰਕਪੁਰ ਅਤੇ ਡੇਰਾਬੱਸੀ ਨੂੰ 6 ਨਵੰਬਰ ਨੂੰ ਪੱਤਰ ਜਾਰੀ ਕਰਕੇ ਲਿਖਿਆ ਸੀ ਕਿ ਪੁਲਸ ਦੀ ਮਦਦ ਨਾਲ ਇਨ੍ਹਾਂ ਵਿੱਚੋਂ 28 ਪਿੰਡਾਂ ਦੀਆਂ ਜ਼ਮੀਨਾਂ 'ਤੇ 6 ਨਵੰਬਰ ਤੋਂ ਲੈ ਕੇ ਦਸੰਬਰ ਦੇ ਪਹਿਲੇ ਹਫਤੇ ਤੱਕ ਸਾਰੀਆਂ ਸਰਕਾਰੀ ਜ਼ਮੀਨਾਂ ਛਡਵਾਈਆਂ ਜਾਣ। ਜਦਕਿ 1843 ਏਕੜ ਹਨ 'ਤੇ ਕਬਜ਼ਾ ਲਿਆ ਜਾਵੇ। ਉਸ ਪੱਤਰ ਮੁਤਾਬਕ ਅੱਜ ਤੱਕ 17 ਪਿੰਡਾਂ ਦੀ ਸੈਂਕੜੇ ਏਕੜ ਜ਼ਮੀਨ 'ਤੇ ਸਰਕਾਰੀ ਕਬਜ਼ਾ ਹੋ ਜਾਣਾ ਚਾਹੀਦਾ ਸੀ ਅਤੇ ਨਜਾਇਜ਼ ਕਾਬਜ਼ਕਾਰਾਂ 'ਤੇ ਪਰਚੇ ਦਰਜ ਹੋ ਜਾਣੇ ਸਨ ਪਰ ਅਧਿਕਾਰੀਆਂ ਨੇ ਅਸਲ ਵਿੱਚ ਅੱਜ ਤੱਕ ਨਾ ਹੀ ਕਿਸੇ ਨਜਾਇਜ਼ ਕਾਬਜ਼ਕਾਰ ਕੋਲੋਂ ਜ਼ਮੀਨ ਛਡਵਾਈ ਹੈ ਅਤੇ ਨਾ ਹੀ ਉਸ ਖਿਲਾਫ ਕੋਈ ਕਾਨੂੰਨੀ ਕਾਰਵਾਈ ਕਰਨ ਬਾਰੇ ਉੱਚ ਅਧਿਕਾਰੀਆਂ ਨੂੰ ਲਿਖਿਆ ਹੈ ਜਿਸ ਤੋਂ ਸਾਬਿਤ ਹੁੰਦਾ ਹੈ ਕਿ ਜਿਹੜੇ ਅਫ਼ਸਰਾਂ ਨੇ ਮੁੱਖ ਮੰਤਰੀ ਦੇ ਹੁਕਮਾਂ ਦੀ ਪਾਲਣਾ ਕਰਨੀ ਹੈ ਉਹ ਨਜਾਇਜ਼ ਕਾਬਜ਼ਕਾਰਾਂ ਨਾਲ ਮਿਲੇ ਹੋਏ ਹਨ। ਉਨਾਂ ਚੇਤਾਵਨੀ ਦਿੱਤੀ ਕਿ ਜੇਕਰ ਅਧਿਕਾਰੀ ਸਰਕਾਰ ਦੇ ਹੁਕਮ ਸਹੀ ਤਰੀਕੇ ਨਾਲ ਲਾਗੂ ਨਹੀਂ ਕਰਨਗੇ ਤਾਂ ਉਹੋ ਲੋਕ ਹਿੱਤ ਜਨਤਕ ਜੱਥੇਬੰਦੀਆਂ ਨੂੰ ਨਾਲ ਲੈ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੁਹਾਲੀ ਦਾ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕਰਨਗੇ।

## ਗੁਰਾਇਆ 'ਚ ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ ਸਜਾਇਆ



**ਅੱਡਾ ਸਰਾਂ ( ਜਸਵੀਰ ਕਾਜਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਅੱਡਾ ਸਰਾਂ ਨਜ਼ਦੀਕ ਪਿੰਡ ਗੁਰਾਇਆ ਵਿਖੇ ਖਾਲਸਾਈ ਸ਼ਾਨੋ ਸ਼ੌਕਤ ਨਾਲ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸਰਬਜੀਤ ਸਿੰਘ ਨੇ ਦੱਸਿਆ ਕਿ ਨਗਰ ਕੀਰਤਨ ਦੌਰਾਨ ਹੈਡ ਗ੍ਰੰਥੀ ਭਾਈ ਸੰਦੀਪ ਸਿੰਘ ਦੇ ਰਾਗੀ ਜਥੇ ਨੇ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਨਾਨਕ ਪਾਤਸ਼ਾਹ ਜੀ ਦੇ ਜੀਵਨ ਬਿਓਰੇ ਅਤੇ ਉਨ੍ਹਾਂ ਦੁਆਰਾ ਰਚੀ ਬਾਣੀ ਨਾਲ ਨਾਲ ਜੋੜਿਆ। ਉਨ੍ਹਾਂ ਇਹ ਵੀ ਦੱਸਿਆ ਕਿ 27 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦੀਵਾਨ ਸਜਾਏ ਜਾਣਗੇ । ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਬੰਧਕ ਕਮੇਟੀ ਮਾਸਟਰ ਹਰਦੀਪ ਸਿੰਘ , ਹਰਮਨ ਸਿੰਘ, ਅਵਤਾਰ ਸਿੰਘ ਅਤੇ ਖਜ਼ਾਨਚੀ ਸਰਬਜੀਤ ਸਿੰਘ, ਅਮਰਜੀਤ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਬੇਲਾ ਕਾਲਜ ਦਾ ਕਬੱਡੀ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ



ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ ਖਿਡਾਰੀਆਂ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਚੱਲ ਰਹੇ ਅੰਤਰ-ਕਾਲਜ ਸਰਕਲ ਸਟਾਇਲ ਕਬੱਡੀ ਮੁਕਾਬਲੇ (ਲੜਕੇ) ਵਿੱਚ ਦੂਜਾ ਸਥਾਨ ਹਾਸਲ ਕੀਤਾ । ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਇਹ ਅੰਤਰ-ਕਾਲਜ ਮੁਕਾਬਲੇ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਅਧੀਨ ਕਾਲਜਾਂ ਦੀਆਂ ਟੀਮਾਂ ਨੇ ਹਿੱਸਾ ਲਿਆ ਜਿਸ ਵਿੱਚੋਂ ਬੇਲਾ ਕਾਲਜ ਦੇ ਖਿਡਾਰੀਆਂ ਨੇ ਇਹ ਮਾਣਮੱਤੀ ਪ੍ਰਾਪਤੀ ਹਾਸਲ ਕੀਤੀ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲੇ ਮੈਚ ਵਿੱਚ ਬੇਲਾ ਕਾਲਜ ਦੀ ਟੀਮ ਨੇ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਨੂੰ ਅਤੇ ਦੂਜੇ ਮੈਚ ਵਿੱਚ ਡੀ.ਏ.ਵੀ. ਕਾਲਜ ਬਠਿੰਡਾ ਅਤੇ ਤੀਜੇ ਮੈਚ ਵਿੱਚ ਯੂਨੀਵਰਸਿਟੀ ਕਾਲਜ ਬਹਾਦੁਰਪੁਰ (ਮਾਨਸਾ) ਨੂੰ ਇੱਕਤਰਫ਼ਾ ਮੁਕਾਬਲਿਆਂ ਵਿੱਚ ਹਰਾ ਕੇ ਕਾਲਜ ਦੀ ਝੋਲੀ ਇਹ ਟਰਾਫ਼ੀ ਪਾਈ । ਡਾ. ਮਮਤਾ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਜੇਤੂ ਖਿਡਾਰੀਆਂ ਦਾ ਕਾਲਜ ਪੁੱਜਣ 'ਤੇ ਕਾਲਜ ਕਮੇਟੀ ਅਤੇ ਸਟਾਫ਼ ਵੱਲੋਂ ਭਰਵਾਂ ਸਵਾਗਤ ਕਰਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਪ੍ਰੋ. ਪ੍ਰਿਤਪਾਲ ਸਿੰਘ, ਪ੍ਰੋ. ਅਮਰਜੀਤ ਸਿੰਘ, ਕੋਚ ਨਰਪਿੰਦਰ ਸਿੰਘ, ਪ੍ਰੋ. ਗੁਰਲਾਲ ਸਿੰਘ, ਪ੍ਰੋ. ਗਗਨਦੀਪ ਕੌਰ, ਪ੍ਰੋ. ਇਸ਼ੂ ਬਾਲਾ, ਪ੍ਰੋ. ਰਾਕੇਸ਼ ਜੋਸ਼ੀ, ਪ੍ਰੋ. ਪਰਮਿੰਦਰ ਕੌਰ ਅਤੇ ਡਾ. ਅਣਖ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵਿਸ਼ਵ ਸ਼ਾਂਤੀ, ਏਕਤਾ ਤੇ ਅਖੰਡਤਾ ਦਾ ਸੰਦੇਸ਼ ਦਿੱਤਾ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਵਿਖੇ ਅੱਜ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਭਾਰੀ ਉਤਸ਼ਾਹ ਅਤੇ ਸ਼ਰਧਾ ਭਾਵਨਾ ਨਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚੋਂ ਗੁਜ਼ਰਿਆ ਅਤੇ ਵੱਖ-ਵੱਖ ਸਮਾਜਿਕ ਤੇ



ਧਾਰਮਿਕ ਜਥੇਬੰਦੀਆਂ ਨੇ ਵੀ ਨਗਰ ਕੀਰਤਨ ਦਾ ਸਵਾਗਤ ਕੀਤਾ। ਇਸ ਦੌਰਾਨ ਜਿਥੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਬੱਸ ਸਟੈਂਡ ਚੌਕ ਵਿਖੇ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ, ਉਥੇ ਹੀ ਨਗਰ ਕੀਰਤਨ ਵਿਚ ਸ਼ਾਮਲ ਹੋ ਕੇ ਗੁਰੂ ਚਰਨਾਂ ਵਿਚ ਹਾਜ਼ਰੀ ਭਰੀ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮਾਜ ਨੂੰ ਜੋੜਨ ਦਾ ਕੰਮ ਕੀਤਾ ਹੈ ਅਤੇ ਅੱਜ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਨਗਰ ਕੀਰਤਨ ਨੂੰ ਗਾਰਡ ਆਫ ਆਨਰ ਵੀ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਨ ਗੁਰੂਆਂ, ਸੰਤਾਂ ਅਤੇ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਦੇ ਪ੍ਰਚਾਰ-ਪ੍ਰਸਾਰ ਲਈ ਵਚਨਬੱਧ ਹੈ, ਜੋ ਸਮੁੱਚੀ ਮਨੁੱਖਤਾ ਲਈ ਮਾਰਗ ਦਰਸ਼ਕ ਹਨ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਦਿ ਹੁਸ਼ਿਆਰਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਕੌਂਸਲਰ ਪ੍ਰਦੀਪ ਬਿੱਟੂ, ਵਰਿੰਦਰ ਸਰਮਾ ਬਿੰਦੂ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਦਸ ਹਜ਼ਾਰ ਲੋਕ ਏ ਜੀ ਆਈ ਗੁਰਪੁਰਬ ਸਮਾਗਮਾਂ 'ਚ ਸ਼ਾਮਲ ਹੋਣਗੇ

**ਜਲੰਧਰ (ਰਾਜੇਸ਼ ਥਾਪਾ)**-ਖੇਤਰ ਦੀ ਪ੍ਰਮੁੱਖ ਬੁਨਿਆਦੀ ਢਾਂਚਾ ਕੰਪਨੀ, ਏ ਜੀ ਆਈ ਇਨਫਰਾ ਲਿਮਟਿਡ ਗੁਰਪੁਰਬ ਪੂਰੇ ਧਾਰਮਿਕ ਤਰੀਕੇ ਨਾਲ ਹਰ ਸਾਲ ਦੀ ਤਰ੍ਹਾਂ ਮਨਾਏਗੀ। ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਅਨੁਸਾਰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ 27 ਨਵੰਬਰ ਨੂੰ ਅਰਬਾਨਾ, ਜਲੰਧਰ ਹਾਈਟਸ , 66 ਫੁੱਟ ਰੋਡ ਵਿਖੇ ਪੂਰੀ ਮਰਯਾਦਾ ਨਾਲ ਮਨਾਇਆ ਜਾਏਗਾ। ਗੁਰਪੁਰਬ, ਗੁਰੂ ਨਾਨਕ ਦੇਵ ਜੀ ਦੇ ਜਨਮ ਦਾ ਜਸ਼ਨ, ਪ੍ਰਾਰਥਨਾਵਾਂ, ਕੀਰਤਨ (ਅਧਿਆਤਮਿਕ ਸੰਗੀਤ) ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਪ੍ਰਤੀਬਿੰਬਾਂ ਦੁਆਰਾ ਦਰਸਾਇਆ ਗਿਆ ਹੈ, ਜੋ ਸਮਾਨਤਾ, ਦਇਆ ਅਤੇ ਇਕ ਪਰਮਾਤਮਾ ਪ੍ਰਤੀ ਸ਼ਰਧਾ ਨੂੰ ਉਤਸ਼ਾਹਿਤ ਕਰਦਾ ਹੈ। ਗੁਰਪੁਰਬ ਜਲੰਧਰ ਹਾਈਟਸ, ਸਕਾਈ ਗਾਰਡਨ, ਸਮਾਰਟ ਹੋਮਜ਼, ਮੈਕਸੀਮਾ, ਸਕਾਈ ਗਾਰਡਨ ਅਤੇ ਸ਼ਹਿਰ ਦੇ ਲਗਭਗ 7500 ਅਲਾਟੀ ਘਰਾਂ ਵਿੱਚੋਂ ਦਸ ਹਜ਼ਾਰ ਤੋਂ ਵੱਧ ਲੋਕ ਗੁਰਪੁਰਬ ਮਨਾਉਣ ਦੀਆਂ ਰਸਮਾਂ ਵਿੱਚ ਹਿੱਸਾ ਲੈਣਗੇ।

## ਕਥਾ ਸੁਣਨ ਨਾਲ ਮਨ ਦੇ ਵਿਕਾਰ ਦੂਰ ਹੁੰਦੇ : ਅਚਾਰੀਆ ਕੌਸ਼ਲ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**:- ਸ਼੍ਰੀਮਦ ਭਾਗਵਤ ਕਥਾ ਭਗਵਾਨ ਦੇ ਅਵਤਾਰ ਦੀ ਉਹ ਮਹਾਨ ਕਥਾ ਹੈ ਜਿਸ ਨੂੰ ਸੁਣਨ ਨਾਲ ਮਨ ਦੇ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ ਤੇ ਮਨੁੱਖ ਨੂੰ ਸੱਚੇ ਮਨ ਨਾਲ ਪ੍ਰਭੂ ਭਗਤੀ ਕਰਨ ਦੀ ਸਦਬੁੱਧੀ ਪ੍ਰਾਪਤ ਹੁੰਦੀ ਹੈ।

ਉਕਤ ਅਨਮੋਲ ਪ੍ਰਵਚਨ ਰਾਧੇ ਰਾਧੇ ਆਸ਼ਰਮ ਬਰੋਟਾ ਭਗਵਾਲਾ ਦੇ ਸੰਚਾਲਕ ਅਚਾਰੀਆ ਨੀਲਕੰਠ ਕੌਸ਼ਲ ਨੇ ਸ਼ਿਵ ਮੰਦਰ ਨੂਰਪੁਰਬੇਦੀ ਵਿਖੇ ਮਹਿਲਾ ਕੀਰਤਨ ਮੰਡਲੀ ਵਲੋਂ ਸਮੂਹ ਖੇਤਰ ਵਾਸੀਆਂ ਦੇ ਸਹਿਯੋਗ ਨਾਲ ਆਯੋਜਿਤ ਕਰਵਾਈ ਗਈ ਸ਼੍ਰੀਮਦ ਭਾਗਵਤ ਕਥਾ ਦੇ ਦੂਸਰੇ ਦਿਨ ਸੰਗਤਾਂ ਨੂੰ ਗਿਆਨ ਉਪਦੇਸ਼ ਦਿੰਦਿਆਂ ਪੇਸ਼ ਕੀਤੇ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਸੁੰਦਰ ਭਜਨਾਂ ਰਾਹੀਂ ਵੀ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਬਾਬਾ ਬਲਵਿੰਦਰ ਗਿਰੀ, ਸੋਨੂ ਦੀਵਾਨ, ਬੀਰੂ ਸਰਮਾ, ਗੋਰਾ ਸ਼ਾਰਦਾ, ਦਿਨੇਸ਼ ਕੁਮਾਰ ਜੌਲੀ, ਸੰਜੀਵ ਕਪੂਰ, ਵਿਸ਼ਾਲ ਕੁਮਾਰ, ਕ੍ਰਿਸ਼ਨ ਮੁਰਾਰੀ, ਅਸ਼ਵਨੀ ਕੁਮਾਰ, ਡਾ.ਅਨੁਪਮ ਢੰਡ, ਬਲਦੇਵ ਕ੍ਰਿਸ਼ਨ ਕੀਰਤਨ ਮੰਡਲੀ ਦੇ ਸਮੂਹ ਮੈਂਬਰ ਸਹਿਤ ਹੋਰ ਸੰਗਤਾਂ ਤੇ ਸੇਵਾਦਾਰਾਂ ਹਾਜ਼ਰ ਸਨ।

## ਖੱਟਰ ਵੱਲੋਂ ਸੀਨੀਅਰ ਨਾਗਰਿਕਾਂ ਨਾਲ ਗੱਲਬਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਮੈਨੂੰ ਅੱਜ ਸੂਬੇ ਦੇ ਉਨ੍ਹਾਂ ਸੀਨੀਅਰ ਨਾਗਰਿਕਾਂ ਨਾਲ ਗੱਲ ਕਰਨ ਦਾ ਮੌਕਾ ਮਿਲਿਆ ਹੈ, ਜਿਨ੍ਹਾਂ ਨੇ ਬੁਢਾਪਾ ਸਨਮਾਨ ਭੱਤੇ ਦਾ ਪਾਤਰ ਹੁੰਦੇ ਹੋਏ ਵੀ ਉਸ ਨੂੰ ਲੈਣ ਤੋਂ ਮਨ੍ਹਾ ਕਰ ਦਿੱਤਾ ਹੈ, ਤਾਂ ਜੋ ਉਸ ਪੈਸੇ ਦੀ ਵਰਤੋਂ ਦੂਜਿਆਂ ਦੀ ਭਲਾਈ ਲਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਤੁਹਾਡੇ ਤਿਆਗ ਨਾਲ ਜਿਸ ਪੈਸੇ ਦੀ ਬੱਚਤ ਹੋਈ ਹੈ, ਉਹ ਹੋਰ ਲੋੜਵੰਦ ਲੋਕਾਂ ਦੀ ਮਦਦ 'ਤੇ ਖਰਚ ਕੀਤਾ ਜਾਵੇਗਾ। ਮੁੱਖ ਮੰਤਰੀ ਅੱਜ ਕਰਨਾਲ ਤੋਂ ਸੀ ਐਮ ਦੀ ਵਿਸ਼ੇਸ਼ ਚਰਚਾ ਪ੍ਰੋਗ੍ਰਾਮ ਦੇ ਤਹਿਤ ਆਡੀਓ ਕਾਨਫਰੈਂਸਿੰਗ ਰਾਹੀਂ ਬੁਢਾਪਾ ਸਨਮਾਨ ਭੱਤਾ ਨਾ ਲੈਣ ਵਾਲੇ ਸੀਨੀਅਰ ਨਾਗਰਿਕਾਂ ਨਾਲ ਸਿੱਧੀ ਗੱਲਬਾਤ ਕਰ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਬੁਢਾਪਾ ਪੈਨਸ਼ਨ ਦੀ ਰਕਮ 1 ਜਨਵਰੀ, 2024 ਤੋਂ ਵਧਾ ਕੇ 3,000 ਰੁਪਏ ਕਰਨ ਦਾ ਐਲਾਨ ਕੀਤਾ ਹੋਇਆ ਹੈ। ਉਨ੍ਹਾਂ ਇਸ ਦੌਰਾਨ ਐਲਾਨ ਕਰਦੇ ਹੋਏ ਕਿਹਾ ਕਿ 60 ਸਾਲ ਦੀ ਉਮਰ ਦੇ ਪਾਤਰ ਸੀਨੀਅਰ ਨਾਗਰਿਕਾਂ ਨੇ ਸਹਿਮਤੀ ਨਾਲ ਪੈਨਸ਼ਨ ਲੈਣ ਤੋਂ ਮਨ੍ਹਾ ਕੀਤਾ, ਉਨ੍ਹਾਂ ਦੀ ਗਿਣਤੀ 40,000 ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਨਾਗਰਿਕਾਂ ਲਈ ਸਿਹਤ ਦੇਖਭਾਲ ਲਈ ਹਸਪਤਾਲਾਂ ਵਿਚ ਸੀਨੀਅਰ ਸਿਟੀਜ਼ਨ ਕਾਰਨਰ ਬਣਾਏ ਗਏ ਹਨ। ਸੀਨੀਅਰ ਸਿਟੀਜ਼ਨ ਕਾਰਨਰ ਵਿਚ ਪਰਚੀ ਬਣਾਉਣ ਤੋਂ ਲੈ ਕੇ ਦਵਾਈ ਦਿਵਾਉਣ ਤੱਕ ਦਾ ਕੰਮ ਕੀਤਾ ਜਾਂਦਾ ਹੈ। ਮਨੋਹਰ ਲਾਲ ਨੇ ਕਿਹਾ ਕਿ ਪ੍ਰਹਰੀ ਯੋਜਨਾ ਵਿਚ ਇਨ੍ਹਾਂ ਬਜ਼ੁਰਗਾਂ ਦਾ ਹਾਲਚਾਲ ਪੁੱਛਣ ਲਈ ਸੇਵਾਮੁਕਤ ਸਰਕਾਰੀ ਕਰਮਚਾਰੀ ਉਨ੍ਹਾਂ ਨਾਲ ਨਿੱਜੀ ਤੌਰ 'ਤੇ ਮਿਲੇਗਾ। ਜੇਕਰ ਕਿਸੇ ਬਜ਼ੁਰਗ ਨੂੰ ਮੈਡੀਕਲ ਮਦਦ, ਸੰਪਤੀ ਦੀ ਸੁਰੱਖਿਆ ਜਾਂ ਕਿਸੇ ਹੋਰ ਮਦਦ ਦੀ ਲੋੜ ਹੋਵੇਗੀ ਤਾਂ ਸਬੰਧਤ ਸਰਕਾਰੀ ਵਿਭਾਗ ਰਾਹੀਂ ਉਸ ਦੀ ਮਦਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸੇਵਾਮੁਕਤ ਸਰਕਾਰੀ ਕਰਮਚਾਰੀ ਪ੍ਰਹਰੀ ਯੋਜਨਾ ਨਾਲ ਜੁੜਨਾ ਚਾਹੁੰਦਾ ਹੈ ਤਾਂ ਉਹ ਡਾਇਲ 112 'ਤੇ ਸੰਪਰਕ ਕਰ ਸਕਦਾ ਹੈ।

## ਜ਼ਿਲ੍ਹਾ ਪ੍ਰਸ਼ਾਸਨ ਕੋ-ਜੈਨਰੇਸ਼ਨ ਪਾਵਰ ਪਲਾਂਟ ਦਾ ਪ੍ਰਦੂਸ਼ਣ ਰੋਕਣਾ ਯਕੀਨੀ ਬਣਾਏ : ਦੀਪ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ)**-ਲੋਕ ਸੰਘਰਸ਼ ਮੰਚ ਨਵਾਂਸ਼ਹਿਰ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਨਕ ਸਹਿਕਾਰੀ ਖੰਡ ਮਿੱਲ ਵਿਚ ਲੱਗੇ ਕੋ-ਜੈਨਰੇਸ਼ਨ ਪਾਵਰ ਪਲਾਂਟ ਦਾ ਪ੍ਰਦੂਸ਼ਣ ਚੈੱਕ ਕਰਨ ਬਾਰੇ ਸ਼ਹਿਰ ਵਾਸੀਆਂ ਨੂੰ ਦਿੱਤੇ ਗਏ ਸੱਦੇ ਨੂੰ ਹਾਸੋਹੀਣਾ ਅਤੇ ਮਜ਼ਾਕ ਕਰਾਰ ਦਿੱਤਾ ਹੈ। ਮੰਚ ਦੇ ਕਨਵੀਨਰ ਜਸਬੀਰ ਦੀਪ ਨੇ ਪ੍ਰੈਸ ਨੂੰ ਦੱਸਿਆ ਕਿ ਬੀਤੇ ਕੱਲ੍ਹ ਡਿਪਟੀ ਕਮਿਸ਼ਨਰ ਨਵਜੋਤਪਾਲ ਸਿੰਘ ਰੰਧਾਵਾ ਨੇ ਪਾਵਰ ਪਲਾਂਟ ਦਾ ਦੌਰਾ ਕਰਕੇ ਦਾਅਵਾ ਕੀਤਾ ਸੀ ਕਿ ਪਾਵਰ ਪਲਾਂਟ ਨੂੰ ਧੀਮੀ ਪਾਵਰ ਉੱਤੇ ਚਲਾ ਕੇ ਦੇਖਿਆ ਗਿਆ ਜਿਸ ਨਾਲ ਪਾਵਰ ਪਲਾਂਟ ਨੇ ਰਾਖ ਨਹੀਂ ਉਡਾਈ। ਮੰਚ ਦੇ ਆਗੂ ਨੇ ਕਿਹਾ ਕਿ ਅੱਜ ਜਦੋਂ ਮੰਚ ਦੇ ਪੰਜ ਮੈਂਬਰਾਂ ਨੇ ਜਾ ਕੇ ਦੇਖਿਆ ਤਾਂ ਪਾਵਰ ਪਲਾਂਟ ਫੁੱਲ ਪਾਵਰ ਉੱਤੇ ਤਾਂ ਕੀ ਚੱਲਣਾ ਸੀ ਇਹ ਧੀਮੀ ਪਾਵਰ ਉੱਤੇ ਵੀ ਨਹੀਂ ਸੀ ਚੱਲ ਰਿਹਾ ਸਗੋਂ ਇਹ ਪੂਰੀ ਤਰ੍ਹਾਂ ਬੰਦ ਪਿਆ ਸੀ। ਉਨ੍ਹਾਂ ਡਿਪਟੀ ਕਮਿਸ਼ਨਰ ਦੇ ਉਸ ਦਾਅਵੇ ਨੂੰ ਵੀ ਅਧਾਰਹੀਣ ਦੱਸਿਆ ਜਿਸ ਵਿਚ ਉਨ੍ਹਾਂ ਕਿਹਾ ਸੀ ਕਿ ਪਹਿਲਾਂ ਵੀ ਮਿਥੀ ਮਿਤੀ ਉੱਤੇ ਕੋਈ ਸ਼ਹਿਰ ਵਾਸੀ ਮੌਕਾ ਦੇਖਣ ਨਹੀਂ ਆਇਆ। ਜਸਬੀਰ ਦੀਪ ਨੇ ਕਿਹਾ ਕਿ ਪਹਿਲਾਂ 10 ਨਵੰਬਰ ਨੂੰ ਡਿਪਟੀ ਕਮਿਸ਼ਨਰ ਨੇ ਪਲਾਂਟ ਦੇ ਟਰਾਇਲ ਦੀ ਮਿਤੀ ਤੈਅ ਕੀਤੀ ਸੀ। ਉਸ ਦਿਨ 11 ਵਜੇ ਤੋਂ ਪਹਿਲਾਂ ਹੀ ਮੰਚ ਦੇ ਆਗੂ ਪਾਵਰ ਪਲਾਂਟ ਪਹੁੰਚ ਗਏ ਸੀ ਪਰ ਬਿਨਾਂ ਕਿਸੇ ਨੂੰ ਇਤਲਾਹ ਕੀਤਿਆਂ ਟਰਾਇਲ ਰੱਦ ਕਰ ਦਿੱਤਾ ਗਿਆ ਸੀ ਕਿ ਪਾਵਰ ਪਲਾਂਟ ਕੋਲ ਟਰਾਇਲ ਲੈਣ ਜੋਗਾ ਵੀ ਬਾਲਣ ਨਹੀਂ ਹੈ। ਇਸ ਉੱਤੇ ਮੰਚ ਦੇ ਆਗੂਆਂ ਨੇ ਤਿੱਖਾ ਇਤਰਾਜ਼ ਕੀਤਾ ਸੀ। ਜਸਬੀਰ ਦੀਪ ਨੇ ਮੰਗ ਕੀਤੀ ਕਿ ਪਾਵਰ ਪਲਾਂਟ ਨੂੰ ਫੁੱਲ ਪਾਵਰ ਉੱਤੇ ਚਲਾਉਣ ਬਾਰੇ ਮਿਤੀ ਅਤੇ ਸਮੇਂ ਬਾਰੇ ਸ਼ਹਿਰ ਵਾਸੀਆਂ ਨੂੰ ਅਗਾਊਂ ਸੂਚਿਤ ਕੀਤਾ ਜਾਵੇ ਤਾਂ ਕਿ ਉਹ ਅਸਲੀਅਤ ਜਾਣ ਸਕਣ। ਉਹਨਾਂ ਕਿਹਾ ਕਿ ਕੋ-ਜੈਨਰੇਸ਼ਨ ਪਾਵਰ ਪਲਾਂਟ ਵਿਚੋਂ ਨਿਕਲਣ ਵਾਲੀ ਜਜ਼ਹਿਰੀਲੀ ਸੁਆਹ ਦਾ ਸੰਤਾਪ ਮਿੱਲ ਦੇ ਪਿਛਲੇ ਸੀਜ਼ਨ ਵਿਚ ਸ਼ਹਿਰ ਵਾਸੀ ਵੱਡੀ ਪੱਧਰ ਉੱਤੇ ਝੱਲ ਚੁੱਕੇ ਹਨ। ਜੇਕਰ ਪ੍ਰਸ਼ਾਸਨ ਨੇ ਇਸ ਵਾਰ ਵੀ ਇਸ ਸੁਆਹ ਦਾ ਸਥਾਈ ਹੱਲ ਨਾ ਕੀਤਾ ਤਾਂ ਪ੍ਰਸ਼ਾਸਨ ਨੂੰ ਸ਼ਹਿਰ ਵਾਸੀਆਂ ਦੇ ਗੁੱਸੇ ਦਾ ਵੱਡੀ ਪੱਧਰ ਉੱਤੇ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਮੰਚ ਦੇ ਟੈਕਨੀਕਲ ਅਡਵਾਈਜ਼ਰ ਅਸ਼ਵਨੀ ਜੋਸ਼ੀ, ਸਤੀਸ਼ ਕੁਮਾਰ, ਪਰਦੀਪ ਕੁਮਾਰ ਚਾਂਦਲਾਂ, ਮੁਕੰਦ ਲਾਲ ਅਤੇ ਜਰਨੈਲ ਸਿੰਘ ਖਾਲਸਾ ਵੀ ਮੌਜੂਦ ਸਨ।

## ਪ੍ਰਵਾਸੀ ਪੰਜਾਬੀ ਨੇ ਖਿਡਾਰੀਆਂ ਨੂੰ ਟਰੈਕ ਸੂਟ ਤੇ ਜਰਸੀਆਂ ਵੰਡੀਆਂ




**ਅੱਡਾ ਸਰਾਂ , (ਕਾਜਲ)**-ਸਰਕਾਰੀ ਹਾਈ ਸਕੂਲ ਦੇਹਰੀਵਾਲ ਵਿਖੇ ਹਰਦੀਪ ਸਿੰਘ ਬੀਰਮਪੁਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚਲਾਏ ਜਾ ਰਹੇ ਵੇਟਲਿਫਟਿੰਗ ਸੈਂਟਰ ਦੇ ਖਿਡਾਰੀਆਂ ਨੂੰ ਪ੍ਰਵਾਸੀ ਪੰਜਾਬੀ ਖੇਡ ਪ੍ਰਮੋਟਰ ਵਿਜੇ ਠੇਠਰ ਨੇ ਟਰੈਕ ਸੂਟ ਅਤੇ ਜਰਸੀਆਂ ਭੇਟ ਕੀਤੀਆਂ। ਸੈਂਟਰ ਵਿਚ ਸਕੂਲ ਮੁਖੀ ਜਤਿੰਦਰ ਪਾਲ ਸਿੰਘ ਅਤੇ ਕੋਚ ਬਲਜਿੰਦਰ ਸਿੰਘ ਭਿੰਡਰ ਦੀ ਦੇਖ-ਰੇਖ ਵਿਚ ਹੋਏ ਸਮਾਗਮ ਦੌਰਾਨ ਮੁੱਖ ਮਹਿਮਾਨ ਵਿਜੇ ਠੇਠਰ ਅਤੇ ਉਨ੍ਹਾਂ ਦੇ ਭਰਾ ਪਰਮਿੰਦਰ ਠੇਠਰ ਨੇ ਆਪਣੇ ਪਿਤਾ ਅਰਜੁਨ ਦਾਸ ਦੀ ਯਾਦ ਵਿਚ ਬੱਚਿਆਂ ਨੂੰ ਖੇਡ ਕਿੱਟਾਂ ਭੇਟ ਕਰਦੇ ਹੋਏ ਵੇਟਲਿਫਟਿੰਗ ਵਿਚ ਪਿੰਡ ਦਾ ਨਾਮ ਪੰਜਾਬ ਵਿਚ ਰੋਸ਼ਨ ਕਰ ਰਹੇ ਸਾਰੇ ਪ੍ਰਬੰਧਕਾਂ ਤੇ ਖਿਡਾਰੀਆਂ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿਚ ਇਹ ਮਦਦ ਜਾਰੀ ਰੱਖਣ ਦਾ ਭਰੋਸਾ ਦਿੱਤਾ। ਇਸ ਮੌਕੇ ਸਰਪੰਚ ਹਰਦਿਆਲ ਸਿੰਘ ਨੇ ਠੇਠਰ ਭਰਾਵਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਕੁਲਵਿੰਦਰ ਸਿੰਘ, ਨੰਬਰਦਾਰ ਉਂਕਾਰ ਸਿੰਘ, ਮਨੀ ਦੇਹਰੀਵਾਲ, ਸਤਨਾਮ ਸਿੰਘ, ਐੱਸ. ਪੀ. ਦੇਹਰੀਵਾਲ, ਉਪਕਾਰ ਸਿੰਘ, ਡਾ. ਦਵਿੰਦਰ ਸਿੰਘ, ਡਾ. ਦੀਦਾਰ ਸਿੰਘ, ਹਰਪ੍ਰੀਤ ਕੌਰ, ਮਨੀ ਦੇਹਰੀਵਾਲ, ਸਰਬਜੋਤ ਸੰਧੂ, ਗੁਰਬਿੰਦਰ ਪੰਨੂ, ਦਲਜੀਤ ਸਿੰਘ, ਲੈਕ. ਹਰਚਰਨ ਸਿੰਘ, ਗੁਰਦੀਪ ਸਿੰਘ, ਬਲਦੇਵ ਸਿੰਘ, ਅੰਮ੍ਰਿਤਪਾਲ ਸਿੰਘ, ਨਵਦੀਪ ਸਿੰਘ, ਰਿੰਕੂ, ਮਨਦੀਪ ਲਿੱਤਰ, ਸਨੀ, ਕੁਲਵਿੰਦਰ ਸਿੰਘ ਆਦਿ ਮੌਜੂਦ ਸਨ।

## ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਔਰਤ ਨੂੰ ਕੀਤਾ ਗ੍ਰਿਫਤਾਰ



**ਗੁਰਾਇਆ (ਬਿੰਦਰ ਸੁੰਮਨ)**: ਥਾਣਾ ਗੁਰਾਇਆ ਦੀ ਪੁਲਸ ਨੇ ਅੰਨੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਕਤਲ ਨੂੰ ਅੰਜਾਮ ਦੇਣ ਵਾਲੀ ਇੱਕ ਔਰਤ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ??ਡੀ.ਐਸ.ਪੀ ਫਿਲੌਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਦਿਲਬਾਗ ਕਾਲੋਨੀ ਗੁਰਾਇਆ ਦੇ ਰਹਿਣ ਵਾਲੇ ਵਿਦਿਆ ਸਾਗਰ ਪੁੱਤਰ ਰਾਮ ਕਿਸ਼ੋਰ ਨੇ ਦੱਸਿਆ ਕਿ ਉਸ ਦਾ ਸਾਲਾ ਹਰੀਸ਼ ਚੰਦ ਉਮਰ ਕਰੀਬ 35 ਸਾਲ ਪੁੱਤਰ ਰਾਮ ਪਿਆਰੇ ਵਾਸੀ ਬੈਕ ਸਾਈਡ ਦਿਲਬਾਗ ਕਲੋਨੀ ਗੁਰਾਇਆ, ਥਾਣਾ ਗੁਰਾਇਆ ਦਾ ਰਹਿਣ ਵਾਲਾ ਹੈ, ਜੋ ਉਸ ਦੇ ਘਰ ਦੇ ਨੇੜੇ ਹੀ ਕਿਰਾਏ ਦੇ ਮਕਾਨ ਵਿੱਚ ਰਹਿੰਦਾ ਹੈ ਜੋ ਮਿਤੀ 08-11-2023 ਨੂੰ ਰਾਤ ਦੇ 11 ਵਜੇ ਦੇ ਕਰੀਬ ਆਪਣੇ ਘਰ ਤੋਂ ਗੁੰਮ ਹੋ ਗਿਆ ਸੀ ਜਿਸ ਦੀ ਉਨ੍ਹਾਂ ਮਿਤੀ 10-11-2023 ਥਾਣਾ ਗੁਰਾਇਆ ਵਿਖੇ ਗੁੰਮਸ਼ੁਦਗੀ ਰਿਪੋਰਟ ਲਿਖਵਾ ਦਿੱਤੀ ਸੀ ਅਤੇ ਸਾਰੇ ਰਿਸ਼ਤੇਦਾਰਾਂ ਨੂੰ ਨਾਲ ਲੈ ਕੇ ਜਦ ਉਸ ਦੀ ਭਾਲ ਕੀਤੀ ਤਾਂ ਦਿਲਬਾਗ ਕਲੋਨੀ ਗੁਰਾਇਆ ਵਿਖੇ ਖੇਤਾਂ ਵਿੱਚ ਪਈ ਪਰਾਲੀ ਦੇ ਢੇਰ ਵਿੱਚੋਂ ਬਦਬੂ ਆਈ ਤਾਂ ਉਨ੍ਹਾਂ ਪਰਾਲੀ ਕੋਲ ਜਾ ਕੇ ਪਰਾਲੀ ਨੂੰ ਪਰੇ ਹਟਾ ਕੇ ਵੇਖਿਆ ਤਾਂ ਉਸ ਦੇ ਸਾਲੇ ਹਰੀਸ਼ ਚੰਦ ਦੀ ਗਲੀ ਸੜੀ ਲਾਸ਼ ਪਰਾਲੀ ਵਿੱਚ ਲੁਕਾ ਛੁਪਾ ਕੇ ਰੱਖੀ ਮਿਲੀ। ਜਿਸ 'ਤੇ ਥਾਣਾ ਗੁਰਾਇਆ ਦੇ ਐਸ.ਐਚ.ਓ ਇੰਸਪੈਕਟਰ ਸੁਖਦੇਵ ਸਿੰਘ ਨੇ ਮੁਕੱਦਮਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਦੀ। ਤਫਤੀਸ਼ ਦੌਰਾਨ ਵਿਦਿਆ ਸਾਗਰ ਨੇ ਆਪਣਾ ਬਿਆਨਾਂ 'ਚ ਪੁਲਸ ਨੂੰ ਦੱਸਿਆ ਸੀ ਕਿ ਉਸ ਦੇ ਸਾਲੇ ਹਰੀਸ਼ ਚੰਦ ਦੇ ਰੁਪਿੰਦਰ ਉਰਫ ਕਾਟੋ ਪਤਨੀ ਮਹੇਸ਼ ਵਰਮਾ ਵਾਸੀ ਦਿਲਬਾਗ ਕਲੋਨੀ ਗੁਰਾਇਆ, ਥਾਣਾ ਗਰਾਇਆ ਜ਼ਿਲ੍ਹ ਜਲੰਧਰ ਦੇ ਨਾਲ ਨਜਾਇਜ਼ ਸੰਬੰਧ ਰਹੇ ਸਨ। ਜੋ ਰੁਪਿੰਦਰ ਉਰਫ ਕਾਟੋ ਕਰੀਬ 6 ਮਹੀਨਿਆਂ ਤੋਂ ਉਸ ਦੇ ਸਾਲੇ ਹਰੀਸ਼ ਚੰਦ ਨਾਲ ਨਫਰਤ ਕਰਨ ਲੱਗ ਪਈ ਸੀ। ਪਰ ਹਰੀਸ਼ ਚੰਦ ਰੁਪਿੰਦਰ ਉਰਫ ਕਾਟੋ ਨੂੰ ਰਸਤੇ 'ਚ ਰੋਕ ਕੇ ਧੱਕੇ ਨਾਲ ਬੁਲਾਉਂਦਾ ਸੀ। ਜਦੋਂ ਰੁਪਿੰਦਰ ਉਸ ਨਾਲ ਨਹੀਂ ਬੋਲਦੀ ਸੀ ਤਾਂ ਹਰੀਸ਼ ਚੰਦ ਨੇ ਗੁੱਸੇ 'ਚ ਆ ਕੇ ਦੋ ਤਿੰਨ ਵਾਰ ਰੁਪਿੰਦਰ ਦੀ ਕੁੱਟਮਾਰ ਵੀ ਕੀਤੀ ਸੀ। ਰੁਪਿੰਦਰ ਉਰਫ ਕਾਟੋ ਦਾ ਘਰਵਾਲਾ ਸ਼ਰਾਬੀ ਕਿਸਮ ਦਾ ਵਿਅਕਤੀ ਹੈ। ਰੁਪਿੰਦਰ ਨੇ ਆਪਣੀ ਦੋਸਤੀ ਸੰਜੀਤ ਕੁਮਾਰ ਪੁੱਤਰ ਹੀਰਾ ਲਾਲ ਵਰਮਾ ਵਾਸੀ ਕੇਸ਼ਵਪੁਰ ਨੇੜੇ ਬੜਗਾਓ ਜ਼ਿਲ੍ਹ ਸੁਲਤਾਨਪੁਰ (ਯੂ.ਪੀ) ਨਾਲ ਕਰ ਲਈ ਸੀ। ਰੁਪਿੰਦਰ ਨੇ ਆਪਣੇ ਨਵੇ ਆਸ਼ਕ ਸੰਜੀਤ ਕੁਮਾਰ ਨਾਲ ਸਾਜਿਸ਼ ਤਹਿਤ ਹਰੀਸ਼ ਚੰਦ ਨੂੰ ਆਪਣੇ ਰਸਤੇ ਵਿੱਚੋਂ ਸਦਾ ਲਈ ਹਟਾਉਣ ਲਈ ਉਸ ਦਾ ਕਤਲ ਕਰਨ ਦੀ ਨੀਅਤ ਨਾਲ ਮਿਤੀ 08-11-2023 ਦੀ ਰਾਤ ਸਮੇਂ ਆਪਣੇ ਘਰ ਦੇ ਨਾਲ ਲੱਗਦੇ ਝਲਮਣ ਸਿੰਘ ਪੁੱਤਰ ਚੈਂਚਲ ਸਿੰਘ ਦੇ ਖੇਤਾਂ ਵਿੱਚ ਬੁਲਾ ਲਿਆ ਜਿੱਥੇ ਪਹਿਲਾਂ ਹੀ ਤਿਆਰ ਖੜ੍ਹੇ ਸੰਜੀਤ ਕੁਮਾਰ, ਸੰਨੀ ਪਟੇਲ ਪੁੱਤਰ ਰਾਮ ਕੁਮਾਰ ਵਾਸੀ ਮਕਾਨ ਨੰਬਰ 82, ਗਲੀ ਨੰਬਰ 03, ਢੁਪਈ ਰੋਡ ਕੋਟ ਖਾਲਸਾ ਰਾਮ ਐਵੀਨਿਊ ਅੰਮ੍ਰਿਤਸਰ ਜੋ ਰੁਪਿੰਦਰ ਉਰਫ ਕਾਟੋ ਦੀ ਸਕੀ ਮਾਸੀ ਦਾ ਲੜਕਾ ਹੈ ਅਤੇ ਸੰਜੀਤ ਜੋ ਸੰਨੀ ਦੇ ਤਾਏ ਦਾ ਲੜਕਾ ਹੈ ਅਤੇ ਵਿਨੋਦ ਕੁਮਾਰ ਪੁੱਤਰ ਅਮਰ ਨਾਥ ਵਾਸੀ ਪਿੰਡ ਨਿਊਡੀਆ ਥਾਣਾ ਅੰਤੂ ਜ਼ਿਲ੍ਹ ਪ੍ਰਤਾਪਗੜ੍ਹ (ਯੂ.ਪੀ) ਜੋ ਸੰਨੀ ਦੀ ਭੂਆ ਦਾ ਲੜਕਾ ਹੈ ਅਤੇ ਇੱਕ ਇਨ੍ਹਾਂ ਨਾਲ ਹੋਰ ਅਣਪਛਾਤਾ ਨੌਜਵਾਨ ਸੀ। ਜਿਨ੍ਹਾਂ ਨੇ ਖੇਤ ਵਿੱਚ ਹਰੀਸ਼ ਚੰਦ ਦੇ ਗਲੇ ਵਿੱਚ ਕੱਪੜੇ ਨਾਲ ਉਸ ਦਾ ਗਲਾ ਘੁੱਟ ਕੇ ਉਸ ਨੂੰ ਮੌਕੇ 'ਤੇ ਹੀ ਮੌਤ ਦੇ ਘਾਟ ਉਤਾਰ ਕੇ ਉਸ ਦੀ ਲਾਸ਼ ਖੁਰਦ ਬੁਰਦ ਕਰਨ ਲਈ ਅਤੇ ਸਬੂਤ ਮਿਟਾਉਣ ਲਈ ਪਰਾਲੀ ਦੇ ਢੇਰ ਹੇਠਾ ਲੁਕਾ ਛਿਪਾ ਕੇ ਰੱਖ ਦਿੱਤੀ ਸੀ। ??ਤਫਤੀਸ਼ ਦੌਰਾਨ ਮਿਤੀ 23-11-2023 ਨੂੰ ਥਾਣਾ ਗੁਰਾਇਆ ਦੀ ਪੁਲਸ ਨੇ ਇਸ ਮਾਮਲੇ 'ਚ ਰੁਪਿੰਦਰ ਉਰਫ ਕਾਟੋ ਪਤਨੀ ਮਹੇਸ਼ ਵਰਮਾ ਨੂੰ ਗ੍ਰਿਫਤਾਰ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਹੈ, ਤਾਂ ਜੋ ਉਸ ਪਾਸੋਂ ਹੋਰ ਪੁੱਛ ਗਿੱਛ ਕੀਤੀ ਜਾ ਸਕੇ ਅਤੇ ਇਸ ਦੇ ਹੋਰ ਸਾਥੀਆ ਦੇ ਬਾਰੇ ਵੀ ਪਤਾ ਲਗਾਇਆ ਜਾ ਸਕੇ।

## ਖੇਤੀਬਾੜੀ ਅਧਿਕਾਰੀਆਂ ਵੱਲੋਂ ਯੂਰੀਆ ਦੇ ਅਣ-ਅਧਿਕਾਰਤ ਤੌਰ 'ਤੇ ਸਟੋਰ ਕੀਤੇ 235 ਬੈਗ ਬਰਾਮਦ

**ਮੋਹਾਲੀ (ਗੁਰਜੀਤ ਬਿੱਲਾ)** ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਐਸ ਏ ਐਸ ਨਗਰ ਵੱਲੋਂ ਕੁਰਾਲੀ ਨੇੜੇ 235 ਥੈਲੇ (45 ਕਿਲੋਗ੍ਰਾਮ ਹਰੇਕ) ਯੂਰੀਆ ਅਣ-ਅਧਿਕਾਰਿਤ ਤੌਰ 'ਤੇ ਸਟੋਰ ਕੀਤਾ ਬਰਾਮਦ ਕੀਤਾ ਗਿਆ। ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਪਿੰਡ ਚਟੋਲੀ ਦੇ ਕਿਸਾਨਾਂ ਦੁਆਰਾ ਬਲਾਕ ਮਾਜਰੀ ਦੇ ਵਿਭਾਗ ਨਾਲ ਸਬੰਧਤ ਖਾਦ ਇੰਸਪੈਕਟਰ ਗੁਰਪ੍ਰੀਤ ਸਿੰਘ ਏ.ਡੀ.ਓ. ਨੂੰ ਫੋਨ 'ਤੇ ਸੂਚਨਾ ਦਿੱਤੀ ਗਈ ਕਿ ਇੱਕ ਪਲਾਈਵੁੱਡ ਇੰਡਸਟਰੀ ਦੁਆਰਾ ਪਿੰਡ ਚਟੋਲੀ ਦੇ ਕਿਸਾਨ ਦੀ ਮੋਟਰ ਦੇ ਨਾਲ ਲੱਗਦੇ ਕਮਰਿਆ ਵਿੱਚ ਅਣ-ਅਧਿਕਾਰਤ ਤਰੀਕੇ ਨਾਲ ਯੂਰੀਆ ਸਟਾਕ ਕੀਤਾ ਗਿਆ ਹੈ। ਇਸ ਸੂਚਨਾ 'ਤੇ ਕਾਰਵਾਈ ਕਰਦਿਆ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਦੀ ਅਗਵਾਈ ਹੇਠ ਬਣੀ ਟੀਮ ਵੱਲੋਂ ਪੁਲਸ ਪਾਰਟੀ ਨਾਲ ਮੌਕਾ ਦੇਖਿਆ ਗਿਆ ਅਤੇ ਪਾਇਆ ਗਿਆ ਕਿ ਖੇਤੀਬਾੜੀ ਦੀ ਵਰਤੋਂ ਵਾਲਾ ਯੂਰੀਆ ਜੋ ਕਿ ਤਕਰੀਬਨ 235 ਬੈਗ ਸੀ, ਅਣ-ਅਧਿਕਾਰਿਕ ਤਰੀਕੇ ਨਾਲ ਕਮਰੇ 'ਚ ਸਟੋਰ ਕੀਤਾ ਗਿਆ ਸੀ। ਇਸ ਸੰਬੰਧੀ ਮੌਕੇ 'ਤੇ ਪਿਆ ਯੂਰੀਆ ਦਾ ਸਟਾਕ ਥਾਣਾ ਸਦਰ, ਕੁਰਾਲੀ ਵੱਲੋਂ ਜ਼ਬਤ ਕਰ ਲਿਆ ਗਿਆ ਹੈ ਅਤੇ ਖੇਤੀਬਾੜੀ ਵਿਭਾਗ ਵੱਲੋ ਖਾਦ ਦੀ ਜਾਂਚ ਲਈ ਨਮੂਨੇ ਵੀ ਇੱਕਤਰ ਕੀਤੇ ਗਏ। ਇਹ ਯੂਰੀਆ ਖਾਦ ਚੰਬਲ ਫਰਟੀਲਾਈਜ਼ਰ ਵੱਲੋਂ ਤਿਆਰ ਕੀਤੀ ਗਈ ਸੀ, ਜਿਸਦੀ ਆਮਦ ਸੰਬੰਧੀ ਮਹਿਕਮੇ ਵੱਲੋ ਜਾਂਚ ਕੀਤੀ ਜਾ ਰਹੀ ਹੈ। ਮੁੱਖ ਖੇਤੀਬਾੜੀ ਅਫ਼ਸਰ ਅਨੁਸਾਰ ਇਨ੍ਹਾਂ ਥੈਲਿਆਂ 'ਤੇ ਸਪੱਸ਼ਟ ਤੌਰ 'ਤੇ ਕੇਵਲ ਖੇਤੀਬਾੜੀ ਵਰਤੋਂ ਲਈ ਹੀ ਲਿਖਿਆ ਹੋਣ ਕਾਰਨ, ਇਸ ਯੂਰੀਏ ਦੀ ਵਪਾਰਕ ਵਰਤੋਂ ਦੀ ਸ਼ੰਕਾ ਨੂੰ ਲੈ ਕੇ ਫਰਟੀਲਾਈਜ਼ਰ ਕੰਟਰੋਲ ਐਕਟ ਦੀ ਧਾਰਾ 27 ਅਧੀਨ 'ਡਾਇਵਰਜ਼ਨ ਆਫ਼ ਯੂਰੀਆ' ਨੂੰ ਆਧਾਰ ਬਣਾ ਕੇ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ ਪੁਲਿਸ ਨੂੰ ਵੀ ਅਜਿਹਾ ਕਰਕੇ ਸਬੰਧਤ ਵਿਅਕਤੀ ਖਿਲਾਫ਼ ਕਿਸਾਨਾਂ ਨਾਲ ਧੋਖਾਧੜੀ ਕਰਨ ਦੀ ਸ਼ਿਕਾਇਤ ਦਰਜ ਕਰਵਾਈ ਗਈ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਜ਼ਿਲ੍ਹੇ ਦੇ ਸਮੂਹ ਸਟਾਫ਼ ਨੂੰ ਦਿਸ਼ਾ- ਨਿਰਦੇਸ਼ ਦਿੱਤੇ ਗਏ ਹਨ ਕਿ ਆਪਣੇ ਅਧੀਨ ਆਉਦੇ ਖਾਦ ਵਿਕਰੇਤਾਵਾਂ ਦੇ ਯੂਰੀਏ ਦੇ ਸਟਾਕ ਅਤੇ ਸੇਲ ਸੰਬੰਧੀ ਨਿਰੰਤਰ ਚੈਕਿੰਗ ਕੀਤੀ ਜਾਵੇ ਅਤੇ ਰੋਜ਼ਾਨਾ ਰਿਪੋਰਟਿੰਗ ਕੀਤੀ ਜਾਵੇ। ਇਸ ਮੌਕੇ ਖੇਤੀਬਾੜੀ ਵਿਭਾਗ ਦੀ ਟੀਮ ਵੱਲੋ ਖੇਤੀਬਾੜੀ ਅਫ਼ਸਰ ਸ਼ੁਭਕਰਨ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਜਸਵਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਹਾਜ਼ਰ ਸਨ।

## ਅੱਜ 'ਬਾਣੀ ਬਾਬੇ ਨਾਨਕ ਦੀ' ਨਾਲ ਗਾਇਕਾ ਟੀਨਾ ਸਿੰਘ ਲਗਵਾਏਗੀ ਹਾਜ਼ਰੀ





**ਕਾਲਾ ਸੰਘਿਆਂ (ਮਨਜੀਤ ਮਾਨ)**: ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਗੀਤ ਬਾਣੀ ਬਾਬੇ ਨਾਨਕ ਦੀ ਜਿਸ ਨੂੰ ਬਹੁਤ ਹੀ ਮਿੱਠੀ ਤੇ ਸੁਰੀਲੀ ਆਵਾਜ਼ ਵਿੱਚ ਗਾਇਕਾ ਟੀਨਾ ਸਿੰਘ ਨੇ ਗਾਇਆ ਹੈ ਤੇ ਇਸ ਨੂੰ ਬਹੁਤ ਹੀ ਵਧੀਆ ਢੰਗ ਨਾਲ ਲਿਖਿਆ ਹੈ ਗੀਤਕਾਰ ਸ਼ਿੰਦਾ ਕਾਲਾ ਸੰਘਿਆ ਨੇ ਤੇ ਉਨ੍ਹਾਂ ਵਲੋਂ ਹੀ ਇਸ ਧਾਰਮਿਕ ਗੀਤ ਨੂੰ ਸੋਸ਼ਲ ਸਾਈਟਾਂ ਦੇ ਜ਼ਰੀਏ ਵਰਲਡ ਵਾਈਡ ਰਿਲੀਜ਼ ਕੀਤਾ ਗਿਆ ਹੈ। ਬਾਬੇ ਨਾਨਕ ਦੀ ਤਾਂ ਬਾਣੀ, ਪੜ੍ਹ ਪੜ੍ਹ ਲੱਖਾਂ ਤਰੇ ਪ੍ਰਾਣੀ ਇਸ ਧਾਰਮਿਕ ਗੀਤ ਨੂੰ ਕਲਮਬੱਧ ਕਰਨ ਵਾਲੇ ਗੀਤਕਾਰ ਤੇ ਪੇਸ਼ਕਾਰ ਸ਼ਿੰਦਾ ਕਾਲਾ ਸੰਘਿਆ ਨੇ ਦੱਸਿਆ ਕਿ ਭਾਗ ਫਿਲਮ ਪ੍ਰੋਡਕਸ਼ਨ ਅਤੇ ਨਿਰਮਾਤਾ ਸੀਟੂ ਬਾਈ ਦੀ ਪੇਸ਼ਕਸ਼ ਹੇਠ ਚੈਨਲ ਡੀ ਡੀ ਪੰਜਾਬੀ ਤੇ ਪ੍ਰਸਾਰਿਤ ਹੋਣ ਵਾਲੇ ਹਫਤਾਵਾਰੀ ਪ੍ਰੋਗ੍ਰਾਮ ਡਗਾ ਢੋਲ ਤੇ ਵਿੱਚ 28 ਨਵੰਬਰ ਨੂੰ ਰਾਤ 8.00 ਵਜੇ ਤੋਂ 8.30 ਵਜੇ ਤੱਕ ਪ੍ਰਸਾਰਿਤ ਹੋ ਰਹੇ ਪ੍ਰੋਗਰਾਮ ਵਿੱਚ ਧਾਰਮਿਕ ਗੀਤ ਬਾਣੀ ਬਾਬੇ ਨਾਨਕ ਦੀ ਨਾਲ ਪ੍ਰਸਿੱਧ ਗਾਇਕਾ ਟੀਨਾ ਸਿੰਘ ਆਪਣੀ ਹਾਜ਼ਰੀ ਲਗਾਵੇਗੀ। ਅੱਗੇ ਦੱਸਿਆ ਕਿ ਸਤਿਕਾਰਯੋਗ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਅਸ਼ੀਰਵਾਦ ਨਾਲ ਇਸ ਗੀਤ ਦੀ ਵੀਡੀਓ ਦਾ ਫਿਲਮਾਂਕਣ ਗੁਰਦੁਆਰਾ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕੀਤਾ ਗਿਆ ਹੈ ਤੇ ਇਸ ਗੀਤ ਦਾ ਸੰਗੀਤ ਬਲੈਕ ਪੇਨ ਦੀ ਟੀਮ ਵਲੋਂ ਤਿਆਰ ਕੀਤਾ ਗਿਆ ਹੈ। ਅਡੀਟਰ ਅਤੇ ਨਿਰਦੇਸ਼ਕ ਕੁਲਦੀਪ ਸਿੰਘ ਵਲੋਂ ਵੀਡੀਓਗ੍ਰਾਫੀ ਕੀਤੀ ਗਈ ਹੈ ਅਤੇ ਕੈਮਰਾਮੈਨ ਰੋਹਿਤ ਅੰਗੂਰਾਲ ਤੋਂ ਇਲਾਵਾ ਹਰਬੰਸ ਕੌਰ, ਬਲਜੀਤ ਸਿੰਘ ਪੁਰੇਵਾਲ ਅਤੇ ਕਰਨ ਸੰਘਾ ਆਦਿ ਦਾ ਇਸ ਵੀਡੀਓ ਗੀਤ ਨੂੰ ਤਿਆਰ ਕਰਨ ਵਿੱਚ ਪੂਰਨ ਸਹਿਯੋਗ ਹੈ।

## ਏ ਡੀ ਸੀ ਨੇ ਵਿਕਸਤ ਭਾਰਤ ਸੰਕਲਪ ਯਾਤਰਾ ਨੂੰ ਝੰਡੀ ਦਿਖਾ ਕੇ ਕੀਤਾ ਰਵਾਨਾ



**ਹੁਸ਼ਿਆਰਪੁਰ, (ਓ ਪੀ ਰਾਣਾ )**-ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਸਮੱਗਰੀ ਲੈ ਕੇ ਜਾਣ ਵਾਲੀ ਵਿਕਸਿਤ ਭਾਰਤ ਸੰਕਲਪ ਯਾਤਰਾ ਵੈਨ ਨੂੰ ਅੱਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਲਰਾਜ ਸਿੰਘ ਨੇ ਬੀ.ਡੀ.ਪੀ.ਓ ਹੁਸ਼ਿਆਰਪੁਰ-1 ਦਫਤਰ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਇਸ ਦੌਰਾਨ ਉਨ੍ਹਾਂ ਨਾਲ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਫੀਲਡ ਪਬਲੀਸਿਟੀ ਅਫਸਰ ਰਾਜੇਸ਼ ਬਾਲੀ, ਡੀ.ਡੀ.ਪੀ.ਓ ਭੁਪਿੰਦਰ ਸਿੰਘ ਮੁਲਤਾਨੀ, ਬੀ.ਡੀ.ਪੀ.ਓ ਸੁਖਵਿੰਦਰ ਸਿੰਘ ਵੀ ਹਾਜ਼ਰ ਸਨ। ਏ.ਡੀ.ਸੀ ਨੇ ਦੱਸਿਆ ਕਿ ਵੈਨ ਵਿਚ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਪੈਂਫਲੈਟ, ਕਿਤਾਬਚੇ ਆਦਿ ਜਾਣਕਾਰੀ ਸਮੱਗਰੀ ਜ਼ਿਲ੍ਹਿਆਂ ਦੇ ਪੇਂਡੂ ਖੇਤਰਾਂ ਵਿਚ ਵੱਖ-ਵੱਖ ਥਾਵਾਂ 'ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਉਪਲਬੱਧ ਹੋਵੇਗੀ। ਇਸ ਦਾ ਉਦੇਸ਼ ਸਾਰੇ ਯੋਗ ਲਾਭਪਾਤਰੀਆਂ ਨੂੰ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਲਾਭ ਪ੍ਰਦਾਨ ਕਰਨਾ ਹੈ। ਇਹ ਵੈਨ ਪ੍ਰਧਾਨ ਮੰਤਰੀ ਦੇ ਸੰਬੋਧਨ ਦੇ ਵੀਡੀਓ, ਲਾਭਪਾਤਰੀਆਂ ਦੇ ਵੀਡੀਓ ਅਤੇ ਕੁਝ ਹੋਰ ਛੋਟੀਆਂ ਜਾਗਰੂਕਤਾ ਫਿਲਮਾਂ ਦਿਖਾਉਣ ਲਈ ਇਕ ਸਾਊਂਡ ਸਿਸਟਮ ਅਤੇ ਡਿਜੀਟਲ ਐਲ. ਈ. ਡੀ ਸਕਰੀਨ ਨਾਲ ਵੀ ਲੈਸ ਹੈ। ਏ.ਡੀ.ਸੀ ਬਲਰਾਜ ਸਿੰਘ ਨੇ ਕਿਹਾ ਕਿ ਜਿਨ੍ਹਾਂ ਲਾਭਪਾਤਰੀਆਂ ਨੇ ਕੁਝ ਥਾਵਾਂ 'ਤੇ ਆਪਣੇ ਨਾਮ ਦਰਜ ਕਰਵਾਏ ਹਨ, ਉਨ੍ਹਾਂ ਨੂੰ ਮੌਕੇ 'ਤੇ ਹੀ ਲਾਭ ਮੁਹੱਈਆ ਕਰਵਾਇਆ ਜਾਵੇਗਾ।

## ਗੁਰਦੁਆਰਾ ਪਰਮੇਸ਼ਵਰ ਭਵਨ ਤੇ ਮਾਊਂਟਵਿਊ ਸਕੂਲ 'ਚ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ



**ਹੁਸ਼ਿਆਰਪੁਰ, (ਓ ਪੀ ਰਾਣਾ )**-ਗੁਰਦੁਆਰਾ ਪਰਮੇਸ਼ਵਰ ਭਵਨ ਅਤੇ ਮਾਊਂਟਵਿਊ ਕੌਨਸੈਂਟ ਸਕੂਲ ਜਹਾਨ ਖੇਲਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾਪੂਰਵਕ ਮਨਾਇਆ ਗਿਆ। ਇਸ ਮੌਕੇ ਸਹਿਜ ਪਾਠ ਦੇ ਭੋਗ ਪਾਏ ਗਏ, ਉਪਰੰਤ ਭਾਈ ਮਨਪ੍ਰੀਤ ਸਿੰਘ ਸ਼ੇਰਪੁਰ ਵਾਲੇ ਅਤੇ ਭਾਈ ਗੁਰਮੁਖ ਸਿੰਘ ਹਰਿਆਣਾ ਵਾਲੇ ਹਜ਼ੂਰੀ ਰਾਗੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਅਤੇ ਬੱਚਿਆਂ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਵੱਲੋਂ ਹਰ ਸਾਲ ਭਾਈ ਲਾਲੋ ਜੀ ਦੀ ਯਾਦ ਵਿਚ ਦਿੱਤਾ ਜਾਂਦਾ ਭਾਈ ਲਾਲੋ ਜੀ ਐਵਾਰਡ ਇਸ ਵਾਰ ਸਮਾਜ ਦੇ ਉੱਘੇ ਸਨਅਤਕਾਰ ਗਿਆਨੀ ਅਮਰ ਸਿੰਘ ਦਸਮੇਸ਼ ਕੰਬਾਈਨ ਮਾਲੇਰਕੋਟਲਾ ਨੂੰ ਗੁਰੂ ਗ੍ਰੰਥ ਸਹਿਬ ਜੀ ਦੀ ਹਜ਼ੂਰੀ ਵਿਚ ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ, ਇੰਦਰਜੀਤ ਸਿੰਘ ਖੀਵਾ ਪੋਤਾ ਗਿਆਨੀ ਜ਼ੈਲ ਸਿੰਘ ਸਾਬਕਾ ਰਾਸ਼ਟਰਪਤੀ, ਸੰਜੀਵ ਤਲਵਾੜ ਚੇਅਰਮੈਨ ਪੰਜਾਬ ਯੂਥ ਡਿਵੈਲਪਮੈਂਟ, ਬਾਬਾ ਬਲਵੀਰ ਸਿੰਘ ਮੁਖੀ ਬਿਰਧ ਆਸ਼ਰਮ ਹਰਿਆਣਾ ਅਤੇ ਹੋਰਨਾਂ ਸ਼ਖਸੀਅਤਾਂ ਦੀ ਹਾਜਰੀ ਵਿੱਚ ਦਿੱਤਾ ਗਿਆ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਆਏ ਹੋਏ ਮੁੱਖ ਮਹਿਮਾਨਾਂ ਨੂੰ ਅਤੇ ਸਕੂਲ ਸਟਾਫ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਜਥੇਬੰਦੀਆਂ ਵੱਲੋਂ ਪ੍ਰਧਾਨ ਹਰਦੇਵ ਸਿੰਘ ਕੌਂਸਲ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸਤਵੰਤ ਸਿੰਘ ਸਿਆਣ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਚੇਅਰਮੈਨ ਦੀ ਹੁਸ਼ਿਆਰਪੁਰ ਸੈਂਟਰਲ ਕੋਆਪਰੇਟਿਵ ਬੈਂਕ ਵਿਕਰਮ ਸ਼ਰਮਾ, ਬਿੰਦੂ ਸਰਮਾ, ਪ੍ਰਧਾਨ ਹਰਦੇਵ ਸਿੰਘ ਕੌਂਸਲ, ਸੀਨੀਅਰ ਮੀਤ ਪ੍ਰਧਾਨ ਮਲਕੀਤ ਸਿੰਘ ਮਰਵਾਹਾ, ਜਸਵੰਤ ਸਿੰਘ ਭੋਗਲ, ਗੁਰਦੇਵ ਸਿੰਘ ਰਿਟਾਇਰਡ ਐਕਸੀਅਨ ਜਨਰਲ ਸਕੱਤਰ, ਅਮਰਜੀਤ ਸਿੰਘ ਆਸੀ ਚੇਅਰਮੈਨ ਪੰਜਾਬ, ਭਾਈ ਹਰਜੀਤ ਸਿੰਘ ਹਰਿਆਣਾ, ਡੀ ਪੀ ਆਰ ਓ ਹਰਦੇਵ ਸਿੰਘ ਆਸੀ, ਜਸਪਾਲ ਸਿੰਘ ਖੀਵਾ ਚੇਅਰਮੈਨ, ਮਨਜੀਤ ਸਿੰਘ ਕੌਸ਼ਲ, ਇੰਦਰਪਾਲ ਸਿੰਘ ਹਰਿਆਣਾ ਹਾਜ਼ਰ ਸਨ।

ਅਜਿਹਾ ਕਰਨਾ ਸ਼ਹੀਦ ਭਗਤ ਸਿੰਘ ਵੱਲੋਂ ਸਮਝੌਤਾ ਕਰਨ

ਅਜਿਹਾ ਕਰਨਾ ਸ਼ਹੀਦ ਭਗਤ ਸਿੰਘ ਵੱਲੋਂ ਸਮਝੌਤਾ ਕਰਨ ਸਮੇਂ ਲਿਖੀ ਗਈ ਲਿਖਤ ਬਿਲਕੁਲ ਢੁਕਵੀਂ ਹੈ, ਜਿਸ 'ਚ ਉਹਨਾਂ ਨੇ ਦੱਸਿਆ ਸੀ ਕਿ-

"ਜਿਸ ਗੱਲ ਨੂੰ ਸਪੱਸ਼ਟ ਕਰਨਾ ਚਾਹੁੰਦਾ ਹਾਂ, ਉਹ ਇਹ ਹੈ ਕਿ ਸਮਝੌਤਾ ਇੱਕ ਅਜਿਹਾ ਜ਼ਰੂਰੀ ਹਥਿਆਰ ਹੈ, ਜਿਸ ਨੂੰ ਜਿਵੇਂ-ਜਿਵੇਂ ਸੰਘਰਸ਼ ਵਿਕਸਤ ਹੁੰਦਾ ਹੈ, ਵਰਤਣਾ ਜ਼ਰੂਰੀ ਹੋ ਜਾਂਦਾ ਹੈ, ਪਰ ਜਿਸ ਗੱਲ ਦਾ ਧਿਆਨ ਹਮੇਸ਼ਾ ਰੱਖਣਾ ਹੁੰਦਾ ਹੈ, ਉਹ ਹੈ ਲਹਿਰ ਦੇ ਮੁੱਖ ਉਦੇਸ਼। ਸਾਨੂੰ ਉਹਨਾਂ ਉਦੇਸ਼ਾਂ ਬਾਰੇ, ਜਿਨ੍ਹਾਂ ਦੀ ਪ੍ਰਾਪਤੀ ਲਈ ਅਸੀਂ ਲੜਦੇ ਹਾਂ, ਸਾਫ ਦਿਮਾਗ ਹੋਣਾ ਚਾਹੀਦਾ ਹੈ। ਇਹ ਗੱਲ ਸਾਨੂੰ ਆਪਣੀਆਂ ਲਹਿਰਾਂ ਵੱਲੋਂ ਹਾਸਲ ਕੀਤੀਆਂ ਪ੍ਰਾਪਤੀਆਂ, ਸਫਲਤਾਵਾਂ ਅਤੇ ਅਸਫਲਤਾਵਾਂ ਅੰਗਣ ਵਿੱਚ ਸਾਡੀ ਮਦਦ ਕਰਦੀ ਹੈ ਅਤੇ ਅਗਲੇ ਪ੍ਰੋਗਰਾਮ ਤੈਅ ਕਰਨ ਅਤੇ ਘੜਨ ਵਿੱਚ ਵੀ ਸਹਾਈ ਹੁੰਦੀ ਹੈ। ਤੁਸੀਂ ਆਪਣੇ ਦੁਸ਼ਮਣ ਤੋਂ ਸੋਲਾਂ ਆਨੇ ਲੈਣ ਲਈ ਲੜ ਰਹੇ ਹੋ। ਤੁਹਾਨੂੰ ਇੱਕ ਆਨਾ ਮਿਲਦਾ ਹੈ। ਉਸ ਨੂੰ ਜੇਬ ਵਿੱਚ ਪਾਓ ਤੇ ਬਾਕੀ ਲਈ ਲੜਾਈ ਜਾਰੀ ਰੱਖੋ। ਨਰਮਦਲੀਆਂ ਵਿੱਚ ਜਿਸ ਗੱਲ ਦੀ ਘਾਟ ਅਸੀਂ ਦੇਖਦੇ ਹਾਂ, ਉਹ ਹੈ ਉਹਨਾਂ ਦੇ ਆਦਰਸ਼ ਦੀ। ਉਹ ਇੱਕ ਆਨੇ ਲਈ ਲੜਦੇ ਹਨ ਅਤੇ ਇਸ ਲਈ ਉਹਨਾਂ ਨੂੰ ਕੁੱਝ ਵੀ ਨਹੀਂ ਮਿਲ ਸਕਦਾ।"

ਇਸ ਤਰ੍ਹਾਂ ਐੱਸ ਕੇ ਐੱਮ ਦੀ ਲੀਡਰਸ਼ਿਪ ਨੇ ਅਨੇਕਾਂ ਹਕੂਮਤੀ ਚਾਲਾਂ ਦੇ ਬਾਵਜੂਦ ਇਹ ਨਾਹਰਾ ਠੋਸ ਹਾਲਤਾਂ ਦੇ ਪ੍ਰਸੰਗ ਵਿੱਚ ਬੁਲੰਦ ਕੀਤਾ ਕਿ "ਤਿੰਨ ਕਾਨੂੰਨ ਰੱਦ ਕਰਨ ਤੋਂ ਬਿਨਾਂ ਕੁੱਝ ਵੀ ਮਨਜ਼ੂਰ ਨਹੀਂ।"

ਇਸ ਇਤਿਹਾਸਕ ਕਿਸਾਨ ਅੰਦੋਲਨ ਦੌਰਾਨ ਸੰਯੁਕਤ ਕਿਸਾਨ ਮੋਰਚਾ ਦੀ ਲੀਡਰਸ਼ਿਪ ਮੋਦੀ ਹਕੂਮਤ ਦੀ ਅਸਲ ਮਨਸ਼ਾ ਨੂੰ ਸਮਝ ਗਈ ਸੀ ਕਿ ਖੇਤੀ ਵਿਰੋਧੀ ਕਾਲੇ ਕਾਨੂੰਨ ਕਿਸ ਦੇ ਹਿੱਤ ਲਈ ਅਤੇ ਕਿਸ ਦੇ ਉਜਾੜੇ ਲਈ ਅਤੇ ਕਿਉਂ ਲਿਆਂਦੇ ਗਏ ਹਨ।

## ਇੱਕ ਵਾਰ ਫੇਰ ਹਾਕਮਾਂ ਨੂੰ ਲਿਆਊ ਤ੍ਰੇਲੀਆਂ.... (ਸਫ਼ਾ 4 ਦੀ ਬਾਕੀ)

ਐੱਸ ਕੇ ਐੱਮ ਦੀ ਲੀਡਰਸ਼ਿਪ ਇਹਨਾਂ ਕਾਨੂੰਨਾਂ ਨੂੰ ਲਿਆਉਣ ਪਿੱਛੇ ਅਸਲੀ ਮਨਸ਼ਾ ਵੀ ਸਮਝ ਗਈ ਸੀ ਕਿ ਇਨ੍ਹਾਂ ਕਾਨੂੰਨਾਂ ਪਿੱਛੇ ਕੰਮ ਕਰਦੇ ਦੇਸੀ-ਬਦੇਸ਼ੀ ਬਹੁਕੌਮੀ ਦਿਉਕੱਦ ਕਾਰਪੋਰੇਟ ਘਰਾਣਿਆਂ ਦੇ ਹਿੱਤ ਕਿਵੇਂ ਕੰਮ ਕਰਦੇ ਹਨ। ਲੀਡਰਸ਼ਿਪ ਨੇ ਇਹ ਸੋਝੀ ਘੋਲਾਂ ਦੇ ਵਿਗਿਆਨਕ ਨਜ਼ਰੀਏ ਵਿੱਚੋਂ ਹੀ ਹਾਸਲ ਕੀਤੀ ਸੀ।

9 ਦਸੰਬਰ 2021 ਨੂੰ ਜੇਤੂ ਇਤਿਹਾਸਕ ਕਿਸਾਨ ਅੰਦੋਲਨ ਤੋਂ ਵਾਪਸ ਪਰਤਦੇ ਸਮੇਂ ਹੀ ਫਰਵਰੀ 2022 ਵਿੱਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਦਾ ਬਿਗਲ ਵੱਜ ਚੁੱਕਾ ਸੀ। 472 ਕਿਸਾਨ ਜਥੇਬੰਦੀਆਂ ਅਧਾਰਿਤ ਐੱਸ ਕੇ ਐੱਮ ਵਿੱਚ ਵੱਖੋ-ਵੱਖ ਵਿਚਾਰਾਂ ਦੀਆਂ ਕਿਸਾਨ ਜਥੇਬੰਦੀਆਂ ਕੰਮ ਕਰਦੀਆਂ ਹੋਣ ਕਰਕੇ, ਪੰਜਾਬ ਦੀਆਂ ਕੁੱਝ ਕਿਸਾਨ ਜਥੇਬੰਦੀਆਂ ਨੇ ਵੀ ਇਹਨਾਂ ਸੂਬਾਈ ਵਿਧਾਨ ਸਭਾਈ ਚੋਣਾਂ ਲੜਨ ਦੀ ਮਨਸ਼ਾ ਦਾ ਇਜ਼ਹਾਰ ਕਰ ਦਿੱਤਾ ਸੀ। ਇਹ ਨੁਕਤਾ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਅੰਦਰ ਤਿੱਖੀ ਬਹਿਸ-ਭੇੜ ਦਾ ਨੁਕਤਾ ਬਣਿਆ। ਕਿਉਂਕਿ ਇਹ ਬਹੁਤ ਜ਼ਿੰਮੇਵਾਰਾਨਾ ਢੰਗ ਨਾਲ ਉਸਾਰੀ ਗਈ ਅਸੂਲੀ ਏਕਤਾ ਨੂੰ ਢਾਹ ਲਾਉਣ ਵਾਲਾ ਸੀ। ਐੱਸ ਕੇ ਐੱਮ ਵਿੱਚ ਇੱਕ ਗੱਲ ਅਸੂਲੀ ਤੌਰ 'ਤੇ ਤਹਿ ਕੀਤੀ ਸੀ ਕਿ ਕਿਸਾਨ ਜਥੇਬੰਦੀ ਦੀ ਅਗਵਾਈ ਕਰਨ ਵਾਲਾ ਆਗੂ ਚੋਣਾਂ ਵਿੱਚ ਹਿੱਸਾ ਨਹੀਂ ਲੈ ਸਕਦਾ। ਅਜਿਹਾ ਹੋਣ ਨਾਲ ਅਸੂਲੀ ਏਕਤਾ ਖੇਰੂੰ-ਖੇਰੂੰ ਹੋਣ ਦੇ ਨਾਲ-ਨਾਲ, ਕਿਸਾਨ ਹਿੱਸਿਆਂ ਦੀ ਜਿੱਤਾਂ ਹਾਸਲ ਕਰਨ ਦੀ ਟੇਕ ਜਥੇਬੰਦਕ ਤਾਕਤ ਦੀ ਥਾਂ ਸਿਆਸੀ ਗਲਿਆਰਿਆਂ ਵੱਲ ਨੂੰ ਲੈ ਕੇ ਜਾਂਦੀ ਸੀ। ਜਿਸ ਸੋਝੀ ਨੂੰ ਦਹਾਕਿਆਂ ਦੀ ਸਖਤ ਘਾਲਣਾ ਤੋਂ ਬਾਅਦ ਹਾਸਲ ਕੀਤਾ ਸੀ। ਭਾਵੇਂ ਪੰਜਾਬ ਦੀਆਂ ਇੱਕਾ-ਦੁੱਕਾ ਕਿਸਾਨ ਜਥੇਬੰਦੀਆਂ ਸੰਯੁਕਤ ਸਮਾਜ ਮੋਰਚਾ ਦੇ ਬੈਨਰ ਹੇਠ ਚੋਣਾਂ ਦੇ ਮੈਦਾਨ ਵਿੱਚ ਕੁੱਦੀਆਂ, ਪਰ ਲੋਕਾਂ ਨੇ ਉਹ ਬੁਰੀ ਤਰ੍ਹਾਂ ਨਕਾਰ ਦਿੱਤੀਆਂ। ਅਖੀਰ ਸੰਘਰਸ਼ਾਂ ਦਾ ਪੱਲਾ ਫੜਨ ਲਈ ਹੀ ਮਜਬੂਰ ਹੋਈਆਂ। ਕਈ ਵਾਰ ਅਜਿਹੇ ਮੌਕੇ ਆਏ, ਜਦ ਐੱਸ ਕੇ ਐੱਮ ਦੀ ਜਥੇਬੰਦਕ ਹਾਲਤ ਨੂੰ ਗੰਭੀਰ ਖਤਰੇ ਤੱਕ ਦਾ ਸਾਹਮਣਾ ਕਰਨਾ ਪਿਆ।

ਐੱਸ ਕੇ ਐੱਮ ਦੀ ਲੀਡਰਸ਼ਿਪ ਨੂੰ ਤਿੰਨ ਕਿਸਮ ਦੇ ਗਲਤ ਰੁਝਾਨਾਂ ਦਾ ਸਾਹਮਣਾ ਕਰਨਾ ਪਿਆ। ਇੱਕ ਰੁਝਾਨ ਇਸ ਸਾਂਝੇ ਧਰਮ ਨਿਰਪੱਖ ਕਿਸਾਨ ਘੋਲ ਨੂੰ ਧਰਮ ਦੀਆਂ ਤੰਗ ਵਲਗਣਾਂ ਵਿੱਚ ਕੈਦ ਕਰਨਾ ਚਾਹੁੰਦਾ ਸੀ। ਦੂਜਾ ਝੁਕਾਅ ਇਸ ਸਾਂਝੇ ਕਿਸਾਨ ਘੋਲ ਦੀ ਦਿਸ਼ਾ ਨੂੰ ਚੋਣ ਸਿਆਸਤ ਦੇ ਅਖਾੜੇ ਵਿੱਚ ਤਬਦੀਲ ਕਰਕੇ ਕਿਸਾਨ ਕਾਫਲਿਆਂ ਦੀ ਟੇਕ ਸੰਘਰਸ਼ ਦੀ ਥਾਂ ਵੋਟ ਪ੍ਰਬੰਧ ਉੱਤੇ ਬਣਾਉਂਦਾ ਸੀ। ਇਸ ਕਿਸਾਨ ਮੋਰਚੇ ਵੱਲੋਂ ਤਿੰਨ ਕਾਲੇ ਕਾਨੂੰਨਾਂ ਦੀ ਵਾਪਸੀ ਵਾਲੀ ਅਹਿਮ ਮੰਗ ਨੂੰ ਮੱਧਮ ਕਰਨੀ ਚਾਹੁੰਦਾ ਸੀ ਅਤੇ ਕੇਂਦਰ ਹਕੂਮਤ ਨਾਲ ਸਾਂਝ-ਭਿਆਲੀ ਪਾ ਕੇ ਮੋਰਚੇ ਨੂੰ ਤਾਰਪੀਡੋ ਕਰਨ ਲਈ ਤਰਲੋਮੱਛੀ ਹੋ ਰਿਹਾ ਸੀ। ਅੱਜ ਵੀ ਅਜਿਹੇ ਰੁਝਾਨ ਮੌਜੂਦ ਹਨ, ਜਿਨ੍ਹਾਂ ਖ਼ਿਲਾਫ਼ ਪੂਰੀ ਸਮਝਦਾਰੀ ਨਾਲ ਚੌਕੰਨੇ ਹੋ ਕੇ ਕਿਸਾਨ ਮੋਰਚੇ ਨੂੰ ਅੱਗੇ ਵਧਾਉਣ ਦੀ ਲੋੜ ਹੈ।

ਇਸ ਲਈ ਐੱਸ ਕੇ ਐੱਮ ਦੀ ਲੀਡਰਸ਼ਿੱਪ ਨੂੰ ਦੋ ਫਰੰਟਾਂ ਉੱਪਰ ਜੱਦੋਜਹਿਦ ਕਰਨੀ ਪੈ ਰਹੀ ਸੀ/ਹੈ। ਇੱਕ ਲੀਡਰਸ਼ਿਪ ਦਾ ਅੰਦਰੂਨੀ ਸੰਕਟ, ਦੂਜਾ ਹਕੂਮਤ ਵੱਲੋਂ ਤਹਿ ਕੀਤੀਆਂ ਲਿਖਤੀ ਸ਼ਰਤਾਂ ਤੋਂ ਪਿੱਛੇ ਹਟਣ ਖਿਲ਼ਾਫ ਸੰਘਰਸ਼ ਨੂੰ ਮਘਦਾ ਰੱਖਣਾ। ਇਸ ਗੰਭੀਰ ਜਥੇਬੰਦਕ ਸੰਕਟ ਦੇ ਬਾਵਜੂਦ ਐੱਸ ਕੇ ਐੱਮ ਦੀ ਲੀਡਰਸ਼ਿੱਪ ਨੇ ਚੇਤੰਨ ਸਿਆਸੀ ਸੂਝਬੂਝ ਰਾਹੀਂ ਸੰਘਰਸ਼ ਦੀ ਧਾਰ ਕੇਂਦਰੀ ਹਕੂਮਤ ਖਿਲਾਫ ਸੇਧਣੀ ਜਾਰੀ ਰੱਖੀ। ਦੋ ਸਾਲ ਦੇ ਅਰਸੇ ਦੌਰਾਨ ਅਨੇਕਾਂ ਘੋਲਾਂ ਦੇ ਸੱਦੇ ਦਿੱਤੇ, ਵੱਡੀ ਗੱਲ ਇਹ ਸੀ/ਹੈ ਕਿ ਇਹਨਾਂ ਘੋਲ ਸੱਦਿਆਂ ਨੂੰ ਵੱਡਾ ਹੁੰਗਾਰਾ ਮਿਲਦਾ ਰਿਹਾ ਹੈ। ਅਜਿਹਾ ਇਤਿਹਾਸਕ ਕਿਸਾਨ ਸੰਘਰਸ਼ ਦੌਰਾਨ ਹਾਸਲ ਹੋਈ ਸੋਝੀ ਦਾ ਜ਼ਾਹਰਾ ਸਬੂਤ ਹੈ।

26 ਨਵੰਬਰ 2022 ਨੂੰ ਇਤਿਹਾਸਕ ਕਿਸਾਨ ਘੋਲ ਦੀ ਦੂਜੀ ਵਰ੍ਹੇਗੰਢ ਮੌਕੇ ਰਾਜਾਂ ਦੀਆਂ ਰਾਜਧਾਨੀਆਂ ਵਿੱਚ ਰਾਜ ਭਵਨਾਂ ਵੱਲ ਦਹਿ ਹਜ਼ਾਰਾਂ ਦੀ ਗਿਣਤੀ ਵਾਲੇ ਜੋਸ਼ ਭਰਪੂਰ ਮਾਰਚ ਕੀਤੇ ਗਏ। ਅਨੇਕਾਂ ਰੋਕਾਂ ਤੋੜ ਕੇ ਕਿਸਾਨ ਕਾਫਲੇ ਅੱਗੇ ਵਧੇ, ਪੁਲਸ ਨੇ ਪਾਣੀ ਦੀਆਂ ਬੁਛਾੜਾਂ ਛੱਡੀਆਂ, ਅੱਥਰੂ ਗੈਸ ਦੇ ਗੋਲੇ ਛੱਡੇ, ਲਾਠੀਚਾਰਜ ਕੀਤਾ, ਪੁਲਸ ਕੇਸ ਦਰਜ ਕੀਤੇ। ਕਿਸਾਨਾਂ-ਮਜ਼ਦੂਰਾਂ ਦੀ ਸਾਂਝ ਦਾ ਘੇਰਾ ਵਿਕਸਤ ਕਰਨ ਦੇ ਸੁਚੇਤ ਯਤਨ ਵਜੋਂ 3 ਅਕਤੂਬਰ 2023 ਨੂੰ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ ਵਿੱਚ ਕਿਸਾਨਾਂ-ਮਜ਼ਦੂਰਾਂ ਦਾ ਮੁਲਕ ਪੱਧਰਾ ਪਲੇਠਾ ਦਹਿ ਹਜ਼ਾਰਾਂ ਦੀ ਗਿਣਤੀ ਵਾਲਾ ਸਾਂਝਾ ਸੰਮੇਲਨ ਹੋਇਆ।

ਸੋ ਅਜਿਹੀ ਹਾਲਤ ਦੇ ਮੱਦੇਨਜ਼ਰ ਐੱਸ ਕੇ ਐੱਮ 'ਚ ਸ਼ਾਮਲ ਸਾਰੀਆਂ ਸੁਹਿਰਦ ਧਿਰਾਂ ਤੋਂ ਇਹ ਆਸ ਕਰਦੇ ਹਾਂ ਕਿ ਉਹ ਆਪੋ-ਆਪਣੇ ਨਿੱਜੀ ਮੁਫਾਦਾਂ ਨੂੰ ਪਾਸੇ ਰੱਖਦਿਆਂ ਕਿਸਾਨਾਂ ਦੇ ਸੰਕਟ ਨੂੰ ਇਹਨਾਂ ਲੀਹਾਂ 'ਤੇ ਸਮਝਣ ਦੀ ਕੋਸ਼ਿਸ਼ ਕਰਨਗੀਆਂ ਅਤੇ ਇੱਕ ਸ਼ਕਤੀਸਾਲੀ ਕਿਸਾਨ ਲਹਿਰ ਦੀ ਉਸਾਰੀ ਕਰਦਿਆਂ ਪੇਂਡੂ/ਖੇਤ ਮਜ਼ਦੂਰਾਂ ਨੂੰ ਨਾਲ ਲੈਂਦਿਆਂ ਸਮਾਜ ਦੇ ਹੋਰਨਾਂ ਲੁੱਟੇ-ਪੁੱਟੇ ਜਾਂਦੇ ਵਰਗਾਂ ਸੰਗ ਰਲ ਇਸ ਲਹਿਰ ਨੂੰ ਵਿਸ਼ਾਲਤਮ ਪੱਧਰ ਤੱਕ ਲੈ ਕੇ ਜਾਣਗੀਆਂ ਅਤੇ ਆਪਣੇ ਸੰਘਰਸ਼ ਦੀ ਧਾਰ ਨੂੰ ਲੋਕ ਵਿਰੋਧੀ ਕੇਂਦਰੀ ਹਕੂਮਤ ਦੀਆਂ ਨੀਤੀਆਂ ਖਿਲਾਫ ਸੇਧਤ ਰੱਖਣਗੀਆਂ।

*#ਸੰਪਰਕ : 84275-11770*

# ਦੋ ਰੋਜ਼ਾ ਗੱਤਕਾ ਟੂਰਨਾਮੈਂਟ ਮੌਕੇ ਪਤਵੰਤਿਆਂ ਵੱਲੋਂ ਝਾੜ ਸਾਹਿਬ ਕਾਲਜ ਨੂੰ ਵਿੱਤੀ ਮਦਦ



**ਸਮਰਾਲਾ (ਸੁਰਜੀਤ ਸਿੰਘ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਚਾਲਿਤ ਇਲਾਕੇ ਦੀ ਲੜਕੀਆਂ ਲਈ ਇੱਕੋ-ਇੱਕ ਨਾਮਵਰ ਸਿੱਖਿਆ ਸੰਸਥਾ ਸਿਲੇਬਸ ਤੋਂ ਇਲਾਵਾ ਆਪਣੀ ਵਿਦਿਆਰਥਣਾਂ ਦੇ ਸਰਬ ਪੱਖੀ ਵਿਕਾਸ ਲਈ ਕੀਤੀਆਂ ਜਾਂਦੀਆਂ ਗਤੀਵਿਧੀਆਂ ਦੇ ਸਿਲਸਿਲੇ ਦੀ ਲੜੀ ਦੇ ਚਲਦਿਆਂ ਕਾਲਜ ਵਿੱਚ ਪੰਜਾਬ ਯੂਨੀਵਰਸਿਟੀ ਵੱਲੋਂ ਪ੍ਰਿੰ: ਡਾ. ਰਜਿੰਦਰ ਕੌਰ ਦੀ ਰਹਿਨੁਮਾਈ ਵਿੱਚ ਲੜਕੇ ਤੇ ਲੜਕੀਆਂ ਦਾ ਦੋ ਰੋਜ਼ਾ ਇੰਟਰ ਕਾਲਜ ਗੱਤਕਾ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ ਸਬੰਧਤ ਮੁੰਡੇ ਤੇ ਕੁੜੀਆਂ ਦੀਆਂ 18 ਟੀਮਾਂ ਨੇ ਭਾਗ ਲਿਆ। ਇਸ ਮੌਕੇ ਟੂਰਨਾਮੈਂਟ ਵਿੱਚ ਹਾਜ਼ਰ ਪਤਵੰਤਿਆਂ ਨੇ ਕਾਲਜ ਦੀ ਬਿਹਤਰੀ ਲਈ ਦਿਲ ਖੋਲ੍ਹ ਕੇ ਕਾਲਜ ਨੂੰ ਮਾਇਕ ਸਹਾਇਤਾ ਪ੍ਰਦਾਨ ਕੀਤੀ। ਮਿਲੀ ਜਾਣਕਾਰੀ ਅਨੁਸਾਰ ਅਜਮੇਰ ਸਿੰਘ ਖੇੜਾ ਮੈਂਬਰ ਐੱਸ ਜੀ ਪੀ ਸੀ ਵੱਲੋਂ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਖਤਿਆਰੀ ਫੰਡ ਵਿੱਚੋਂ ਕਾਲਜ ਨੂੰ ਇੱਕ ਲੱਖ ਰੁਪਏ ਵਿਕਾਸ ਲਈ ਤੇ ਉਨ੍ਹਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਕਾਲਜ ਨੂੰ 11,000/- ਰੁਪਏ ਵਿਸ਼ੇਸ਼ ਗਰਾਂਟ ਦੇਣ ਦਾ ਐਲਾਨ ਕੀਤਾ। ਇਸੇ ਦੌਰਾਨ ਐੱਨ ਆਰ ਆਈ ਨਿਰਮਲ ਸਿੰਘ ਨਾਗਰਾ ਨੇ ਵੀ ਕਾਲਜ ਦੇ ਵਿਕਾਸ ਲਈ 1,11,000/- ਰੁਪਏ ਦੀ ਰਾਸ਼ੀ ਕਾਲਜ ਨੂੰ ਪ੍ਰਦਾਨ ਕੀਤੀ। ਇਸ ਤੋਂ ਪਹਿਲਾਂ ਟੂਰਨਾਮੈਂਟ ਦਾ ਉਦਘਾਟਨ ਅਜਮੇਰ ਸਿੰਘ ਖੇੜਾ ਮੈਂਬਰ ਐੱਸਜੀਪੀਸੀ, ਸੁਖਮਿੰਦਰ ਸਿੰਘ ਸਕੱਤਰ (ਵਿੱਦਿਆ) ਐੱਸ ਜੀ ਪੀ ਸੀ, ਕਾਲਜ ਦੀ ਸਥਾਨਕ ਕਮੇਟੀ ਦੇ ਅਹੁਦੇਦਾਰਾਂ, ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਤੇ ਕਾਲਜ ਦੇ ਖੇਡ ਵਿਭਾਗ ਦੇ ਮੁਖੀ ਰਣਬੀਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਕਾਲਜ ਦੇ ਸੰਗੀਤ ਵਿਭਾਗ ਵੱਲੋਂ ਸ਼ਬਦ ਗਾਇਨ ਉਪਰੰਤ ਗੱਤਕੇ ਦੇ ਮੁਕਾਬਲੇ ਸ਼ੁਰੂ ਹੋਏ, ਜਿਸ ਵਿੱਚ ਪੰਜਾਬ ਯੂਨੀਵਰਸਿਟੀ ਨਾਲ ਸਬੰਧਤ ਮੁੰਡੇ ਤੇ ਕੁੜੀਆਂ ਦੀਆਂ 18 ਟੀਮਾਂ ਨੇ ਭਾਗ ਲਿਆ। ਕਾਲਜ ਪ੍ਰਿੰਸੀਪਲ ਨੇ ਆਏ ਮਹਿਮਾਨਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ। ਇਸ ਮੌਕੇ ਸੁਖਵਿੰਦਰ ਸਿੰਘ ਸਕੱਤਰ (ਵਿੱਦਿਆ) ਤੇ ਬਲਜਿੰਦਰ ਸਿੰਘ ਤੂਰ ਜਨਰਲ ਸਕੱਤਰ ਗੱਤਕਾ ਫੈਡਰੇਸ਼ਨ ਆਫ ਇੰਡੀਆ ਨੇ ਜੇਤੂਆਂ ਨੂੰ ਇਨਾਮ ਤਕਸੀਮ ਕੀਤੇ। ਪਰਮਜੀਤ ਸਿੰਘ ਢਿੱਲੋਂ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਸਭ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਡਾ. ਮਹੀਪਇੰਦਰ ਕੌਰ ਨੇ ਬਹੁਤ ਹੀ ਦਿਲਚਸਪ ਢੰਗ ਨਾਲ ਨਿਭਾਈ।

# ਲੋਕ ਸੇਵਾ ਸੁਸਾਇਟੀ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ



**ਜਗਰਾਉਂ (ਅਮਿਤ ਖੰਨਾ)**-ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਸਵਰਗਵਾਸੀ ਮਲਕੀਤ ਸਿੰਘ ਮੱਲ੍ਹੀ ਦੀ ਤੀਜੀ ਬਰਸੀ ਨੂੰ ਸਮਰਪਤ ਮੱਲ੍ਹੀ ਪਰਿਵਾਰ ਦੇ ਸਹਿਯੋਗ ਨਾਲ 44ਵਾਂ ਅੱਖਾਂ ਦਾ ਚਿੱਟੇ ਮੋਤੀਏ ਦਾ ਮੁਫ਼ਤ ਆਪ੍ਰੇਸ਼ਨ ਚੈੱਕਅਪ ਕੈਂਪ ਐੱਲ ਆਰ ਡੀ ਏ ਵੀ ਕਾਲਜ ਜਗਰਾਉਂ ਵਿਖੇ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲਗਾਏ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਸਤਿੰਦਰ ਪਾਲ ਸਿੰਘ ਕਾਕਾ ਗਰੇਵਾਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਜਗਰਾਉਂ ਨੇ ਕਰਦਿਆਂ ਮੱਲ੍ਹੀ ਪਰਵਾਰ ਵੱਲੋਂ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਲੋੜਵੰਦਾਂ ਦੀ ਸੇਵਾ ਲਈ ਲਗਾਏ ਪ੍ਰੋਜੈਕਟ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬਜ਼ੁਰਗਾਂ ਦੀ ਬਰਸੀ ਮੌਕੇ ਅਜਿਹੇ ਲੋਕ ਭਲਾਈ ਦੇ ਕੈਂਪ ਲਗਾਉਣੇ ਚਾਹੀਦੇ ਹਨ ਤਾਂ ਕਿ ਬਜ਼ੁਰਗਾਂ ਦਾ ਇਨਸਾਨੀਅਤ ਦੀ ਭਲਾਈ ਦਾ ਦੇਖਿਆ ਸੁਪਨਾ ਸੱਚ ਹੋ ਸਕੇ। ਉਨ੍ਹਾਂ ਮੱਲ੍ਹੀ ਪਰਿਵਾਰ ਦੇ ਨਵਜੋਤ ਸਿੰਘ ਮੱਲ੍ਹੀ ਤੇ ਉਨ੍ਹਾਂ ਦੇ ਪਰਵਾਰ ਦਾ ਸੁਸਾਇਟੀ ਦੇ ਸਹਿਯੋਗ ਨਾਲ ਕੈਂਪ ਲਗਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਕੰਵਲ ਕੱਕੜ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹਰੇਕ ਮਹੀਨੇ ਦੇ ਅਖੀਰਲੇ ਐਤਵਾਰ ਨੂੰ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਤੇ ਚੈੱਕਅਪ ਕੈਂਪ ਐੱਲ ਆਰ ਡੀ ਏ ਵੀ ਕਾਲਜ ਜਗਰਾਉਂ ਵਿਖੇ ਲਗਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਆਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਦਾ ਕੋਈ ਵੀ ਖ਼ਰਚ ਨਹੀਂ ਆਉਣ ਦਿੱਤਾ ਜਾਵੇਗਾ, ਸਾਰਾ ਖ਼ਰਚ ਸੁਸਾਇਟੀ ਵੱਲੋਂ ਕੀਤਾ ਜਾਵੇਗਾ।

ਇਸ ਮੌਕੇ ਸੁਸਾਇਟੀ ਦੇ ਪ੍ਰੋਜੈਕਟ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਮੁਕੇਸ਼ ਗੁਪਤਾ, ਲਾਕੇਸ਼ ਟੰਡਨ, ਰਜਿੰਦਰ ਜੈਨ ਕਾਕਾ, ਸਰਪ੍ਰਸਤ ਰਜਿੰਦਰ ਜੈਨ, ਜਸਵੰਤ ਸਿੰਘ, ਅਨਿਲ ਮਲਹੋਤਰਾ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਸੀਨੀਅਰ ਵਾਈਸ ਪ੍ਰੈਜ਼ੀਡੈਂਟ ਮਨੋਹਰ ਸਿੰਘ ਟੱਕਰ, ਸੁਰਿੰਦਰ ਪਾਲ ਸ਼ਰਮਾ ਕਾਲਾ ਸ਼ਰਮਾ ਆਦਿ ਹਾਜ਼ਰ ਸਨ।

# ਗੁਰਪੁਰਬ ਨੂੰ ਸਮਰਪਤ ਧਾਰਮਿਕ ਪ੍ਰੋਗਰਾਮ ਕਰਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਿੱਖ ਧਰਮ ਦੇ ਪਹਿਲੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਹਰ ਥਾਂ ਬੜੀ ਹੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਤ ਲਾਰੇਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਧਾਰਮਿਕ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਸਕੂਲ ਦੇ ਚੇਅਰਮੈਨ ਤਰਸੇਮ ਲਾਲ ਗਰਗ, ਪ੍ਰਿੰ: ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਦੀ ਅਗਵਾਈ ਵਿੱਚ ਹੋਇਆ। ਮਨੋਜ ਕੁਮਾਰ ਨੇ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਦੱਸਿਆ। ਇਸ ਮੌਕੇ ਮੈਡਮ ਜੀਨਮ ਗਰਗ ਨੇ ਸਾਰੇ ਬੱਚਿਆਂ ਤੇ ਸਟਾਫ਼ ਨੂੰ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

# ਪ੍ਰੈੱਸ ਕਲੱਬ ਤੇ ਸਟੱਡੀ ਸਰਕਲ ਵੱਲੋਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ



**ਸੰਗਤ ਮੰਡੀ (ਰਾਜਦੀਪ ਜੋਸ਼ੀ)**-ਕਲੱਬ ਬਠਿੰਡਾ ਦਿਹਾਤੀ ਪ੍ਰੈੱਸ ਕਲੱਬ ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਖੇਤਰ ਵੱਲੋਂ ਪਿੰਡ ਚੁੱਘੇ ਖੁਰਦ ਵਿਖੇ ਅੱਖਾਂ ਦਾ ਮੁਫਤ ਜਾਂਚ ਕੈਂਪ ਲਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਕਿਰਨਦੀਪ ਕੌਰ, ਜ਼ਿਲ੍ਹਾ ਮੀਤ ਪ੍ਰਧਾਨ ਕਾਂਗਰਸ ਪਾਰਟੀ ਪਹੁੰਚੇ ਤੇ ਵਿਸ਼ੇਸ਼ ਤੌਰ 'ਤੇ ਨਸ਼ਾ ਮੁਕਤੀ ਗੁਰਮਤਿ ਪ੍ਰਚੰਡ ਲਹਿਰ ਦੇ ਪ੍ਰਮੁੱਖ ਸੇਵਾਦਾਰ ਭਾਈ ਜਸਕਰਨ ਸਿੰਘ ਸਿਵੀਆ ਪਹੁੰਚੇ। ਅੱਖਾਂ ਦੇ ਮੁਫਤ ਜਾਂਚ ਕੈਂਪ ਵਿੱਚ ਡਾਕਟਰ ਕਰਨ ਸਰਵਾਲ ਤੇ ਡਾਕਟਰ ਹਰਜੀਤ ਸਿੰਘ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ। ਕੈਂਪ 'ਚ 130 ਤੋਂ ਵੱਧ ਮਰੀਜ਼ਾਂ ਨੇ ਲਾਹਾ ਲਿਆ। ਕਲੱਬ ਦੇ ਚੇਅਰਮੈਨ ਗੁਰਜੀਤ ਚੌਹਾਨ ਨੇ ਦੱਸਿਆ ਕਿ ਕੈਂਪ ਵਿੱਚ ਜਿੱਥੇ ਮਰੀਜ਼ਜਾਂ ਦੀਆਂ ਅੱਖਾਂ ਦੀ ਜਾਂਚ ਮੁਫਤ ਵਿੱਚ ਕੀਤੀ ਗਈ, ਉੱਥੇ ਹੀ ਦਵਾਈਆਂ ਤੇ ਐਨਕਾਂ ਵੀ ਮੁਫਤ ਦਿੱਤੀਆਂ ਜਾਣਗੀਆਂ ਤੇ ਲੋੜਵੰਦ 25 ਲੋਕਾਂ ਦੇ ਅੱਖਾਂ ਦੇ ਆਪ੍ਰੇਸ਼ਨ ਵੀ ਮੁਫਤ ਵਿੱਚ ਕੀਤੇ ਜਾਣਗੇ। ਕਿਰਨਦੀਪ ਕੌਰ ਤੇ ਭਾਈ ਜਸਕਰਨ ਸਿੰਘ ਸਿਵੀਆ ਨੇ ਕਲੱਬ ਦੇ ਕੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਕਲੱਬ ਦੇ ਵਿਸ਼ੇਸ਼ ਸਲਾਹਕਾਰ ਭੀਮ ਚੰਦ ਸ਼ੌਂਕੀ, ਗੁਰਸੇਵਕ ਸਿੰਘ ਚੁੱਘਾ ਖੁਰਦ, ਚਰਨਜੀਤ ਸਿੰਘ ਮਛਾਣਾ, ਰਾਜਦੀਪ ਸਿੰਘ ਜੋਸ਼ੀ, ਜਸਪਾਲ ਸਿੰਘ ਕਿਸਾਨ ਆਗੂ ਆਦਿ ਹਾਜ਼ਰ ਸਨ।

## ਕਾਤਰਾਂ

# ਐਡਵੋਕੇਟ ਰਜਿੰਦਰ ਚੀਮਾਂ ਨੂੰ ਸਦਮਾ, ਦਾਦਾ ਦਾ ਦੇਹਾਂਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਜੁਡੀਸ਼ੀਅਲ ਕੋਰਟ ਸਮਾਣਾ ਵਿੱਚ ਪ੍ਰੈਕਟਿਸ ਕਰਦੇ ਐਡਵੋਕੇਟ ਰਜਿੰਦਰ ਸਿੰਘ ਚੀਮਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਦਾਦਾ ਸ੍ਰ. ਕੰਧਾਰਾ ਸਿੰਘ ਅਕਾਲ ਚਲਾਣਾ ਕਰਕੇ ਅਕਾਲ ਪੁਰਖ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ। ਉਨ੍ਹਾਂ ਦੀ ਭੋਗ ਦੀ ਰਸਮ ਤੇ ਅੰਤਿਮ ਅਰਦਾਸ 2 ਦਸੰਬਰ ਨੂੰ ਗੁਰਦੁਆਰਾ ਗੜ੍ਹੀ ਸਾਹਿਬ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ। ਇਸ ਦੁੱਖ ਦੀ ਘੜੀ 'ਚ ਸੌਦਾਗਰ ਸਿੰਘ ਚੀਮਾ, ਜੈਮਲ ਸਿੰਘ ਚੀਮਾ, ਸੁਖਚਰਨ ਸਿੰਘ ਚੀਮਾ ਸਪੁੱਤਰ ਤੇ ਹਰਦੀਪ ਸਿੰਘ ਚੀਮਾ ਯੂ ਕੇ, ਗੁਰਪ੍ਰੀਤ ਸਿੰਘ ਚੀਮਾ ਡੈੱਨਮਾਰਕ, ਰਜਿੰਦਰ ਸਿੰਘ ਚੀਮਾ ਐਡਵੋਕੇਟ ਪੋਤਰੇ ਨੇ ਪ੍ਰਮਾਤਮਾ ਦੇ ਭਾਣੇ ਨੂੰ ਮੰਨਦੇ ਹੋਏ ਸਭ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਬੇਨਤੀ ਕੀਤੀ ਹੈ।

# ਰੇਲਵੇ ਲਾਈਨਾਂ ਕੋਲੋਂ ਅਣਪਛਾਤੀ ਲਾਸ਼ ਮਿਲੀ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰੇਲਵੇ ਪੁਲਸ ਵੱਲੋਂ ਇੱਕ ਅਣਪਛਾਤੀ ਲਾਸ਼ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ। ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਕਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾ ਨੂੰ ਸੂਚਨਾ ਮਿਲੀ ਸੀ ਕਿ ਸਰਹਿੰਦ ਦੇ ਬ੍ਰਾਹਮਣਮਾਜਰਾ ਇਲਾਕੇ 'ਚ ਰੇਲਵੇ ਕਿਲੋਮੀਟਰ ਨੰਬਰ 314/15-17 ਨਜ਼ਦੀਕ ਰੇਲਵੇ ਲਾਈਨਾਂ ਕੋਲ ਇੱਕ ਵਿਅਕਤੀ ਮ੍ਰਿਤਕ ਹਾਲਤ 'ਚ ਪਿਆ ਹੈ, ਜਿਸ ਉਪਰੰਤ ਉਨ੍ਹਾਂ ਮੌਕੇ 'ਤੇ ਜਾ ਕੇ ਦੇਖਿਆ ਤਾਂ ਮ੍ਰਿਤਕ ਦੀ ਉਮਰ ਕਰੀਬ 25-30 ਸਾਲ ਰੰਗ ਸਾਂਵਲਾ, ਕੱਦ 5 ਫੁੱਟ 4-5 ਇੰਚ, ਜਿਸ ਨੇ ਚਿੱਟੀ ਕਮੀਜ਼, ਜੀਨਜ਼ ਪੈਂਟ ਤੇ ਹਾਫ ਜੈਕਟ ਪਹਿਨੀ ਹੋਈ ਸੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਮੌਤ ਕੁਦਰਤੀ ਹੋਈ ਜਾਪਦੀ ਹੈ, ਜਿਸ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸ਼ਨਾਖਤ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੋਰਚਰੀ 'ਚ ਰਖਵਾਇਆ ਗਿਆ ਹੈ। ਉਨ੍ਹਾਂ ਅਪੀਲ ਕੀਤੀ ਕਿ ਮ੍ਰਿਤਕ ਸਬੰਧੀ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਜੀ.ਆਰ.ਪੀ. ਥਾਣਾ ਸਰਹਿੰਦ ਨਾਲ ਜਾਂ ਉਨ੍ਹਾਂ ਦੇ ਫੋਨ ਨੰਬਰ 94173-60371 'ਤੇ ਸੰਪਰਕ ਕੀਤਾ ਜਾਵੇ।

# ਨਗਰ ਕੀਰਤਨ ਮੌਕੇ ਦੁਕਾਨਦਾਰਾਂ ਲੰਗਰ ਲਾ ਕੇ ਕੀਤੀ ਸੰਗਤ ਦੀ ਸੇਵਾ



**ਕੋਟ ਈਸੇ ਖਾਂ (ਅਰੋੜਾ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕੋਟ ਈਸੇ ਖਾਂ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜੋ ਵੱਖ-ਵੱਖ ਮੁਹੱਲਿਆਂ ਵਿੱਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਸਮਾਪਤ ਹੋਇਆ। ਰਾਗੀ ਢਾਡੀ ਜਥੇ ਵੱਲੋਂ ਹਾਜ਼ਰ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਤੇ ਗੁਰਬਾਨੀ ਕੀਰਤਨ ਸੁਣਾ ਕੇ ਨਿਹਾਲ ਕੀਤਾ ਅਤੇ ਉਨ੍ਹਾਂ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਇੱਥੋਂ ਦੇ ਧਰਮਕੋਟ ਰੋਡ ਦੇ ਸਮੂਹ ਦੁਕਾਨਦਾਰਾਂ ਵੱਲੋਂ ਮੱਕੀ ਦੀ ਰੋਟੀ, ਸਰ੍ਹੋਂ ਦਾ ਸਾਗ ਤੇ ਲੱਸੀ ਦਾ ਲੰਗਰ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ। ਦੁਕਾਨਦਾਰਾਂ ਵੱਲੋਂ ਬੜੀ ਹੀ ਸ਼ਰਧਾ ਭਾਵਨਾ ਨਾਲ ਲੰਗਰ ਛਕਾਇਆ ਗਿਆ ਤੇ ਸੇਵਾ ਕੀਤੀ। ਇਸ ਮੌਕੇ ਰੇਸ਼ਮ ਸਿੰਘ ਮੰਘੇੜਾ, ਅਵਤਾਰ ਸਿੰਘ ਕੈਲਵੀ ਪੇਂਟਰ, ਰਣਜੀਤ ਸਿੰਘ ਔਜਲਾ ਬੁੱਕ ਡੀਪ, ਲਖਵਿੰਦਰ ਕੁਮਾਰ ਅਰੋੜਾ ਸੈਨਟਰੀ ਸਟੋਰ, ਹਰਜਿੰਦਰ ਸਿੰਘ ਸੋਨੂੰ ਨਕਸ਼ੇ ਵਾਲੇ, ਪਿੱਪਲ ਸਿੰਘ ਰਾਜਪੂਤ, ਪਲਵਿੰਦਰ ਸਿੰਘ ਰਿੰਕੂ ਆਟੋ ਵਰਕਸ, ਅਜੇ ਅਰੋੜਾ, ਮਨੀ ਅਰੋੜਾ (ਅਰੋੜਾ ਫੋਟੋ ਸਟੇਟ), ਲਖਵਿੰਦਰ ਸਿੰਘ, ਡਾ. ਪ੍ਰਭਜੋਤ ਸਿੰਘ, ਸਦੀਕ ਖਾਨ, ਸੁਖਵਿੰਦਰ ਪਾਲ, ਗੁਰਪ੍ਰੀਤ ਕੈਲਵੀ, ਅਮਰੀਕ ਸਿੰਘ, ਸ਼ਰਮਾ ਚਾਹ ਵਾਲਾ, ਸੰਦੀਪ ਕੁਮਾਰ, ਰਛਪਾਲ ਸਿੰਘ, ਟਹਿਲ ਸਿੰਘ, ਮਹਿਲ ਸਿੰਘ, ਸ਼ਮਿੰਦਰ ਸਿੰਘ, ਕਾਲਾ ਸ਼ਾਕਰਵਾਲਾ ਤੋਂ ਇਲਾਵਾ ਹੋਰ ਕਈ ਦੁਕਾਨਦਾਰ ਵੀਰ ਹਾਜ਼ਰ ਸਨ।

# ਸਤਿਕਰਤਾਰ ਸੇਵਾ ਸੁਸਾਇਟੀ ਨੇ 75 ਲੜਕੀਆਂ ਦੇ ਸਮੂਹਕ ਵਿਆਹ ਕੀਤੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਤਿਕਰਤਾਰ ਸੇਵਾ ਸੁਸਾਇਟੀ ਸਮਾਧ ਭਾਈ ਵੱਲੋਂ 75 ਲੋੜਵੰਦ ਲੜਕੀਆਂ ਦੇ ਵਿਆਹ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਪੂਰਨ ਗੁਰਮਰਿਆਦਾ ਤਹਿਤ ਕੀਤੇ ਗਏ। ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਰਾਗੀ ਨਿਰਮਲ ਸਿੰਘ ਸੰਧੂ ਦੇ ਕੀਰਤਨੀ ਜਥੇ ਵੱਲੋਂ ਜੋੜੀਆਂ ਦੇ ਆਨੰਦ ਕਾਰਜ ਕੀਤੇ ਗਏ। ਇਸ ਮੌਕੇ ਕਮੇਟੀ ਵੱਲੋਂ ਨਵ-ਵਿਵਾਹਤ ਜੋੜੀਆਂ ਨੂੰ ਪੇਟੀ, ਬੈੱਡ, ਮੇਜ਼ ਕੁਰਸੀਆਂ, ਕੂਲਰ ਤੇ ਹੋਰ ਘਰੇਲੂ ਜ਼ਰੂਰੀ ਸਾਮਾਨ ਦਿੱਤਾ ਗਿਆ। ਇਸ ਮੌਕੇ ਕਰਨਲ ਦਰਸ਼ਨ ਸਿੰਘ, ਚੇਅਰਮੈਨ ਕੁਲਵੰਤ ਸਿੰਘ ਮਲੂਕਾ ਤੇ ਪ੍ਰਧਾਨ ਦਰਸ਼ਨ ਸਿੰਘ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਅਜੈਬ ਸਿੰਘ ਦੀ ਅਗਵਾਈ ਹੇਠ ਕਮੇਟੀ ਵੱਲੋਂ ਕੀਤਾ ਜਾ ਰਿਹਾ ਇਹ ਉਪਰਾਲਾ ਅਤੀ ਸ਼ਲਾਘਾਯੋਗ ਹੈ। ਇਸ ਮੌਕੇ ਬਾਰਾਤਾਂ ਤੇ ਸੰਗਤਾਂ ਲਈ ਕਮੇਟੀ ਵੱਲੋਂ ਗੁਰੂ ਕੇ ਲੰਗਰ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਜਸਵੰਤ ਸਿੰਘ ਸ਼ਰਮਾ, ਪ੍ਰਧਾਨ ਦਰਸ਼ਨ ਧਾਲੀਵਾਲ, ਖਜ਼ਾਨਚੀ ਦੇਵੀ ਦਿਆਲ ਸ਼ਰਮਾ, ਰਣਜੀਤ ਸਿੰਘ, ਜਸਵੰਤ ਸਿੰਘ, ਬੂਟਾ ਸਿੰਘ, ਦੇਵ ਸਿੰਘ, ਸਿਕੰਦਰ ਸਿੰਘ, ਬਲਦੇਵ ਸਿੰਘ, ਜਸਵਿੰਦਰ ਭਾਈ, ਧਨਵੰਤ ਸਿੰਘ, ਜਸਵਿੰਦਰ ਜੱਸੀ, ਮਿੱਠੂ ਬਰਾੜ ਚੰਦ ਨਵਾਂ, ਧਨਇੰਦਰ ਕਿੰਗਰਾ, ਕਾਲਾ ਬਾਗੜੀ, ਬਹਾਦਰ ਗੰਢੂ, ਤਰਸੇਮ ਸੇਮਾ, ਬੱਬੂ ਗੰਢੂ, ਮੇਹਰ ਸਿੰਘ, ਜਗਜੀਤ ਸਿੰਘ, ਭੁਪਿੰਦਰ ਧਾਲੀਵਾਲ, ਡਾ. ਗਰਜਾ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ। ਇਸ ਮੌਕੇ ਕਮੇਟੀ ਪ੍ਰਧਾਨ ਦਰਸ਼ਨ ਸਿੰਘ ਧਾਲੀਵਾਲ ਤੇ ਸਟੇਜ ਸਕੱਤਰ ਕੁਲਵੰਤ ਸਿੰਘ ਡੋਡ ਨੇ ਸੁਭਾਗੀਆਂ ਜੋੜੀਆਂ, ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਦਾਨੀ ਸੱਜਣਾਂ ਤੇ ਨਗਰ ਨਿਵਾਸੀਆਂ ਦਾ ਇਸ ਸਮਾਗਮ ਵਿੱਚ ਸਹਿਯੋਗ ਕਰਨ 'ਤੇ ਧੰਨਵਾਦ ਕੀਤਾ।

# ਛਾਪਾ ਵਿਖੇ ਅੱਖਾਂ ਦੇ ਮੁਫ਼ਤ ਕੈਂਪ 'ਚ 300 ਮਰੀਜ਼ਾਂ ਦੀ ਜਾਂਚ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਪ੍ਰਬੰਧਕ ਕਮੇਟੀ, ਸਫਾਈ ਸੇਵਾ ਕਲੱਬ, ਗ੍ਰਾਮ ਪੰਚਾਇਤ, ਐੱਨ ਆਰ ਆਈਜ਼ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅਪ, ਅਪ੍ਰੇਸ਼ਨ ਕੈਂਪ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਆਕਲ ਸਿੰਘ ਛਾਪਾ ਵਿਖੇ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਸਮੂਹ ਪ੍ਰਬੰਧਕਾਂ ਵੱਲੋਂ ਚੜ੍ਹਦੀ ਕਲਾ ਦੀ ਅਰਦਾਸ ਬੇਨਤੀ ਕਰਨ ਉਪਰੰਤ ਕੀਤੀ ਗਈ। ਇਸ ਮੌਕੇ ਅੱਖਾਂ ਦੇ ਮਾਹਰ ਡਾਕਟਰ ਤ੍ਰਿਲੋਕੀ ਨਾਥ ਅੱਖਾਂ ਦਾ ਹਸਪਤਾਲ ਬਰਨਾਲਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ: ਮੋਹਿਤ ਕੁਮਾਰ ਗੁਪਤਾ ਨੇ ਆਪਣੀ ਸਹਿਯੋਗੀ ਟੀਮ ਸਮੇਤ 300 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਕੇ ਦਵਾਈਆਂ, ਐਨਕਾਂ ਮੁਫਤ ਦਿੱਤੀਆਂ। ਲੋੜਵੰਦ 50 ਮਰੀਜ਼ਾਂ ਨੂੰ ਮੁਫਤ ਲੈਂਜ ਪਾਉਣ ਲਈ ਰੈਫਰ ਕੀਤਾ ਗਿਆ। ਇਸ ਮੌਕੇ ਉਜਾਗਰ ਸਿੰਘ ਛਾਪਾ, ਸੰਤੋਖ ਸਿੰਘ, ਨਾਜਰ ਸਿੰਘ, ਮਾ: ਵਰਿੰਦਰਪਾਲ ਸਿੰਘ, ਹਰਪ੍ਰੀਤ ਸਿੰਘ, ਡਾ: ਜਗਰਾਜ ਸਿੰਘ ਹੈਪੀ, ਡਾ: ਸੇਵਕ ਸਿੰਘ, ਬਿਮਲ ਸਿੰਘ ਸਿੱਧੂ, ਹਰਦੇਵ ਸਿੰਘ ਪੰਡੋਰੀ, ਬੀਰੂ ਮੁਹੰਮਦ ਹਰਦਾਸਪੁਰਾ, ਮਹਿੰਦਰ ਸਿੰਘ, ਜਗਜੀਤ ਸਿੰਘ ਰਾਜੂ, ਗੁਰਦੀਪ ਸਿੰਘ, ਭਿੰਦਰ ਸਿੰਘ ਕੁਰੜ, ਮੁਸਕਾਨ ਮੁਹੰਮਦ, ਜਸਵੰਤ ਸਿੰਘ, ਡਾ: ਮੇਜਰ ਸਿੰਘ ਛਾਪਾ, ਬਲਵਿੰਦਰ ਸਿੰਘ ਆਦਿ ਦੀ ਅਗਵਾਈ ਹੇਠ ਡਾਕਟਰ ਸਾਹਿਬਾਨ ਤੇ ਵੱਖ ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਸੰਤ ਬਾਬਾ ਬਚਨ ਸਿੰਘ ਦੀ ਬਰਸੀ ਮਨਾਈ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਇਲਾਕੇ ਦੀ ਸਿਰਮੌਰ ਧਾਰਮਿਕ ਸੰਸਥਾ ਡੇਰਾ ਸ੍ਰੀ ਭਜਨਗੜ੍ਹ ਵਿਖੇ ਸੰਤ ਬਾਬਾ ਬਚਨ ਸਿੰਘ ਦੀ ਬਰਸੀ ਡੇਰਾ ਸ੍ਰੀ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ, ਜਿਸ ਵਿੱਚ ਪਹਿਲੀ ਮੱਘਰ ਤੋਂ ਚੱਲ ਰਹੀ ਸ੍ਰੀ ਆਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ ਤੇ ਹੈੱਡ ਗ੍ਰੰਥੀ ਭਾਈ ਸੁਖਚੈਨ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਦਾ ਮਨੋਹਰ ਕੀਰਤਨ ਸੁਣਾ ਕੇ ਨਿਹਾਲ ਕੀਤਾ। ਇਸ ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਭਾਈ ਭਗਵੰਤ ਸਿੰਘ ਢੀਂਡਸਾ ਨੇ ਗੁਰਬਾਣੀ ਕੀਰਤਨ ਤੇ ਗੁਰੂ ਇਤਿਹਾਸ ਨਾਲ ਜੋੜਿਆ। ਸਾਰਾ ਦਿਨ ਖੀਰ, ਕੜਾਹ ਤੇ ਗੁਰੂ ਕਾ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ। ਇਸ ਸਮਾਗਮ ਦੌਰਾਨ ਬਿਕਰਮ ਹੱਡੀਆਂ ਦਾ ਹਸਪਤਾਲ ਫਿਰੋਜ਼ਪੁਰ ਵੱਲੋਂ ਵਿਸ਼ੇਸ਼ ਹੱਡੀਆਂ ਦਾ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਹੱਡੀਆਂ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਸੰਗਤਾਂ ਨੂੰ ਚੈੱਕਅਪ ਕਰਕੇ ਫਰੀ ਦਵਾਈਆਂ ਵੀ ਦਿੱਤੀਆਂ। ਸਮਾਗਮ ਦੀ ਸਮਾਪਤੀ ਉਪਰੰਤ 7ਵੇਂ ਵਾਲੀਬਾਲ ਸ਼ੂਟਿੰਗ ਟੂਰਨਾਮੈਂਟ ਦੀ ਸ਼ੁਰੂਆਤ ਕਰਵਾਈ ਗਈ।

# ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਲਈ ਕੈਂਪ ਲਗਾਇਆ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਮਾਣਯੋਗ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀਆਂ ਹਦਾਇਤਾਂ ਅਨੁਸਾਰ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਉਣ ਲਈ ਵਾਰਡ ਨੰਬਰ 10 ਤੇ 11 ਵਿੱਚ ਅੱਗਰਵਾਲ ਧਰਮਸ਼ਾਲਾ ਵਿੱਚ ਕੈਂਪ ਲਾਇਆ ਗਿਆ, ਜਿਸ ਵਿੱਚ ਬਲਾਕ ਪ੍ਰਧਾਨ ਐਡਵਕੇਟ ਅਮਰੀਕ ਸਿੰਘ ਔਲਖ ਤੇ ਆਸ਼ੂ ਜਿੰਦਲ, ਸੰਜੀਵ ਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਸ਼ਾਮਲ ਸਨ। ਸਿਵਿਲ ਹਸਪਤਾਲ ਆਮਲੋਹ ਤੋਂ ਹਰਦੇਵ ਸਿੰਘ ਤੇ ਉਨ੍ਹਾਂ ਦੀ ਟੀਮ ਨੇ ਉਥੇ ਪਹੁੰਚੇ ਵੱਖ ਵੱਖ ਲੋਕਾਂ ਦੇ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਏ। ਐਡਵੋਕੇਟ ਅਮਰੀਕ ਸਿੰਘ ਔਲਖ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਵੱਖ ਵੱਖ ਤਰੀਕਾਂ 'ਤੇ ਵੱਖ ਵੱਖ ਵਾਰਡਾਂ ਵਿੱਚ ਲਗਾਏ ਜਾ ਰਹੇ ਹਨ, ਸਭ ਨੂੰ ਇਸ ਦਾ ਲਾਭ ਲੈਣਾ ਚਾਹੀਦਾ ਹੈ। ਕਿਓਂਕਿ ਇਸ ਕਾਰਡ ਨਾਲ ਜੁੜੇ ਹਸਪਤਾਲਾਂ ਵਿੱਚ 5 ਲੱਖ ਤੱਕ ਜੇ ਕੋਈ ਇਲਾਜ ਕਰਾਉਂਦਾ ਹੈ ਤਾਂ ਉਸ ਦਾ ਇੱਕ ਵੀ ਪੈਸਾ ਨਹੀਂ ਲੱਗੇਗਾ। ਹਰ ਇੱਕ ਵਿਅਕਤੀ ਨੂੰ ਇਸ ਦਾ ਲਾਭ ਲੈਣਾ ਚਾਹੀਦਾ ਹੈ।

# ਸੁਪੀਰੀਅਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਦਾਸਤਾਨ-ਏ-ਸ਼ਹਾਦਤ ਦਾ ਦੌਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੇ ਪ੍ਰਸਿੱਧ ਸਕੂਲ ਦਾ ਸੁਪੀਰੀਅਰ ਵਰਲਡ ਸਕੂਲ ਮਾਛੀਵਾੜਾ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦਾਸਤਾਨ-ਏ-ਸ਼ਹਾਦਤ, ਚਮਕੌਰ ਸਾਹਿਬ ਦਾ ਦੌਰਾ ਕੀਤਾ। ਮਿਲੀ ਜਾਣਕਾਰੀ ਅਨੁਸਾਰ ਇਸ ਸਕੂਲ ਦੇ ਨਰਸਰੀ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਰਵਾਏ ਗਏ ਦੌਰੇ ਦੌਰਾਨ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਸਕੂਲ ਪ੍ਰਿੰਸੀਪਲ ਰਸ਼ਮੀ ਸ਼ਰਮਾ ਤੇ ਭਜਨ ਕੌਰ ਨੇ ਕਿਹਾ ਕਿ ਅੱਜ ਸਮੇਂ ਜ਼ਰੂਰਤ ਹੈ ਕਿ ਸਾਡੀ ਆਉਣ ਵਾਲੀ ਪੀੜ੍ਹੀ ਧਰਮ ਤੇ ਵਿਰਸੇ ਨਾਲ ਜੁੜੇ, ਜਿਸ ਲਈ ਅਜਿਹੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣੇ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਦਾਸਤਾਨ-ਏ-ਸ਼ਹਾਦਤ ਵਿੱਚ ਕੀਤਾ ਗਿਆ ਸਿੱਖ ਇਤਿਹਾਸ ਦਾ ਵਰਨਣ ਸਾਨੂੰ ਸੱਚਾਈ ਦੇ ਮਾਰਗ 'ਤੇ ਚੱਲਣ ਤੇ ਜ਼ੁਲਮ ਖਿਲਾਫ਼ ਅਵਾਜ਼ ਉਠਾਉਣ ਲਈ ਪ੍ਰੇਰਿਤ ਕਰਦਾ ਹੈ। ਇਸ ਤੋਂ ਇਲਾਵਾ ਸਕੂਲ ਵਿੱਚ ਗੁਰੂ ਸਾਹਿਬ ਜੀ ਦਾ 554ਵਾਂ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਨਾਨਕ ਦੇਵ ਜੀ ਦੇ ਸਿੱਖ ਧਰਮ ਦੇ ਮੋਢੀ ਸਨ, ਜਿਨ੍ਹਾਂ ਸਾਨੂੰ ਧਰਮ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਕੂਲੀ ਵਿਦਿਆਰਥੀਆਂ ਨੇ ਦਾਸਤਾਨ-ਏ-ਸ਼ਹਾਦਤ ਅੰਦਰ ਲੱਗੇ ਇਤਿਹਾਸ ਸਬੰਧੀ ਚਿੱਤਰਾਂ ਤੇ ਫਿਲਮਾਂ ਨੂੰ ਬੜੇ ਗੌਹ ਨਾਲ ਦੇਖਿਆ। ਸਕੂਲੀ ਬੱਚਿਆਂ ਵੱਲੋਂ ਚਮਕੌਰ ਸਾਹਿਬ ਵਿਖੇ ਸਥਿਤ ਇਤਿਹਾਸਕ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਵੀ ਕੀਤੇ।

# 2 ਪਿੰਡਾਂ ਨੂੰ ਦਿੱਤੀਆਂ ਪਾਣੀ ਵਾਲੀਆਂ ਟੈਂਕੀਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੁਖਜਿੰਦਰ ਸਿੰਘ ਕਾਉਣੀ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸ੍ਰੀ ਮੁਕਤਸਰ ਸਾਹਿਬ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਭੂੰਦੜ ਤੇ ਦੂਹੇਵਾਲੇ ਨੂੰ ਪੀਣ ਵਾਲਾ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ 2 ਸਟੀਲ ਵਾਲੀਆਂ ਪਾਣੀ ਦੀਆਂ ਟੈਂਕੀਆਂ ਮੁਹੱਈਆ ਕੀਤੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਟੈਂਕੀਆਂ ਨਾਲ ਇਨ੍ਹਾਂ ਪਿੰਡਾਂ ਤੋਂ ਇਲਾਵਾ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਬਹੁਤ ਫਾਇਦਾ ਹੋਵੇਗਾ। ਇਸ ਮੌਕੇ ਜਗਮੋਹਨ ਸਿੰਘ ਸੁਖਨਾ, ਗੁਰਤੇਜ ਸਿੰਘ ਭੂੰਦੜ, ਜਸਵਿੰਦਰ ਸਿੰਘ ਦੂਹੇਵਾਲਾ, ਅਮਨਦੀਪ ਸਿੰਘ ਭੂੰਦੜ, ਨੋਨਾ ਭੂੰਦੜ ਆਦਿ ਹਾਜ਼ਰ ਸਨ।

# ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਵੱਲੋਂ ਕਵੀ ਦਰਬਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਵੱਲੋਂ ਭਾਸ਼ਾ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਬਾਰੂ ਰਾਮ ਮੈਮੋਰੀਅਲ ਸ਼ਬਦ ਤ੍ਰਿੰਜਣ ਵੈੱਲਫ਼ੇਅਰ ਐਂਡ ਕਲਚਰਲ ਸੁਸਾਇਟੀ ਦੇ ਦਫ਼ਤਰ ਵਿਖੇ ਪੰਜਾਬੀ ਮਾਹ ਲੜੀ ਅਧੀਨ ਕਵੀ ਦਰਬਾਰ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਗ਼ਜ਼ਲਗੋ ਅਮਰਜੀਤ ਜੀਤ ਤੇ ਸਟੇਟ ਐਵਾਰਡੀ ਅਮਰਜੀਤ ਸਿੰਘ ਪੇਂਟਰ ਵੱਲੋਂ ਕੀਤੀ ਗਈ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਮਾਸਟਰ ਜਗਨ ਨਾਥ ਨੇ ਬਾਖੂਬੀ ਨਿਭਾਈ। ਕਵੀ ਦਰਬਾਰ ਦੌਰਾਨ ਰਮੇਸ਼ ਗਰਗ ਨੇ ਡੇਂਗੂ ਬੁਖ਼ਾਰ ਵੇਲੇ ਡਾਕਟਰਾਂ ਦੀ ਲੁੱਟ 'ਤੇ ਕਟਾਖਸ਼ ਤੇ ਇੱਕ ਰੇਖਾ ਚਿੱਤਰ ਪੇਸ਼ ਕੀਤਾ। ਦਵੀ ਸਿੱਧੂ ਨੇ ਛੋਟੀਆਂ ਛੋਟੀਆਂ ਭਾਵ-ਪੂਰਤ ਕਵਿਤਾਵਾਂ ਸੁਣਾਈਆਂ। ਪੋਰਿੰਦਰ ਸਿੰਗਲਾ ਨੇ ਖ਼ੂਬਸੂਰਤ ਟੱਪੇ ਪੇਸ਼ ਕੀਤੇ। ਦਿਲਬਾਗ ਸਿੰਘ ਨੇ ਵਿਅੰਗਮਈ ਟੋਟਕੇ ਸੁਣਾਏ। ਮੰਗਤ ਕੁਲਜਿੰਦ ਨੇ ਗੀਤ ਤੇ ਕਾਵਿ ਹਾਸ-ਵਿਅੰਗ ਪੇਸ਼ ਕੀਤਾ। ਅਮਰਜੀਤ ਜੀਤ ਤਰੰਨਮ ਵਿੱਚ ਗ਼ਜ਼ਲਾਂ ਪੇਸ਼ ਕਰਦਿਆਂ ਵਾਹ-ਵਾਹ ਕਰਵਾਈ। ਸੁਖਦਰਸ਼ਨ ਗਰਗ ਨੇ ਦੋ ਰੁਬਾਈਆਂ "ਬੁਬਨਿਆਂ ਦੇ ਡੇਰੇ ਵਿੱਚ ਨਾ ਜਾਇਆ ਕਰ, ਸੁਲਫਾ ਪੀ ਕੇ ਡਿੱਕ ਡੋਲੇ ਨਾ ਖਾਇਆ ਕਰ', 'ਬੰਦਾ ਬਣ, ਬੰਦਿਆਂ ਵਰਗੀ ਜ਼ਿੰਦਗੀ ਜੀ, ਘਰ ਆ ਕੇ ਨਾ ਘਰ ਵਿੱਚ ਖੌਰੂ ਪਾਇਆ ਕਰ" ਤੇ "ਮੁੱਖ ਬੰਦਾ ਹੀ ਸਾਡਾ ਜਦੋਂ ਸ਼ਰਾਬੀ ਹੈ, ਸਿਸਟਮ ਦੇ ਸਾਡੇ ਬਹੁਤ ਖ਼ਰਾਬੀ ਹੈ" ਸੁਣਾਈਆਂ। ਅਖੀਰ 'ਚ ਅਮਰਜੀਤ ਸਿੰਘ ਪੇਂਟਰ ਨੇ ਪਹੁੰਚੇ ਲੇਖਕਾਂ ਤੇ ਭਾਸ਼ਾ ਵਿਭਾਗ ਪੰਜਾਬ ਦਾ ਧੰਨਵਾਦ ਕਰਦਿਆਂ ਸਭਾ ਦੇ ਅਹੁਦੇਦਾਰਾਂ ਨੂੰ ਸਫ਼ਲ ਪ੍ਰੋਗਰਾਮ ਲਈ ਵਧਾਈ ਦਿੱਤੀ। ਮੰਗਤ ਕੁਲਜਿੰਦ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਸੰਸਥਾ ਦੇ 9 ਸਾਲ ਪੂਰੇ ਹੋਣ 'ਤੇ ਟੱਚ ਸਕਾਈ ਵਿਖੇ ਕਰਾਇਆ ਸਮਾਗਮ



**ਬਾਘਾ ਪੁਰਾਣਾ (ਮਨੀ ਸਿੰਗਲਾ)**


ਸਥਾਨਕ ਸ਼ਹਿਰ ਦੇ ਮੁੱਦਕੀ ਰੋਡ ਉਪਰ ਸਥਿਤ ਸੰਸਥਾ ਟੱਚ ਸਕਾਈ ਇੰਸਟੀਚਿਊਟ ਆਫ ਇੰਗਲਿਸ਼ ਐਂਡ ਇੰਮੀਗ੍ਰੇਸ਼ਨ ਸਰਵਿਸ ਦੇ ਡਾਇਰੈਕਟਰ ਸੰਦੀਪ ਮਹਿਤਾ ਤੇ ਸੈਂਟਰ ਦੇ ਹੈੱਡ ਪੰਕਜ ਗੁਪਤਾ ਦੀ ਅਗਵਾਈ ਵਿੱਚ ਸੰਸਥਾ ਦੇ 9 ਸਾਲ ਪੂਰੇ ਹੋਣ 'ਤੇ ਇਕ ਸਮਾਗਮ ਕੀਤਾ ਗਿਆ, ਜਿਸ ਵਿੱਚ ਸੰਸਥਾ ਦੇ ਸਮੂਹ ਸਟਾਫ਼ ਤੋਂ ਇਲਾਵਾ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਸੰਸਥਾ ਦੇ ਸਮੁੱਚੇ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਸੰਸਥਾ ਦੇ 9 ਸਾਲ ਪੂਰੇ ਹੋਣ 'ਤੇ ਵਧਾਈ ਦਿੱਤੀ, ਜਿੱਥੇ ਸੰਸਥਾ ਵਿਖੇ 9 ਸਾਲ ਪੂਰੇ ਹੋਣ 'ਤੇ ਸੰਸਥਾ ਦੀ ਮੈਨੇਜਮੈਂਟ ਵੱਲੋਂ ਕੇਕ ਕੱਟਿਆ ਗਿਆ, ਉਥੇ ਹੀ ਵਿਦਿਆਰਥੀਆਂ ਤੇ ਸਟਾਫ਼ ਦਾ ਵਿੱਦਿਅਕ ਟੂਰ ਵੀ ਲਿਜਾਇਆ ਗਿਆ। ਸੰਸਥਾ ਦੇ ਡਾਇਰੈਕਟਰ ਸੰਦੀਪ ਮਹਿਤਾ ਤੇ ਸੈਂਟਰ ਦੇ ਹੈੱਡ ਪੰਕਜ ਗੁਪਤਾ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਸੈਂਕੜੇ ਵਿਦਿਆਰਥੀਆਂ ਦਾ ਭਵਿੱਖ ਸਵਾਰ ਚੁੱਕੀ ਹੈ ਤੇ ਉਨ੍ਹਾਂ ਦੀ ਸੰਸਥਾ ਰਾਹੀਂ ਵਿਦੇਸ਼ ਵਿੱਚ ਪੜ੍ਹਾਈ ਕਰ ਰਹੇ ਬੱਚੇ ਸੰਸਥਾ ਤੇ ਆਪਣੇ ਮਾਪਿਆਂ ਦਾ ਵਿਦੇਸ਼ ਵਿੱਚ ਨਾਮ ਚਮਕਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸੰਸਥਾ ਦੇ ਤਜਰਬੇਕਾਰ ਅਧਿਆਪਕ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਲੈਵਲ ਅਨੁਸਾਰ ਪੜ੍ਹਾਈ ਕਰਵਾਉਂਦੇ ਹਨ।

# ਹਰਪਾਲ ਸਿੰਘ ਚੀਮਾ ਵੱਲੋਂ ਮਹਿਲਾਂ 'ਚ ਕੰਪਿਊਟਰ ਲੈਬ ਦਾ ਉਦਘਾਟਨ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਕੰਪਿਊਟਰ ਲੈਬ ਦਾ ਉਦਘਾਟਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਅਜੋਕੇ ਆਧੁਨਿਕ ਦੌਰ ਵਿੱਚ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਸਮੇਂ ਦਾ ਹਾਣੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਕਰਨ ਲਈ ਜਿੱਥੇ ਅਤਿ ਆਧੁਨਿਕ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾ ਰਿਹਾ ਹੈ, ਉਥੇ ਹੀ ਸਕੂਲੀ ਸਿੱਖਿਆ ਵਿੱਚ ਨਿਰੰਤਰ ਸੁਧਾਰ ਲਿਆਉਣ ਦੀ ਦਿਸ਼ਾ ਵਿੱਚ ਲੋੜ ਮੁਤਾਬਕ ਨਵੀਂਆਂ ਭਰਤੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਪੜਾਅਵਾਰ ਢੰਗ ਨਾਲ ਸਕੂਲ ਆਫ ਐਮੀਨੈਂਸ ਵਜੋਂ ਵਿਕਸਤ ਕਰਦੇ ਹੋਏ ਹਰ ਪੱਧਰ ਦੀ ਸੁਵਿਧਾ ਉਪਲਬਧ ਕਰਵਾਈ ਜਾ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਕੇ ਸਿੱਖਿਆ ਦੇ ਖੇਤਰ ਵਿੱਚ ਨਾਮ ਰੌਸ਼ਨ ਕਰਨ ਦੇ ਸਮਰੱਥ ਬਣ ਸਕਣ। ਕੈਬਨਿਟ ਮੰਤਰੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਆਪਣੇ ਪਿਛਲੇ ਦੌਰੇ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਸਕੂਲ ਵਿੱਚ ਕੰਪਿਊਟਰ ਸਿੱਖਿਆ ਦੀ ਕਮੀ ਦਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ, ਜਿਸ ਕਰਕੇ ਉਨ੍ਹਾਂ ਨੇ ਏ ਯੂ ਬੈਂਕ ਨਾਲ ਤਾਲਮੇਲ ਕੀਤਾ ਤੇ ਬੈਂਕ ਦੇ ਪ੍ਰਬੰਧਕਾਂ ਦੀ ਤਰਫੋਂ ਫੌਰੀ ਤੌਰ 'ਤੇ ਸੀ.ਐੱਸ.ਆਰ. ਫ਼ੰਡ ਤਹਿਤ 10 ਨਵੇਂ ਕੰਪਿਊਟਰ ਮੁਹੱਈਆ ਕਰਵਾਉਂਦੇ ਹੋਏ ਭਵਿੱਖ ਵਿੱਚ ਹੋਰ ਵੀ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਏ ਯੂ ਐੱਸ ਐੱਫ ਬੀ ਦੇ ਨੈਸ਼ਨਲ ਮੈਨੇਜਰ ਅਰਵਿੰਦ ਪੁਰੋਹਿਤ ਤੇ ਰੀਜਨਲ ਮੈਨੇਜਰ ਵਿਸ਼ਾਲ ਸਿੰਗਲਾ, ਕੈਬਨਿਟ ਮੰਤਰੀ ਦੇ ਓ ਐੱਸ ਡੀ ਤਪਿੰਦਰ ਸਿੰਘ ਸੋਹੀ ਹਾਜ਼ਰ ਸਨ।

# ਆਸਰਾ ਫਾਊਂਡੇਸ਼ਨ ਵੱਲੋਂ ਸਵਰਨਕਾਰ ਦੀ ਯਾਦ 'ਚ ਅੱਖਾਂ ਦਾ ਚੈੱਕਅੱਪ ਕੈਂਪ



**ਬਰੇਟਾ (ਗੋਬਿੰਦ ਸ਼ਰਮਾ, ਰੀਤਵਾਲ)**-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਸੱਚਖੰਡ ਵਾਸੀ ਲਾਜਵੰਤ ਰਾਏ ਸਵਰਨਕਾਰ ਦੀ ਯਾਦ 'ਚ ਅੱਖਾਂ ਦਾ ਦੂਜਾ ਤੇ ਫਾਊਂਡੇਸ਼ਨ ਦਾ 104ਵਾਂ ਕੈਂਪ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਵਿਖੇ ਪੁਨਰਜੋਤੀ ਆਈ ਡੋਨੇਸ਼ਨ ਹਸਪਤਾਲ ਵੱਲੋਂ ਡਾਕਟਰ ਅਮਨਜੀਤ ਸਿੰਘ ਤੇ ਉਨ੍ਹਾ ਦੀ ਸਹਿਯੋਗੀ ਟੀਮ ਸੁਖਵੀਰ ਸਿੰਘ, ਹਰਜੋਤ ਸਿੰਘ, ਕਮਲਜੀਤ ਸਿੰਘ, ਦਵਿੰਦਰ ਸਿੰਘ, ਅਮਨਦੀਪ ਕੌਰ, ਹੈਪੀ, ਪਿੰਕੀ, ਗੁਰਮੀਤ ਸਿੰਘ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ 385 ਲੋੜਵੰਦ ਚੈੱਕ ਕਰਕੇ 68 ਮਰੀਜ਼ ਫਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ। ਟੀਮ ਆਸਰਾ ਦੇ ਅਹੁਦੇਦਾਰ ਅਜੈਬ ਸਿੰਘ ਬਹਾਦਰਪੁਰ ਤੇ ਸੁਖਪਾਲ ਸਿੰਘ ਪੰਜਾਬ ਪੁਲਸ ਨੇ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਚੰਗੇ ਕੰਮ ਚੰਗੇ ਪਰਿਵਾਰਾਂ ਦੇ ਹਿੱਸੇ ਆਉਂਦੇ ਹਨ। ਇਸ ਸਮੇਂ ਪਰਿਵਾਰਕ ਮੈਂਬਰ ਤਰਸੇਮ ਚੰਦ, ਪਵਨ ਕੁਮਾਰ ਬੇਟੇ ਅਮਰਜੋਤੀ ਬੇਟੀ, ਰਜੀਵ ਕੁਮਾਰ, ਅਮਰਿੰਦਰ ਸਿੰਘ, ਰਾਹੁਲ ਵਰਮਾ, ਪੋਤਰੇ ਸੋਫੀਆ ਰਾਣੀ ਪੋਤਰੀ, ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਸੰਜੀਵਨੀ ਵੈੱਲਫੇਅਰ ਸੋਸਾਇਟੀ ਬੁਢਲਾਡਾ, ਜ਼ਿਲ੍ਹਾ ਰੂਰਲ ਯੂਥ ਐਸੋਸੀਏਸ਼ਨ ਮਾਨਸਾ, ਸਿੱਖਿਆ ਵਿਕਾਸ ਮੰਚ ਮਾਨਸਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਿਹੰਤ ਕਾਲਜ ਆਫ ਐਜੂਕੇਸ਼ਨ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ।

# ਕਲੇਰ ਸਕੂਲ ਦੇ ਵਿਦਿਆਰਥੀਆਂ ਯੁਵਕ ਮੇਲੇ 'ਚ ਜਿੱਤੇ ਇਨਾਮ



**ਭਗਤਾ ਭਾਈ ਕਾ (ਰਾਜੀਵ ਗੋਇਲ)**

ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਵਿਦਿਆਰਥੀਆਂ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਕਰਵਾਏ ਗਏ ਅੰਤਰ ਯੁਵਕ ਮੇਲੇ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚ ਦਸਤਾਰ ਸਜਾਉਣ, ਕਵਿਤਾ ਉਚਾਰਨ, ਪੇਂਟਿੰਗ, ਪ੍ਰਸ਼ਨੋਤਰੀ ਤੇ ਸੁੰਦਰ ਲਿਖਾਈ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਦਿਲਜੋਤ ਸਿੰਘ ਨੇ ਤੀਜਾ ਸਥਾਨ, ਕਰਨਪ੍ਰੀਤ ਕੌਰ ਨੇ ਦੁਮਾਲਾ ਸਜਾਉਣ ਵਿੱਚ ਪਹਿਲਾ, ਤਨਵੀਰ ਸਿੰਘ ਨੇ ਪੇਂਟਿੰਗ ਮੁਕਾਬਲੇ 'ਚ ਤੀਜਾ ਸਥਾਨ, ਹਰਨੂਰ ਸਿੰਘ ਨੇ ਕਵਿਤਾ ਉਚਾਰਨ 'ਚ ਤੀਜਾ ਸਥਾਨ ਹਾਸਲ ਕੀਤਾ ਅਤੇ ਅਗਸਤ ਵਿੱਚ ਹੋਏ ਇਮਤਿਹਾਨ ਵਿੱਚ ਗਿਆਰਵੀਂ ਜਮਾਤ ਦੇ ਵਿਦਿਆਰਥੀ ਤੇਗਵੀਰ ਸਿੰਘ, ਅੱਠਵੀਂ ਜਮਾਤ ਦੀ ਵਿਦਿਆਰਥਣ ਗਗਨਦੀਪ ਕੌਰ, ਜਸ਼ਨਦੀਪ ਕੌਰ ਤੇ ਦੂਜੀ ਜਮਾਤ ਦੀ ਵਿਦਿਆਰਥਣ ਨਵਰੂਪ ਕੌਰ ਨੇ ਵਿਸ਼ੇਸ਼ ਸਥਾਨ ਹਾਸਲ ਕੀਤਾ। ਸਕੂਲ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਤੇ ਵਿਦਿਆਰਥਣਾਂ ਨੂੰ ਡਾਇਰੈਕਟਰ ਕੋਹਿਨੂਰ ਸਿੰਘ ਸਿੱਧੂ, ਪ੍ਰਿੰਸੀਪਲ ਸ਼ਸ਼ੀ ਕਾਂਤ, ਸੀਨੀਅਰ ਕੁਆਰਡੀਨੇਟਰ ਰੰਜੀਵ ਸ਼ਰਮਾ ਹਾਊਸ ਕੁਆਰਡੀਨੇਟਰ ਕਰਮਜੀਤ ਕੌਰ ਨੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਸਕੂਲ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਤੇ ਚੇਅਰਪਰਸਨ ਮੈਡਮ ਰਣਧੀਰ ਕੌਰ ਕਲੇਰ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ, ਵਿਦਿਆਰਥਣਾਂ ਤੇ ਧਾਰਮਿਕ ਗਤੀਵਿਧੀਆਂ ਦੇ ਇੰਚਾਰਜ ਹਰਜੀਤ ਕੌਰ ਨੂੰ ਮੁਬਾਰਕਬਾਦ ਦਿੱਤੀ। ਇਸ ਤੋਂ ਇਲਾਵਾ ਐਗਜ਼ਾਮੀਨੇਸ਼ਨ ਇੰਚਾਰਜ ਦਮਨਜੋਤ ਕੌਰ, ਜੂਨੀਅਰ ਕੁਆਰਡੀਨੇਟਰ ਰੁਪਿੰਦਰ ਕੌਰ, ਪ੍ਰਾਇਮਰੀ ਕੁਆਰਡੀਨੇਟਰ ਨਵਜੋਤ ਕੌਰ, ਕਿੰਡਰਗਾਰਟਨ ਕੁਆਰਡੀਨੇਟਰ ਮੋਨਿਕਾ ਚਾਲਾਨਾ ਆਈ ਟੀ ਇੰਚਾਰਜ ਗੁਰਵਿੰਦਰ ਸਿੰਘ ਸੋਨੂੰ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਛੋਟੇ ਕਿਸਾਨਾਂ ਤੇ ਬੇਜ਼ਮੀਨੇ ਲੋਕਾਂ ਨੂੰ ਡੇਅਰੀ ਕਿੱਤੇ ਨਾਲ ਜੋੜਿਆ ਜਾਵੇਗਾ : ਖੁੱਡੀਆਂ

## ਡੇਅਰੀ ਵਿਕਾਸ ਵਿਭਾਗ ਤੇ ਬੋਰਡ ਵੱਲੋਂ ਰਾਜ ਪੱਧਰੀ ਸੈਮੀਨਾਰ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਦੇ ਖੇਤੀਬਾੜੀ ਤੇ ਡੇਅਰੀ ਵਿਕਾਸ ਮੰਤਰੀ ਸ੍ਰ: ਗੁਰਮੀਤ ਸਿੰਘ ਖੁੱਡੀਆਂ ਨੇ ਆਖਿਆ ਕਿ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਛੋਟੇ ਕਿਸਾਨਾਂ ਤੇ ਬੇਜ਼ਮੀਨੇ ਮਜ਼ਦੂਰਾਂ ਨੂੰ ਪਸ਼ੂ ਪਾਲਣ ਦੇ ਕਿੱਤੇ ਨਾਲ ਜੋੜਨ ਦੇ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ ਤਾਂ ਜੋ ਅਜਿਹੇ ਪਰਿਵਾਰਾਂ ਦਾ ਆਰਥਿਕ ਪੱਧਰ ਉੱਚਾ ਚੁੱਕਿਆ ਜਾ ਸਕੇ। ਉਹ ਇੱਥੇ ਡੇਅਰੀ ਵਿਕਾਸ ਵਿਭਾਗ ਪੰਜਾਬ ਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਰਾਸ਼ਟਰੀ ਦੁੱਧ ਦਿਵਸ ਮੌਕੇ ਨਰੋਏ ਸਮਾਜ ਦੀ ਸਿਰਜਣਾ ਲਈ ਦੁੱਧ ਦਾ ਮਹੱਤਵ ਵਿਸ਼ੇ 'ਤੇ ਕਰਵਾਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਰਾਜ ਵਿੱਚ ਪਸ਼ੂਧਨ ਦੇ ਪਸਾਰ ਲਈ ਸਿਖਲਾਈ ਦੇਣ ਦੇ ਨਾਲ ਨਾਲ ਕਿੱਤੇ ਨੂੰ ਪ੍ਰਫੁਲਤ ਕਰਨ ਲਈ ਸਬਸਿਡੀਆਂ ਵੀ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਰਵਾਇਤੀ ਖੇਤੀ ਵਿੱਚ ਆਮਦਨ ਵਾਧੇ 'ਚ ਉਚਤਮ ਪੱਧਰ ਦੀ ਪ੍ਰਾਪਤੀ ਹੋ ਜਾਣ ਤੋਂ ਬਾਅਦ ਕਿਸਾਨ ਪਸ਼ੂਧਨ ਰਾਹੀਂ ਹੀ ਹੋਰ ਆਮਦਨ ਪ੍ਰਾਪਤ ਕਰ ਸਕਦੇ ਹਨ। ਇਸ ਲਈ ਰਾਜ ਸਰਕਾਰ 9 ਸਿਖਲਾਈ ਕੇਂਦਰਾਂ ਰਾਹੀਂ ਕਿਸਾਨਾਂ ਨੂੰ ਡੇਅਰੀ ਦੀ ਸਿਖਲਾਈ ਦੇ ਰਹੀ ਹੈ। ਉਨ੍ਹਾ ਦੱਸਿਆ ਕਿ ਪਿਛਲੇ ਇਕ ਸਾਲ ਵਿੱਚ 6000 ਤੋਂ ਵੱਧ ਨੌਜਵਾਨਾਂ ਨੂੰ ਡੇਅਰੀ ਦੇ ਕਿੱਤੇ ਦੀ ਸਿਖਲਾਈ ਦਿੱਤੀ ਗਈ ਹੈ, ਜਦਕਿ 3200 ਤੋਂ ਜ਼ਿਆਦਾ ਯੂਨਿਟ ਸਥਾਪਤ ਕੀਤੇ ਗਏ ਹਨ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਦੀ ਖੁਸ਼ਹਾਲੀ ਲਈ ਇਹ ਜ਼ਰੂਰੀ ਹੈ ਕਿ ਹਰ ਘਰ ਵਿੱਚ ਲੋਕ ਛੋਟੇ ਪੱਧਰ 'ਤੇ ਡੇਅਰੀ ਦਾ ਕਿੱਤਾ ਅਪਨਾਉਣ ਤੇ ਇਸ ਕਿੱਤੇ ਨੂੰ ਕਰਨ ਵਿੱਚ ਔਰਤਾਂ ਦੀ ਭੂਮਿਕਾ ਵੱਧ ਹੋਵੇ ਤਾਂ ਜੋ ਹਰ ਘਰ ਵਿੱਚ ਇਸ ਕਿੱਤੇ ਨੂੰ ਅਪਣਾ ਕੇ ਖੁਸ਼ਹਾਲ ਕੀਤਾ ਜਾ ਸਕੇ। ਇਸ ਸੈਮੀਨਾਰ ਵਿੱਚ ਵਿਭਾਗੀ ਵਿਸ਼ੇ ਦੇ ਮਾਹਰ ਤੋਂ ਇਲਾਵਾ ਗੁਰੂ ਅੰਗਦ ਦੇਵ ਐਨੀਮਲ ਸਾਇੰਸ ਯੂਨਿਵਰਸਿਟੀ ਤੋਂ ਡਾ. ਵਰਿੰਦਰ ਪਾਲ ਸਿੰਘ, ਸਹਾਇਕ ਪ੍ਰੋਫੈਸਰ ਪਸ਼ੂ ਧਨ, ਅਰਥ ਚਾਰੇ ਤੇ ਡਾ. ਗਜਾਨੰਦ ਪੀ ਦੇਸ਼ਮੁੱਖ ਸਹਾਇਕ ਪ੍ਰੋਫੈਸਰ ਡੇਅਰੀ ਇੰਜੀਨਰਿੰਗ ਨੇ ਸਾਫ ਦੁੱਧ ਸਬੰਧੀ ਬੱਚਿਆਂ ਨੂੰ ਜਾਣਕਾਰੀ ਦਿੱਤੀ। ਸੈਮੀਨਾਰ ਦੇ ਅੰਤ ਵਿੱਚ ਡੇਅਰੀ ਵਿਕਾਸ ਵਿਭਾਗ ਦੇ ਡਾਇਰੈਕਟਰ ਕੁਲਦੀਪ ਸਿੰਘ ਜੱਸੋਵਾਲੀ ਨੇ ਮੁੱਖ ਤੇ ਹੋਰ ਵਿਸ਼ੇਸ਼ ਮਹਿਮਾਨਾਂ ਦਾ, ਦੁੱਧ ਉਤਪਾਦਕਾਂ ਦਾ, ਵਿਗਿਆਨੀਆਂ ਤੇ ਪ੍ਰੈੱਸ ਮੀਡੀਆ ਤੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਭਾਗ ਦੇ ਜੁਆਇੰਟ ਡਾਇਰੈਕਟਰ ਕਸ਼ਮੀਰ ਸਿੰਘ, ਡਿਪਟੀ ਡਾਇਰੈਕਟਰ ਨਿਰਵੈਰ ਸਿੰਘ, ਰਣਦੀਪ ਹਾਂਡਾ, ਬ ਐੱਸ ਗਿੱਲ, ਸਾਬਕਾ ਡਾਇਰੈਕਟਰ ਕਰਨੈਲ ਸਿੰਘ, ਆਪ ਆਗੂ ਸ਼ਿਵਰਾਜ ਸਿੰਘ, ਅਜਮੇਰ ਸਿੰਘ, ਕਰਨਵੀਰ ਸਿੰਘ ਆਦਿ ਹਾਜ਼ਰ ਸਨ।

# ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਧਾਇਕ ਸੁਖਾਨੰਦ ਨੂੰ ਕੀਤਾ ਸਮਾਨਤ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਮੁੱਖ ਰੱਖਦਿਆਂ ਗੁਰਦੁਆਰਾ ਪੁਰਾਣਾ ਪੱਤੀ ਵੱਲੋਂ ਨਗਰ ਕੀਰਤਨ ਸਜਾਇਆ ਗਿਆ, ਜਿੱਥੇ ਕਿ ਸ਼ਹਿਰ ਵਾਸੀਆਂ ਨੇ ਫੁੱਲਾਂ ਦੀ ਵਰਖਾ ਕਰਕੇ ਜ਼ੋਰਦਾਰ ਸਵਾਗਤ ਕੀਤਾ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਵਰਕਰਾਂ ਵੱਲੋਂ ਫੁੱਲਾਂ ਦੀ ਵਰਖਾ ਕਰ ਕੇ ਜ਼ੋਰਦਾਰ ਸਵਾਗਤ ਕੀਤਾ ਗਿਆ। ਵਿਧਾਇਕ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਤੇ ਗੁਰਦਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਗਿੰਦਰ ਸਿੰਘ, ਸਤਿੰਦਰ ਸਿੰਘ, ਹਰਮਿੰਦਰਪਾਲ ਸਿੰਘ, ਕੁਲਵਿੰਦਰ ਸਿੰਘ, ਕਰਨਵੀਰ ਸਿੰਘ, ਰਵਿੰਦਰ ਸਿੰਘ, ਸੁਖਦੀਪ ਸਿੰਘ, ਲਖਵੀਰ ਸਿੰਘ ਵੱਲੋਂ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਸਿਰੋਪਾਓ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਮੌਕੇ 'ਤੇ ਬਲਾਕ ਪ੍ਰਧਾਨ ਗਗਨ ਚੱਢਾ, ਰਣਜੀਤ ਸਿੰਘ ਟੀਟੂ ਬਰਾੜ, ਧਰਮਿੰਦਰ ਸਿੰਘ ਰਖਰਾ ਨੂੰ ਵੀ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਤੇ ਸਾਰੀ ਸੰਗਤ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ।

28-Nov-PAGE-11-Majha-2023.qxd 11/27/2023 10:51 PM Page 1



# ਅੰਮ੍ਰਿਤਸਰ ਤੋਂ ਚੱਲੀ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਪਲੇਠੀ ਰੇਲ ਗੱਡੀ

## * ਹਰ ਰੋਜ਼ ਤੀਰਥ ਯਾਤਰਾ ਲਈ ਚੱਲਿਆ ਕਰਨਗੀਆਂ ਬੱਸਾਂ ਤੇ ਰੇਲਾਂ : ਧਾਲੀਵਾਲ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਅੱਜ 27 ਨਵੰਬਰ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਲੇਠੀ ਰੇਲ ਗੱਡੀ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਈ। ਇਸ ਰੇਲ ਗੱਡੀ ਉੱਤੇ ਯਾਤਰਾ ਲਈ ਗਏ ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹੇ ਦੇ 344 ਯਾਤਰੀਆਂ ਨੂੰ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੇ ਹਰਭਜਨ ਸਿੰਘ ਈਟੀਓ ਨੇ ਰੇਲਵੇ ਸਟੇਸ਼ਨ ਤੋਂ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਕੀਤਾ। ਇਸ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਦੋਵਾਂ ਜ਼ਿਲਿਆਂ ਤੋਂ ਸ਼ਰਧਾਲੂਆਂ ਨੂੰ ਬੱਸਾਂ ਰਾਹੀਂ ਲਿਆਂਦਾ ਗਿਆ, ਜਿੱਥੇ ਉਨ੍ਹਾਂ ਨੂੰ ਸਵੇਰ ਦਾ ਖਾਣਾ, ਮੈਡੀਕਲ ਚੈੱਕਅੱਪ ਅਤੇ ਯਾਤਰਾ ਉਤੇ ਜਾਣ ਵਾਲਾ ਲੋੜੀਂਦਾ ਸਾਮਾਨ ਜਿਸ ਵਿਚ ਕੰਬਲ, ਸਰਹਾਣਾ, ਬੈੱਡ ਸ਼ੀਟ, ਛੱਤਰੀ, ਸਾਬਣ-ਤੇਲ, ਕਿਤਾਬਚਾ ਆਦਿ ਸ਼ਾਮਿਲ ਸਨ, ਇਕ ਕਿੱਟ ਦੇ ਰੂਪ ਵਿਚ ਦਿੱਤੇ ਗਏ। ਇਸ ਮੌਕੇ ਸੰਬੋਧਨ ਕਰਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਚਰਨ ਛੋਹ ਪ੍ਰਾਪਤ ਪਾਵਨ ਧਰਤੀ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਜਿਸ ਦੇ ਦਰਸ਼ਨਾਂ ਦੀ ਤਾਂਘ ਹਰ ਸਿੱਖ ਨੂੰ ਰਹਿੰਦੀ ਹੈ, ਦੇ ਦਰਸ਼ਨਾਂ ਲਈ ਪਹਿਲੀ ਰੇਲ ਗੱਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪੰਜਾਬ ਵਾਸੀਆਂ ਨੂੰ ਦੇਸ਼ ਭਰ ਵਿੱਚ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਜਾਣ ਵਾਸਤੇ ਸਫ਼ਰ ਦੀ ਸਹੂਲਤ ਮੁਫ਼ਤ ਮਿਲਗੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਪਾਵਨ ਅਸਥਾਨ ਸ੍ਰੀ ਹਜ਼ੂਰ ਸਾਹਿਬ (ਨਾਂਦੇੜ) ਤੋਂ ਇਲਾਵਾ ਤਖਤ ਸ੍ਰੀ ਪਟਨਾ ਸਾਹਿਬ (ਬਿਹਾਰ), ਵਾਰਾਨਸੀ ਮੰਦਿਰ, ਅਯੁੱਧਿਆ ਅਤੇ ਵਰਿੰਦਾਵਨ ਧਾਮ (ਉੱਤਰ ਪ੍ਰਦੇਸ਼), ਸ੍ਰੀ ਅਜਮੇਰ ਸ਼ਰੀਫ਼ (ਰਾਜਸਥਾਨ) ਦੀ ਯਾਤਰਾ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸਾਲਾਸਰ ਧਾਮ, ਮਾਤਾ ਚਿੰਤਪੁਰਨੀ, ਮਾਤਾ ਵੈਸ਼ਨੋ ਦੇਵੀ, ਮਾਤਾ ਜਵਾਲਾ ਜੀ ਵਰਗੇ ਅਸਥਾਨਾਂ ਦੀ ਯਾਤਰਾ ਕਰਨ ਦੀ ਇੱਛਾ ਵੀ ਪੂਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨਾ ਤੀਰਥ ਸਥਾਨਾਂ ਦੀ ਯਾਤਰਾ ਲਈ ਰੋਜ਼ਾਨਾ ਬੱਸਾਂ ਤੇ ਰੇਲ ਗੱਡੀਆਂ ਪੰਜਾਬ ਦੇ ਵੱਖ-ਵੱਖ ਹਲਕਿਆਂ ਤੋਂ ਜਾਣ ਦਾ ਪ੍ਰਬੰਧ ਕੀਤਾ ਗਿਆ ਹੈ।

ਇਸ ਮੌਕੇ ਯਾਤਰੀਆਂ ਨੂੰ ਸ਼ੁਭ ਕਾਮਨਾਵਾਂ ਦਿੰਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਸ ਤੀਰਥ ਯਾਤਰਾ ਉਤੇ ਜਾਣ ਲਈ ਦੋ ਤਰ੍ਹਾਂ ਦੇ ਸਾਧਨਾਂ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ। ਵੱਧ ਦੂਰੀ ਦੇ ਧਾਰਮਿਕ ਸਥਾਨਾਂ ਲਈ ਯਾਤਰਾ ਦਾ ਸਾਧਨ ਰੇਲ ਗੱਡੀ ਅਤੇ ਘੱਟ ਦੂਰੀ ਲਈ ਯਾਤਰਾ ਦਾ ਸਾਧਨ ਸੜਕ ਰਸਤੇ ਬੱਸਾਂ ਰਾਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਰੇਲਵੇ ਨੂੰ ਹਦਾਇਤ ਕੀਤੀ ਗਈ ਹੈ ਕਿ ਹਰੇਕ ਡੱਬੇ ਵਿਚ ਯਾਤਰੀਆਂ ਲਈ ਕੀਰਤਨ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਯਾਤਰੀ ਵਾਹਿਗੁਰੂ ਦਾ ਗੁਣਗਾਨ ਕਰਦੇ ਹੋਏ ਆਪਣੀ ਯਾਤਰਾ ਸਫਲ ਕਰਨ। ਇਸ ਤੋਂ ਇਲਾਵਾ ਸਟੇਸ਼ਨ ਉਤੇ ਯਾਤਰੀਆਂ ਨੂੰ ਲਿਜਾਉਣ ਅਤੇ ਸ੍ਰੀ ਹਜ਼ੂਰ ਸਾਹਿਬ ਦੇ ਰੇਲਵੇ ਸਟੇਸ਼ਨ ਤੋਂ ਤੁਹਾਡੇ ਠਹਿਰਨ ਵਾਲੇ ਸਥਾਨ ਤੱਕ ਜਾਣ ਆਦਿ ਦਾ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਦਾ ਹੋਵੇਗਾ ਤਾਂ ਕਿ ਯਾਤਰੀ ਨੂੰ ਕਿਸੇ ਤਰਾਂ ਦੀ ਪਰੇਸ਼ਾਨੀ ਨਾ ਆਵੇ। ਦੱਸਣਯੋਗ ਹੈ ਕਿ ਇਸ ਪਲੇਠੀ ਰੇਲ ਗੱਡੀ ਵਿਚ ਅੰਮ੍ਰਿਤਸਰ ਅਤੇ ਤਰਨਤਾਰਨ ਤੋਂ 344 ਯਾਤਰੀ ਸ੍ਰੀ ਹਜ਼ੂਰ ਸਾਹਿਬ ਨੂੰ ਅੰਮ੍ਰਿਤਸਰ ਤੋਂ ਗਏ, ਇਸ ਤੋਂ ਇਲਾਵਾ ਸਰਕਾਰੀ ਅਧਿਕਾਰੀ ਵੀ ਡਿਊਟੀ ਵਜੋਂ ਨਾਲ ਗਏ ਹਨ। 27 ਨਵੰਬਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੱਲ ਕੇ ਇਹ ਰੇਲ ਗੱਡੀ 29 ਨਵੰਬਰ ਨੂੰ ਸ਼ਾਮ ਸ੍ਰੀ ਹਜ਼ੂਰ ਸਾਹਿਬ ਪਹੁੰਚੇਗੀ ਅਤੇ ਉਥੇ ਦਰਸ਼ਨਾਂ ਤੋਂ ਬਾਅਦ ਵਾਪਸ 2 ਦਸੰਬਰ ਨੂੰ ਇਹ ਰੇਲ ਗੱਡੀ ਅੰਮ੍ਰਿਤਸਰ ਵਾਪਸ ਆਵੇਗੀ। ਇਸ ਮੌਕੇ ਵਿਧਾਇਕ ਡਾ. ਅਜੇ ਗੁਪਤਾ, ਜਸਵਿੰਦਰ ਸਿੰਘ ਰਮਦਾਸ, ਡਾ. ਜਸਬੀਰ ਸਿੰਘ ਸੰਧੂ, ਦਲਬੀਰ ਸਿੰਘ ਟੌਂਗ, ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ, ਚੇਅਰਮੈਨ ਦਿਲਬਾਗ ਸਿੰਘ ਪੱਟੀ, ਚੇਅਰਮੈਨ ਅਸ਼ੋਕ ਤਲਵਾੜ, ਡਿਪਟੀ ਕਮਿਸ਼ਨਰ ਘਣਸ਼ਾਮ ਥੋਰੀ, ਕਮਿਸ਼ਨਰ ਪੁਲਿਸ ਸ. ਗੁਰਪ੍ਰੀਤ ਸਿੰਘ ਭੁੱਲਰ, ਸਹਾਇਕ ਸਟੇਟ ਟਰਾਂਸਪੋਰਟ ਕਮਿਸ਼ਨਰ ਸਕੱਤਰ ਸਿੰਘ ਢਿੱਲ, ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਅਨਦੀਪ ਕੌਰ, ਐੱਸਡੀਐੱਮ ਅਰਵਿੰਦਰਪਾਲ ਸਿੰਘ, ਆਰਟੀਏ ਅਰਸ਼ਦੀਪ ਸਿੰਘ ਲੁਬਾਣਾ, ਸਤਪਾਲ ਸੋਖੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਜਸਪਾਲ ਸਿੰਘ ਭੱਟੀ ਪ੍ਰਧਾਨ ਨਗਰ ਪੰਚਾਇਤ, ਦੀਪਕ ਕੁਮਾਰ ਚਨਪੁਰੀਆ ਸ਼ਹਿਰੀ ਪ੍ਰਧਾਨ, ਦਵਿੰਦਰ ਸਿੰਘ ਸੋਨੂੰ ਬਲਾਕ ਪ੍ਰਧਾਨ, ਅਜੇ ਕੁਮਾਰ, ਪਵਿੱਤਰ ਸਿੰਘ, ਅਮਰਬੀਰ ਸਿੰਘ ਰਿੰਕੂ, ਗੋਰਾ ਸੱਗੂ, ਸ਼ਮਸ਼ੇਰ ਸਿੰਘ ਸ਼ੇਰਾ, ਦੀਪਕ ਭੱਟੀ, ਅਮਿਤ ਔਲ, ਸੁਖਦਿਆਲ ਸਿੰਘ, ਗੀਤਾ ਗਿੱਲ, ਗੁਰਿੰਦਰ ਸਿੰਘ ਗੁੱਜਰਪੁਰਾ, ਗੁਰਨਾਮ ਸਿੰਘ, ਅਮਿਤ ਪੁਰੀ, ਰਸਪਾਲ ਸਿੰਘ ਕੋਟਲਾ ਕਾਜ਼ੀਆਂ ਹਾਜ਼ਰ ਸਨ।

# ਇਨਕਲਾਬੀ ਜੋਸ਼ੋ-ਖਰੋਸ਼ ਨਾਲ ਗਦਰੀ ਬਾਬਾ ਸੁੱਚਾ ਸਿੰਘ ਯਾਦਗਰੀ ਮੇਲਾ ਸਮਾਪਤ



ਚੋਹਲਾ ਸਾਹਿਬ (ਰਮਨ ਚੱਢਾ ਚੋਹਲਾ)-ਮਹਾਨ ਦੇਸ਼ ਭਗਤ ਗਦਰੀ ਬਾਬਾ ਸੁੱਚਾ ਸਿੰਘ ਜੀ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਮੇਲਾ ਅਤੇ ਸ਼ਰਧਾਂਜਲੀ ਸਮਾਗਮ ਗਦਰ ਦੀਆਂ ਗੂੰਜਾਂ ਪਾਉਂਦਾ ਸਮਾਪਤ ਹੋ ਗਿਆ। ਇਸ ਸਮਾਗਮ ਦੇ ਪਹਿਲੇ ਪੜਾਅ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਗਦਰੀ ਬਾਬਿਆਂ ਅਤੇ ਹੋਰ ਦੇਸ਼ ਭਗਤਾਂ ਦੀ ਯਾਦ ਵਿੱਚ ਕਰਵਾਏ ਗਏ ਲੇਖ ਮੁਕਾਬਲੇ ਅਤੇ ਸੁੰਦਰ ਲਿਖਤ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਸੁੰਦਰ ਲਿਖਾਈ ਵਿੱਚ ਸਬ ਜੂਨੀਅਰ ਗਰੁੱਪ ਵਿੱਚੋਂ ਵੀਰਪਾਲ ਸਿੰਘ ਸਅਸ ਚੋਹਲਾ ਸਾਹਿਬ ਪਹਿਲੇ ਸਥਾਨ, ਹਰਲੀਨ ਕੌਰ ਸਕੰਸ ਚੋਹਲਾ ਸਾਹਿਬ ਦੂਸਰੇ ਸਥਾਨ ਅਤੇ ਅਰਸ਼ਪ੍ਰੀਤ ਕੌਰ ਤੀਸਰੇ ਸਥਾਨ 'ਤੇ ਰਹੀ। ਜੂਨੀਅਰ ਗਰੁੱਪ ਵਿੱਚ ਸਿਮਰਨਪ੍ਰੀਤ ਕੌਰ, ਗੁਰਪ੍ਰੀਤ ਕੌਰ ਸਾਰੀਆਂ ਸਕੰਸ ਸਕੂਲ ਚੋਹਲਾ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੀਆਂ ਅਤੇ ਅਨਮੋਲਪ੍ਰੀਤ ਕੌਰ ਨਿਊ ਲਾਈਫ ਪਬਲਿਕ ਸਕੂਲ ਚੋਹਲਾ ਸਾਹਿਬ ਵੀ ਤੀਸਰੇ ਸਥਾਨ 'ਤੇ ਰਹੀ। ਸੀਨੀਅਰ ਗਰੁੱਪ ਵਿੱਚ ਗਗਨਦੀਪ ਕੌਰ ਸਕੰਸ ਸਕੂਲ ਚੋਹਲਾ ਸਾਹਿਬ ਪਹਿਲੇ, ਜਸਕਰਨ ਸਿੰਘ ਗੁਰੂ ਹਰ ਗੋਬਿੰਦ ਸਾਹਿਬ ਵੱਟੂ ਭੱਟੂ (ਫਿਰੋਜ਼ਪੁਰ) ਅਤੇ ਸਹਿਜਪ੍ਰੀਤ ਕੌਰ ਸਕੰਸ ਸਕੂਲ ਚੋਹਲਾ ਸਾਹਿਬ ਦੋਵੇਂ ਦੂਸਰੇ ਸਥਾਨ 'ਤੇ ਰਹੇ, ਕੋਮਲਪ੍ਰੀਤ ਕੌਰ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਤੀਸਰੇ ਸਥਾਨ 'ਤੇ ਰਹੀਆਂ। ਗੀਤਾਂ ਦੇ ਮੁਕਾਬਲੇ ਵਿੱਚ ਜੂਨੀਅਰ ਗਰੁੱਪ ਵਿੱਚ ਗੁਰਸਿਮਰਨ ਸਿੰਘ ਨਿਊ ਲਾਈਫ ਪਬਲਿਕ ਸਕੂਲ ਚੋਹਲਾ ਸਾਹਿਬ ਪਹਿਲੇ, ਸੁਖਦੀਪ ਸਿੰਘ ਸਅਸਸਕੂਲ ਚੋਹਲਾ ਸਾਹਿਬ ਦੂਸਰੇ ਸਥਾਨ 'ਤੇ ਰਹੇ। ਕਵੀਸ਼ਰੀ ਦੇ ਜੂਨੀਅਰ ਗਰੁੱਪ ਵਿੱਚ ਨਿਊ ਲਾਈਫ ਪਬਲਿਕ ਸਕੂਲ ਦੇ ਵਿਦਿਆਰਥੀ ਪਹਿਲੇ ਸਥਾਨ, ਸੁਖਵਿੰਦਰ ਸਿੰਘ ਸਅਸਚੋਹਲਾ ਸਾਹਿਬ ਨੇ ਬਾਜ਼ੀ ਮਾਰੀ। ਸੀਨੀਅਰ ਗਰੁੱਪ ਵਿੱਚ ਅਰਮਾਨਪ੍ਰੀਤ ਸਿੰਘ, ਗੁਰਸਾਹਿਬ ਸਿੰਘ, ਵੀਰਪਾਲ ਸਿੰਘ, ਨਿਊ ਲਾਈਫ ਪਬਲਿਕ ਸਕੂਲ ਦੇ ਵਿਦਿਆਰਥੀ ਪਹਿਲੇ ਸਥਾਨ, ਇਸੇ ਸਕੂਲ ਦੀਆਂ ਵਿਦਿਆਰਥਣਾਂ ਕਿਰਨਦੀਪ ਕੌਰ, ਜਸ਼ਨਦੀਪ ਕੌਰ, ਜਸਮਨਪ੍ਰੀਤ ਕੌਰ ਦੂਸਰੇ ਸਥਾਨ ਤੇ ਰਹੀਆਂ। ਗੁਰਸ਼ਰਨ ਕੌਰ, ਅਮਨਪ੍ਰੀਤ ਕੌਰ, ਸੁਮਨਦੀਪ ਕੌਰ, ਗੁਰੂ ਹਰ ਗੋਬਿੰਦ ਸਾਹਿਬ ਸੀਸੈਸਕੂਲ ਵੱਟੂ ਭੱਟੂ (ਫਿਰੋਜ਼ਪੁਰ) ਤੀਸਰੇ ਸਥਾਨ 'ਤੇ ਰਹੀਆਂ। ਕੋਰੀਓਗ੍ਰਾਫੀ ਦੇ ਮਹਿਮਾਨ ਆਈਟਮ ਵਿੱਚ ਸਕੰਸ ਸਕੂਲ ਚੋਹਲਾ ਸਾਹਿਬ ਅਤੇ ਨਿਊ ਲਾਈਫ ਪਬਲਿਕ ਸਕੂਲ ਚੋਹਲਾ ਸਾਹਿਬ ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਪੇਸ਼ਕਾਰੀ ਕੀਤੀ। ਮੇਲੇ ਦੇ ਦੂਸਰੇ ਪੜਾਅ ਦੌਰਾਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਤੋਂ ਵਿਸ਼ੇਸ਼ ਰੂਪ ਵਿੱਚ ਪਹੁੰਚੇ ਪ੍ਰਸਿੱਧ ਇਤਿਹਾਸਕਾਰ ਚਰੰਜੀ ਲਾਲ ਕੰਗਣੀਵਾਲ ਅਤੇ ਇਸ ਸੰਸਥਾ ਦੇ ਵਿੱਤ ਸਕੱਤਰ ਸੀਤਲ ਸਿੰਘ ਸੰਘਾ ਨੇ ਮੌਜੂਦਾ ਹਾਲਾਤ ਦੌਰਾਨ ਗਦਰ ਲਹਿਰ ਦੀ ਸਾਰਥਿਕਤਾ ਨੂੰ ਬਿਆਨ ਕੀਤਾ। ਉਨ੍ਹਾਂ ਨੇ ਇਤਿਹਾਸਕ ਹਵਾਲੇ ਦਿੰਦਿਆਂ ਕਿਹਾ ਕਿ ਹਿੰਦੋਸਤਾਨ ਦੀ ਮੌਜੂਦਾ ਹਾਲਤ ਗਦਰ ਲਹਿਰ ਦੀ ਬਗਾਵਤ ਦੇ ਸਮੇਂ ਨਾਲੋਂ ਵੀ ਬਦਤਰ ਬਣੀ ਹੋਈ ਹੈ ਅਤੇ ਇਸ ਮੁਲਕ ਨੂੰ ਚੌਤਰਫੇ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਸਬੰਧੀ ਅੱਜ ਗਦਰੀ ਬਾਬਿਆਂ ਦੀ ਸੋਚ ਨੂੰ ਘਰ ਘਰ ਪਹੁੰਚਾਉਣਾ ਅਤੇ ਲਾਮਬੰਦ ਹੋਣਾ ਸਮੇਂ ਦੀ ਅਣਸਰਦੀ ਲੋੜ ਬਣੀ ਹੋਈ ਹੈ। ਇਸ ਭਰਵੇਂ ਇੱਕਠ ਨੂੰ ਹੋਰਨਾਂ ਤੋਂ ਇਲਾਵਾ ਦੇਸ਼ ਭਗਤ ਸੁੱਚਾ ਸਿੰਘ ਯਾਦਗਾਰ ਕਮੇਟੀ ਦੇ ਪ੍ਰਧਾਨ ਸੇਵਾ ਮੁਕਤ ਡੀਆਈਜੀ ਚਰਨਜੀਤ ਸਿੰਘ ਬਰਾੜ, ਹਰਜੀਤ ਸਿੰਘ ਰਵੀ, ਰਵਿੰਦਰ ਸਿੰਘ ਬ੍ਰਹਮਪੁਰਾ ਨੇ ਵੀ ਸੰਬੋਧਨ ਕੀਤਾ। ਸਟੇਜ ਸੰਚਾਲਨ ਪ੍ਰਿੰ. ਕਸ਼ਮੀਰ ਸਿੰਘ ਅਤੇ ਬਲਬੀਰ ਸਿੰਘ ਪਰਵਾਨਾ ਨੇ ਕੀਤਾ। ਹੋਰਨਾਂ ਤੋਂ ਇਲਾਵਾ ਪ੍ਰਿੰ. ਪਰਮਿੰਦਰ ਕੌਰ ਘਹਿਰਾ, ਸਿਮਰਨਜੀਤ ਕੌਰ, ਰੁਪਿੰਦਰ ਕੌਰ, ਪੰਜਾਬੀ ਮਾਸਟਰ ਅਮਰੀਕ ਸਿੰਘ, ਸੁਖਵਿੰਦਰ ਸਿੰਘ ਧਾਮੀ, ਇੰਦਰਬੀਰ ਸਿੰਘ, ਕਵਲਬੀਰ ਸਿੰਘ ਚੋਹਲਾ, ਰਣਜੀਤ ਸਿੰਘ ਟਰਸਟੀ, ਡਾ. ਸੋਹਿਲ ਸਾਰੇ ਜੱਜ, ਜਥੇਦਾਰ ਸਤਨਾਮ ਸਿੰਘ ਸੱਤਾ, ਸੂਬੇਦਾਰ ਅਮਰੀਕ ਸਿੰਘ, ਅਵਤਾਰ ਸਿੰਘ, ਬਲੀ ਸਿੰਘ, ਜਸਜੀਤ ਸਿੰਘ, ਦਿਲਬਰ ਸਿੰਘ, ਜਤਿੰਦਰ ਸਿੰਘ, ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਅਤੇ ਦਲਜੀਤ ਸਿੰਘ ਆਦਿ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ।

# ਪੰਜਾਬੀ ਲੋਕ ਵਿਰਾਸਤ ਅਕਾਦਮੀ ਦਾ ਵਫ਼ਦ ਬੈਂਸ ਨੂੰ ਮਿਲਿਆ



ਬਾਬਾ ਬਕਾਲਾ ਸਾਹਿਬ (ਡੀ. ਕੇ. ਰੈਡੀ)-ਪੰਜਾਬ ਦੇ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਬੀਤੀ ਸ਼ਾਮ ਆਨੰਦਪੁਰ ਸਾਹਿਬ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦਾ ਵਫ਼ਦ ਪ੍ਰੋ. ਗੁਰਭਜਨ ਸਿੰਘ ਗਿੱਲ ਦੀ ਅਗਵਾਈ ਵਿੱਚ ਮਿਲਿਆ। ਵਫ਼ਦ ਵਿੱਚ ਸ਼ਾਮਿਲ ਪ੍ਰਤੀਨਿਧਾਂ ਗੁਰਨਾਮ ਸਿੰਘ ਧਾਲੀਵਾਲ, ਚੇਅਰਮੈਨ ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਲੁਧਿਆਣਾ, ਜੁਗਜਿੰਦਰ ਸਿੰਘ ਗਰੇਵਾਲ ਸਾਬਕਾ ਸਰਪੰਚ ਲਲਤੋਂ (ਲੁਧਿਆਣਾ) ਤੇ ਦਿਲਬਾਗ ਸਿੰਘ ਭੱਟੀ ਖਤਰਾਏ ਕਲਾਂ (ਅੰਮ੍ਰਿਤਸਰ) ਨੇ ਮੰਗ ਕੀਤੀ ਕਿ ਪਿੰਡ ਦੇ ਸਰਕਾਰੀ ਸਕੂਲ ਦਾ ਨਾਮਕਰਨ ਉੱਘੇ ਦੇਸ਼ ਭਗਤ ਕਾਮਰੇਡ ਉਜਾਗਰ ਸਿੰਘ ਖਤਰਾਏ ਕਲਾਂ ਦੇ ਨਾਮ 'ਤੇ ਰੱਖਿਆ ਜਾਵੇ। ਇਸ ਸਬੰਧੀ ਸਕੂਲ, ਪਿੰਡ ਪੰਚਾਇਤ, ਜ਼ਿਲ੍ਹਾ ਸਿੱਖਿਆ ਅਫ਼ਸਰ, ਡਿਪਟੀ ਕਮਿਸ਼ਨਰ ਸਾਹਿਬ ਦੇ ਸਿਫਾਰਸ਼ੀ ਪੱਤਰ ਅਤੇ ਹਲਕਾ ਅਜਨਾਲਾ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਸਿਫ਼ਾਰਸ਼ੀ ਪੱਤਰ ਵੀ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਸੌਂਪਿਆ। ਸ. ਬੈਂਸ ਨੇ ਵਿਸ਼ਵਾਸ ਦਿਵਾਇਆ ਕਿ ਦੇਸ਼ ਭਗਤ ਸੂਰਮਿਆਂ ਦੇ ਨਾਮ 'ਤੇ ਵਿੱਦਿਅਕ ਅਦਾਰਿਆਂ ਦਾ ਨਾਮਕਰਨ ਕਰਨਾ ਸਾਡੀ ਸਰਕਾਰ ਦੀ ਨੀਤੀ ਹੈ। ਇਸੇ ਨੀਤੀ ਅਨੁਸਾਰ ਆਉਂਦੇ ਦਿਨਾਂ ਵਿੱਚ ਇਹ ਕਾਰਜ ਨੇਪਰੇ ਚਾੜ੍ਹਿਆ ਜਾਵੇਗਾ।

# ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀ. ਸੈ. ਸਕੂਲ ਜੌੜੀਆਂ ਕਲਾਂ 'ਚ ਇਨਾਮ ਵੰਡ ਸਮਾਗਮ ਆਯੋਜਿਤ

## * ਡਾ. ਰਵਿੰਦਰ ਕੌਰ ਸੰਧੂ ਉਘੇ ਸਮਾਜ ਸੇਵੀ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ. ਸਕੂਲ ਜੌੜੀਆਂ ਕਲਾਂ ਵਿਖੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆਂ ਗਿਆ। ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਉਘੇ ਸਮਾਜ ਸੇਵੀ ਅਮਰਬੀਰ ਸਿੰਘ ਸੰਧੂ ਦੇ ਸੁਪਤਨੀ ਡਾ. ਰਵਿੰਦਰ ਕੌਰ ਸੰਧੂ, ਸੁਵਿੰਦਰ ਸਿੰਘ ਵਿਰਕ, ਰਵੀਕਰਨ ਸਿੰਘ ਕਾਹਲੋਂ, ਮੈਡਮ ਨਵਜੋਤ ਕੌਰ ਕਾਹਲੋਂ, ਡਾ. ਸ਼ਿਵਕਰਨ ਸਿੰਘ ਕਾਹਲੋਂ, ਸਮਰਾਜ ਸਿੰਘ ਕਾਹਲੋਂ, ਬੇਟੀ ਅਸੀਸ ਕਾਹਲੋਂ, ਮੈਡਮ ਨਵਜੋਤ ਕੌਰ ਢਿੱਲੋਂ ਵੱਲੋਂ ਸਾਂਝੇ ਤੌਰ 'ਤੇ ਸ਼ਮ੍ਹਾ ਰੌਸ਼ਨ ਕਰਕੇ ਸਮਾਰੋਹ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਪਲਵਿੰਦਰ ਕੌਰ ਬੇਦੀ ਨੇ ਸਕੂਲ ਦੀਆਂ ਪ੍ਰਾਪਤੀਆਂ ਸਬੰਧੀ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ। ਸੰਸਥਾ ਦੇ ਸੰਸਥਾਪਕ ਮਰਹੂਮ ਸਵ: ਨਿਰਮਲ ਸਿੰਘ ਕਾਹਲੋਂ ਨੂੰ ਨਮਨ ਕਰਦਿਆਂ ਮੁੱਖ ਮਹਿਮਾਨ ਅਤੇ ਹੋਰ ਬੁਲਾਰਿਆਂ ਨੇ ਉਨ੍ਹਾਂ ਵਲੋਂ ਆਪਣੇ ਜੀਵਨ ਕਾਲ ਵਿੱਚ ਕੀਤੇ ਨੇਕ ਕਾਰਜਾਂ ਸਬੰਧੀ ਚਾਨਣਾ ਪਾਇਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਸਮਾਜਿਕ ਬੁਰਾਈਆਂ ਤੇ ਕੋਰੀਓਗ੍ਰਾਫੀ, ਭੰਗੜਾ, ਗਿੱਧਾ ਅਤੇ ਰੰਗਾਰੰਗ ਪ੍ਰੋਗਰਾਮ ਦੀ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹਿਆ। ਵੱਖ-ਵੱਖ ਖੇਤਰਾਂ ਵਿਚ ਮੱਲਾਂ ਮਾਰਨ ਵਾਲੇ ਸਕੂਲ ਦੇ ਬੱਚਿਆਂ ਸਮੇਤ ਮੁੱਖ ਮਹਿਮਾਨ ਡਾ. ਰਵਿੰਦਰ ਕੌਰ ਸੰਧੂ, ਐਡਵੋਕੇਟ ਪ੍ਰਮੀਤ ਸਿੰਘ ਬੇਦੀ ਸਾਬਕਾ ਨਗਰ ਕੌਂਸਲ ਪ੍ਰਧਾਨ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਅਖੀਰ ਵਿੱਚ ਰਵੀਕਰਨ ਸਿੰਘ ਕਾਹਲੋਂ ਨੇ ਆਪਣੇ ਸਮੁੱਚੇ ਪਰਿਵਾਰ ਵੱਲੋਂ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਇਸ ਸੰਸਥਾ ਦੀ ਨੀਂਹ ਮੇਰੇ ਸਵਰਗਵਾਸੀ ਮਾਤਾ ਸਵਿੰਦਰ ਕੌਰ ਕਾਹਲੋਂ ਅਤੇ ਮੇਰੇ ਪਿਤਾ ਸਵ. ਨਿਰਮਲ ਸਿੰਘ ਕਾਹਲੋਂ ਵੱਲੋਂ ਇਸ ਸਰਹੱਦੀ ਇਲਾਕੇ ਦੇ ਗਰੀਬ ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਆਂ ਦੇ ਖੇਤਰ ਵਿੱਚ ਸਮੇਂ ਦੇ ਹਾਣੀ ਬਣਾਉਣ ਲਈ ਰੱਖੀ ਗਈ ਸੀ। ਅਸੀਂ ਕਾਹਲੋਂ ਪਰਿਵਾਰ ਤਹਾਡੇ ਨਾਲ ਵਾਅਦਾ ਕਰਦੇ ਹਾਂ ਕਿ ਇਸ ਸੰਸਥਾ ਨੂੰ ਨਵੀਆਂ ਤਕਨੀਕਾਂ ਨਾਲ ਹੋਰ ਉੱਚਾਂ ਚੁੱਕਣ ਲਈ ਵਧੀਆ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਜਥੇਦਾਰ ਅਮਰੀਕ ਸਿੰਘ ਖਲੀਲਪੁਰ, ਜਥੇ ਰਜਿੰਦਰ ਸਿੰਘ ਵੈਰੋਕੇ, ਜਥੇ. ਨਿਰਮਲ ਸਿੰਘ ਰੱਤਾ, ਇੰਦਰਜੀਤ ਸਿੰਘ ਸ਼ਹਿਜ਼ਾਦਾ, ਸਤਨਾਮ ਸਿੰਘ ਡੀਸੀ ਸ਼ਿਕਾਰ, ਬਲਵਿੰਦਰ ਸਿੰਘ ਤਲਵੰਡੀ ਗੁਰਾਇਆ, ਜਥੇ. ਮੋਹਨ ਸਿੰਘ ਚਾਕਾਂਵਾਲੀ, ਸੁਖਵਿੰਦਰ ਸਿੰਘ ਤਲਵੰਡੀ ਰਾਮਾਂ, ਜਥੇ. ਨਿਰਮਲ ਸਿੰਘ ਨਿਕੋਸਰਾਂ, ਬਲਵਿੰਦਰ ਸਿੰਘ ਹਰੂਵਾਲ, ਹਰਪ੍ਰੀਤ ਹੈਪੀ ਪ੍ਰਧਾਨ ਆਈ. ਟੀ. ਵਿੰਗ, ਜਥੇਦਾਰ ਰਣਬੀਰ ਸਿੰਘ ਅਬਦਾਲ, ਬਖਸ਼ੀਸ਼ ਸਿੰਘ ਠੇਠਰਕੇ, ਡਾਕਟਰ ਮਨਮੋਹਨ ਸਿੰਘ ਭੱਟੀ, ਕਾਲਾ ਪੂੰਨੀ, ਗੁਰਦੇਵ ਸਿੰਘ ਹਰੀਮਾਬਾਦ, ਜਸਵੰਤ ਸਿੰਘ, ਨਿਰਮਲ ਸਿੰਘ ਅਗਵਾਨ, ਅਜਮੇਰ ਸਿੰਘ ਰੱਤੜ-ਛੱਤੜ, ਗੁਰਵਿੰਦਰ ਸਿੰਘ ਰੱਤੜ-ਛੱਤੜ, ਸੂਬਾ ਸਿੰਘ ਅਗਵਾਨ, ਗੁਰਮੀਤ ਸਿੰਘ ਸ਼ਾਹਪੁਰ, ਅਮਰਜੀਤ ਸ਼ਰਮਾ, ਜਤਿੰਦਰ ਸੋਨੂੰ ਰੜੇਵਾਲੀ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।




# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਧਾਰਮਿਕ ਸਮਾਗਮ




ਮਜੀਠਾ (ਸੋਇਮ ਆਨੰਦ)- ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੋਟਲਾ ਸੁਲਤਾਨ ਸਿੰਘ ਵਿਖੇ ਸ਼੍ਰੀ ਗੁਰੂ ਗਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਕੂਲ ਪ੍ਰਿੰਸੀਪਲ ਵਿਨੋਦ ਸ਼ਰਮਾ ਦੀ ਅਗਵਾਈ 'ਚ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੰਗੀਤ ਅਧਿਆਪਕ ਦੀ ਰਹਿਨੁਮਾਈ ਹੇਠ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਵਿਨੋਦ ਸ਼ਰਮਾ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਵੱਲੋਂ ਕੀਤੀਆਂ ਚਾਰ ਉਦਾਸੀਆਂ ਅਤੇ ਗੁਰੂ ਜੀ ਦੀਆਂ ਸਿੱਖਿਆਵਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਮੌਕੇ ਸਟੇਜ ਸੈਕਟਰੀ ਮੈਡਮ ਗੁਰਿੰਦਰਜੀਤ ਕੌਰ ਨੇ ਗੁਰੂ ਇਤਿਹਾਸ ਤੇ ਚਾਨਣਾ ਪਾਇਆ। ਇਸ ਮੌਕੇ ਸਕੂਲ ਪ੍ਰਿੰਸੀਪਲ ਵਿਨੋਦ ਸ਼ਰਮਾ, ਮੈਡਮ ਗੁਰਿੰਦਰਜੀਤ ਕੌਰ, ਹਰਪ੍ਰੀਤ ਸਿੰਘ, ਇਕਬਾਲ ਸਿੰਘ ਹਰਦੇਵ ਸਿੰਘ ਪ੍ਰਿਤਪਾਲ ਸਿੰਘ ਵਿਦਿਆਰਥੀਆਂ ਦੇ ਮਾਪੇ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਇਸ ਮੌਕੇ ਸੰਗਤਾਂ ਲਈ ਗੁਰੂ ਦੇ ਅਤੁੱਟ ਲੰਗਰ ਵੀ ਵਰਤਾਏ ਗਏ।

# ਗੁਰਪੁਰਬ ਦੇ ਸਬੰਧ 'ਚ ਮਜੀਠਾ ਵਿਖੇ ਸਜਿਆ ਵਿਸ਼ਾਲ ਨਗਰ ਕੀਰਤਨ



ਮਜੀਠਾ(ਸੋਇਮ ਆਨੰਦ)-ਧੰਨ-ਧੰਨ ਬਾਬਾ ਦੀਪ ਸਿੰਘ ਜੀ ਨਿਸ਼ਕਾਮ ਸੇਵਾ ਸੁਸਾਇਟੀ, ਸਿੱਖ ਸੇਵਕ ਜਥਾ, ਗੁਰਦੁਆਰਾ ਮਾਈਆਂ ਪ੍ਰਬੰਧਕ ਕਮੇਟੀ ਵਲੋਂ ਸ਼ਹਿਰ ਦੀਆਂ ਸਮੂਹ ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿਚ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਡੇਰਾ ਬਾਬਾ ਭਾਈ ਸਾਲ੍ਹੋ ਜੀ ਦੀ ਅੰਸਵੰਸ ਬਾਬਾ ਗੁਰਪਿੰਦਰ ਸਿੰਘ ਦੀ ਅਗਵਾਈ ਵਿਚ ਸੁੰਦਰ ਤਰੀਕੇ ਨਾਲ ਸਜਾਈ ਗਈ ਪਾਲਕੀ ਨਗਰ ਕੀਰਤਨ ਨੂੰ ਚਾਰ ਚੰਨ ਲਗਾ ਰਹੀ ਸੀ। ਇਹ ਨਗਰ ਕੀਰਤਨ ਸੁੰਦਰ ਸਿੰਘ ਮਜੀਠੀਆ ਬੱਸ ਅੱਡਾ ਮਜੀਠਾ ਤੋਂ ਸ਼ੁਰੂ ਹੋਇਆ ਅਤੇ ਮਜੀਠਾ ਦੇ ਵੱਖ-ਵੱਖ ਬਾਜ਼ਾਰਾਂ ਵਿਚੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਮਾਈਆਂ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਸਾਰਾ ਰਸਤਾ ਸ਼ਰਧਾਲੂ ਸੰਗਤਾਂ ਵੱਲੋਂ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ ਅਤੇ ਸੰਗਤਾਂ ਵੱਲੋਂ ਪਾਲਕੀ ਸਾਹਿਬ ਤੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਨਗਰ ਕੀਰਤਨ ਨੂੰ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਕੱਤਰ ਐਡਵੋਕੇਟ ਰਾਕੇਸ਼ ਪ੍ਰਾਸ਼ਰ, ਨਗਰ ਕੌਂਸਲ ਮਜੀਠਾ ਦੇ ਪ੍ਰਧਾਨ ਸਲਵੰਤ ਸਿੰਘ ਸੇਠ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਨਗਰ ਕੀਰਤਨ ਨੂੰ ਰਵਾਨਾ ਕੀਤਾ ਅਤੇ ਮਜੀਠੀਆ ਵੱਲੋਂ ਭੇਜੀ ਗਈ ਨਕਦ ਰਾਸ਼ੀ ਪ੍ਰਬੰਧਕ ਕਮੇਟੀ ਨੂੰ ਦਿੱਤੀ ਗਈ। ਨਗਰ ਕੀਰਤਨ ਵਿਚ ਬੀਬੀਆਂ ਦੇ ਵਿਸ਼ਾਲ ਜਥੇ ਵੱਲੋਂ ਮਨੋਹਰ ਗੁਰਬਾਣੀ ਕੀਰਤਨ ਦਾ ਗਾਇਨ ਕਰਕੇ ਮਾਹੌਲ ਨੂੰ ਧਾਰਮਿਕ ਬਣਾਇਆ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਵੱਖ-ਵੱਖ ਸੁੰਦਰ ਪੁਸ਼ਾਕਾਂ ਪਾ ਕੇ ਨਗਰ ਕੀਰਤਨ ਦੀ ਸ਼ੋਭਾ ਵਧਾ ਰਹੇ ਸਨ। ਨਗਰ ਕੀਰਤਨ ਵਿਚ ਸ਼ਹਿਰ ਦੀਆਂ ਗਤਕਾ ਟੀਮਾਂ ਅਤੇ ਬੈਂਡ ਪਾਰਟੀਆਂ ਨੇ ਸ਼ਾਮਲ ਹੋ ਕੇ ਨਗਰ ਕੀਰਤਨ ਦੀ ਸ਼ੋਭਾ ਵਧਾਈ। ਵੱਡੀ ਗਿਣਤੀ ਵਿਚ ਸੰਗਤਾਂ ਨਗਰ ਕੀਰਤਨ ਵਿਚ ਸ਼ਾਮਲ ਹੋਈਆਂ।

# ਸੱਚਖੰਡ ਸ੍ਰੀ ਚੋਲਾ ਸਾਹਿਬ ਵਿਖੇ ਪੂੰਨਿਆ ਦਾ ਦਿਹਾੜਾ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਪੂੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਬਾਬਾ ਅਵਤਾਰ ਸਿੰਘ ਜੀ ਬੇਦੀ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਦਿਹਾੜੇ ਦੀ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾ 'ਤੇ ਚੱਲਦਿਆਂ ਅਤੇ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਗੁਰੂ ਮੰਨਣਾ ਚਾਹੀਦਾ ਹੈ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

# ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਸਿਧਾਂਤ ਆਦਰਸ਼ ਜੀਵਨ ਦਾ ਰਹੱਸ : ਪ੍ਰਿੰ. ਤਰਸਿੱਕਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਉੱਘੇ ਸਮਾਜ ਸੇਵਕ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨਾਏ ਗਏ ਪ੍ਰਕਾਸ਼ ਪੁਰਬ ਮੌਕੇ ਕਿਹਾ ਕਿ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਸਿਧਾਂਤ ਆਦਰਸ਼ ਜੀਵਨ ਦਾ ਰਹੱਸ ਹੈ। ਸਾਨੂੰ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਬਤੀਤ ਕਰਨ ਦੀ ਲੋੜ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਤਰਸਿੱਕਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੇਧ ਸਾਡੇ ਸਾਰਿਆਂ ਲਈ ਉਸ ਮਾਰਗ 'ਤੇ ਚੱਲਣ ਦਾ ਕੰਮ ਕਰੇਗੀ, ਜਿਸ ਤੇ ਚੱਲਦਿਆਂ ਕੋਈ ਵੀ ਵਿਅਕਤੀ ਕਿਸੇ ਵੀ ਤਰ੍ਹਾਂ ਦੇ ਗਲਤ ਰਸਤੇ 'ਤੇ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਸੱਚਾ ਸੌਦਾ ਦੇ ਮਾਰਗ 'ਤੇ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ ਅਤੇ ਗੁਰੂ ਜੀ ਦੀ ਬਖਸ਼ਿਸ਼ ਪ੍ਰਾਪਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ 'ਤੇ ਚੱਲਣਾ ਹੀ ਨਹੀਂ ਚਾਹੀਦਾ ਸਗੋਂ ਦੂਜਿਆਂ ਨੂੰ ਵੀ ਪ੍ਰੇਰਿਤ ਕਰਨਾ ਚਾਹੀਦਾ।

# ਕਲਾਸਵਾਲਾ ਖਾਲਸਾ ਸਕੂਲ ਕਾਦੀਆਂ ਵਿਖੇ ਪ੍ਰਕਾਸ਼ ਦਿਹਾੜਾ ਮਨਾਇਆ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਲਾਸਵਾਲਾ ਖਾਲਸਾ ਸਕੂਲ ਕਾਦੀਆਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਬੜੇ ਹੀ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਗਿਆਰਵੀਂ ਜਮਾਤ ਦੀ ਵਿਦਿਆਰਥਣ ਹਰਮਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ ਅਤੇ ਗਿਆਰਵੀਂ ਜਮਾਤ ਦੀ ਵਿਦਿਆਰਥਣ ਹਰਜੋਤ ਕੌਰ ਤੇ ਉਸ ਦੀਆਂ ਸਾਥਣਾਂ ਨੇ ਸਤਿਗੁਰ ਨਾਨਕ ਪ੍ਰਗਟਿਆ ਸਬਦ ਬੜੀ ਹੀ ਮਿੱਠੀ ਆਵਾਜ਼ ਵਿੱਚ ਗਾਇਨ ਕੀਤਾ। ਸ਼ੁਭ ਅਤੇ ਹਿਨਾ ਅੱਠਵੀਂ ਕਲਾਸ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਬੰਧੀ ਕਵਿਤਾ ਗਾਇਨ ਕੀਤੀ। ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਨੇ ਵੀ ਬੜੇ ਵਿਲੱਖਣ ਤਰੀਕੇ ਨਾਲ ਗੁਰੂ ਨਾਨਕ ਦੇਵ ਜੀ ਦੇ ਜੀਵਨ ਦ੍ਰਿਸ਼ਾਂ ਨੂੰ ਪੇਸ਼ ਕੀਤਾ। ਉਨ੍ਹਾਂ ਦੇ ਦਿੱਤੇ ਉਪਦੇਸ਼ ਕਿਰਤ ਕਰਨਾ, ਨਾਮ ਜਪਣਾ ਤੇ ਵੰਡ ਛਕਣਾ ਆਦਿ 'ਤੇ ਨਾਟਕ ਰੂਪ ਵਿੱਚ ਝਲਕਾਂ ਪੇਸ਼ ਕੀਤੀਆਂ। ਉਨਾਂ ਦੇ ਜੀਵਨ ਦੇ ਆਰੰਭਿਕ ਸਮੇਂ ਤੋਂ ਲੈ ਕੇ ਜੋਤੀ-ਜੋਤ ਸਮਾਉਣ ਤੱਕ ਦੇ ਸਫਰ ਨੂੰ ਇੱਕ ਪੇਸ਼ਕਾਰੀ ਰਾਹੀਂ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਸ਼ਾਲਿਨੀ ਦੱਤਾ ਨੇ ਗੁਰੂ ਨਾਨਕ ਦੇਵ ਜੀ ਦੇ ਦੱਸੇ ਮਾਰਗ ਕਿਰਤ ਕਰਨਾ, ਨਾਮ ਜਪਣਾ ਅਤੇ ਵੰਡ ਛਕਣਾ, ਸਬਰ ਸੰਤੋਖ ਨੂੰ ਇੱਕ ਮਿੰਨੀ ਕਹਾਣੀ ਰਾਹੀਂ ਬੱਚਿਆਂ ਨੂੰ ਸਮਝਾਇਆ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਵਿਦਿਆਰਥੀਆਂ ਨੇ ਆਪਣਾ ਗੁਰੂ ਸੋਸ਼ਲ ਮੀਡੀਆ ਨੂੰ ਮੰਨ ਲਿਆ ਹੈ ਜਦਕਿ ਸੱਚਾ ਗੁਰਸਿੱਖ ਉਹ ਹੀ ਹੁੰਦਾ ਹੈ ਜੋ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲਦਾ ਹੈ।

# ਮਰੇਂਗੋ ਸੀਆਈਐੱਮਐੱਸ ਹਾਸਪਿਟਲ ਨੇ ਬਣਾਈ ਨਿਵੇਕਲੀ ਪਛਾਣ

ਲੁਧਿਆਣਾ : ਮਰੇਂਗੋ ਏਸ਼ੀਆ ਹੋਸਪਿਟਲ ਅੰਗਾਂ ਦੇ ਟ੍ਰਾਂਸਪਲਾਂਟ ਲਈ ਇੱਕ ਪਸੰਦੀਦਾ ਕੇਂਦਰ ਵਜੋਂ ਜਾਣਿਆਂ ਜਾਂਦਾ ਹੈ, ਜਿਨ੍ਹਾਂ ਵਿੱਚ ਸਿਹਤ ਸੰਭਾਲ ਵਿੱਚ ਸਭ ਤੋਂ ਵੱਧ ਆਧੁਨਿਕ ਅਤੇ ਸਭ ਤੋਂ ਗੁੰਝਲਦਾਰ ਸਰਜਰੀਆਂ ਦਿਲ ਅਤੇ ਫੇਫੜਿਆਂ ਦੇ ਟ੍ਰਾਂਸਪਲਾਂਟ ਹੁੰਦੇ ਹਨ। ਇਸ ਹਸਪਤਾਲ ਵਿੱਚ ਫੇਫੜੇ ਦੇ ਟਰਾਂਸਪਲਾਂਟ ਦੇ ਪ੍ਰੋਗਰਾਮ ਦੀ ਅਗਵਾਈ ਡਾ: ਗਿਆਨੇਸ ਠੱਕਰ, ਡਾਇਰੈਕਟਰ-ਲੰਗ ਟ੍ਰਾਂਸਪਲਾਂਟ ਅਤੇ ਉਨ੍ਹਾਂ ਦੀ ਟੀਮ ਦੁਆਰਾ ਕੀਤੀ ਜਾਂਦੀ ਹੈ। ਫੇਫੜਿਆਂ ਨੂੰ ਪ੍ਰਭਾਵਿਤ ਕਰਨ ਵਾਲਿਆਂ ਸਭਤੋਂ ਆਮ ਬਿਮਾਰੀਆਂ ਵਿੱਚੋਂ ਫੇਫੜਿਆਂ ਦੀ ਇੰਟਰਸਟੀਸੀਅਲ ਬਿਮਾਰੀ ਹੁੰਦੀ ਹੈ ਜੋ ਫੇਫੜਿਆਂ ਦੀਆਂ ਹਵਾ ਦੀਆਂ ਥੈਲੀਆਂ ਦੇ ਆਲੇ-ਦੁਆਲੇ ਅਤੇ ਉਨ੍ਹਾਂ ਨੂੰ ਸਹਾਰਾ ਦੇਣ ਵਾਲੀ ਟਿਸ਼ੂ ਜਿਸ ਨੂੰ ਇੰਟਰਸਟੀਟਿਅਮ ਕਿਹਾ ਜਾਂਦਾ ਹੈ, ਉਸ ਦੀ ਸੋਜ ਅਤੇ ਜ਼ਖਮ (ਫ਼ਿਬਰਿਓਸਿਸ) ਦੇ ਦੁਆਰਾ ਦਰਸਾਈਆਂ ਬਿਮਾਰੀਆਂ ਦੇ ਇੱਕ ਵਿਭਿੰਨਤਾਪੂਰਣ ਸਮੂਹ ਨੂੰ ਦਰਸਾਉਂਦੀ ਹੈ। ਇਹ ਬਿਮਾਰੀਆਂ ਫੇਫੜਿਆਂ ਨੂੰ ਪ੍ਰਗਤੀਸ਼ੀਲ ਨੁਕਸਾਨ ਪਹੁੰਚਾ ਸਕਦੀਆਂ ਹਨ ਅਤੇ ਅੰਗ ਠੀਕ ਤਰ੍ਹਾਂ ਕਾਰਜ ਕਰਨ ਨੂੰ ਪ੍ਰਭਾਵਤ ਕਰ ਸਕਦੀਆਂ ਹਨ। ਫੇਫੜਿਆਂ ਦੀਆਂ ਇੰਟਰਸਟੀਸੀਅਲ ਬਿਮਾਰੀਆਂ ਵੱਖ-ਵੱਖ ਕਾਰਨਾਂ ਜਿਵੇਂ ਕਿ ਵਾਤਾਵਰਣ ਦੇ ਸੰਪਰਕ, ਆਟੋਇਮਿਊਨ ਬਿਮਾਰੀਆਂ, ਲਾਗਾਂ ਅਤੇ ਜੈਨੇਟਿਕ ਤੱਤਾਂ ਕਰਕੇ ਹੁੰਦੀਆਂ ਹਨ। ਡਾ. ਗਿਆਨੇਸ ਠੱਕਰ, ਡਾਇਰੈਕਟਰ-ਲੰਗ ਟਰਾਂਸਪਲਾਂਟ ਪ੍ਰੋਗਰਾਮ ਕਹਿੰਦੇ ਹਨ, "ਅੰਗਾਂ ਦੇ ਟ੍ਰਾਂਸਪਲਾਂਟੇਸਨ ਲਈ ਬਹੁਤ ਜ਼ਿਆਦਾ ਏਕੀਕ੍ਰਿਤ ਵੱਖੋ-ਵੱਖ ਕਾਰਜਾਂ ਵਾਲੇ ਅਤੇ ਇੱਕ ਤੋਂ ਵੱਧ ਖੇਤਰਾਂ ਦੇਖਭਾਲ ਪ੍ਰਦਾਨ ਕਰਨ ਦੀ ਲੋੜ ਹੁੰਦੀ ਹੈ, ਜਿੱਥੇ ਟੀਮ ਦਾ ਹਰੇਕ ਮੈਂਬਰ ਬਿਲਕੁੱਲ ਸਟੀਕ ਇਕਸਾਰਤਾ ਅਤੇ ਵਧੀਆ ਮੁਹਾਰਤ ਦੇ ਨਾਲ ਕੰਮ ਕਰਦਾ ਹੈ।

# ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸਮਾਜ ਸੇਵਕ ਗੁਰਦਿਆਲ ਸਿੰਘ ਸਨਮਾਨਿਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਅਤੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੀ ਇਮਾਰਤ ਅਤੇ ਜ਼ੀਰੋ ਲਾਈਨ ਤੇ ਬਣੇ ਗੇਟਾਂ ਨੂੰ ਫਰੀ ਨਿਸ਼ਕਾਮ ਸੇਵਾ ਕਰਕੇ ਫੁੱਲਾਂ ਨਾਲ ਸਜਾਉਣ ਵਾਲੇ ਸਮਾਜ ਸੇਵਕ ਗੁਰਦਿਆਲ ਸਿੰਘ ਦਸੂਹਾ ਨੇ ਆਪਣੇ ਸਾਥੀਆਂ ਸਮੇਤ ਸਥਾਨਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਮੱਥਾ ਟੇਕਿਆ ਤੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਾਈ ਬਲਜੀਤ ਸਿੰਘ ਤਲਵੰਡੀ ਰਾਮਾ, ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੈੱਡ ਗ੍ਰੰਥੀ ਭਾਈ ਗੁਰਦੇਵ ਸਿੰਘ ਵੱਲੋਂ ਸਮਾਜ ਸੇਵਕ ਗੁਰਦਿਆਲ ਸਿੰਘ ਅਤੇ ਉਨ੍ਹਾਂ ਦੇ ਸਾਥੀ ਪਰਵਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਨੂੰ ਗੁਰੂਘਰ ਦੀ ਬਖ਼ਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦਿਆਲ ਸਿੰਘ ਨੇ ਕਿਹਾ ਕਿ ਮੈਂ ਆਪਣੇ ਆਪ ਨੂੰ ਬੜਾ ਵੱਡਭਾਗਾ ਮਹਿਸੂਸ ਕਰ ਰਿਹਾ ਹਾਂ ਜੋ ਮੈਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਵਿਖੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਅਤੇ ਕੋਰੀਡੋਰ ਸ੍ਰੀ ਕਰਤਾਰਪੁਰ ਸਾਹਿਬ ਨੂੰ ਫੁੱਲਾਂ ਨਾਲ ਸਜਾਉਣ ਦੀ ਸੇਵਾ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮੈਂ ਸੰਗਤ ਦੇ ਸਹਿਯੋਗ ਨਾਲ ਹਰੇਕ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇ ਰਿਹਾ ਹਾਂ। ਜਿੰਨਾ ਚਿਰ ਮੇਰੇ ਸਿਰ 'ਤੇ ਵਾਹਿਗੁਰੂ ਦਾ ਹੱਥ ਰਹੇਗਾ, ਮੈਂ ਆਪਣੀਆਂ ਇਹ ਸੇਵਾਵਾਂ ਨਿਰੰਤਰ ਜਾਰੀ ਰੱਖਾਂਗਾ। ਇਸ ਮੌਕੇ ਜਥੇਦਾਰ ਰਜਿੰਦਰ ਸਿੰਘ ਵੈਰੋਕੇ, ਅਮਰਜੀਤ ਸਿੰਘ ਗੋਰਾਇਆ ਰਿਕਾਰਡ ਕੀਪਰ, ਦਿਲਬਾਗ ਸਿੰਘ ਰਾਏਚੱਕ ਅਕਾਊਂਟੈਂਟ, ਇਕਬਾਲ ਸਿੰਘ ਸਟੋਰ ਕੀਪਰ, ਸੁਖਵਿੰਦਰ ਸਿੰਘ ਖਜ਼ਾਨਚੀ, ਜਗਦੀਪ ਸਿੰਘ ਖਜ਼ਾਨਚੀ, ਭੁਪਿੰਦਰ ਸਿੰਘ ਸ਼ਾਹਪੁਰ, ਮਨਪ੍ਰੀਤ ਸਿੰਘ ਦਾਦੂਜੋਧ, ਸੁਖਵਿੰਦਰ ਸਿੰਘ ਦਾਦੂਜੋਧ, ਡਾਕਟਰ ਦਿਲਬਾਗ ਸਿੰਘ ਰਾਏਚੱਕ, ਗੁਰਪ੍ਰੀਤ ਸਿੰਘ ਸੇਵਾਦਾਰ, ਸੁਖਰਾਜ ਸਿੰਘ, ਮਨਬੀਰ ਸਿੰਘ ਝੰਗੀ, ਵਜ਼ੀਰ ਸਿੰਘ ਸੇਵਾਦਾਰ, ਪ੍ਰਗਟ ਸਿੰਘ ਮੂਲੋਵਾਲੀ, ਹਰਜਿੰਦਰ ਸਿੰਘ ਲਾਲੇਨੰਗਲ, ਬੀਬੀ ਦਲਜੀਤ ਸਿੰਘ, ਬੀਬੀ ਮਨਦੀਪ ਕੌਰ ਅਤੇ ਇੰਦਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਨਸ਼ੇ ਦੇ ਸੌਦਾਗਰਾਂ ਖ਼ਿਲਾਫ਼ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਕਲਾਨੌਰ ਦੇ ਐੱਸ. ਆਈ. ਗੁਰਮੁੱਖ ਸਿੰਘ ਨੇ ਸਮੇਤ ਪੁਲਸ ਪਾਰਟੀ ਮੁਖਬਰ ਖਾਸ ਦੀ ਇਤਲਾਹ 'ਤੇ ਕੋਟਲੀ ਸੂਰਤ ਮੱਲ੍ਹੀ ਰੋਡ ਨੇੜੇ ਰਸੂਲਪੁਰ ਤੋਂ ਦੋਸ਼ੀਆਂ ਅਲੀ ਪੁੱਤਰ ਸ਼ੇਰਦੀਨ ਵਾਸੀ ਨੈਤਪੁਰਾ ਥਾਣਾ ਮਜੀਠਾ ਅਤੇ ਜੁੰਮਨ ਪੁੱਤਰ ਬਸ਼ੀਰ ਵਾਸੀ ਰਸੂਲਪੁਰ ਨੂੰ ਮੋਟਰਸਾਈਕਲ ਨੰਬਰੀ ਪੀਬੀ 02 ਬੀ.ਵੀ. 5164 ਸਮੇਤ ਕਾਬੂ ਕਰਕੇ ਦੋਸ਼ੀ ਅਲੀ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 80 ਗ੍ਰਾਮ ਹੈਰੋਇਨ, ਇੱਕ ਮੋਬਾਇਲ ਫੋਨ ਮਾਰਕਾ ਰੈਡਮੀ ਅਤੇ ਦੋਸ਼ੀ ਜੁੰਮਨ ਪਾਸੋਂ 2000 ਰੁਪਏ ਭਾਰਤੀ ਕਰੰਸੀ (ਡਰੱਗ ਮਨੀ) ਤੇ ਇੱਕ ਮੋਬਾਇਲ ਫੋਨ ਬ੍ਰਾਮਦ ਹੋਇਆ। ਇਸੇ ਤਰ੍ਹਾਂ ਥਾਣਾ ਦੋਰਾਂਗਲਾ ਦੇ ਐੱਸ. ਆਈ. ਸੁਲੱਖਣ ਰਾਮ ਨੇ ਪੁਲਸ ਪਾਰਟੀ ਨਾਲ ਮੁਖਬਰ ਖਾਸ ਦੀ ਇਤਲਾਹ 'ਤੇ ਅੱਡਾ ਦੋਰਾਂਗਲਾ ਟਿਊਸ਼ਨ ਸੈਂਟਰ ਦੇ ਨੇੜੇ ਰੇਡ ਕਰਕੇ ਦੋਸ਼ੀ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਲੇਟ ਅਵਤਾਰ ਸਿੰਘ ਵਾਸੀ ਬਾਊਪੁਰ ਅਫਗਾਨਾ ਨੂੰ ਕਾਬੂ ਕਰਕੇ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋ 8 ਛੋਟੀਆਂ ਪੁੜੀਆਂ ਵਿੱਚ ਲਪੇਟੀ ਹੋਈ 1.65 ਮਿਲੀਗਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਇਨ੍ਹਾਂ ਦੋਸ਼ੀਆਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ




ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਅਤੇ ਆਲੇ-ਦੁਆਲੇ ਪਿੰਡਾਂ ਵਿਚ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾਪੂਰਵਕ ਨਾਲ ਮਨਾਇਆ ਗਿਆ। ਇਸ ਮੌਕੇ ਸਵੇਰ ਤੋਂ ਸੰਗਤਾਂ ਗੁਰਦੁਆਰਿਆਂ ਵਿਚ ਨਤਮਸਤਕ ਹੋ ਰਹੀਆਂ ਹਨ ਅਤੇ ਗੁਰੂ ਘਰਾਂ ਵਿਚ ਲੰਗਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਸ ਤੋਂ ਇਲਾਵਾ ਸ਼ਹਿਰ ਅਤੇ ਆਲੇ-ਦੁਆਲੇ ਦੇ ਪਿੰਡਾਂ ਵਿਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਚਾਹ, ਪਕੌੜਿਆਂ ਦੇ ਲੰਗਰ ਵੀ ਲਗਾਏ ਗਏ। ਇਸੇ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਗੁਰਦਾਸਪੁਰ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾਪੂਰਵਕ ਨਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਨੂੰ ਫੁੱਲਾਂ ਨਾਲ ਸਜਾਇਆ। ਨਗਰ ਕੀਰਤਨ ਵਿਚ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਣਗਾਨ ਕਰਦੀਆਂ ਪਿੱਛੇ ਚੱਲ ਰਹੀਆਂ ਸਨ। ਇਲਾਕੇ ਦੀਆਂ ਸੰਗਤਾਂ ਵਲੋਂ ਨਗਰ ਕੀਰਤਨ ਦੇ ਸਵਾਗਤ ਲਈ ਵੱਖ-ਵੱਖ ਥਾਵਾਂ 'ਤੇ ਚਾਹ, ਪਕੌੜੇ, ਫਲ, ਫਰੂਟ ਤੋਂ ਇਲਾਵਾ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਵੱਖ-ਵੱਖ ਗਤਕਾ ਪਾਰਟੀਆਂ ਵਲੋਂ ਵੀ ਆਪਣੇ ਗਤਕੇ ਦੇ ਜੌਹਰ ਦਿਖਾਏ ਗਏ। ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਤੋਂ ਆਰੰਭ ਹੋ ਕੇ ਸ਼ਹਿਰ ਦੀ ਪਰਿਕਰਮਾ ਕਰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਆ ਕੇ ਸਮਾਪਤ ਹੋਇਆ। ਨਗਰ ਕੀਰਤਨ ਵਿਚ ਗੁਰਦਾਸਪੁਰ ਸ਼ਹਿਰ ਦੀ ਵੱਡੀ ਗਿਣਤੀ ਵਿਚ ਸੰਗਤ ਤੋਂ ਇਲਾਵਾ ਵੱਖ-ਵੱਖ ਸਕੂਲੀ ਬੱਚਿਆਂ ਵਲੋਂ ਵੀ ਆਪਣੀ ਹਾਜ਼ਰੀ ਲਗਵਾਈ ਗਈ।

# ਰੋਟਰੀ ਕੈਂਟ ਵੱਲੋਂ ਪ੍ਰਕਾਸ਼ ਉਤਸਵ ਮੌਕੇ ਮੈਡੀਕਲ ਕੈਂਪ ਦਾ ਆਯੋਜਨ



ਅੰਮ੍ਰਿਤਸਰ (ਅਰੋੜਾ): ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵੱਲੋਂ ਕਲੱਬ ਦੀ ਮਹਿਲਾ ਪ੍ਰਧਾਨ ਪ੍ਰਿੰ. ਰੀਪੂ ਧਮਨ ਮਲਹੋਤਰਾ, ਸਕੱਤਰ ਚਮੜੀ ਰੋਗ ਮਾਹਿਰ ਡਾ. ਅਮਰਜੀਤ ਸਚਦੇਵਾ ਦੀ ਦੇਖ-ਰੇਖ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਮੌਕੇ ਮੁਫਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ।

ਇਸ ਕੈਂਪ ਵਿੱਚ ਰੋਟਰੀ 3070 ਦੇ ਸਾਲ 24-25 ਦੇ ਜ਼ਿਲ੍ਹਾ ਗਵਰਨਰ ਡਾ. ਪੀ. ਐੱਸ. ਗ੍ਰੋਵਰ ਮੁੱਖਮਹਿਮਾਨ ਵੱਜੋਂ ਸ਼ਾਮਿਲ ਹੋਏ। ਇਸ ਮੈਡੀਕਲ ਚੈੱਕਅਪ ਵਿੱਚ ਗਗਨ'ਜ਼ ਹਾਈ ਟੈਕ ਕਲੀਨਿਕਲ ਲੈਬੋਰਟਰੀ ਦੀ ਟੀਮ ਨੇ ਰੋਟਰੀ ਮੈਂਬਰਾਂ ਨੂੰ ਕਈ ਤਰ੍ਹਾਂ ਦੀ ਜਾਣਕਾਰੀ ਮੁਹੱਈਆ ਕਰਵਾਈ। ਉਨ੍ਹਾਂ ਨੇ ਕੈਂਪ ਵਿੱਚ ਆਪਣੇ ਚੈੱਕਅਪ ਲਈ ਆਏ ਲੋੜਵੰਦ ਰੋਗੀਆਂ ਦਾ ਚੈੱਕਅਪ ਕਰਕੇ ਉਨ੍ਹਾਂ ਦੇ ਖੂਨ ਸੈਂਪਲ ਵੀ ਲਏ।

ਡਾ. ਅਮਰਜੀਤ ਸਚਦੇਵਾ ਨੇ ਦੱਸਿਆ ਕਿ ਮਹਾਨਗਰ ਵਿੱਚ ਸਮਾਜ ਭਲਾਈ ਲਈ ਸ਼ਲਾਘਾਯੋਗ ਕੰਮ ਕਰ ਰਹੀ ਮੈਡਮ ਡਾ. ਗਗਨਦੀਪ ਕੌਰ ਜੋ ਕਿ ਪਿਛਲੇ 30 ਸਾਲਾਂ ਤੋਂ ਜਗ੍ਹਾ-ਜਗ੍ਹਾ ਮੁਫਤ ਕੈਂਪਾਂ ਦਾ ਆਯੋਜਨ ਕਰਕੇ ਲੋੜਵੰਦ ਰੋਗੀਆਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਨੂੰ ਮੁਫਤ ਦਵਾਈਆਂ ਅਤੇ ਮੁਫਤ ਟੈਸਟ ਵੀ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਡਾ. ਗਗਨਦੀਪ ਕੌਰ ਹਜ਼ਾਰਾਂ ਚਮੜੀ ਰੋਗੀਆਂ ਦੀਆਂ ਉਨ੍ਹਾਂ ਸਮੱਸਿਆਵਾਂ ਦਾ ਸਮਾਧਾਨ ਕਰ ਚੁੱਕੀ ਹੈ ਜਿਨ੍ਹਾਂ ਦਾ ਇਲਾਜ ਕਰਵਾਉਣਾ ਉਨ੍ਹਾਂ ਦੇ ਲਈ ਕਠਿਨ ਹੀ ਨਹੀਂ ਬਲਕਿ ਨਾਮੁਨਕਿਨ ਸੀ। ਉਨ੍ਹਾਂ ਨੇ ਕਿਹਾ ਭਵਿੱਖ ਵਿੱਚ ਵੀ ਇਹ ਸੇਵਾਵਾਂ ਨਿਰੰਤਰ ਜਾਰੀ ਰਹਿਣਗੀਆਂ।

ਇਸ ਮੌਕੇ ਡਾ. ਮਨਚੰਦਾ, ਉਪਿੰਦਰ ਸਿੰਘ, ਮਨਦੀਪ ਸਿੰਘ, ਪੁਸ਼ਪਿੰਦਰ ਗ੍ਰੋਵਰ, ਐੱਸ. ਐੱਸ. ਸਖੀ, ਡਾ. ਸ਼ਿਵਾਜੀ, ਹਰਪ੍ਰੀਤ ਸਿੰਘ, ਡਾ. ਜਸਲੀਨ, ਐੱਸ. ਪੀ, ਸਿੰਘ, ਗੁਰਿੰਦਰ ਸਿੰਘ, ਹਰਪਾਲ ਸਿੰਘ, ਮਹੰਤ ਪ੍ਰਤਾਪ ਦਾਸ, ਜਗਜੀਤ ਸਿੰਘ, ਕਵਲਜੀਤ ਅਨੇਜਾ ਸਹਿਤ ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰ ਮੌਜੂਦ ਸਨ। ਅੰਤ ਵਿੱਚ ਰੋਟਰੀ ਦੇ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਫ਼ਤਿਹਗੜ੍ਹ ਚੂੜੀਆਂ 'ਚ ਭਲਕੇ ਕੱਢੀ ਜਾਵੇਗੀ ਵਿਸ਼ਾਲ ਸ਼ੋਭਾ ਯਾਤਰਾ



**ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ਼੍ਰੀ ਲਕਸ਼ਮੀ ਨਾਰਾਇਣ ਮੰਦਿਰ ਸੋਸਾਇਟੀ ਚੌਕ ਬੂਟੀ ਦਾਸ ਵਾਰਡ ਨੰਬਰ 10 ਫ਼ਤਿਹਗੜ੍ਹ ਚੂੜੀਆਂ ਵੱਲੋਂ 29 ਨਵੰਬਰ ਤੋਂ 2 ਦਸੰਬਰ ਤੱਕ ਮੂਰਤੀ ਸਥਾਪਨਾ ਮਹਾਂਉਤਸਵ ਬੜੀ ਧੂਮ-ਧਾਮ ਅਤੇ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ, ਜਿਸਦੇ ਸਬੰਧ ਵਿਚ 29 ਨਵੰਬਰ ਨੂੰ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਜਾਵੇਗਾ। ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸੋਸਾਇਟੀ ਦੇ ਪ੍ਰਧਾਨ ਰਾਮ ਕੁਮਾਰ ਸ਼ਰਮਾ ਨੇ ਦੱਸਿਆ ਕਿ ਦੁਪਹਿਰ 2 ਵਜੇ ਤਲਾਬ ਵਾਲੇ ਮੰਦਿਰ ਰੇਲਵੇ ਰੋਡ ਤੋਂ ਸ਼ੋਭਾ ਯਾਤਰਾ ਸ਼ੁਰੂ ਹੋਵੇਗੀ, ਜੋ ਬੱਸ ਸਟੈਂਡ, ਬਿਜਲੀ ਘਰ ਤੋਂ ਸਰਕੂਲਰ ਰੋਡ ਤੋਂ ਮੱਛੀ ਮੰਡੀ ਚੌਕ ਤੋਂ ਮੇਨ ਬਾਜ਼ਾਰ ਤੋਂ ਚੋਪੜਾ ਚੌਕ ਤੋਂ ਮੇਨ ਬਾਜ਼ਾਰ ਤੋਂ ਗਾਗਰਾਂ ਵਾਲਾ ਮੰਦਿਰ ਤੋਂ ਲਾਲ ਛੌਲਿਆਂ ਵਾਲਾ ਚੌਕ ਵਾਇਆ ਬਾਜ਼ਾਰ ਸੁੱਖਾ ਹਲਵਾਈ ਰਾਹੀਂ ਹੁੰਦੀ ਹੋਈ ਮੰਦਿਰ ਸ਼੍ਰੀ ਲਕਸ਼ਮੀ ਨਾਰਾਇਣ ਚੌਕ ਬੂਟੀ ਦਾਸ ਚੌਕ ਵਿਖੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਸ਼ੋਭਾ ਯਾਤਰਾ ਵਿਚ ਇਸਕਾਨ ਅੰਮ੍ਰਿਤਸਰ ਦੀ ਟੀਮ ਝੂਮਦੀ ਹੋਈ ਹਰੇ ਰਾਮ ਹਰੇ ਕ੍ਰਿਸ਼ਨਾ ਦਾ ਜਾਪ ਕਰੇਗੀ। ਉਨ੍ਹਾਂ ਦੱਸਿਆ ਕਿ ਸ਼ੋਭਾ ਯਾਤਰਾ ਵਿਚ 21 ਔਰਤਾਂ ਵੱਲੋਂ ਸਿਰ 'ਤੇ ਕਲਸ਼ ਸਜਾਏ ਜਾਣਗੇ ਅਤੇ ਰੱਥ 'ਤੇ ਸ਼੍ਰੀ ਰਾਮ ਚੰਦਰ, ਲਕਸ਼ਮਣ, ਸੀਤਾ ਮਾਤਾ ਅਤੇ ਹਨੂੰਮਾਨ ਜੀ ਦੇ ਸਰੂਪ ਬਿਰਾਜਮਾਨ ਹੋਣਗੇ। ਰਾਮ ਕੁਮਾਰ ਸ਼ਰਮਾ ਨੇ ਦੱਸਿਆ ਕਿ ਸ਼ੋਭਾ ਯਾਤਰਾ ਵਿਚ ਸ਼ਹਿਰ ਦੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਹਸਤੀਆਂ ਵੱਲੋਂ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ ਜਾਵੇਗੀ।

# 6 ਗਰਾਮ ਹੈਰੋਇਨ ਤੇ 18 ਹਜ਼ਾਰ ਡਰੱਗੀ ਮਨੀ ਸਮੇਤ ਤਿੰਨ ਕਾਬੂ

ਗੁਰਦਾਸਪੁਰ, (ਜਨਕ ਮਹਾਜਨ)-ਸੀਆਈਏ ਸਟਾਫ਼ ਦੇ ਇੰਚਾਰਜ ਕਪਿਲ ਕੌਸ਼ਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਤਿੱਬੜ ਦੇ ਏਐੱਸਆਈ ਕਸ਼ਮੀਰ ਸਿੰਘ ਨੇ ਪੁਲਸ ਪਾਰਟੀ ਨਾਲ ਸੂਆ ਬੱਬੇਹਾਲੀ ਤੋਂ ਦੋਸ਼ੀਆਂ ਵਿਸ਼ਾਲ, ਜੌਨ ਪੁੱਤਰਾਨ ਬਲਵਿੰਦਰ ਮਸੀਹ, ਗੌਤਮ ਪੁੱਤਰ ਮੰਗਾ ਮਸੀਹ ਵਾਸੀਆਨ ਮੁਸਤਫਾਬਾਦ ਜੱਟਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਥਾਣਾ ਤਿੱਬੜ ਵਿਖੇ ਇਤਲਾਹ ਦਿੱਤੀ ਜਿਸ 'ਤੇ ਤਫਤੀਸ਼ੀ ਅਫਸਰ ਐੱਸਆਈ ਸੁਰਜਨ ਸਿੰਘ ਨੇ ਸਮੇਤ ਪੁਲਸ ਮੌਕੇ 'ਤੇ ਪਹੁੰਚ ਕੇ ਦੋਸ਼ੀ ਵਿਸ਼ਾਲ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 06 ਗ੍ਰਾਮ ਹੈਰੋਇਨ, ਦੋਸ਼ੀ ਜੌਨ ਪਾਸੋਂ ਕੰਪਿਊਟਰ ਕੰਡਾ ਅਤੇ ਦੋਸ਼ੀ ਗੌਤਮ ਉਰਫ ਬਾਖੂ ਪਾਸੋਂ 18000 ਰੁਪਏ ਬਤੌਰ ਡਰੱਗ ਮਨੀ ਭਾਰਤੀ ਕਰੰਸੀ ਬ੍ਰਾਮਦ ਹੋਈ। ਇਨ੍ਹਾਂ ਦੋਸ਼ੀਆਂ ਖ਼ਿਲਾਫ਼ ਪੁਲਸ ਨੇ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਗੁ. ਸਿੰਘ ਸਭਾ ਡਿਸਪੈਂਸਰੀ ਲਈ ਧਾਲੀਵਾਲ ਨੇ ਦਿੱਤਾ 5.5 ਲੱਖ ਰੁਪਏ ਦਾ ਚੈੱਕ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਸਰਕਾਰ ਸੂਬੇ ਵਿੱਚ ਸਿੱਖਿਆ ਅਤੇ ਸਿਹਤ ਨੂੰ ਲੈ ਕੇ ਬਹੁਤ ਗੰਭੀਰ ਹੈ ਅਤੇ ਇਸੇ ਹੀ ਤਹਿਤ ਸੂਬਾ ਵਾਸੀਆਂ ਨੂੰ ਚੰਗੀ ਸਿੱਖਿਆ ਮੁਹੱਈਆ ਕਰਨ ਦੇ ਉਦੇਸ਼ ਨਾਲ ਸਕੂਲ ਆਫ ਐਮੀਨੈਂਸ ਅਤੇ ਸਿਹਤ ਲਈ ਆਮ ਆਦਮੀ ਕਲੀਨਿਕ ਖੋਲੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਆਪਣੀ ਅਖਤਿਆਰੀ ਫੰਡ ਵਿੱਚੋਂ ਗੁਰਦੁਆਰਾ ਸਿੰਘ ਸਭਾ ਕਾਲਿਆਂਵਾਲਾ ਖੂਹ ਦੀ ਪ੍ਰਬੰਧਕ ਕਮੇਟੀ ਨੂੰ ਡਿਸਪੈਂਸਰੀ ਬਣਾਉਣ ਲਈ 5.5 ਲੱਖ ਰੁਪਏ ਦਾ ਚੈੱਕ ਭੇਟ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਡਿਸਪੈਂਸਰੀ ਲੋਕਾਂ ਦਾ ਮੁਫਤ ਇਲਾਜ ਕਰ ਰਹੀ ਹੈ ਅਤੇ ਇਸ ਡਿਸਪੈਂਸਰੀ ਵਿੱਚ ਡਾਕਟਰ ਬਿਨਾਂ ਕਿਸੇ ਫੀਸ ਤੋਂ ਲੋਕਾਂ ਦੀ ਸੇਵਾ ਕਰ ਰਹੇ ਹਨ।

ਧਾਲੀਵਾਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਗੁਰਦੁਆਰਾ ਨੂੰ ਸੰਗਤਾਂ ਦੀ ਸਹੂਲਤ ਇਕ ਵਾਟਰ ਕੂਲਰ ਵੀ ਲਗਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਅਜਨਾਲਾ ਹਲਕੇ ਵਿੱਚ ਜਿੰਨੇ ਵੀ ਗੁਰੂ ਘਰ ਜਾਂ ਧਾਰਮਿਕ ਅਦਾਰੇ ਹਨ ਦੀ ਮਦਦ ਕੀਤੀ ਜਾਵੇਗੀ ਅਤੇ ਸੰਗਤਾਂ ਦੀ ਸਹੂਲਤ ਲਈ ਵਧੀਆ ਬਣਾਇਆ ਜਾਵੇਗਾ ਤਾਂ ਜੋ ਲੋਕ ਗੁਰੂ ਘਰ ਦਾ ਅਸ਼ੀਰਵਾਦ ਲੈ ਸਕਣ। ਇਸ ਮੌਕੇ ਉਨ੍ਹਾਂ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਵੀ ਦਿੱਤੀ। ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਚਰਨਜੀਤ ਸਿੰਘ ਸਿੱਧੂ, ਗੁਰਜੰਟ ਸਿੰਘ ਸੋਹੀ, ਨਗਰ ਪੰਚਾਇਤ ਪ੍ਰਧਾਨ ਜਸਪਾਲ ਸਿੰਘ ਢਿਲੋਂ, ਪ੍ਰਧਾਨ ਠੇਕੇਦਾਰ ਵਰਿਆਮ ਸਿੰਘ ਨੰਗਲ, ਸਕੱਤਰ ਕਾਬਲ ਸਿੰਘ ਸ਼ਾਹਪੁਰ, ਗੁਰਦੀਪ ਸਿੰਘ, ਮੂਰਤਾ ਸਿੰਘ, ਜਸਪਿੰਦਰ ਛੀਨਾ, ਅਮਰੀਕ ਸਿੰਘ , 'ਆਪ' ਦੇ ਅਜਨਾਲਾ ਸ਼ਹਿਰੀ ਤੇ ਬਲਾਕ ਪ੍ਰਧਾਨ ਦੀਪਕ ਚੈਨਪੁਰੀਆ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਪਵਿੱਤਰ ਸਿੰਘ ਫੈਂਸੀ, ਅਮਰਦੀਪ ਸਿੰਘ ਰਿੰਕੂ, ਰਛਪਾਲ ਸਿੰਘ ਕੋਟਲਾ ਕਾਜੀਆਂ, ਅਮਿਤ ਪੁਰੀ, ਅਜੇ ਕੁਮਾਰ, ਸ਼ਮਸ਼ੇਰ ਸਿੰਘ ਸ਼ੇਰਾ, ਗੁਰਿੰਦਰ ਸਿੰਘ ਗੁੱਜਰਪੁਰਾ, ਗੋਰਾ ਸੱਗੂ, ਗੁਰਨਾਮ ਸਿੰਘ, ਗੀਤਾ ਗਿੱਲ, ਦੀਪਕ ਵਿੱਕੀ ਅੱਡਾ ਇੰਚਾਰਜ, ਐਡਵੋਕੇਟ ਮਨਜੀਤ ਸਿੰਘ ਨਿੱਝਰ, ਪ੍ਰਧਾਨ ਕੇਵਲ ਸਿੰਘ ਬਿਜਲੀ ਵਾਲੇ ਤੋਂ ਇਲਾਵਾ ਹੋਰ ਪੰਤਵੰਤੇ ਵੀ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਚੰਡੀਗੜ੍ਹ/ਮੋਹਾਲੀ (ਨਵਾਂ ਜ਼ਮਾਨਾ) ਵਿਸ਼ੇਸ਼ ਸਪਲੀਮੈਂਟ 12

## ਸੰਦੇਸ਼


ਡਾ. ਗੁਰਸੇਵਕ ਸਿੰਘ ਸੰਧੂ, ਸੈਕਰੋਮੈਂਟ, ਕੈਲੇਫੋਰਨੀਆ (ਅਮਰੀਕਾ)


ਜਗਰੂਪ ਸਿੰਘ ਮਾਂਗਟ
President, American Sr. Citizens, Sacramento & Member, Indus Valley Chamber of Commerce California (USA)


ਬਿੱਕਰ ਸਿੰਘ ਮਾਨ
Executive Member, Indus Valley Chamber of Commerce & American Sr. Citizens, Sacramento, California (USA)

ਦੇਸ਼ ਅਤੇ ਸਮਾਜ ਨੂੰ ਉੱਚਾ ਚੁੱਕਣ ਵਿੱਚ ਜਾਗਰੂਕ ਤੇ ਤੰਦਰੁਸਤ ਨੌਜਵਾਨ ਪੀੜ੍ਹੀ ਨਿਰਣਾਇਕ ਰੋਲ ਅਦਾ ਕਰਦੀ ਹੈ। ਸਾਡੇ ਧਾਰਮਿਕ ਅਤੇ ਇਤਿਹਾਸਿਕ ਦਿਹਾੜੇ ਸਾਨੂੰ ਚੰਗੇ ਸਮਾਜ ਦੀ ਸਿਰਜਣਾ ਅਤੇ ਨੈਤਿਕਤਾ ਕਾਇਮ ਰੱਖ ਕੇ ਸਮਾਜਿਕ ਕੁਰੀਤੀਆਂ ਖਿਲਾਫ਼ ਲੜਾਈ ਦਾ ਸੱਦਾ ਦਿੰਦੇ ਹਨ। ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਣਾਏ ਰਸਤੇ 'ਤੇ ਪਹਿਰਾ ਦਿੰਦਿਆਂ ਚਲਦਿਆਂ ਕਿਰਤ ਕਰੋ ਅਤੇ ਵੰਡ ਛਕੋ ਦੇ ਸਿਧਾਂਤ 'ਤੇ ਚੱਲਣ ਦੀ ਲੋੜ ਹੈ ਤਦ ਹੀ ਅਸੀਂ ਇਕ ਨਰੋਏ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ। ਅਸੀਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਅਤੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦੇ ਹਾਂ।

## ਸੰਦੇਸ਼



ਮੈਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਪੂਰੀ ਲੋਕਾਈ ਨੂੰ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ। - ਪਰਮਿੰਦਰ ਸਿੰਘ ਸੋਹਾਣਾ
ਪ੍ਰਧਾਨ ਸ਼੍ਰੋ.ਅ.ਦਲ, ਜ਼ਿਲ੍ਹਾ ਮੋਹਾਲੀ

## ਸੰਦੇਸ਼



ਅਸੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈ ਦਿੰਦੇ ਹਾਂ। ਆਓ ਅਸੀਂ ਸਭ ਉਹਨਾਂ ਦੇ ਦਰਸਾਏ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ। - ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ ਮੋਹਾਲੀ ਅਤੇ ਪਤਨੀ ਸ੍ਰੀਮਤੀ ਵਿਜੇ ਕੁਮਾਰੀ ਮੈਨੇਜਰ ਨੈਸ਼ਨਲ ਬੀਮਾ ਕੰਪਨੀ, ਚੰਡੀਗੜ੍ਹ

## ਧੰਨਵਾਦ



ਮੈਂ ਧੰਨਵਾਦੀ ਹਾਂ ਸਮੂਹ ਸਹਿਯੋਗੀਆਂ ਦਾ ਜਿਨ੍ਹਾਂ ਨੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਪਲੀਮੈਂਟ ਪ੍ਰਕਾਸ਼ਿਤ ਕਰਨ 'ਚ ਆਪਣਾ ਬਹੁਮੁੱਲਾ ਯੋਗਦਾਨ ਪਾਇਆ ਹੈ। ਮੈਂ ਇਲਾਕੇ ਦੀਆਂ ਸਮੱਸਿਆਵਾਂ ਅਦਾਰੇ ਦੀ ਮੱਦਦ ਨਾਲ ਸਰਕਾਰ ਤੱਕ ਪਹੁੰਚਾਉਣ ਦਾ ਯਤਨ ਕਰਾਂਗਾ।

**ਗੁਰਜੀਤ ਸਿੰਘ ਬਿੱਲਾ**
ਪੱਤਰਕਾਰ, ਚੰਡੀਗੜ੍ਹ- ਮੋਹਾਲੀ, ਫੋਨ: 98142-83100



ਮੈਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਪੂਰੀ ਲੋਕਾਈ ਨੂੰ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ। - ਦਲਵਿੰਦਰ ਸਿੰਘ
ਭੰਗੜਾ ਕੋਚ, ਯੂਐਸਏ

## ਸੰਦੇਸ਼



ਸਾਡੇ ਧਾਰਮਿਕ ਅਤੇ ਇਤਿਹਾਸਿਕ ਦਿਹਾੜੇ ਸਾਨੂੰ ਚੰਗੇ ਸਮਾਜ ਦੀ ਸਿਰਜਣਾ ਅਤੇ ਨੈਤਿਕਤਾ ਕਾਇਮ ਰੱਖ ਕੇ ਸਮਾਜਿਕ ਕੁਰੀਤੀਆਂ ਖਿਲਾਫ਼ ਲੜਾਈ ਦਾ ਸੱਦਾ ਦਿੰਦੇ ਹਨ। ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਣਾਏ ਰਸਤੇ 'ਤੇ ਚਲਦਿਆਂ ਕਿਰਤ ਕਰੋ ਅਤੇ ਵੰਡ ਛਕੋ ਦੇ ਸਿਧਾਂਤ 'ਤੇ ਚੱਲਣ ਦੀ ਲੋੜ ਹੈ। ਸਮੂਹ ਨਾਨਕ ਨਾਮ ਲੇਵਾ ਸੰਗਤਾਂ ਅਤੇ ਦੇਸ਼ ਵਾਸੀਆਂ ਨੂੰ ਸ੍ਰੀ ਗੁਰ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ। - ਪਰਵਿੰਦਰ ਸਿੰਘ ਬੈਂਸ
ਪਿੰਡ ਮੱਟਰਾਂ, ਮੋਹਾਲੀ

## ਸੰਦੇਸ਼


ਲਾਲੀ ਮਨੌਲੀ
ਗੀਤਕਾਰ

ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਰੋਜ਼ਾਨਾ ਪੰਜਾਬੀ ਅਖਬਾਰ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਬਿੱਲਾ ਵਲੋਂ ਚੰਡੀਗੜ੍ਹ-ਮੋਹਾਲੀ ਉਤੇ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ।


ਪ੍ਰਦੀਪ ਬਾਂਸਲ
ਆਕਾਸ਼ ਟੈਂਟ ਐਂਡ ਕੈਟਰਿੰਗ

ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅਖਬਾਰ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਬਿੱਲਾ ਵਲੋਂ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਦੀ ਵਧਾਈ ਦਿੰਦਾ ਹਾਂ। ਗੁਰੂ ਨਾਨਕ ਦੇਵ ਜੀ ਨੇ ਕਿਰਤ ਕਰੋ, ਵੰਡ ਛਕੋ ਅਤੇ ਨਾਮ ਜਪੋ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦਰਸਾਏ ਮਾਰਗ 'ਤੇ ਚਲਦਿਆਂ ਇਕ ਨਰੋਏ ਸਮਾਜ ਦੀ ਸਿਰਜਣਾ ਕਰੀਏ। ਮੈਂ ਆਪਣੇ ਵੱਲੋਂ ਸਮੂਹ ਸੰਗਤਾਂ ਅਤੇ ਦੇਸ਼ਵਾਸੀਆਂ ਨੂੰ ਗੁਰਪੁਰਬ ਦੀਆਂ ਲੱਖ ਲੱਖ ਵਧਾਈਆਂ ਦਿੰਦਾ ਹਾਂ।

## ਸੰਦੇਸ਼



ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਅਦਾਰਾ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਸਿੰਘ ਬਿੱਲਾ ਵਲੋਂ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਪੂਰੀ ਲੋਕਾਈ ਨੂੰ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ।
- ਜਸਵਿੰਦਰਪਾਲ ਸਿੰਘ ਰਿਆੜ
ਬਿਲਡਰ, ਮੋਹਾਲੀ

## ਸੰਦੇਸ਼



ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਰੋਜ਼ਾਨਾ ਪੰਜਾਬੀ ਅਖਬਾਰ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਬਿੱਲਾ ਵਲੋਂ ਚੰਡੀਗੜ੍ਹ-ਮੋਹਾਲੀ ਉਤੇ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ।
- ਗੁਰਮਨਜੀਤ ਸਿੰਘ
ਉੱਘੇ ਸਮਾਜ ਸੇਵੀ

## ਸੰਦੇਸ਼



ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਮੌਕੇ ਅਦਾਰਾ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਸਿੰਘ ਬਿੱਲਾ ਵਲੋਂ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਮੌਕੇ ਵਧਾਈ ਦਿੰਦਾ ਹਾਂ। ਗੁਰੂ ਜੀ ਨੇ ਆਪਣੇ ਜੀਵਨ ਦੌਰਾਨ ਪੂਰੀ ਲੋਕਾਈ ਨੂੰ ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦੱਸੇ ਰਸਤੇ 'ਤੇ ਚਲਦੇ ਹੋਏ ਸਮਾਜ ਵਿਚ ਆਪਣਾ ਬਣਦਾ ਯੋਗਦਾਨ ਪਾਈਏ ਅਤੇ ਸਮਾਜ ਅੰਦਰ ਫੈਲੀਆਂ ਸਮਾਜਿਕ ਕੁਰੀਤੀਆਂ ਖਿਲਾਫ ਲੜਾਈ ਲੜਨ ਦਾ ਅਹਿਦ ਕਰੀਏ। ਸਮੂਹ ਸੰਗਤਾਂ ਗ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ।
- ਹਰਿੰਦਰਪਾਲ ਸਿੰਘ ਪਿੱਲਾ
ਸਮਾਜ ਸੇਵਕ

## ਸੰਦੇਸ਼



ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਰੋਜ਼ਾਨਾ ਪੰਜਾਬੀ ਅਖਬਾਰ ਨਵਾਂ ਜ਼ਮਾਨਾ ਦੇ ਪੱਤਰਕਾਰ ਗੁਰਜੀਤ ਬਿੱਲਾ ਵਲੋਂ ਚੰਡੀਗੜ੍ਹ-ਮੋਹਾਲੀ ਉਤੇ ਕੱਢੇ ਜਾ ਰਹੇ ਵਿਸ਼ੇਸ਼ ਸਪਲੀਮੈਂਟ ਦੀ ਵਧਾਈ ਦਿੰਦਾ ਹਾਂ। ਗੁਰੂ ਨਾਨਕ ਦੇਵ ਜੀ ਨੇ ਕਿਰਤ ਕਰੋ, ਵੰਡ ਛਕੋ ਅਤੇ ਨਾਮ ਜਪੋ ਦਾ ਉਪਦੇਸ਼ ਦਿੱਤਾ ਹੈ। ਆਓ ਅਸੀਂ ਸਭ ਉਹਨਾਂ ਦੇ ਦਰਸਾਏ ਮਾਰਗ 'ਤੇ ਚਲਦਿਆਂ ਇਕ ਨਰੋਏ ਸਮਾਜ ਦੀ ਸਿਰਜਣਾ ਕਰੀਏ। ਮੈਂ ਆਪਣੇ ਵੱਲੋਂ ਸਮੂਹ ਸੰਗਤਾਂ ਅਤੇ ਦੇਸ਼ਵਾਸੀਆਂ ਨੂੰ ਗੁਰਪੁਰਬ ਦੀਆਂ ਲੱਖ ਲੱਖ ਵਧਾਈਆਂ ਦਿੰਦਾ ਹਾਂ।
- ਅਵਤਾਰ ਸਿੰਘ ਗੜਾਣਾਂ
ਸਮਾਜ ਸੇਵਕ


ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ।
M.G.K. Sacred Dales Public High School
Gurdev Nagar, Near Telephone Exchange, O/s Chattiwind Gate, T.T. Road, Amritsar.
Ph. 0183-2493231

Vipanjeet Singh Virdi, Principal
(O) 0161-2848502, 94170-48502, 97816-03005, 97816-07005
DASHMESH SCHOOLS
DASHMESH PUBLIC SR. SEC. SCHOOL
Affiliated to P.S.E.B, Mohali
Nur. & to 10+2 (Sci., Comm. & Arts)
SAHNEWAL ROAD, KOHARA (LDH.)-141112
*email: dashmesh_institutes@yahoo.com dashmeshinstitute11@gmail.com

24 HOURS SERVICE
Jang Singh
Harjap Travels Co.
Punjab Taxi Service
Available at:
ETIOS, INNOVA, AURA, ERTIGA & HONDA CITY
Taxi Stand: SCF-2, Near Atta Chakki, Ph-2, Mohali
M: 98140-73521, 98151-73521

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ।
ਵੱਲੋਂ:
ਹਰਮਨ ਸਿੰਘ ਨੱਤ
ਪ੍ਰਾਪਰਟੀ ਸਲਾਹਕਾਰ ਅਤੇ ਸਮਾਜ ਸੇਵਕ
ਹਰਮਨ ਸਿੰਘ ਨੱਤ
M : 99159-02400

ਅਕਾਲ ਰੂਪ ਜਗਤ ਗੁਰ ਬਾਬਾ, ਸਿੱਖ ਧਰਮ ਦੇ ਮੋਢੀ
ਸ਼੍ਰੀ ਗੁਰੂ ਨਾਨਕ ਦੇਵ ਜੀ
ਦੇ ਪ੍ਰਕਾਸ਼ ਪੁਰਬ ਦੀਆਂ ਲੱਖ ਲੱਖ ਵਧਾਈਆਂ ਜੀ
ਵਾਹਿਗੁਰੂ ਜੀ ਆਪ ਸਭ ਦੇ ਜੀਵਨ ਵਿਚ ਨਾਮ ਬਾਣੀ ਅਤੇ ਖੁਸ਼ੀਆਂ ਦਾ ਪ੍ਰਕਾਸ਼ ਕਰਨ
ਸੰਗੀਤਕਾਰ ਅਤੇ ਗਾਇਕ
ਮਦਨ ਸ਼ੌਂਕੀ
99150-16326

ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ।
Famous Punjabi Singer
MANINDER DEOL
Contacts for Booking
+1-916 820 5881
+1-916 807 6119

Mountview Public School
KALGIDHAR ENCLAVE BALTANA, ZIRAKPUR
EXCLUSIVELY ENGLISH MEDIUM
ADMISSION OPEN
SPECIAL FEATURES
- Online Information of all students for parents.
- Playway Fully Air Conditioned
- Well Qualified & Experienced Teachers
- Individual Attention to Weak Students
- Very Affordable Admission/Annual Charges/Fee
- Psychologist/Counseller Available
- Most Secured & Safe for Girls Students
Highly Qualified STAFF
Your Child is Wonder we shape him to realize with holistic learning enveronment
Age for playway 2+ Yrs.
Smart & digitalised classroom teaching. | CCTV cameras in each classroom | Transport facility is available
Trust Us We Trust in God
Admission Helpline: 09814680841, 9815104941, 01762 - 430763

Producing Toppers is our Tradition...
Your Child deserves the best...
G. S. Memorial Public Sr. Sec. School
Affiliation No. 3121
SMART SCHOOL
3D - Smart Hi-Tech Classrooms
ADMISSION Registration Open
Pre Nur. to XII Classes
Established 1998, Hi-Tech Spacious Campus, Excellent PSEB Results, English Medium, Co-Education, Art & Craft Studio, World Class Infrastructure, Top Sports Facilities, CCTV, Own Skating Rink, PA Systems, Parks, Halls, Swings & Educational Toys, White Boards, Smart Classrooms / AV / LCD / TVs, Well Furnished Science Labs & Library, ECO Clubs, Music, Dance & Fine Arts Activities, GPS Enabled Transport Service, Re-Creational Activities, Etiquette Classes & Awareness Classes, Educational Seminars & Workshops.
AMBALA ROAD, ZIRAKPUR
Ph. : 01762-286435, 509360, 98767 00160, (O)
email : gsmemorial98@gmail.com

With Best Compliments From :
HOTEL MIDWAY RESORTS
Always Visit for AC, Non AC Rooms & Delicious Food Available 24 Hours
MIDWAY CENTRE
ALWAYS VISIT MIDWAY H.P. CENTRE FOR CNG, GAS & OTHER PETROLEUM PRODUCTS
Chandigarh-Sirhind Road, Vill. Swara, Teh. Kharar, Distt. Mohali, Punjab (INDIA)
Mobiles : 98153-07882, 98766-07882, Phone : 0172-4642896
E-mail : hotelmidwayresorts@gmail.com
All NRIs & their well wishers are requested to contact undersigned, in case of any difficulties / suggestions regarding NRI affairs.
98153-07882
0172-4642896
nrisabhamohali@gmail.com
Amarjit Singh Virk (President)
NRI Sabha, Distt. Unit Mohali
C-140, Phase-7, Industrial Area, Mohali, Chandigarh (INDIA)-160055

24 HOURS SERVICE
A Car Rental Company
Paramjit Singh Pamma
Prop.
Ex. Chairman, Mohali Taxi Union
Singh Taxi Stand
Contact for:
Dzire, ETIOS, INNOVA CRYSTA, CROLA, HONDA CITY, CAMERY & TEMPO TRAVELER ETC.
Off. : Near Cama Hotel, Phase-3A, Sec-53, Mohali
Resi: HE-229, Phase-1, SAS Nagar (Mohali)
Email : singhtaxistand@gmail.com
M: 98153-93437, 98786-93437, 0172-2273437

CHILDREN ARE BORN UNIQUE
THEY JUST NEED THE RIGHT SCHOOL TO BLOSSOM
COMPLETE OUTDOOR & INDOOR SPORTS FACILITIES
- Sukhwinder "Tinku" (BCCI Level 2 Coach) Cricket Academy
- Basketball Court and Skating Rink
- Volleyball and Football Fields
- Taekwondo and Boxing Club
- Carom, Table Tennis and Chess
- Gymnastics and Meditation Club
INFRASTRUCTURE
- Magnificent Three Storey Building
- CCTV Enabled School Building with Tracking System in School Transport
- Spacious Air Conditioned Auditorium and Multimedia Theater.
- Smart Classes
- Music & Dance Room
- Well Stocked Library
- School Mobile App
- Uninterrupted Power Supply
- RO Drinking Water System
ACADEMIC FACILITIES
- Fully Trained Faculty
- Fully Equipped Science, Math, Language and IT Labs.
- Teaching of German Language under PASCH Program
- Art Lab
www.paragon71.com
ADMISSION OPEN I-XII
Paragon 71 Senior Secondary School
Affiliated to C.B.S.E. New Delhi - Affiliation No. 1630692
SECTOR 71, SAS NAGAR, MOHALI (PUNJAB) - 160071.
PH: 0172-2227869 • M: 98559-53220, 99155-19652

FUN, GROW & LEARN
A New Pre-School in Mohali
PARAGON Kids
FUN-GROW-LEARN
Paragon Sr. Sec. School, Sector 71, Mohali
- Air Conditioned Smart Class Rooms
- Personalized Attention
- Well Designed Curriculum
- Kid Fit Program
- Splash Pool
- Well Equipped Toy Room
- CCTV Surveillance
- Innovative Teaching Methodologies
- World Class Infrastructure
- Activity Oriented Learning
- Play Zone
- Art & Craft Lab
- Music and Dance Studio
ADMISSION OPEN
Age Eligibility 2.5 Years
ADMISSION HELPLINE :
M: 98559-53220, 82838-39652

DESTINATION
THE ULTIMATE BEGINNING
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ।
Study Visa
Tourist Visa
PR
CANADA USA AUSTRALIA UK
SINGAPORE NEWZEALAND GERMANY
For SCHENEGEN Visa 26 Countries
Punjab Govt. Approved Consultant
ultimatedestination001
ultimatedestination.in
DestinationThe2
SCO 17, G.F., Phase-1, Mohali
Email: info@ultimatedestination.in
Call: 93002-70000, 93002-60000

ਦੀ ਅੰਬਾਲਾ ਬੋਰਡ ਆਫ਼ ਐਜੂਕੇਸ਼ਨ ਦੇ ਅਧੀਨ ਚੱਲ ਰਹੇ
ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ
ਅਤੇ
ਖ਼ਾਲਸਾ ਮਾਡਲ ਸਕੂਲ ਰੂਪਨਗਰ
ਸੱਚਖੰਡ ਵਾਸੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਆਸ਼ਾਰੀਵਾਦ ਨਾਲ
ਨਰਸਰੀ ਤੋਂ ਬਾਰ੍ਹਵੀਂ ਤੱਕ ਪੰਜਾਬੀ, ਅੰਗਰੇਜ਼ੀ ਤੇ ਹਿੰਦੀ ਮਾਧਿਅਮ
10+1, 10+2 ਜਮਾਤ ਵਿਚ ਆਰਟਸ, ਕਾਮਰਸ, ਮੈਡੀਕਲ ਅਤੇ ਨਾਨ-ਮੈਡੀਕਲ, ਖ਼ਾਲਸਾ ਮਾਡਲ ਸਕੂਲ ਨਰਸਰੀ ਤੋਂ ਅੱਠਵੀਂ ਤੱਕ ਇੰਗਲਿਸ਼ ਮਾਧਿਅਮ
ਚੇਅਰਮੈਨ ਸ. ਰਵੀਇੰਦਰ ਸਿੰਘ ਦੁੱਮਣਾ | ਮੈਨੇਜਰ ਸ. ਹਰਬੰਸ ਸਿੰਘ ਕੰਧੋਲਾ | ਪ੍ਰਿੰਸੀਪਲ ਸ. ਕੁਲਵਿੰਦਰ ਸਿੰਘ ਮਾਹਲ
ਦੋਹਾਂ ਸਕੂਲ ਦੀਆਂ ਵਿਸ਼ੇਸ਼ਤਾਵਾਂ :
- ਵਿੱਦਿਅਕ ਖੇਤਰ ਵਿਚ ਰੂਪਨਗਰ ਦਾ ਸਭ ਤੋਂ ਪੁਰਾਣਾ ਅਤੇ ਮੋਹਰੀ ਸਕੂਲ
- ਲਗਾਤਾਰ ਸ਼ਾਨਦਾਰ ਨਤੀਜਿਆਂ ਦਾ ਰਿਕਾਰਡ
- ਵਧੀਆ ਉੱਚ ਯੋਗਤਾ ਵਾਲਾ ਸਟਾਫ਼
- ਵਧੀਆ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀ, ਕੰਪਿਊਟਰ ਲੈਬ ਅਤੇ ਸਮਾਰਟ ਕਲਾਸ ਰੂਮ
- ਖੇਡ ਤੇ ਸੱਭਿਆਚਾਰਕ ਗਤੀਵਿਧੀਆਂ ਵਿਚ ਇੰਟਰਨੈਸ਼ਨਲ ਤੇ ਨੈਸ਼ਨਲ ਪੱਧਰ ਤੱਕ ਪ੍ਰਾਪਤੀਆਂ
- ਹਰਿਆ-ਭਰਿਆ ਕੁਦਰਤੀ ਵਾਤਾਵਰਨ, ਫੁੱਲਾਂ ਨਾਲ ਭਰੇ ਪਾਰਕ
- ਖੇਡ ਸਟੇਡੀਅਮ, ਖੇਡ ਦੀਆਂ ਸੁਵਿਧਾਵਾਂ ਅਤੇ ਜਿੰਮ
- ਜਰਨੇਟਰ ਅਤੇ RO ਦੀ ਸੁਵਿਧਾ
ਦਾਖ਼ਲੇ ਲਈ ਸੰਪਰਕ ਕਰੋ, ਫੋਨ ਨੰਬਰ : 94170-57212, 98886-63374